ਸੋਮਵਾਰ, 9 ਮਾਰਚ, 2026
26 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 277

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 9 MARCH, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਦਲਿਤ ਬੀਬੀਆਂ ਨੂੰ 1500 ਤੇ ਹੋਰਨਾਂ ਨੂੰ 1000 ਰੁਪਏ

## ਬੁਢਾਪਾ, ਵਿਧਵਾ ਤੇ ਅਪੰਗਤਾ ਪੈਨਸ਼ਨ ਲੈਣ ਵਾਲੀਆਂ ਵੀ ਹੱਕਦਾਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਵਿਧਾਨ ਸਭਾ 'ਚ ਐਤਵਾਰ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤੀ ਸਾਲ 2026-27 ਲਈ 2,60,437 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਚੀਮਾ ਇਹ ਬਜਟ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਕੀਤਾ। ਉਨ੍ਹਾਂ ਇਸ ਦੌਰਾਨ ਹੜ੍ਹਾਂ 'ਚ ਪੰਜਾਬੀਆਂ ਵੱਲੋਂ ਦਿਖਾਈ ਦਲੇਰੀ ਦੀ ਸ਼ਲਾਘਾ ਕੀਤੀ। 'ਆਪ' ਸਰਕਾਰ ਨੇ ਆਖ਼ਰੀ ਤੇ ਪੰਜਵਾਂ ਬੱਜਟ 'ਦਲਿਤਾਂ ਤੇ ਔਰਤਾਂ' 'ਤੇ ਕੇਂਦਰਤ ਕੀਤਾ ਹੈ।

ਵਿੱਤ ਮੰਤਰੀ ਨੇ ਬਜਟ ਵਿਚ ਹਰ ਵਰਗ ਨੂੰ ਖੁਸ਼ ਰੱਖਣ ਦਾ ਯਤਨ ਕੀਤਾ ਹੈ। ਕੁੱਲ ਮਾਲੀਆ ਪ੍ਰਾਪਤੀਆਂ ਕਰੀਬ 1,26,190 ਕਰੋੜ ਰੁਪਏ- ਵਿੱਤੀ ਸਾਲ 2026-27 ਲਈ ਕੁੱਲ ਮਾਲੀਆ ਪ੍ਰਾਪਤੀਆਂ ਕਰੀਬ 1,26,190 ਕਰੋੜ ਹੋਣ ਦਾ ਅਨੁਮਾਨ ਹੈ। ਇਸ ਵਿੱਚੋਂ 70,851 ਕਰੋੜ ਰਾਜ ਦੀ ਆਪਣੇ ਕਰਾਂ ਤੋਂ ਅਤੇ 15,687 ਕਰੋੜ ਗ਼ੈਰ-ਕਰ ਆਮਦਨ ਤੋਂ ਪ੍ਰਾਪਤ ਹੋਵੇਗੀ। ਕੇਂਦਰੀ ਕਰਾਂ ਵਿੱਚ ਰਾਜ ਦਾ ਹਿੱਸਾ ਲੱਗਭੱਗ 30,464 ਕਰੋੜ ਹੋਵੇਗਾ, ਜੋ ਕਿ 2025-26 ਦੇ ਮੁਕਾਬਲੇ 5,293 ਕਰੋੜ ਵੱਧ ਹੈ। ਇਸ ਸਾਲ ਲਈ ਮਾਲੀਆ ਘਾਟਾ ਲੱਗਭੱਗ 21,955.18 ਕਰੋੜ ਰੁਪਏ ਹੋਣ ਦਾ ਅੰਦਾਜ਼ਾ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਰਾਜ ਦਾ ਕੁੱਲ ਕਰਜ਼ਾ ਵਧ ਕੇ ਲੱਗਭੱਗ 4,42,604.16 ਕਰੋੜ ਤੱਕ ਪਹੁੰਚਣ ਦੀ ਸੰਭਾਵਨਾ ਹੈ।

ਪੰਜਾਬ ਸਰਕਾਰ ਨੇ ਮਾਈਨਿੰਗ ਦੇ ਖੇਤਰ ਵਿੱਚ ਵੱਡੀ ਮੱਲ ਮਾਰੀ ਹੈ। ਵਿੱਤ ਮੰਤਰੀ ਚੀਮਾ ਨੇ ਵਿਧਾਨ ਸਭਾ ਵਿੱਚ ਬਜਟ ਪੇਸ਼ ਕਰਦਿਆਂ ਖ਼ੁਸ਼ੀ ਸਾਂਝੀ ਕੀਤੀ ਕਿ ਭਾਰਤ ਸਰਕਾਰ ਦੇ ਖਣਨ ਮੰਤਰਾਲੇ ਵੱਲੋਂ ਜਾਰੀ 'ਸਟੇਟ ਮਾਈਨਿੰਗ ਰੈਡੀਨੇਸ ਇੰਡੈਕਸ' ਵਿੱਚ ਪੰਜਾਬ ਨੇ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾ ਕਿਹਾ ਕਿ ਇਹ ਪ੍ਰਾਪਤੀ ਸੂਬੇ ਵਿੱਚ ਸਾਫ਼-ਸੁਥਰੇ ਪ੍ਰਸ਼ਾਸਨ ਅਤੇ ਵਿਗਿਆਨਕ ਮਾਈਨਿੰਗ ਨੀਤੀ ਦੀ ਸਫ਼ਲਤਾ ਦੀ ਗਵਾਹੀ ਭਰਦੀ ਹੈ। ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਕੀਤੇ ਗਏ ਨੀਤੀਗਤ ਸੁਧਾਰਾਂ ਅਤੇ ਆਧੁਨਿਕ ਨਿਲਾਮੀ ਪ੍ਰਕਿਰਿਆ ਦੇ ਸਿੱਟੇ ਵਜੋਂ ਮਾਈਨਿੰਗ ਤੋਂ ਹੋਣ ਵਾਲੀ ਆਮਦਨ ਵਿੱਚ ਰਿਕਾਰਡ ਵਾਧਾ ਹੋਇਆ ਹੈ। ਪਿਛਲੇ ਇੱਕ ਸਾਲ ਦੌਰਾਨ ਇਹ ਆਮਦਨ 260 ਕਰੋੜ ਰੁਪਏ ਤੋਂ ਵਧ ਕੇ 500 ਕਰੋੜ ਰੁਪਏ ਤੋਂ ਵੀ ਪਾਰ ਹੋ ਗਈ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਫ਼ਤ ਬਿਜਲੀ ਤੇ ਔਰਤਾਂ ਲਈ ਬੱਸਾਂ ਦਾ ਮੁਫ਼ਤ ਸਫ਼ਰ ਪਹਿਲਾਂ ਦੀ ਤਰ੍ਹਾਂ ਜਾਰੀ ਰਹਿਣ ਦਾ ਐਲਾਨ ਕਰਦਿਆਂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਸੂਬੇ ਦੇ ਇਤਿਹਾਸ ਦੀ ਸਭ ਤੋਂ ਵੱਡੀ ਸਕੀਮ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਐਲਾਨ ਕੀਤਾ। ਇਸ ਸਕੀਮ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਸੂਬੇ ਦੀਆਂ ਸਾਰੀਆਂ ਬਾਲਗ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਖ਼ਾਸ ਤੌਰ 'ਤੇ ਅਨੁਸੂਚਿਤ ਜਾਤੀ ਨਾਲ ਸੰਬੰਧਤ ਔਰਤਾਂ ਲਈ ਇਹ ਰਾਸ਼ੀ 1,500 ਰੁਪਏ ਪ੍ਰਤੀ ਮਹੀਨਾ ਨਿਰਧਾਰਤ ਕੀਤੀ ਗ ਈ

• ਬਾਕੀ ਸਫ਼ਾ 2 'ਤੇ



## ਰਜਿਸਟ੍ਰੇਸ਼ਨ ਵਿਸਾਖੀ ਤੋਂ : ਮੁੱਖ ਮੰਤਰੀ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਵਿੱਚ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਲਈ 13 ਅਪ੍ਰੈਲ ਵਿਸਾਖੀ ਵਾਲੇ ਦਿਨ ਤੋਂ ਰਜਿਸਟਰੇਸ਼ਨ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਬਾਅਦ ਜਲਦ ਹੀ ਔਰਤਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਮਹੀਨਾ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਜਿਹੜੇ ਵਾਅਦੇ ਕੀਤੇ ਸੀ, ਉਹ ਪਹਿਲੇ ਚਾਰ ਸਾਲਾਂ ਵਿੱਚ ਪੂਰੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਹਮੇਸ਼ਾ ਹੀ ਖਜ਼ਾਨੇ ਖਾਲੀ ਹੋਣ ਦੇ ਦਾਅਵੇ ਕੀਤੇ ਜਾਂਦੇ ਸੀ, ਪਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੇ ਪੈਸੇ ਦੀ ਸਹੀ ਵਰਤੋਂ ਕੀਤੀ ਹੈ ਅਤੇ ਲੋਕ ਹਿੱਤ ਵਿੱਚ ਪੈਸੇ ਖਰਚ ਕੀਤੇ ਹਨ।

## ਮੋਦੀ ਦੇ ਜੁਮਲੇ, 'ਆਪ' ਦੀ ਪੱਕੀ ਗਰੰਟੀ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਬਜਟ ਪੇਸ਼ ਕਰਨ ਤੋਂ ਬਾਅਦ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਾਸਨ ਮਾਡਲਾਂ ਵਿਚਕਾਰ ਸਪੱਸ਼ਟ ਅੰਤਰ ਪੇਸ਼ ਕੀਤਾ। ਚੀਮਾ ਨੇ ਕਿਹਾ ਕਿ ਜਿੱਥੇ ਅਰਵਿੰਦ ਕੇਜਰੀਵਾਲ ਦੀ ਅਗਵਾਈ 'ਗਰੰਟੀ ਦੀ ਪਵਿੱਤਰਤਾ' ਦੁਆਰਾ ਪਰਿਭਾਸ਼ਿਤ ਹੁੰਦੀ ਹੈ, ਜੋ ਪੰਜਾਬ ਦੀਆਂ ਔਰਤਾਂ ਲਈ ਮਹੀਨਾਵਾਰ ਆਮਦਨ ਦੇ ਪੁਖਤਾ ਬਜਟ ਪ੍ਰਬੰਧਾਂ ਨਾਲ ਸਾਬਤ ਹੋਈ ਹੈ, ਉੱਥੇ ਹੀ ਪੀ ਐੱਮ ਮੋਦੀ ਦੀਆਂ 'ਗਰੰਟੀਆਂ', ਜਿਵੇਂ ਕਿ ਦਿੱਲੀ ਦੀਆਂ ਔਰਤਾਂ ਨੂੰ 2,500 ਰੁਪਏ ਮਹੀਨਾਵਾਰ ਸਹਾਇਤਾ ਦੇਣ ਦਾ ਵਾਅਦਾ, ਰਾਸ਼ਟਰੀ ਰਾਜਧਾਨੀ ਵਿੱਚ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਵੀ ਅਧੂਰੀਆਂ ਹਨ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੀਆਂ ਚੋਣ ਗਰੰਟੀਆਂ ਪ੍ਰਤੀ ਅਟੱਲ ਵਚਨਬੱਧਤਾ 'ਤੇ ਜ਼ੋਰ ਦਿੰਦੇ ਹੋਏ ਚੀਮਾ ਨੇ ਕਿਹਾ ਕਿ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤੀਆਂ ਸਾਰੀਆਂ ਗਾਰੰਟੀਆਂ

• ਬਾਕੀ ਸਫ਼ਾ 2 'ਤੇ

## ਅੰਮ੍ਰਿਤਸਰ 'ਚ ਟਰੰਪ ਤੇ ਨੇਤਨਯਾਹੂ ਦੇ ਪੁਤਲੇ ਫੂਕੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਚਾਰ ਖੱਬੀਆਂ ਪਾਰਟੀਆਂ ਸੀ ਪੀ ਆਈ, ਸੀ ਪੀ ਆਈ (ਐੱਮ), ਆਰ ਐੱਮ ਪੀ ਆਈ ਅਤੇ ਸੀ ਪੀ ਆਈ ਐੱਮ ਐੱਲ (ਲਿਬਰੇਸ਼ਨ) ਦੇ ਸੈਂਕੜੇ ਕਾਰਕੁੰਨਾਂ ਨੇ ਇਕੱਠੇ ਹੋ ਕੇ ਐਤਵਾਰ ਪੁਤਲੀਘਰ ਚੌਕ ਵਿਖੇ ਅਮਰੀਕੀ ਰਾਸ਼ਟਰਪਤੀ ਟਰੰਪ ਅਤੇ ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਦੇ ਪੁਤਲੇ ਫੂਕੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਸਾਥੀ ਅਮਰਜੀਤ ਸਿੰਘ ਆਸਲ, ਰਤਨ ਸਿੰਘ ਰੰਧਾਵਾ, ਚਰਨਜੀਤ ਸਿੰਘ ਮਜੀਠਾ, ਸੁੱਚਾ ਸਿੰਘ ਅਜਨਾਲਾ, ਜਗਤਾਰ ਸਿੰਘ ਕਰਮਪੁਰਾ, ਲੱਖਬੀਰ ਸਿੰਘ ਨਿਜਾਮਪੁਰ, ਵਿਜੈ ਕਪੂਰ, ਭੈਣਜੀ ਦਸਵਿੰਦਰ ਕੌਰ, ਭੈਣਜੀ ਕੰਵਲਜੀਤ ਕੌਰ ਅਤੇ ਬਲਬੀਰ ਸਿੰਘ ਮੂਧਲ ਨੇ ਕਿਹਾ ਕਿ ਟਰੰਪ ਨੇ ਇਜ਼ਰਾਈਲ ਨਾਲ ਮਿਲ ਕੇ ਜੋ ਹਮਲਾ ਈਰਾਨ ਦੇ ਲੋਕਾਂ 'ਤੇ ਕੀਤਾ ਹੈ, ਉਸ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਇਸ ਜੰਗ ਦੇ ਪੂਰੀ ਦੁਨੀਆ 'ਤੇ ਪੈਣ ਵਾਲੇ ਪ੍ਰਭਾਵਾਂ ਨਾਲ ਮਹਿੰਗਾਈ ਤੇ ਬੇਰੁਜ਼ਗਾਰੀ ਵਿੱਚ ਹੋਰ ਵਾਧਾ ਹੋਵੇਗਾ। ਖਾਸ ਕਰਕੇ ਭਾਰਤ ਦੀ ਸਰਕਾਰ ਜਿਸ ਤਰ੍ਹਾਂ ਅਮਰੀਕੀ ਹਾਕਮਾਂ ਦੇ ਥੱਲੇ ਲੱਗ ਕੇ ਹਿੰਦੋਸਤਾਨ ਦੇ ਗੌਰਵ ਨੂੰ ਢਾਹ ਲਾ ਰਹੀ ਹੈ। ਇਸ ਦੇ ਦੂਰਰਸ ਤੇ ਭਿਆਨਕ ਸਿੱਟੇ ਨਿਕਲਣਗੇ। ਜਿਸ ਨਾਲ ਭਾਰਤ ਦੀ ਅਰਥਵਿਵਸਥਾ 'ਤੇ ਬੁਰਾ ਪ੍ਰਭਾਵ ਪਵੇਗਾ। ਭਾਰਤ ਆਪਣੀਆਂ ਜ਼ਰੂਰਤਾਂ ਦੀ ਪੂਰਤੀ ਵਾਸਤੇ ਤੇਲ ਅਤੇ ਗੈਸ ਦਾ ਵੱਡਾ ਹਿੱਸਾ ਦਰਾਮਦ ਕਰਦਾ ਹੈ। ਇਸ ਜੰਗ ਨਾਲ ਜਿੱਥੇ ਇਹਨਾਂ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਹੋਵੇਗਾ, ਉਥੇ ਤੇਲ ਦੀਆਂ ਕੀਮਤਾਂ ਵਧਣ ਨਾਲ ਆਮ ਖਪਤਕਾਰਾਂ 'ਤੇ ਮਹਿੰਗਾਈ ਦਾ ਬੋਝ ਹੋਰ ਵਧੇਗਾ।ਭਾਰਤ ਸਰਕਾਰ ਨੇ ਗੈਸ ਦੇ ਘਰੇਲੂ ਖਪਤਕਾਰਾਂ ਦੇ ਸਿਲੰਡਰ ਵਿੱਚ 60 ਰੁਪਏ ਅਤੇ ਕਮਰਸ਼ੀਅਲ ਸਿਲੰਡਰ ਦੀ ਕੀਮਤ ਵਿੱਚ 140 ਰੁਪਏ ਦਾ ਵਾਧਾ ਕਰਕੇ ਲੋਕਾਂ 'ਤੇ ਬੋਝ ਵੀ ਲੱਦ ਦਿੱਤਾ ਹੈ। ਬੁਲਾਰਿਆਂ ਨੇ ਇਸ ਜੰਗ ਨੂੰ ਤੁਰੰਤ ਰੋਕਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਜੰਗ ਦੀ ਮਾਰ ਹੇਠ ਪੰਜਾਬ ਅਤੇ ਹਰਿਆਣੇ ਦੇ ਬਾਸਮਤੀ ਪੈਦਾ ਕਰਨ ਵਾਲੇ ਕਿਸਾਨਾਂ ਤੇ ਵਪਾਰੀਆਂ ਨੂੰ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪਵੇਗਾ, ਕਿਉਂਕਿ ਸਮੁੰਦਰੀ ਰਸਤੇ ਹੋਣ ਵਾਲੀ ਸਾਰੀ ਬਰਾਮਦ ਬੰਦ ਹੋ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਵੇਰਕਾ, ਰਜੇਸ਼ ਯਾਦਵ, ਕੁਲਵੰਤ ਰਾਏ ਬਾਵਾ, ਮੰਗਲ ਸਿੰਘ ਬਾਸਰਕੇ, ਸਵਿੰਦਰ ਸਿੰਘ ਮੀਰਾਂ ਕੋਟ ਆਦਿ ਹਾਜ਼ਰ ਸਨ।

## ਅੱਜ-ਨਾਮਾ

ਮਹਿਲਾ ਦਿਵਸ ਵੀ ਖਾਲੀ ਨਾ ਜਾਣ ਦਿੱਤਾ,
ਨੂੰਹ ਦੇ ਕਤਲ ਦੀ ਖਬਰ ਹੈ ਆਈ ਭਾਊ।
ਫਰਵਰੀ ਵਿੱਚ ਸੀ ਅਜੇ ਵਿਆਹ ਹੋਇਆ,
ਗੋਲੀਆਂ ਨਾਲ ਫਿਰ ਮਾਰ-ਮੁਕਾਈ ਭਾਊ।
ਏਨੀ ਗੱਲ ਲਈ ਸਹੁਰਿਆਂ ਪਾਪ ਕਰਿਆ,
ਕਾਹਤੋਂ ਕਾਰ ਨਹੀਂ ਨਾਲ ਲਿਆਈ ਭਾਊ।
ਮਹਿਲਾ ਦਿਵਸ ਦੇ ਉਨ੍ਹਾਂ ਨੂੰ ਚਾਅ ਕਿੱਥੋਂ,
ਮੁਰਦੇਹਾਣੀ ਆ ਜਿਨ੍ਹਾਂ ਘਰ ਛਾਈ ਭਾਊ।
ਨਹੀਂ ਸਮਾਜ ਨਾ ਚਿੰਤਾ ਸਰਕਾਰ ਕਰਦੀ,
ਹੋ ਗਿਆ ਲੋਕਾਂ ਦਾ ਖ਼ੂਨ ਹੈ ਜ਼ਰਦ ਭਾਊ।
ਕੱਖ ਨਾ ਫਿਕਰ ਕਾਨੂੰਨ ਦਾ ਪਾਪੀਆਂ ਨੂੰ,
ਜਾਣਦੇ ਧੀਆਂ ਦੇ ਮਾਪੇ ਈ ਦਰਦ ਭਾਊ।

-ਤੀਸ ਮਾਰ ਖਾਂ



# ਕੁੜੀਓ ਭਰੋ ਅੰਬਰ ਵੱਲ ਪਰਵਾਜ਼ : ਬਲਜੀਤ ਕੌਰ ਬੱਲ

## ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਤ ਸਮਾਗਮ 'ਚ ਉਦਮੀ ਔਰਤਾਂ ਦਾ ਸਨਮਾਨ

### ਭਗਵੰਤ ਮਾਨ ਸਰਕਾਰ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰ ਰਹੀ ਹੈ : ਡਾ. ਸਿੰਗਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਨਕ ਬੱਚਤ ਭਵਨ ਵਿਖੇ 'ਆਪਣਾ ਕਾਰੋਬਾਰ ਆਪਣੀ ਪਹਿਚਾਣ' ਬੈਨਰ ਹੇਠ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਤ ਸਮਾਗਮ ਕਰਵਾਇਆ ਗਿਆ।ਇਸ ਸਮਾਗਮ 'ਚ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਔਰਤਾਂ ਨੂੰ ਆਤਮ-ਨਿਰਭਰ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਔਰਤਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ (ਪੀ.ਐਸ.ਆਰ.ਐੱਲ.ਐਮ) ਅਹਿਮ ਭੂਮਿਕਾ ਨਿਭਾਅ ਰਿਹਾ ਹੈ ਤੇ ਇਸ ਸਕੀਮ ਤਹਿਤ ਔਰਤਾਂ ਨੂੰ ਸਮੂਹਾਂ ਦੇ ਰੂਪ ਵਿੱਚ ਕੰਮ ਕਰਦੇ ਹੋਏ ਆਤਮ ਨਿਰਭਰ ਬਣਾਉਣ ਲਈ ਬੈਂਕਾਂ ਰਾਹੀਂ ਘੱਟ ਵਿਆਜ ਦਰਾਂ 'ਤੇ ਕਰਜ਼ੇ ਦਿਵਾਏ ਜਾਂਦੇ ਹਨ ਤਾਂ ਜੋ ਉਹ ਆਪਣਾ ਕੰਮ ਸ਼ੁਰੂ ਕਰਕੇ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰ ਸਕਣ ਤੇ ਸਨਮਾਨਜਨਕ ਜੀਵਨ ਬਤੀਤ ਕਰ ਸਕਣ।ਇਸ ਮੌਕੇ ਹਲਕਾ ਵਿਧਾਇਕ ਵੱਲੋਂ ਸਫ਼ਲਤਾਪੂਰਵਕ ਕਾਰੋਬਾਰ ਚਲਾ ਰਹੀਆਂ ਉਦਮੀ ਔਰਤਾਂ ਨੂੰ ਯਾਦਗਾਰੀ ਟਰਾਫੀਆਂ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਬੀ.ਡੀ.ਪੀ.ਓ. ਭੀਖੀ ਗੁਰਵਿੰਦਰ ਕੌਰ, ਹਰਦੀਪ ਸਿੰਘ (ਬੀ.ਪੀ.ਐੱਮ. ਮਾਨਸਾ), ਸੁਖਰਾਜ ਸਿੰਘ (ਬੀ.ਪੀ.ਐੱਮ. ਭੀਖੀ), ਹਰਪ੍ਰੀਤ ਕੌਰ, ਸ਼ਰਨਜੀਤ ਕੌਰ (ਜ਼ਿਲ੍ਹਾ ਕੋਆਰਡੀਨੇਟਰ ਆਮ ਆਦਮੀ ਪਾਰਟੀ), ਰਾਜਵਿੰਦਰ ਕੌਰ (ਬਲਾਕ ਕੋਆਰਡੀਨੇਟਰ) ਸਮੇਤ ਵਿਭਾਗ ਦਾ ਹੋਰ ਸਟਾਫ ਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

## ਨਗਰ ਨਿਗਮ ਵਿਖੇ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ

### ਮੇਅਰ ਤੇ ਕਮਿਸ਼ਨਰ ਨੇ ਮਹਿਲਾਵਾਂ ਦੇ ਯੋਗਦਾਨ ਦੀ ਕੀਤੀ ਪ੍ਰਸ਼ੰਸਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਗਰ ਨਿਗਮ ਪਟਿਆਲਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ।ਇਸ ਮੌਕੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਪਰਮਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਮਹਿਲਾਵਾਂ ਦੇ ਸਮਾਜਿਕ, ਆਰਥਿਕ ਤੇ ਸਿੱਖਿਆਕ ਯੋਗਦਾਨ ਬਾਰੇ ਵਿਚਾਰ ਸਾਂਝੇ ਕੀਤੇ ਗਏ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਲਾਮ ਕੀਤਾ ਗਿਆ।ਇਸ ਮੌਕੇ ਪਟਿਆਲਾ ਦੇ ਮੇਅਰ ਤੇ ਕਮਿਸ਼ਨਰ ਨੇ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਹਨ ਤੇ ਉਨ੍ਹਾਂ ਦੀ ਭੂਮਿਕਾ ਹਰ ਖੇਤਰ ਵਿੱਚ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਅੱਜ ਮਹਿਲਾਵਾਂ ਸਿੱਖਿਆ, ਸਿਹਤ, ਪ੍ਰਸ਼ਾਸਨ, ਵਿਗਿਆਨ ਤੇ ਕਾਰੋਬਾਰ ਸਮੇਤ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ ਅਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਨਗਰ ਨਿਗਮ ਪਟਿਆਲਾ ਹਮੇਸ਼ਾ ਮਹਿਲਾਵਾਂ ਦੀ ਭਲਾਈ ਤੇ ਉਨ੍ਹਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਸ਼ਹਿਰ ਵਿੱਚ ਮਹਿਲਾ ਸਸ਼ਕਤੀਕਰਨ ਲਈ ਵੱਖ-ਵੱਖ ਯੋਜਨਾਵਾਂ ਤੇ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸ ਮੌਕੇ ਕਮਿਸ਼ਨਰ ਪਰਮਜੀਤ ਸਿੰਘ, ਸੰਯੁਕਤ ਕਮਿਸ਼ਨਰ ਸ੍ਰੀਮਤੀ ਮਨਰੀਤ ਕੌਰ ਰਾਣਾ ਨੂੰ ਵੀ ਬੁੱਕੇ ਦੇ ਕੇ ਸਵਾਗਤ ਕੀਤਾ ਗਿਆ।ਵੱਡੀ ਗਿਣਤੀ 'ਚ ਮੁਲਾਜ਼ਮ ਔਰਤਾਂ ਵੱਲੋਂ ਇਸ ਸਮਾਗਮ 'ਚ ਸ਼ਿਰਕਤ ਕੀਤੀ ਗਈ, ਜਿਨ੍ਹਾਂ 'ਚ ਅਮਰਿੰਦਰ ਕੌਰ, ਮਨਪ੍ਰੀਤ ਕੌਰ, ਨਿਸ਼ਾ ਰਾਣੀ, ਸ਼ਰਨਵੀਰ ਕੌਰ, ਸ੍ਰੀਮਤੀ ਤਨੂੰ, ਗਗਨਜੀਤ ਕੌਰ, ਸਰਬਜੀਤ ਕੌਰ, ਅੰਜਨਾ ਰਾਣੀ, ਭਾਵਨਾ, ਕੁਲਵਿੰਦਰ ਕੌਰ, ਅਮਨਦੀਪ ਕੌਰ, ਜਸਵਿੰਦਰ ਕੌਰ, ਗੁਰਮੇਲ ਸਿੰਘ, ਸ਼ਿਵ ਕੁਮਾਰ, ਪ੍ਰਦੀਪ ਪੁਰੀ, ਸੁਭਾਸ਼ ਚੰਦਰ, ਗੋਲਡੀ ਕਲਿਆਣ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਅੰਤਰਰਾਸ਼ਟਰੀ ਔਰਤ ਦਿਵਸ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਗਰੁੱਪ ਆਫ ਕਾਲਜਿਜ਼, ਬੀਰ ਕਲਾਂ (ਸੰਗਰੂਰ) ਵੱਲੋਂ ਅੰਤਰਰਾਸ਼ਟਰੀ ਔਰਤ ਦਿਵਸ ਬੜੀ ਉਤਸ਼ਾਹ ਨਾਲ ਮਨਾਇਆ ਗਿਆ।ਕਾਲਜ ਕੈਂਪਸ ਵਿੱਚ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥਣਾਂ ਤੇ ਅਧਿਆਪਕਾਵਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥਣਾਂ ਵੱਲੋਂ ਪ੍ਰੇਰਨਾਦਾਇਕ ਭਾਸ਼ਣਾਂ ਤੇ ਕਵਿਤਾਵਾਂ ਨਾਲ ਕੀਤੀ ਗਈ। ਇਸ ਦੌਰਾਨ ਵਿਦਿਆਰਥਣਾਂ ਨੇ ਔਰਤਾਂ ਦੇ ਅਧਿਕਾਰਾਂ, ਸਿੱਖਿਆ ਤੇ ਸਮਾਜ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।ਨਾਲ ਹੀ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਸਭ ਨੇ ਬੜੀ ਸ਼ਲਾਘਾ ਦਿੱਤੀ।ਕਾਲਜ ਦੇ ਪ੍ਰਬੰਧਕਾਂ ਤੇ ਸਟਾਫ ਮੈਂਬਰਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਔਰਤਾਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਤੇ ਦੇਸ਼ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੀਆਂ ਹਨ।ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸਿੱਖਿਆ ਦੇ ਨਾਲ-ਨਾਲ ਆਪਣੇ ਅਧਿਕਾਰਾਂ ਪ੍ਰਤੀ ਸਚੇਤ ਰਹਿਣ ਤੇ ਸਮਾਜ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਭ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ।

## ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ, ਅਧਿਆਪਕਾਂ ਦਾ ਸਨਮਾਨ



**ਹਠੂਰ (ਨਛੱਤਰ ਸੰਧੂ)**-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਭ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਮਾਜ ਵਿੱਚ ਔਰਤਾਂ ਦੀ ਮਹੱਤਤਾ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਸੁੰਦਰ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ।ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਕੁੰਜ਼ੂਮੋਲ ਜੋਅ ਨੇ ਕਿਹਾ ਕਿ ਔਰਤਾਂ ਸਮਾਜ ਦੀ ਤਾਕਤ ਹਨ ਅਤੇ ਹਰ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ।ਉਨ੍ਹਾਂ ਨੇ ਸਭ ਨੂੰ ਮਹਿਲਾਵਾਂ ਦਾ ਸਤਿਕਾਰ ਕਰਨ ਤੇ ਸਮਾਨਤਾ ਦਾ ਸੰਦੇਸ਼ ਫੈਲਾਉਣ ਲਈ ਪ੍ਰੇਰਿਤ ਕੀਤਾ।ਸਕੂਲ ਦੀਆਂ ਮਹਿਲਾ ਅਧਿਆਪਕਾਂ ਨੂੰ ਉਨ੍ਹਾਂ ਦੀ ਮਿਹਨਤ ਤੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ,ਚੇਅਰਮੈਨ ਯੋਗਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਭ ਨੂੰ ਮਹਿਲਾ ਦਿਵਸ ਦੀਆਂ ਵਧਾਈਆਂ ਦਿੱਤੀਆਂ।

## ਤਰਕਸ਼ੀਲ ਚੇਤਨਾ ਕੈਂਪ 'ਚ ਭਾਗ ਲੈਣ ਦਾ ਫ਼ੈਸਲਾ



**ਲੁਧਿਆਣਾ (ਸਤੀਸ਼ ਸਚਦੇਵਾ)**-ਤਰਕਸ਼ੀਲ ਸੁਸਇਟੀ ਪੰਜਾਬ (ਜ਼ੋਨ ਲੁਧਿਆਣਾ) ਦੀ ਮੀਟਿੰਗ ਜ਼ੋਨ ਦਫ਼ਤਰ ਵਿਖੇ ਜਥੇਬੰਦਕ ਮੁਖੀ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਈ।ਜ਼ੋਨ ਵਿਭਾਗੀ ਮੁਖੀਆਂ ਦੇ ਨਾਲ ਹੀ ਜ਼ੋਨ ਨਾਲ ਸਬੰਧਤ ਇਕਾਈਆਂ ਦੇ ਮੁਖੀਆਂ/ਨਮਾਇੰਦਿਆਂ ਨੇ ਭਾਗ ਲਿਆ।ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਮੀਡੀਆ ਮੁਖੀ ਹਰਚੰਦ ਭਿੰਡਰ ਨੇ ਦੱਸਿਆ ਕਿ ਇਸ ਸਮੇਂ ਸੂਬਾ ਵਰਕਿੰਗ ਕਮੇਟੀ ਦੀ ਪਿਛਲੇ ਦਿਨੀਂ ਹੋਈ ਮੀਟਿੰਗ ਦੀ ਰਿਪੋਰਟ ਤੇ ਚਰਚਾ ਕੀਤੀ ਗਈ।ਹਰ ਸਾਲ ਦੀ ਤਰ੍ਹਾਂ ਪੰਜਾਬ ਖੇਤੀਬਾੜੀ ਯੂਨੀਵਰਸਟੀ ਲੁਧਿਆਣਾ ਵਿਖੇ ਹੋ ਰਹੇ ਦੋ ਰੋਜ਼ਾ (20-21 ਮਾਰਚ) ਕਿਸਾਨ ਮੇਲੇ ਵਿੱਚ ਤਰਕਸ਼ੀਲ ਸਟਾਲ ਲਾਉਣ ਦਾ ਫੈਸਲਾ ਲਿਆ, ਜਿਸ 'ਚ ਸਾਰੀਆਂ ਇਕਾਈਆ ਦੇ ਮੈਂਬਰਾਂ ਦੀ ਵਲੰਟੀਅਰਾਂ ਵਜੋਂ ਜ਼ਿੰਮੇਵਾਰੀ ਨਿਭਾਉਣ ਲਈ ਡਿਊਟੀਆਂ ਲਾਈਆਂ ਗਈਆਂ।ਤਰਕਸ਼ੀਲ ਆਗੂ ਕੈਨੇਡਾ ਅਵਤਾਰ ਸਿੰਘ 'ਬਾਈ' ਵੱਲੋਂ 20 ਮਾਰਚ ਨੂੰ ਕਰਾਏ ਜਾ ਰਹੇ 'ਜੱਗ ਜਿਉਂਦਿਆਂ ਦੇ ਮੇਲੇ' ਦੀ ਪ੍ਰਸ਼ੰਸਾ ਕਰਦਿਆਂ ਸਾਰੀਆਂ ਇਕਾਈਆਂ ਵੱਲੋਂ ਇਸ ਵਿੱਚ ਸ਼ਿਰਕਤ ਕਰਨਾ ਤਹਿ ਕੀਤਾ ਗਿਆ। ਮੌਜੂਦਾ ਸਮੇਂ ਅੰਦਰ ਸਮਾਜ ਦਾ ਇੱਕੀਵੀਂ ਸਦੀ ਵਿੱਚ ਪਹੁੰਚਣ 'ਤੇ ਵੀ ਆਮ ਲੋਕਾਂ ਦੇ ਅੰਧਵਿਸ਼ਵਾਸੀ ਵਿਚਾਰਾਂ ਨੂੰ ਬਣਾਈ ਰੱਖਣ ਲਈ ਵੱਡੇ ਡੇਰੇਦਾਰ ਬਾਬਿਆਂ ਨਾਲ ਸਰਕਾਰਾਂ ਤੇ ਸਿਆਸਤਦਾਨਾਂ ਦੀ ਮਿਲੀਭੁਗਤ 'ਤੇ ਚਿੰਤਾ ਜ਼ਾਹਰ ਕੀਤੀ ਗਈ।ਆਪਣੇ 'ਕਾਰਨਾਮਿਆਂ' ਦੀ ਸਜ਼ਾ ਭੁਗਤ ਰਹੇ ਜੇਲ੍ਹੀਂ ਬੰਦ ਬਾਬਿਆਂ ਨੂੰ ਵੋਟਾਂ ਵੇਲੇ ਪੈਰੋਲ 'ਤੇ ਛੱਡਣ ਦੀ ਨੀਤੀ ਦਾ ਵੀ ਖੰਡਨ ਕੀਤਾ ਗਿਆ।ਤਰਕਸ਼ੀਲ ਸੁਸਾਇਟੀ ਦਾ ਪੰਜਾਬੀ ਤਰਕਸ਼ੀਲ ਮੈਗਜ਼ੀਨ ਰਿਲੀਜ਼ ਕਰਕੇ ਇਕਾਈਆਂ ਨੂੰ ਵੰਡਿਆ ਗਿਆ। ਮੀਟਿੰਗ ਵਿੱਚ ਜ਼ੋਨ ਮੁਖੀ ਤੋਂ ਇਲਾਵਾ ਧਰਮਪਾਲ ਸਿੰਘ, ਸ਼ਮਸ਼ੇਰ ਨੂਰਪੁਰੀ ਤੇ ਇਕਾਈ ਮੁਖੀ ਧਰਮ ਸਿੰਘ ਸੂਜਾ ਪੁਰ, ਮਾ ਕਰਨੈਲ ਸਿੰਘ (ਦੋਵੇਂ ਸੁਧਾਰ ਇਕਾਈ) ਬਲਵਿੰਦਰ ਸਿੰਘ (ਲੁਧਿਆਣਾ ਮੁਖੀ) ਕਰਤਾਰ ਵੀਰਾਨ (ਜਗਰਾਓਂ ਮੁਖੀ) , ਪੂਰਨ ਸਿੰਘ (ਮਲੇਰ ਕੋਟਲਾ ਮੁਖੀ), ਦੀਪ ਦਿਲਬਰ (ਕੋਹਾੜਾ ਇਕਾਈ) ਆਦਿ ਨੇ ਵਿਸ਼ੇਸ਼ ਤੌਰ 'ਤੇ ਭਾਗ ਲਿਆ।

**ਕੌਮਾਂਤਰੀ ਔਰਤ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਮਾਗਮ**



**ਜਲੰਧਰ** : ਕੌਮਾਂਤਰੀ ਔਰਤ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਕੀਤਾ ਸਮਾਗਮ ਲੋਕ ਮਨਾਂ ਉਪਰ ਅਮਿਟ ਛਾਪ ਛੱਡ ਗਿਆ। ਗੰਧਰਵ ਸੈਨ ਕੋਛੜ ਯਾਦਗਾਰੀ ਥੀਏਟਰ ਵਿੱਚ ਹੋਏ ਸਮਾਗਮ ਦਾ ਆਗਾਜ਼ ਪੰਜਾਬ ਦੇ ਜਾਣੇ-ਪਛਾਣੇ ਕਵੀ ਸੁਰਿੰਦਰ ਰਾਮਪੁਰੀ ਦੀ ਨਵ-ਰਚਨਾ 'ਅੱਖਾਂ ਵਿੱਚ ਜੰਮੀ ਬਰਫ਼' ਨਾਲ ਹੋਇਆ, ਜਿਸ ਨੂੰ ਰਿੰਪਲਪ੍ਰੀਤ ਕੌਰ ਰੇਲ ਕੋਚ ਫੈਕਟਰੀ ਕਪੂਰਥਲਾ ਨੇ ਬਹੁਤ ਹੀ ਭਾਵਪੂਰਤ ਅੰਦਾਜ਼ ਵਿੱਚ ਪੇਸ਼ ਕੀਤਾ। ਸਮਾਗਮ ਦੀ ਮੁੱਖ ਵਕਤਾ ਨਾਮਵਰ ਕਵੀ ਫਤਿਹਜੀਤ ਦੀ ਧੀ ਬਲਜੀਤ ਕੌਰ ਬੱਲ ਨੇ ਬੋਲਦਿਆਂ ਸਮਾਂ ਬੰਨ੍ਹ ਦਿੱਤਾ। ਉਨ੍ਹਾਂ ਦਾ ਇੱਕ-ਇੱਕ ਸ਼ਬਦ ਇਉਂ ਸੀ, ਜਿਵੇਂ ਉਹ ਕਿਆਰੀਆਂ ਵਿੱਚ ਫੁੱਲ-ਪੱਤੀਆਂ ਹੋਣ, ਜਿਵੇਂ ਕਸੀਦਾਕਾਰੀ ਕੀਤੀ ਹੋਵੇ। ਉਹਨਾਂ ਕਿਹਾ ਕਿ ਕੌਮਾਂਤਰੀ ਔਰਤ ਦਿਹਾੜੇ ਮੌਕੇ ਸਾਨੂੰ ਆਪਣੇ ਫ਼ਰਜ਼ਾਂ ਦੀ ਪਹਿਚਾਣ ਕਰਨ ਲਈ ਈਰਾਨ ਦੀਆਂ ਮਾਰੀਆਂ ਗਈਆਂ ਸਕੂਲੀ ਬੱਚੀਆਂ ਦੀ ਕਬਰਾਂ ਵਿੱਚੋਂ ਆਉਂਦੀ ਆਵਾਜ਼, ਝਾੜੀਆਂ, ਪੰਘੂੜਿਆਂ ਵਿੱਚ ਸੁੱਟੀਆਂ ਬੱਚੀਆਂ ਦੀਆਂ ਕਿਲਕਾਰੀਆਂ ਝੰਜੋੜ ਰਹੀਆਂ ਹਨ ਕਿ 'ਇਹ ਸਮਾਜ ਬਦਲ ਦਿਓ'।

ਉਨ੍ਹਾ ਕਿਹਾ ਕਿ ਔਰਤਾਂ ਨੂੰ ਆਪਣੇ ਹਿੱਸੇ ਦੀ ਜ਼ਮੀਨ ਅਤੇ ਅੰਬਰ ਹਾਸਲ ਕਰਨ ਲਈ ਬਹੁਤ ਹੀ ਸੂਝ-ਬੂਝ ਨਾਲ ਜਨ ਅਧਾਰ ਵਾਲੀ ਔਰਤ ਲਹਿਰ ਉਸਾਰਨ ਦੀ ਲੋੜ ਹੈ। ਜਿਹੜੀ ਔਰਤ ਨੂੰ ਮੰਗਤੀ ਸਮਝ ਕੇ ਆਟਾ, ਦਾਲ, ਮੁਫ਼ਤ ਸਫ਼ਰ ਵਰਤਾਉਣ ਤੱਕ ਸੀਮਤ ਕਰਕੇ ਰੱਖਣ ਦੀ ਬਜਾਏ ਉਸ ਨੂੰ ਸਾਂਝੀਵਾਲਤਾ ਅਤੇ ਸਵੈ-ਮਾਣ ਭਰਿਆ ਸਮਾਜ ਸਿਰਜਣ ਦੇ ਦੁਆਰ ਖੋਲ੍ਹਦਾ ਅੱਗੇ ਦੀ ਅੱਗੇ ਤੁਰਿਆ ਜਾਏ।

ਉਨ੍ਹਾ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਪੁਸਤਕਾਂ ਦੇ ਸੈੱਟ ਅਤੇ ਫੁੱਲਾਂ ਦੇ ਗੁਲਦਸਤੇ ਨਾਲ ਸਨਮਾਨ ਕੀਤਾ ਗਿਆ। ਸਨਮਾਨ ਮੌਕੇ ਸਿਰਮੌਰ ਕਹਾਣੀਕਾਰ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਪ੍ਰੋ. ਵਰਿਆਮ ਸਿੰਘ ਸੰਧੂ ਨੇ ਕਿਹਾ, "ਬੱਲ ਜਦੋਂ ਬੋਲ ਰਹੀ ਸੀ ਤਾਂ ਇਉਂ ਪ੍ਰਤੀਤ ਹੋ ਰਿਹਾ ਸੀ, ਜਿਵੇਂ ਉਹ ਖ਼ੂਬਸੂਰਤ ਕਹਾਣੀ ਲਿਖ ਰਹੀ ਹੋਵੇ। ਮੈਂ ਆਪਣੇ ਸੰਗੀ ਸਾਥੀ ਫਤਿਹਜੀਤ ਦੀ ਧੀ ਦੀ ਭਾਸ਼ਣ ਦੀ ਵਿਧਾ 'ਚ ਲਿਖੀ ਦਿਲਕਸ਼ ਕਹਾਣੀ ਦੇ ਸਿਰ ਤੋਂ ਜੀ ਕਰਦੈ ਆਪਣੀਆਂ ਕਹਾਣੀਆਂ ਵਾਰ ਦਿਆਂ।"

ਸਮਾਗਮ ਮੌਕੇ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਮੀਤ ਪ੍ਰਧਾਨ ਡਾ. ਪਰਮਿੰਦਰ, ਸਹਾਇਕ ਸਕੱਤਰ ਪ੍ਰੋ. ਗੋਪਾਲ ਬੁੱਟਰ, ਖ਼ਜ਼ਾਨਚੀ ਸੀਤਲ ਸਿੰਘ ਸੰਘਾ, ਹਰਵਿੰਦਰ ਭੰਡਾਲ, ਪ੍ਰੋ. ਤੇਜਿੰਦਰ ਵਿਰਲੀ, ਸੁਰਿੰਦਰ ਕੁਮਾਰੀ ਕੋਛੜ ਤੋਂ ਇਲਾਵਾ ਜਨਤਕ ਜਮਹੂਰੀ ਜੱਥੇਬੰਦੀਆਂ ਦੇ ਆਗੂ ਹਾਜ਼ਰ ਸਨ। ਇਸ ਮੌਕੇ ਪੀਪਲਜ਼ ਵਾਇਸ ਵੱਲੋਂ ਬਹੁਤ ਹੀ ਸੰਵੇਦਨਸ਼ੀਲ ਫ਼ਿਲਮ ਵਿਖਾਈ ਗਈ, ਜਿਹੜੀ ਔਰਤ ਵੱਲੋਂ ਜ਼ਿੰਦਗੀ ਦੇ ਸਫ਼ਰ ਵਿੱਚ ਫਲਾਈਓਵਰ ਪਾਰ ਕਰਨ ਦੀ ਪ੍ਰੇਰਨਾ ਦਿੰਦੀ ਹੈ। ਪੀਪਲਜ਼ ਵਾਇਸ ਦੇ ਆਗੂ ਅਤੇ ਕਮੇਟੀ ਮੈਂਬਰ ਡਾ. ਸੈਲੇਸ਼ ਨੇ ਕਿਹਾ ਕਿ ਸਿਰਫ਼ ਔਰਤ ਦਿਹਾੜੇ ਤੱਕ ਹੀ ਨਹੀਂ ਫ਼ਿਲਮ ਸ਼ੋਅ ਅਤੇ ਢੁੱਕਵੀਆਂ ਵਿਧਾਵਾਂ ਰਾਹੀਂ ਇਹ ਸਿਲਸਿਲਾ ਜਾਰੀ ਰਹਿਣਾ ਚਾਹੀਦਾ ਹੈ। ਸਟਾਈਲ ਆਰਟਸ ਐਸੋਸੀਏਸ਼ਨ ਦੀ ਅਦਾਕਾਰ ਅਰੂਸ਼ੀ ਵੱਲੋਂ ਦੂਜੇ ਵਿਸ਼ਵ ਯੁੱਧ ਵੇਲੇ ਇਨਕਲਾਬੀ ਔਰਤ ਵੀਰਾਂਗਣਾ ਵੱਲੋਂ ਲਿਖੇ 'ਮੋਇਆਂ ਦੇ ਖ਼ਤ' 'ਤੇ ਅਧਾਰਤ ਲਘੂ ਨਾਟਕ ਦੀ ਪਿਆਰੀ ਝਲਕ ਪੇਸ਼ ਕੀਤੀ ਗਈ। ਅਰੂਸ਼ੀ ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਆਪਣੇ ਰੰਗ ਵਿੱਚ ਰੰਗ ਲਿਆ। ਨਿਰਦੇਸ਼ਕ ਨੀਰਜ਼ ਕੌਸ਼ਿਕ ਨੇ ਇਸ ਮੌਕੇ ਕਿਹਾ ਕਿ ਦੇਸ਼ ਭਗਤ ਯਾਦਗਾਰ ਹਾਲ ਰੰਗਕਰਮੀਆਂ ਦੀ ਨਰਸਰੀ ਹੈ, ਜਿੱਥੇ ਨਵੇਂ ਫੁੱਲ ਖਿੜਨ ਦੀ ਜਾਂਚ ਸਿੱਖਦੇ ਹਨ। ਸਮਾਗਮ ਦੇ ਸਿਖ਼ਰ 'ਤੇ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਬਲਜੀਤ ਕੌਰ ਬੱਲ ਦਾ ਪ੍ਰਭਾਵਸ਼ਾਲੀ ਕੁੰਜੀਵਤ ਭਾਸ਼ਣ, ਫ਼ਿਲਮ ਅਤੇ ਮੋਇਆਂ ਦੇ ਖ਼ਤ ਵਰਗੀ ਕਲਾ ਵੰਨਗੀ ਨਾਲ ਭਰਪੂਰ ਅੱਜ ਦਾ ਸਮਾਗਮ ਕੌਮਾਂਤਰੀ ਔਰਤ ਦਿਹਾੜੇ ਦੀ ਪ੍ਰਸੰਗਿਕਤਾ ਉਭਾਰਨ ਵਿੱਚ ਸਫ਼ਲ ਰਿਹਾ

## ਵਕੀਲਾਂ ਦੇ ਚੈਂਬਰਾਂ ਨੂੰ ਘਰੇਲੂ ਟੈਰਿਫ 'ਚ ਸ਼ਾਮਲ ਕਰਨ 'ਤੇ 'ਆਪ' ਲੀਗਲ ਸੈੱਲ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ

**ਮਾਨਸਾ (ਆਤਮਾ ਸਿੰਘ ਪਮਾਰ)**-ਲੀਗਲ ਸੈੱਲ ਨੇ ਸੂਬੇ ਦੇ ਵਕੀਲਾਂ ਦੀ ਚਿਰੋਕਣੀ ਮੰਗ ਪੂਰੀ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਲੀਗਲ ਸੈੱਲ ਨੇ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ (ਪੀਐੱਸਈਆਰਸੀ) ਵੱਲੋਂ ਵਿੱਤੀ ਸਾਲ 2026-27 ਲਈ ਟੈਰਿਫ ਆਰਡਰ 'ਚ ਲਏ ਗਏ ਇਤਿਹਾਸਕ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ।ਇਸ ਫੈਸਲੇ ਤਹਿਤ ਵਕੀਲਾਂ ਦੇ ਚੈਂਬਰਾਂ ਦੇ ਬਿਜਲੀ ਕੁਨੈਕਸ਼ਨਾਂ ਨੂੰ ਗੈਰ-ਰਿਹਾਇਸ਼ੀ ਸਪਲਾਈ (ਐੱਨਆਰਐੱਸ) ਸ਼੍ਰੇਣੀ ਤੋਂ ਬਦਲ ਕੇ ਘਰੇਲੂ ਸਪਲਾਈ (ਡੀਐੱਸ) ਸ਼੍ਰੇਣੀ 'ਚ ਸ਼ਾਮਲ ਕਰ ਦਿੱਤਾ ਗਿਆ ਹੈ।ਜਾਣਕਾਰੀ ਦਿੰਦਿਆਂ 'ਆਪ' ਲੀਗਲ ਵਿੰਗ ਮਾਲਵਾ ਵੇਸ ਜ਼ੋਨ ਦੇ ਇੰਚਾਰਜ ਐਡਵੋਕੇਟ ਰਣਦੀਪ ਸ਼ਰਮਾ ਨੇ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਪੱਖੀ ਤੇ ਦੂਰਅੰਦੇਸ਼ੀ ਲੀਡਰਸ਼ਿਪ ਦਾ ਪ੍ਰਮਾਣ ਹੈ।ਇਸ ਗੱਲ ਨੂੰ ਪ੍ਰਵਾਨ ਕਰਦਿਆਂ ਕਿ ਵਕੀਲ ਦਾ ਚੈਂਬਰ ਕੋਈ ਵਪਾਰਕ 'ਦੁਕਾਨ' ਨਹੀਂ ਸਗੋਂ ਨਿਆਂ ਦੇ ਪ੍ਰਬੰਧ ਨੂੰ ਸਮਰਪਤ ਇੱਕ 'ਬੌਧਿਕ ਕਾਰਜ ਸਥਾਨ' ਹੈ, ਪੰਜਾਬ ਸਰਕਾਰ ਨੇ ਇਸ ਮਾਣਮੱਤੇ ਕਾਨੂੰਨੀ ਪੇਸ਼ੇ ਦੇ ਮਾਣ-ਸਤਿਕਾਰ ਨੂੰ ਬਹਾਲ ਕੀਤਾ ਹੈ।ਪੰਜਾਬ ਤੇ ਹਰਿਆਣਾ ਬਾਰ ਕੌਂਸਲ ਕੋਲ ਰਜਿਸਟਰਡ ਤੇ ਪੰਜਾਬ ਭਰ ਦੇ ਕੋਰਟ ਕੰਪਲੈਕਸਾਂ 'ਚ ਸਥਿਤ ਚੈਂਬਰਾਂ ਦੇ ਬਿਜਲੀ ਬਿੱਲ ਹੁਣ ਘਰੇਲੂ ਦਰਾਂ ਅਨੁਸਾਰ ਲਏ ਜਾਣਗੇ।ਕਮਿਸ਼ਨ ਨੇ ਸਹੀ ਤੌਰ 'ਤੇ ਸਵੀਕਾਰ ਕੀਤਾ ਹੈ ਕਿ ਐਡਵੋਕੇਟ ਜਨਤਕ ਡਿਊਟੀ ਨਿਭਾਉਂਦੇ ਹਨ ਤੇ ਸੰਵਿਧਾਨ ਦੀ ਧਾਰਾ 39-ਏ ਦੇ ਤਹਿਤ ਜ਼ਰੂਰੀ ਕਾਨੂੰਨੀ ਸਹਾਇਤਾ ਪ੍ਰਦਾਨ ਕਰਦੇ ਹਨ।ਹਾਲਾਂਕਿ ਇਸ ਕਦਮ ਨਾਲ ਪੀਐਸਪੀਸੀਐਲ ਦੇ ਸਾਲਾਨਾ ਮਾਲੀਏ ਵਿੱਚ ਲਗਭਗ ?3.59 ਕਰੋੜ ਦੀ ਕਮੀ ਆਵੇਗੀ, ਪਰ ਸਰਕਾਰ ਨੇ ਮੁਨਾਫ਼ੇ ਨਾਲੋਂ ਜਨਤਕ ਹਿੱਤਾਂ ਤੇ ਕਾਨੂੰਨੀ ਪੇਸ਼ੇਵਰਾਂ ਦੀ ਭਲਾਈ ਨੂੰ ਪਹਿਲ ਦਿੱਤੀ ਹੈ।ਨਵੀਆਂ ਟੈਰਿਫ ਦਰਾਂ 1 ਅਪ੍ਰੈਲ 2026 ਤੋਂ ਲਾਗੂ ਹੋਣਗੀਆਂ।ਇਸ ਦੌਰਾਨ ਐਡਵੋਕੇਟ ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਗੁਰਦਾਸ ਸਿੰਘ ਮਾਨ, ਮਨਿੰਦਰ ਸਿੰਘ ਸਕੱਤਰ ਬਾਰ ਐਸੋਸੀਏਸ਼ਨ ਮਾਨਸਾ ਤੇ ਹੋਰ ਵਕੀਲ ਸਾਹਿਬਾਨ ਹਾਜ਼ਰ ਸਨ।

## ਸੁਨੀਲ ਜਾਖੜ ਨੇ ਰੈਲੀ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਐਤਵਾਰ ਮੋਗਾ ਪਹੁੰਚੇ ਤੇ 14 ਮਾਰਚ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਭਾਜਪਾ ਦੇ ਕੋਰ ਕਮੇਟੀ ਮੈਂਬਰ ਸਾਬਕਾ ਡੀਜੀਪੀ ਪਰਮਦੀਪ ਸਿੰਘ ਗਿੱਲ, ਸੂਬਾ ਜਨਰਲ ਸਕੱਤਰ ਦਇਆ ਸਿੰਘ ਸੋਢੀ, ਸੂਬਾ ਸਕੱਤਰ ਅਨਿਲ ਸਰੀਨ, ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ, ਹਲਕਾ ਧਰਮਕੋਟ ਦੇ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ, ਮੋਗਾ ਦੇ ਸਕੱਤਰ ਮੁਖਤਿਆਰ ਸਿੰਘ ਵੀ ਮੌਜੂਦ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਸੂਬੇ ਨੂੰ ਹੋਰ ਗਹਿਰੇ ਕਰਜ਼ੇ ਦੇ ਸੰਕਟ ਵਿੱਚ ਧੱਕ ਦੇਵੇਗਾ।ਉਨ੍ਹਾਂ ਸਵਾਲ ਕੀਤਾ ਕਿ ਬਜਟ ਵਿੱਚ ਕੀਤੇ ਗਏ ਵਾਅਦੇ ਪੂਰੇ ਕਰਨ ਲਈ ਪੈਸਾ ਕਿੱਥੋਂ ਆਵੇਗਾ? ਵਿਰੋਧੀ ਧਿਰ 'ਤੇ ਤੰਜ ਕੱਸਦਿਆਂ ਜਾਖੜ ਨੇ ਕਿਹਾ ਕਿ ਕਾਂਗਰਸ ਪਾਰਟੀ ਚੁੱਪ ਬੈਠੀ ਹੋਈ ਹੈ ਤੇ ਉਸ ਦੇ ਨੇਤਾਵਾਂ ਵਿੱਚ ਵਿਧਾਨ ਸਭਾ ਵਿੱਚ ਆਪ ਸਰਕਾਰ ਖਿਲਾਫ ਬੋਲਣ ਦੀ ਹਿੰਮਤ ਨਹੀਂ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਬੱਸਾਂ ਨੂੰ ਰੰਗ ਕਰਵਾਉਣ ਲਈ ਰਾਜਸਥਾਨ ਭੇਜਿਆ ਜਾ ਰਿਹਾ ਹੈ, ਪਰ ਰਾਜਸਥਾਨ ਦੀਆਂ ਬੱਸ ਬਾਡੀਆਂ ਦੇ ਨਾਂ 'ਤੇ ਜਿਨ੍ਹਾਂ ਕਾਂਗਰਸੀ ਨੇਤਾਵਾਂ ਨੂੰ ਕਦੇ ਬਲੈਕਮੇਲ ਕੀਤਾ ਗਿਆ ਸੀ, ਉਹ ਅੱਜ ਵੀ ਇਸ ਮਸਲੇ 'ਤੇ ਆਵਾਜ਼ ਉਠਾਉਣ ਦੀ ਹਿੰਮਤ ਨਹੀਂ ਕਰ ਰਹੇ।ਮੋਗਾ ਵਿੱਚ ਹੋਣ ਵਾਲੀ ਭਾਜਪਾ ਰੈਲੀ ਦਾ ਜ਼ਿਕਰ ਕਰਦਿਆਂ ਜਾਖੜ ਨੇ ਕਿਹਾ ਕਿ ਲੋਕਾਂ ਵਿੱਚ ਇਸ ਨੂੰ ਲੈ ਕੇ ਕਾਫ਼ੀ ਉਤਸ਼ਾਹ ਹੈ।ਉਨ੍ਹਾਂ ਕਿਹਾ ਕਿ ਮੁੱਖ ਵਿਰੋਧੀ ਪਾਰਟੀ ਕਾਂਗਰਸ ਤੋਂ ਨਿਰਾਸ਼ ਹੋਣ ਤੋਂ ਬਾਅਦ ਤੇ ਹੁਣ ਸੱਤਾ ਵਿੱਚ ਬੈਠੀ ਆਪ ਸਰਕਾਰ ਤੋਂ ਵੀ ਨਿਰਾਸ਼ ਹੋ ਕੇ ਲੋਕ ਅਜਿਹੀ ਪਾਰਟੀ ਦੀ ਭਾਲ ਕਰ ਰਹੇ ਹਨ, ਜਿਸ ਦੀ ਸਮਰੱਥ ਲੀਡਰਸ਼ਿਪ ਪੰਜਾਬ ਨੂੰ ਮੌਜੂਦਾ ਸੰਕਟ ਵਿੱਚੋਂ ਬਾਹਰ ਕੱਢ ਸਕੇ।ਉਨ੍ਹਾਂ ਕਿਹਾ ਕਿ ਅੱਜ ਲੋਕਾਂ ਲਈ ਜਾਨ-ਮਾਲ ਦੀ ਸੁਰੱਖਿਆ ਵੱਡਾ ਮੁੱਦਾ ਬਣ ਗਿਆ ਹੈ, ਜਦਕਿ ਆਰਥਿਕ ਸੰਕਟ ਨਾਲ ਜੂਝਦੇ ਸੂਬੇ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਠੱਪ ਪਿਆ ਹੋਇਆ ਹੈ।ਉਨ੍ਹਾਂ ਅਨੁਸਾਰ ਹੁਣ ਲੋਕ ਇਸ ਸਥਿਤੀ ਨੂੰ ਠੀਕ ਕਰਨ ਲਈ ਭਾਜਪਾ ਤੋਂ ਉਮੀਦ ਰੱਖਦੇ ਹਨ।

## ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਦਾ ਸਨਮਾਨ

### ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪਟਿਆਲਾ ਦੇ ਮੈਡੀਕਲ ਕਾਲਜ ਦੇ ਆਡੀਟੋਰੀਅਮ ਵਿੱਚ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਬਲਾਕ ਪੱਧਰ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਮਿਹਨਤ ਤੇ ਸਮਰਪਣ ਨਾਲ ਕੰਮ ਕਰਨ ਵਾਲੀਆਂ ਮਹਿਲਾਵਾਂ ਨੂੰ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।ਇਸ ਸਮਾਗਮ ਵਿੱਚ ਉਨ੍ਹਾਂ ਮਿਹਨਤੀ ਔਰਤਾਂ ਨੂੰ ਸਨਮਾਨਤ ਕੀਤਾ ਗਿਆ, ਜੋ ਸਵੈ-ਸਹਾਇਤਾ ਸਮੂਹਾਂ ਰਾਹੀਂ ਕਾਰਜ ਲੈ ਕੇ ਛੋਟੇ ਕਾਰੋਬਾਰ ਤੋਂ ਵੱਡੇ ਕਾਰੋਬਾਰ ਕਰ ਕੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਰਹੀਆਂ ਹਨ।ਇਸ ਮੌਕੇ ਡਾ. ਬਲਬੀਰ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਤੇ ਉਨ੍ਹਾਂ ਦੀ ਭੂਮਿਕਾ ਹਰ ਖੇਤਰ ਵਿੱਚ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ, ਜਿਸ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਮਹਿਲਾਵਾਂ ਵੱਖ-ਵੱਖ ਖੇਤਰਾਂ ਵਿੱਚ ਅੱਗੇ ਆ ਕੇ ਆਪਣਾ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਹੱਥੀਂ ਕੰਮ ਕਰਨ ਵਾਲੀਆਂ ਤੇ ਸਮਾਜ ਲਈ ਪ੍ਰੇਰਨਾ ਬਣੀਆਂ ਵਿਸ਼ੇਸ਼ ਮਹਿਲਾਵਾਂ ਨੂੰ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਸਨਮਾਨਤ ਕਰਨ ਦੀ ਇਹ ਪ੍ਰਕਿਰਿਆ ਬਲਾਕ ਪੱਧਰ ਤੋਂ ਸ਼ੁਰੂ ਕੀਤੀ ਗਈ ਹੈ।ਇਸ ਤੋਂ ਬਾਅਦ ਜ਼ਿਲ੍ਹਾ ਪੱਧਰ 'ਤੇ ਅਤੇ ਫਿਰ ਸਟੇਟ ਲੈਵਲ 'ਤੇ ਵੀ ਮਹਿਲਾਵਾਂ ਨੂੰ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਵਿਭਾਗਾਂ ਦੇ ਅਧਿਕਾਰੀ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

## ਦਲਿਤ ਔਰਤਾਂ ਨੂੰ ਪੰਦਰਾਂ ਸੌ ਮਹੀਨਾ ਦੇਣ ਦਾ ਐਲਾਨ ਇਤਿਹਾਸਕ ਫ਼ੈਸਲਾ : ਚੇਅਰਮੈਨ



**ਬਠਿੰਡਾ (ਰਾਜੀਵ ਗੋਇਲ)**-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਗਿਆ ਹੈ।ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ ਸਰਕਾਰ' ਨੇ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਵਾਅਦਾ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੂਰਾ ਕਰ ਦਿੱਤਾ ਹੈ।ਉਨ੍ਹਾਂ ਦੱਸਿਆ ਕਿ 'ਆਪ' ਸਰਕਾਰ ਵੱਲੋਂ ਸਮਾਜਿਕ ਨਿਆਂ ਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਦਲਿਤ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਤੇ ਜਰਨਲ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ।ਮਾਨ ਨੇ ਕਿਹਾ ਕਿ 'ਆਪ' ਹਮੇਸ਼ਾ ਹੀ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਵਚਨਬੱਧ ਰਹੀ ਹੈ।ਇਹ ਫ਼ੈਸਲਾ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗਾ।

## ਬੀ ਕੇ ਯੂ ਏਕਤਾ ਉਗਰਾਹਾਂ ਦੀ ਲਾਡਬਨਜਾਰਾ ਇਕਾਈ ਦੀ ਚੋਣ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਲਾਡਬਨਜਾਰਾ ਖੁਰਦ ਵਿਖੇ ਨਵੀਂ ਇਕਾਈ ਦੀ ਚੋਣ ਕੀਤੀ ਗਈ। ਇਸ ਮੌਕੇ ਬਲਾਕ ਦਿੜ੍ਹਬਾ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰਦੇ ਲੋਕਾਂ 'ਤੇ ਜਬਰ ਕੀਤਾ ਜਾ ਰਿਹਾ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਕਿਸਾਨ ਮਾਰੂ ਨੀਤੀਆਂ ਲੈ ਕੇ ਆ ਰਹੀ ਹੈ। ਇਸ ਲਈ ਲੋਕਾਂ ਨੂੰ ਜਥੇਬੰਦਕ ਹੋ ਕੇ ਸਰਕਾਰਾਂ ਦੇ ਖਿਲਾਫ ਲੜਨਾ ਚਾਹੀਦਾ ਹੈ। ਇਸ ਮੌਕੇ ਪਿੰਡ ਦੇ ਲੋਕਾਂ ਨੇ ਸਰਬ ਸੰਮਤੀ ਨਾਲ ਪਿੰਡ ਇਕਾਈ ਦਾ ਪ੍ਰਧਾਨ ਜਰਨੈਲ ਸਿੰਘ ਬੀਰੀ, ਖਜ਼ਾਨਚੀ ਸੁਖਦੇਵ ਸਿੰਘ, ਸਹਾਇਕ ਖਜ਼ਾਨਚੀ ਹਰਬੰਸ ਸਿੰਘ, ਮੀਤ ਪ੍ਰਧਾਨ ਰਣਧੀਰ ਸਿੰਘ, ਪ੍ਰੈੱਸ ਸਕੱਤਰ ਪਾਲਾ ਸਿੰਘ, ਸੰਗਠਨ ਸਕੱਤਰ ਮਨਪ੍ਰੀਤ ਸਿੰਘ ਸਮੇਤ 15 ਮੈਂਬਰੀ ਕਮੇਟੀ ਚੁਣੀ ਗਈ। ਇਸ ਮੌਕੇ ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾ, ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ ਨਾਗਾ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂਰਾ, ਗੁਰਜੰਟ ਸਿੰਘ ਕਾਕੂਵਾਲਾ ਸਮੇਤ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਜੀਵਨ ਜੋਤੀ ਕਾਲਜ 'ਚ ਕਬੱਡੀ ਤੇ ਵਾਲੀਬਾਲ ਟੂਰਨਾਮੈਂਟ 21 ਤੋਂ



**ਜਲਾਲਾਬਾਦ (ਜੀਤ ਕੁਮਾਰ)**-ਪੜ੍ਹਾਈ ਦੇ ਨਾਲ ਨਾਲ ਖੇਡੀ ਪ੍ਰਤੀ ਨੌਜਵਾਨ ਪੀੜ੍ਹੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਜੀਵਨ ਜੋਤੀ ਕਾਲਜ ਪਿੰਡ ਬੱਘੇ ਕੇ ਮੋੜ ਜਲਾਲਾਬਾਦ ਵਿਖੇ ਦੋ ਰੋਜ਼ਾ ਕਬੱਡੀ ਤੇ ਵਾਲੀਬਾਲ ਟੂਰਨਾਮੈਂਟ 21 ਤੇ 22 ਮਾਰਚ 2026 ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੀਵਨ ਜੋਤੀ ਕਾਲਜ ਦੇ ਐੱਮ ਡੀ ਮਲਕੀਅਤ ਕੰਬੋਜ, ਚੇਅਰਮੈਨ ਰਾਜ ਕੁਮਾਰ ਕੰਬੋਜ, ਪ੍ਰਬੰਧਕੀ ਕਮੇਟੀ ਦੇ ਮੈਂਬਰ ਹਰਭਜਨ ਕੰਬੋਜ ਬੱਟੀ, ਅਮਨਦੀਪ ਕੰਬੋਜ ਤਾਰੇ ਵਾਲਾ, ਮੰਮਨ ਕੁੱਕੜ, ਜੱਜ ਧਵਨ, ਮੋਂਟੀ ਕੰਬੋਜ, ਮਾ. ਸਮਰੱਥ ਕੰਬੋਜ, ਰਾਜੂ ਵਾਰਵਲ ਕੱਟੀਆਂ ਵਾਲਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਦੇ ਸਾਰੇ ਪ੍ਰਬੰਧ ਮੁਕੰਮਲ ਕਰਨ ਲਈ ਵੱਖ-ਵੱਖ ਪ੍ਰਬੰਧਕੀ ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ। ਇਸ ਮੌਕੇ ਟੂਰਨਾਮੈਂਟ ਦਾ ਪੋਸਟਰ ਲਾਂਚ ਕੀਤਾ ਗਿਆ ਤੇ ਸਮੂਹ ਜ਼ਿਲ੍ਹਾ ਫਾਜ਼ਿਲਕਾ ਤੇ ਪੰਜਾਬ ਭਰ ਦੇ ਲੋਕਾਂ ਅਤੇ ਖੇਡ ਪ੍ਰੇਮੀਆਂ ਨੂੰ ਵੀ ਸੱਦਾ ਦਿੱਤਾ ਗਿਆ ਹੈ, ਪਹੁੰਚੀਆਂ ਹੋਈਆਂ ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਖੁਸ਼ਪ੍ਰੀਤ ਕੌਰ ਨੂੰ ਨੌਕਰੀ ਮਿਲਣ 'ਤੇ ਕੀਤਾ ਸਨਮਾਨਤ




**ਮਾਨਸਾ (ਆਤਮਾ ਸਿੰਘ ਪਮਾਰ)**-ਸਰਕਾਰੀ ਸੈਕੰਡਰੀ ਸਕੂਲ ਦਲੇਲ ਸਿੰਘ ਵਾਲਾ ਦੀ ਸਾਬਕਾ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਹਰਜੀਤ ਸਿੰਘ ਨੂੰ ਪੀ ਐੱਸ ਪੀ ਸੀ ਐੱਲ 'ਚ ਲਾਈਨਮੈਨ ਦੀ ਨੌਕਰੀ ਮਿਲਣ 'ਤੇ ਸਕੂਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਖੁਸ਼ਪ੍ਰੀਤ ਕੌਰ ਨੇ ਬਾਰਵੀਂ ਜਮਾਤ ਤੱਕ ਦੀ ਪੜ੍ਹਾਈ ਇਸੇ ਸਕੂਲ ਤੋਂ ਪੂਰੀ ਕੀਤੀ ਸੀ।ਇਸ ਮੌਕੇ ਸਕੂਲ ਦੇ ਇੰਚਾਰਜ ਹਰਪ੍ਰੀਤ ਸਿੰਘ ਤੇ ਸਮੂਹ ਸਟਾਫ ਵੱਲੋਂ ਖੁਸ਼ਪ੍ਰੀਤ ਕੌਰ ਨੂੰ ਫੁੱਲਾਂ ਦੀ ਮਾਲਾ ਪਾ ਕੇ ਸਨਮਾਨਤ ਕੀਤਾ ਗਿਆ।ਹਰਪ੍ਰੀਤ ਸਿੰਘ ਨੇ ਇਸ ਸਮੇਂ ਕਿਹਾ ਕਿ ਅਜਿਹੇ ਹੋਣਹਾਰ ਵਿਦਿਆਰਥੀ ਦੂਸਰੇ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣਦੇ ਹਨ।ਉਨ੍ਹਾਂ ਨੇ ਕਿਹਾ ਕਿ ਖੁਸ਼ਪ੍ਰੀਤ ਕੌਰ ਨੇ ਆਪਣੀ ਮਿਹਨਤ ਨਾਲ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਅਤੇ ਸਮਾਜ 'ਚ ਅਧਿਆਪਕਾਂ ਦਾ ਮਾਣ ਵੀ ਵਧਾਉਂਦੇ ਹਨ।ਸਕੂਲ ਸਟਾਫ ਵੱਲੋਂ ਖੁਸ਼ਪ੍ਰੀਤ ਕੌਰ ਨੂੰ ਉੱਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।

## ਗਲੀ 'ਚ ਗੰਦਾ ਪਾਣੀ ਖੜਨ ਕਾਰਨ ਲੋਕ ਪ੍ਰੇਸ਼ਾਨ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਸ਼ਹਿਰ ਦੇ ਵਾਰਡ ਨੰ: 7 ਦੀ ਇੱਕ ਗਲੀ ਦੀ ਹਾਲਤ ਕਾਫ਼ੀ ਸਮੇਂ ਤੋਂ ਬਦਤਰ ਬਣੀ ਹੋਈ ਹੈ।ਗਲੀ 'ਚ ਗੰਦਾ ਪਾਣੀ ਖੜਾ ਰਹਿਣ, ਚਿੱਕੜ ਤੇ ਕੂੜਾ-ਕਰਕਟ ਇਕੱਠਾ ਹੋਣ ਕਾਰਨ ਇਲਾਕੇ 'ਚ ਗੰਦਗੀ ਫੈਲੀ ਹੋਈ ਹੈ।ਇਸ ਕਾਰਨ ਇੱਥੋਂ ਲੰਘਣ ਵਾਲੇ ਲੋਕਾਂ ਤੇ ਨੇੜਲੇ ਬਸ਼ਿੰਦਿਆਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਨਿਕਾਸੀ ਦੀ ਬੇਢੰਗੀ ਵਿਵਸਥਾ ਹੋਣ ਕਰਕੇ ਗੰਦਾ ਪਾਣੀ ਗਲੀ 'ਚ ਹੀ ਖੜਾ ਰਹਿੰਦਾ ਹੈ, ਜਿਸ ਨਾਲ ਬਦਬੂ ਫੈਲਦੀ ਰਹਿੰਦੀ ਹੈ ਤੇ ਮੱਛਰਾਂ ਦੀ ਵੀ ਭਰਮਾਰ ਹੈ, ਜਿਸ ਕਾਰਨ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਿਆ ਹੋਇਆ ਹੈ।ਅਵਤਾਰ ਸਿੰਘ ਕਟਾਰੀਆ, ਹਲਕਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਬੁਢਲਾਡਾ ਨੇ ਕਿਹਾ ਕਿ ਵਾਰਡ ਨੰਬਰ 7 ਦੀ ਇਸ ਗਲੀ ਦੀ ਹਾਲਤ ਲੰਮੇ ਸਮੇਂ ਤੋਂ ਬਹੁਤ ਮਾੜੀ ਬਣੀ ਹੋਈ ਹੈ, ਪਰ ਇਸ ਵੱਲ ਨਗਰ ਕੌਂਸਲ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਗਲੀ ਵਿੱਚ ਰਹਿਣ ਵਾਲੇ ਲੋਕ ਗੰਦਗੀ ਤੇ ਚਿੱਕੜ ਕਾਰਨ ਬਹੁਤ ਪ੍ਰੇਸ਼ਾਨ ਹਨ।ਉਨ੍ਹਾਂ ਨਗਰ ਕੌਂਸਲ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਗਲੀ ਦੀ ਸਫ਼ਾਈ ਕਰਾ ਕੇ ਤੇ ਨਿਕਾਸੀ ਦੀ ਸਹੀ ਵਿਵਸਥਾ ਕਰਕੇ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜ਼ਾਤ ਦਿਵਾਉਣ ਦੀ ਖੇਚਲ ਕੀਤੀ ਜਾਵੇ।

## ਸਫਾ 1 ਦੇ ਬਾਕੀ...

### ਦਲਿਤ ਬੀਬੀਆਂ ਨੂੰ...

ਹੈ। ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਰਾਸ਼ੀ ਸਿੱਧੇ ਤੌਰ 'ਤੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਇਸ ਸਕੀਮ ਵਿਚੋਂ ਮੌਜੂਦਾ ਅਤੇ ਸਾਬਕਾ ਰੈਗੂਲਰ ਕਰਮਚਾਰੀਆਂ, ਮੌਜੂਦਾ ਅਤੇ ਸਾਬਕਾ ਵਿਧਾਇਕਾਂ ਤੇ ਸੰਸਦ ਮੈਂਬਰਾਂ ਤੋਂ ਇਲਾਵਾ ਇਨਕਮ ਟੈਕਸ ਭਰਨ ਵਾਲਿਆਂ ਨੂੰ ਬਾਹਰ ਰੱਖਿਆ ਗਿਆ ਹੈ। ਇਸ ਸਕੀਮ ਲਈ ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ ਅਤੇ ਅਪੰਗਤਾ ਪੈਨਸ਼ਨ ਲੈਣ ਵਾਲੀਆਂ ਔਰਤਾਂ ਵੀ ਯੋਗ ਹੋਣਗੀਆਂ। ਇਸ ਯੋਜਨਾ ਲਈ ਬੱਜਟ 'ਚ 9,300 ਕਰੋੜ ਰਾਖਵੇਂ ਰੱਖੇ ਗਏ ਹਨ।

**ਨਹਿਰੀ ਖੇਤਰ ਲਈ 2971 ਕਰੋੜ ਰੁਪਏ ਰਾਖਵੇਂ** : ਪੰਜਾਬ ਸਰਕਾਰ ਨੇ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਵਰਤੋਂ ਨੂੰ ਵੱਧ ਤੋਂ ਵੱਧ ਯਕੀਨੀ ਬਣਾਉਣ ਅਤੇ ਲਗਾਤਾਰ ਡਿੱਗ ਰਹੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਵੱਡੇ ਕਦਮ ਚੁੱਕੇ ਹਨ। ਵਿੱਤ ਮੰਤਰੀ ਨੇ ਵਿੱਤੀ ਸਾਲ 2026-27 ਲਈ ਜਲ ਸਰੋਤ ਵਿਭਾਗ ਵਾਸਤੇ 2,971 ਕਰੋੜ ਰੁਪਏ ਦੇ ਬੱਜਟ ਦੀ ਤਜਵੀਜ਼ ਰੱਖੀ ਹੈ। ਗ੍ਰਹਿ ਮਾਮਲੇ ਤੇ ਜੇਲ੍ਹਾਂ ਵਿਭਾਗ ਲਈ 11577 ਕਰੋੜ ਰੱਖੇ- ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਪੁਖ਼ਤਾ ਕਰਨ ਅਤੇ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵੱਡਾ ਬਜਟ ਅਲਾਟ ਕੀਤਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਗ੍ਰਹਿ ਮਾਮਲੇ, ਨਿਆਂ ਅਤੇ ਜੇਲ੍ਹਾਂ ਵਿਭਾਗ ਲਈ 11,577 ਕਰੋੜ ਰੁਪਏ ਰਾਖਵੇਂ ਰੱਖਣ ਦੀ ਤਜਵੀਜ਼ ਰੱਖੀ। ਉਨ੍ਹਾ ਕਿਹਾ ਕਿ ਵਿਕਾਸ ਲਈ ਸ਼ਾਂਤੀਪੂਰਨ ਮਾਹੌਲ ਲਾਜ਼ਮੀ ਹੈ ਅਤੇ ਸਰਕਾਰ ਅਪਰਾਧਿਕ ਨੈੱਟਵਰਕਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ। ਵਿੱਤ ਮੰਤਰੀ ਨੇ ਸਰਹੱਦੀ ਸੁਰੱਖਿਆ ਬਾਰੇ ਅਹਿਮ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ 553 ਕਿਲੋਮੀਟਰ ਲੰਬੀ ਕੌਮਾਂਤਰੀ ਸਰਹੱਦ 'ਤੇ ਨਿਗਰਾਨੀ ਵਧਾਉਣ ਲਈ ਤਕਨਾਲੋਜੀ ਦਾ ਸਹਾਰਾ ਲਿਆ ਜਾ ਰਿਹਾ ਹੈ। ਸਰਹੱਦ ਦੇ ਨਾਲ ਲੱਗਦੇ 636 ਪਿੰਡਾਂ ਵਿੱਚ 2,367 ਸੀ.ਸੀ.ਟੀ.ਵੀ. ਕੈਮਰੇ ਲਗਾ ਕੇ 'ਸੁਰੱਖਿਆ ਦੀ ਦੂਜੀ ਲਾਈਨ' ਸਥਾਪਤ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਚੋਂ 1,719 ਕੈਮਰੇ ਪਹਿਲਾਂ ਹੀ ਲਗਾਏ ਜਾ ਚੁੱਕੇ ਹਨ ਅਤੇ ਸੰਬੰਧਤ ਥਾਣਿਆਂ ਵਿੱਚ ਕੰਟਰੋਲ ਰੂਮ ਕਾਰਜਸ਼ੀਲ ਹੋ ਗਏ ਹਨ।

**'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਲਈ 312 ਕਰੋੜ ਰੁਪਏ ਰਾਖਵੇਂ** : ਵਿੱਤ ਮੰਤਰੀ ਨੇ ਸੂਬੇ ਦੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀਆਂ ਅਧਿਆਤਮਿਕ ਇੱਛਾਵਾਂ ਨੂੰ ਪੂਰਾ ਕਰਨ ਲਈ ਵੱਡਾ ਐਲਾਨ ਕਰਦਿਆਂ ਦੱਸਿਆ ਕਿ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੇ ਵਿਸਥਾਰ ਲਈ ਵਿੱਤੀ ਸਾਲ 2026-27 ਵਿੱਚ 312 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਇਸ ਸਕੀਮ ਤਹਿਤ ਲੱਗਭੱਗ 7.15 ਲੱਖ ਨਾਗਰਿਕਾਂ ਨੂੰ ਪ੍ਰਮੁੱਖ ਧਾਰਮਿਕ ਅਸਥਾਨਾਂ, ਖ਼ਾਸ ਕਰਕੇ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਆਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਮੁਫ਼ਤ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਤੀਰਥ ਯਾਤਰਾਵਾਂ ਕਰਵਾਈਆਂ ਜਾਣਗੀਆਂ।

**ਖੇਡਾਂ ਲਈ 1,791 ਕਰੋੜ ਦਾ ਬਜਟ** : ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਬਜਟ ਵਿੱਚ ਵੱਡਾ ਵਾਧਾ ਕੀਤਾ ਹੈ। ਵਿੱਤ ਮੰਤਰੀ ਨੇ ਖੇਡਾਂ ਦੇ ਖੇਤਰ ਲਈ 1,791 ਕਰੋੜ ਰੁਪਏ ਰਾਖਵੇਂ ਰੱਖਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਇਤਿਹਾਸ ਵਿੱਚ ਕਿਸੇ ਵੀ ਸਰਕਾਰ ਵੱਲੋਂ ਖੇਡਾਂ 'ਤੇ ਕੀਤਾ ਗਿਆ ਹੁਣ ਤੱਕ ਦਾ ਸਭ ਤੋਂ ਵੱਡਾ ਨਿਵੇਸ਼ ਹੈ। ਵਿੱਤ ਮੰਤਰੀ ਨੇ ਦੱਸਿਆ ਕਿ 'ਖੇਡਦਾ ਪੰਜਾਬ, ਬਦਲਦਾ ਪੰਜਾਬ' ਮੁਹਿੰਮ ਤਹਿਤ ਪਿੰਡਾਂ ਵਿੱਚ ਮਾਡਲ ਖੇਡ ਮੈਦਾਨ ਅਤੇ ਜਿੰਮ ਤਿਆਰ ਕੀਤੇ ਜਾ ਰਹੇ ਹਨ। ਇਸ ਪ੍ਰੋਜੈਕਟ ਤਹਿਤ 1,100 ਕਰੋੜ ਰੁਪਏ ਦੀ ਲਾਗਤ ਨਾਲ 3,000 ਤੋਂ ਵੱਧ ਅਤਿ-ਆਧੁਨਿਕ ਪੇਂਡੂ ਖੇਡ ਮੈਦਾਨ ਉਸਾਰੀ ਅਧੀਨ ਹਨ, ਜੋ ਜੂਨ 2026 ਤੱਕ ਮੁਕੰਮਲ ਕਰ ਲਏ ਜਾਣਗੇ।

**'ਜਾਤੀ ਤੇ ਨਸ਼ਾ ਮਰਦਮਸ਼ੁਮਾਰੀ'; 100 ਕਰੋੜ ਰੁਪਏ ਰਾਖਵੇਂ** : ਹਰਪਾਲ ਸਿੰਘ ਚੀਮਾ ਨੇ ਇੱਕ ਅਹਿਮ ਐਲਾਨ ਕਰਦਿਆਂ ਦੱਸਿਆ ਕਿ ਸੂਬੇ ਵਿੱਚ ਅਗਲੇ ਮਹੀਨੇ ਯਾਨੀ ਅਪਰੈਲ ਤੋਂ 'ਜਾਤੀ ਅਤੇ ਨਸ਼ਾ ਮਰਦਮਸ਼ੁਮਾਰੀ' ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਇਤਿਹਾਸਕ ਪਹਿਲਕਦਮੀ ਲਈ ਮੁੱਢਲਾ ਕੰਮ, ਜਿਸ ਵਿੱਚ ਵਿਸ਼ੇਸ਼ ਸੌਫਟਵੇਅਰ ਤਿਆਰ ਕਰਨਾ ਅਤੇ ਫੀਲਡ ਕਰਮਚਾਰੀਆਂ ਦੀ ਸਿਖਲਾਈ ਸ਼ਾਮਲ ਹੈ, ਮੁਕੰਮਲ ਕਰ ਲਿਆ ਗਿਆ ਹੈ। ਵਿੱਤੀ ਸਾਲ 2026-27 ਵਿੱਚ ਇਸ ਮੁਹਿੰਮ ਲਈ 100 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। ਉਦਯੋਗ ਅਤੇ ਵਣਜ ਵਿਭਾਗ ਲਈ 2805 ਕਰੋੜ ਦਾ ਬਜਟ-ਵਿੱਤ ਮੰਤਰੀ ਨੇ ਉਦਯੋਗਿਕ ਕ੍ਰਾਂਤੀ ਦਾ ਨਵਾਂ ਰੋਡਮੈਪ ਪੇਸ਼ ਕਰਦਿਆਂ ਉਦਯੋਗ ਅਤੇ ਵਣਜ ਵਿਭਾਗ ਲਈ 2,805 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ। ਇਸ ਵਿੱਚ ਉਦਯੋਗਾਂ ਨੂੰ ਦਿੱਤੀਆਂ ਜਾਣ ਵਾਲੀਆਂ ਵਿੱਤੀ ਰਿਆਇਤਾਂ ਲਈ 500 ਕਰੋੜ ਰੁਪਏ ਵਿਸ਼ੇਸ਼ ਤੌਰ 'ਤੇ ਸ਼ਾਮਲ ਕੀਤੇ ਗਏ ਹਨ। ਵਿੱਤ ਮੰਤਰੀ ਨੇ ਦੱਸਿਆ ਕਿ ਮਾਰਚ 2022 ਤੋਂ ਹੁਣ ਤੱਕ ਸੂਬੇ ਨੂੰ 1,45,371 ਕਰੋੜ ਰੁਪਏ ਦੇ 8,049 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ। ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਸੂਬੇ ਦੇ 5.21 ਲੱਖ ਤੋਂ ਵੱਧ ਨੌਜਵਾਨਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਹੈ। ਰਿਹਾਇਸ਼ ਅਤੇ ਸ਼ਹਿਰੀ ਵਿਕਾਸ ਖੇਤਰ ਲਈ 7257 ਕਰੋੜ ਰੱਖੇ- ਯੋਜਨਾਬੰਦ ਸ਼ਹਿਰੀਕਰਨ ਮਜ਼ਬੂਤ ਕਰਨ ਅਤੇ ਨਾਗਰਿਕ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਲਈ ਸਾਲ 2026-27 ਵਿੱਚ ਸ਼ਹਿਰੀ ਵਿਕਾਸ ਖੇਤਰ ਲਈ 7,257 ਕਰੋੜ ਰੁਪਏ ਦਾ ਬੱਜਟ ਰੱਖਿਆ ਗਿਆ।

**ਮਿਉਂਸਪਲ ਫੰਡਾਂ ਵਿੱਚ ਚਾਰ ਗੁਣਾ ਵਾਧਾ** : ਪੰਜਾਬ ਸਰਕਾਰ ਨੇ ਸੂਬੇ ਦੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਨਵੀਂ ਦਿੱਖ ਦੇਣ ਲਈ ਮਿਉਂਸਪਲ ਡਿਵੈੱਲਪਮੈਂਟ ਫੰਡ ਵਿੱਚ ਬੇਮਿਸਾਲ ਵਾਧਾ ਕੀਤਾ ਹੈ। ਵਿੱਤ ਮੰਤਰੀ ਚੀਮਾ ਨੇ ਐਲਾਨ ਕੀਤਾ ਕਿ ਵਿੱਤੀ ਸਾਲ 2026-27 ਲਈ ਇਸ ਫੰਡ ਨੂੰ ਪਿਛਲੇ ਸਾਲ ਦੇ 225 ਕਰੋੜ ਰੁਪਏ ਤੋਂ ਚਾਰ ਗੁਣਾ ਵਧਾ ਕੇ 1,000 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਹ ਰਾਸ਼ੀ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਨੂੰ ਸੜਕਾਂ, ਸਟਰੀਟ ਲਾਈਟਾਂ, ਜਲ ਸਪਲਾਈ, ਸੀਵਰੇਜ, ਸਫ਼ਾਈ ਅਤੇ ਜਨਤਕ ਸੁਰੱਖਿਆ ਪ੍ਰਣਾਲੀਆਂ ਵਰਗੇ ਜ਼ਰੂਰੀ ਕਾਰਜਾਂ ਲਈ ਮੁਹੱਈਆ ਕਰਵਾਈ ਜਾਵੇਗੀ।

**'ਰੰਗਲਾ ਪੰਜਾਬ ਵਿਕਾਸ ਸਕੀਮ' ਲਈ 1170 ਕਰੋੜ ਦਾ ਬਜਟ** : ਵਿੱਤ ਮੰਤਰੀ ਨੇ ਸੂਬੇ ਦੇ ਸਰਵਪੱਖੀ ਵਿਕਾਸ ਲਈ 'ਰੰਗਲਾ ਪੰਜਾਬ ਵਿਕਾਸ ਸਕੀਮ' ਦੇ ਬਜਟ ਵਿੱਚ ਵੱਡਾ ਵਾਧਾ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਬਰਾਬਰ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਸ ਸਕੀਮ ਦੀ ਬਜਟ ਰਾਸ਼ੀ 585 ਕਰੋੜ ਰੁਪਏ ਤੋਂ ਵਧਾ ਕੇ 1170 ਕਰੋੜ ਰੁਪਏ ਕਰਨ ਦਾ ਪ੍ਰਸਤਾਵ ਹੈ। ਇਸ ਵਾਧੇ ਨਾਲ ਹੁਣ ਹਰੇਕ ਵਿਧਾਨ ਸਭਾ ਹਲਕੇ ਨੂੰ ਸਥਾਨਕ ਬੁਨਿਆਦੀ ਢਾਂਚੇ ਅਤੇ ਜਨਤਕ ਸੰਪਤੀਆਂ ਦੇ ਨਵੀਨੀਕਰਨ ਲਈ ਸਾਲਾਨਾ 10 ਕਰੋੜ ਰੁਪਏ (ਪਹਿਲਾਂ 5 ਕਰੋੜ) ਮਿਲਣਗੇ। ਖੇਤੀਬਾੜੀ ਲਈ 15,377 ਕਰੋੜ ਰੁਪਏ ਰਾਖਵੇਂ-ਵਿੱਤ ਮੰਤਰੀ ਨੇ ਵਿਧਾਨ ਸਭਾ ਵਿੱਚ ਬਜਟ ਪੇਸ਼ ਕਰਦਿਆਂ ਖੇਤੀਬਾੜੀ ਖੇਤਰ ਲਈ ਕਈ ਅਹਿਮ ਐਲਾਨ ਕੀਤੇ। ਕਿਸਾਨੀ ਦੇ ਇਸ ਵੱਡੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਅਤੇ ਖੇਤੀਬਾੜੀ ਦੇ ਮੁੜ ਉਭਾਰ ਲਈ ਸਰਕਾਰ ਨੇ ਵਿੱਤੀ ਸਾਲ 2026-27 ਵਾਸਤੇ ਖੇਤੀਬਾੜੀ ਅਤੇ ਇਸ ਨਾਲ ਸੰਬੰਧਤ ਖੇਤਰਾਂ ਲਈ ਕੁੱਲ 15,377 ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਹੈ। ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਫੰਡ ਮੁੱਖ ਤੌਰ 'ਤੇ ਫ਼ਸਲੀ ਵਿਭਿੰਨਤਾ, ਸਥਿਰਤਾ, ਮੰਡੀ ਸੁਧਾਰਾਂ ਅਤੇ ਕਿਸਾਨਾਂ ਦੀ ਭਲਾਈ ਨਾਲ ਜੁੜੇ ਪ੍ਰੋਜੈਕਟਾਂ 'ਤੇ ਖ਼ਰਚ ਕੀਤੇ ਜਾਣਗੇ।

**ਸਿਹਤ ਖੇਤਰ ਲਈ 6879 ਕਰੋੜ ਦਾ ਬਜਟ** : ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਵਿੱਤ ਮੰਤਰੀ ਨੇ ਸਿਹਤ ਅਤੇ ਪਰਵਾਰ ਭਲਾਈ ਲਈ ਕੁੱਲ 6,879 ਕਰੋੜ ਰੁਪਏ ਦਾ ਬੱਜਟ ਰਾਖਵਾਂ ਰੱਖਿਆ ਹੈ। ਇਸ ਰਾਸ਼ੀ ਦਾ ਵੱਡਾ ਹਿੱਸਾ ਸੂਬੇ ਦੇ ਹਸਪਤਾਲਾਂ ਦੀ ਦਸ਼ਾ ਸੁਧਾਰਨ ਅਤੇ ਨਵੇਂ ਸਿਹਤ ਕੇਂਦਰ ਸਥਾਪਤ ਕਰਨ 'ਤੇ ਖ਼ਰਚ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਅਗਲੇ ਵਿੱਤੀ ਸਾਲ ਵਿੱਚ 143 ਆਮ ਆਦਮੀ ਕਲੀਨਿਕ ਖੋਲ੍ਹੇ ਜਾਣਗੇ। ਮੁੱਖ ਮੰਤਰੀ ਸਿਹਤ ਯੋਜਨਾ ਲਈ 2000 ਕਰੋੜ ਦੀ ਤਜਵੀਜ਼ ਰੱਖੀ ਹੈ। ਸਿੱਖਿਆ ਖੇਤਰ ਲਈ 19,279 ਕਰੋੜ ਰੁਪਏ-ਪੰਜਾਬ ਦੇ ਵਿੱਤ ਮੰਤਰੀ ਵੱਲੋਂ ਬਜਟ ਵਿੱਚ ਸਿੱਖਿਆ ਖੇਤਰ ਲਈ ਵੱਡੇ ਐਲਾਨ ਕੀਤੇ ਗਏ ਹਨ। ਸਰਕਾਰ ਨੇ ਸਿੱਖਿਆ ਲਈ ਕੁੱਲ 19,279 ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ 7 ਫ਼ੀਸਦੀ ਵੱਧ ਹੈ। ਇਹ ਵਾਧਾ ਸੂਬੇ ਦੇ ਸਰਕਾਰੀ ਸਕੂਲਾਂ ਅਤੇ ਉੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਹੈ।

### ਮੋਦੀ ਦੇ ਜੁਮਲੇ,...

ਸਫਲਤਾਪੂਰਵਕ ਪੂਰੀਆਂ ਕੀਤੀਆਂ ਹਨ। ਉਨ੍ਹਾ ਕਿਹਾ ਕਿ ਆਪਣੀ ਸੇਵਾ ਦੇ 4 ਸਾਲਾਂ ਦੇ ਅੰਦਰ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੀ ਪੰਜਵੀਂ ਗਰੰਟੀ ਨੂੰ ਪੂਰਾ ਕਰਨ ਲਈ ਵਿੱਤੀ ਸਾਲ 2026-27 ਦੇ ਰਾਜ ਬਜਟ ਵਿੱਚ ਅਧਿਕਾਰਤ ਤੌਰ 'ਤੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਹੈ।

ਇਹ ਸਕੀਮ ਜਨਰਲ ਵਰਗ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ (ਐੱਸ ਸੀ) ਭਾਈਚਾਰੇ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕਰਦੀ ਹੈ।ਭਾਜਪਾ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰਦਿਆਂ ਚੀਮਾ ਨੇ ਭਗਵਾਂ ਪਾਰਟੀ ਦੀ 'ਵਰਤੋਂ ਕਰੋ ਅਤੇ ਸੁੱਟੋ' ਵਾਲੇ ਵਾਅਦਿਆਂ ਨਾਲ ਵੋਟਰਾਂ ਨੂੰ ਗੁੰਮਰਾਹ ਕਰਨ ਲਈ ਆਲੋਚਨਾ ਕੀਤੀ।

ਉਨ੍ਹਾਂ ਵਿਸ਼ੇਸ਼ ਤੌਰ 'ਤੇ ਦਿੱਲੀ ਵਿੱਚ ਭਾਜਪਾ ਦੇ ਵਿਵਹਾਰ ਵੱਲ ਇਸ਼ਾਰਾ ਕਰਦਿਆਂ ਨੋਟ ਕੀਤਾ ਕਿ ਦਿੱਲੀ ਵਿਧਾਨ ਸਭਾ ਚੋਣਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਉੱਚ-ਪੱਧਰੀ ਐਲਾਨ ਦੇ ਬਾਵਜੂਦ, ਜਿਸ ਵਿੱਚ ਕਿਹਾ ਗਿਆ ਸੀ ਕਿ 8 ਮਾਰਚ, 2026 ਤੋਂ ਹਰ ਔਰਤ ਦੇ ਖਾਤੇ ਵਿੱਚ 2,500 ਰੁਪਏ ਆਉਣਗੇ, ਪਾਰਟੀ ਇਸ ਲਾਭ ਨੂੰ ਅਮਲ ਵਿੱਚ ਲਿਆਉਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ।

ਚੀਮਾ ਨੇ ਕਿਹਾ, 'ਅਰਵਿੰਦ ਕੇਜਰੀਵਾਲ ਕੰਮ ਅਤੇ ਇਮਾਨਦਾਰੀ ਦੀ ਰਾਜਨੀਤੀ ਦੀ ਨੁਮਾਇੰਦਗੀ ਕਰਦੇ ਹਨ; ਉਹ ਆਮ ਆਦਮੀ ਨਾਲ ਕੀਤੇ ਵਾਅਦੇ ਹਮੇਸ਼ਾ ਪੂਰੇ ਕਰਦੇ ਹਨ। ਵਿੱਤੀ ਸਾਲ 2026-27 ਦਾ ਪੰਜਾਬ ਬਜਟ ਇਸ ਦਾ ਪ੍ਰਮਾਣ ਹੈ, ਖਾਸ ਤੌਰ 'ਤੇ ਮਹੀਨਾਵਾਰ ਆਮਦਨ ਦੀ ਗਰੰਟੀ ਨੂੰ ਪੂਰਾ ਕਰਨ ਦੇ ਨਾਲ।

ਇਸ ਦੇ ਬਿਲਕੁਲ ਉਲਟ, ਪੀ ਐੱਮ ਮੋਦੀ ਅਤੇ ਭਾਜਪਾ ਨੇ ਇੱਕ ਵਾਰ ਫਿਰ ਆਪਣੇ ਆਪ ਨੂੰ 'ਜੁਮਲਾ ਪਾਰਟੀ' ਸਾਬਤ ਕਰ ਦਿੱਤਾ ਹੈ।' ਵਿੱਤ ਮੰਤਰੀ ਨੇ ਅੰਤ ਵਿੱਚ ਦੁਹਰਾਇਆ ਕਿ 'ਆਪ' ਦੇ ਸਿਧਾਂਤਾਂ ਤੋਂ ਸੇਧ ਲੈਂਦਿਆਂ ਪੰਜਾਬ ਸਰਕਾਰ ਸਾਰੇ ਨਾਗਰਿਕਾਂ ਦੀ ਭਲਾਈ ਲਈ ਸਮਰਪਿਤ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਸਾਰੀਆਂ ਗਰੰਟੀਆਂ ਪੂਰੀਆਂ ਕਰਨ ਵਾਲਾ ਬਜਟ' ਇਹ ਯਕੀਨੀ ਬਣਾਉਂਦਾ ਹੈ ਕਿ ਟੈਕਸਦਾਤਾਵਾਂ ਦਾ ਪੈਸਾ ਸਮੁੱਚੇ ਵਿਕਾਸ ਅਤੇ ਵਿੱਤੀ ਸਸ਼ਕਤੀਕਰਨ ਰਾਹੀਂ ਸਿੱਧਾ ਲੋਕਾਂ ਕੋਲ ਵਾਪਸ ਜਾਵੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਈਰਾਨ 'ਤੇ ਥੋਪੀ ਜੰਗ ਦੀ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਵੱਲੋਂ ਸਖ਼ਤ ਨਿੰਦਾ

**ਇਸਲਾਮੀ ਦੇਸ਼ਾਂ ਨੂੰ ਅਮਨ-ਅਮਾਨ ਨਾਲ ਇਕੱਠੇ ਹੋਣ ਦਾ ਦਿੱਤਾ ਸੁਨੇਹਾ**



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੁਸਲਿਮ ਜਮਾਤ ਅਹਿਮਦੀਆ ਭਾਰਤ ਦੇ ਪ੍ਰੈੱਸ ਸਕੱਤਰ ਮੌਲਾਨਾ ਕੇ ਤਾਰਿਕ ਅਹਿਮਦ ਨੇ ਜਾਰੀ ਪ੍ਰੈੱਸ ਰਿਲੀਜ਼ ਰਾਹੀਂ ਦੱਸਿਆ ਕਿ ਆਪਣੇ ਹਫਤਾਵਾਰੀ ਜੁੰਮੇ ਖੁਤਬੇ ਦੌਰਾਨ ਮੁਸਲਿਮ ਜਮਾਤ ਅਹਿਮਦੀਆ ਦੇ ਵਿਸ਼ਵ ਮੁਖੀ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਨੇ ਮੁਸਲਿਮ ਦੇਸ਼ਾਂ ਨੂੰ ਇਹ ਨਸੀਹਤ ਕੀਤੀ ਹੈ ਕਿ ਉਹ ਆਪਣੀ ਖ਼ੁਸ਼ਹਾਲੀ ਲਈ ਵੱਡੀਆਂ ਤਾਕਤਾਂ ਦੀ ਬਜਾਏ ਅੱਲਾਹ 'ਤੇ ਭਰੋਸਾ ਕਰਨ, ਆਪਸ ਵਿੱਚ ਏਕਤਾ ਨੂੰ ਤਰਜੀਹ ਦੇਣ ਅਤੇ ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ ਦਾ ਅਮਨਪੂਰਨ ਹੱਲ ਲੱਭਣ ਵੱਲ ਕੰਮ ਕਰਨ। ਉਨ੍ਹਾਂ ਅੱਗੇ ਕਿਹਾ ਕਿ ਮੁਸਲਿਮ ਦੁਨੀਆ ਨੂੰ ਆਪਣੀ ਸੁਰੱਖਿਆ ਲਈ ਪੱਛਮੀ ਤਾਕਤਾਂ 'ਤੇ ਨਿਰਭਰ ਹੋਣ ਤੋਂ ਹਟ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਤਾਕਤਾਂ ਦੀਆਂ ਸਾਜ਼ਿਸ਼ਾਂ ਤੋਂ ਬਚਣ ਲਈ ਜੋ ਉਨ੍ਹਾਂ ਨੂੰ ਨੁਕਸਾਨ ਪਹੁੰਚਾਉਣਾ ਚਾਹੁੰਦੀਆਂ ਹਨ, ਨੂੰ ਸਮਝਣਾ ਚਾਹੀਦਾ। ਅਮਨ ਨਾਲ ਇਕੱਠੇ ਹੋਣਾ ਚਾਹੀਦਾ। ਅਮਰੀਕਾ ਨੇ ਕਈ ਮੁਸਲਿਮ ਦੇਸ਼ਾਂ ਵਿੱਚ ਫੌਜੀ ਅੱਡੇ ਕਾਇਮ ਕੀਤੇ ਹੋਏ ਹਨ ਪਰ ਕਿਸ ਮਕਸਦ ਲਈ? ਜੇ ਪੱਛਮੀ ਦੇਸ਼ਾਂ ਦੀ ਸਥਿਤੀ ਨੂੰ ਵੇਖਿਆ ਜਾਵੇ ਤਾਂ ਕੁਝ ਟਿੱਪਣੀਕਾਰ ਖੁਦ ਇਹ ਦਰਸਾਉਣ ਲੱਗ ਪਏ ਹਨ ਕਿ ਜੇ ਇਜ਼ਰਾਈਲ, ਅਮਰੀਕਾ ਜਾਂ ਕਿਸੇ ਵੀ ਪੱਛਮੀ ਦੇਸ਼ ਵਿੱਚ ਕੋਈ ਹਮਲਾ ਹੋਵੇ ਅਤੇ ਉਨ੍ਹਾਂ ਦੇ ਕੁਝ ਬੱਚੇ ਵੀ ਮਾਰੇ ਜਾਣ ਤਾਂ ਅਖ਼ਬਾਰ ਕਈ ਦਿਨਾਂ ਤੱਕ ਲੰਬੇ ਲੰਬੇ ਕਾਲਮ ਲਿਖ ਕੇ ਗੁੱਸੇ ਦਾ ਇਜ਼ਹਾਰ ਕਰਦੇ ਰਹਿੰਦੇ ਹਨ ਪਰ ਈਰਾਨ ਵਿੱਚ ਇੱਕ ਸਕੂਲ ਤੇ ਬੰਬਾਰੀ ਹੁੰਦੀ ਹੈ ਅਤੇ ਸੈਂਕੜੇ ਬੱਚੇ ਮਾਰੇ ਜਾਂਦੇ ਹਨ ਤਾਂ ਮੁਸ਼ਕਿਲ ਨਾਲ ਕੋਈ ਆਵਾਜ਼ ਉਠਾਉਂਦਾ ਹੈ। ਇਹੀ ਹਾਲਤ ਫਲਸਤੀਨ ਵਿੱਚ ਸੀ ਅਤੇ ਹੁਣ ਈਰਾਨ ਵਿੱਚ ਵੀ ਉਹੀ ਕੁਝ ਹੋ ਰਿਹਾ ਹੈ। ਸੋ ਮੁਸਲਿਮ ਦੁਨੀਆ ਨੂੰ ਚਾਹੀਦਾ ਹੈ ਕਿ ਉਹ ਅਮਨ ਪਸੰਦ ਬਣਨ ਦੀ ਕੋਸ਼ਿਸ਼ ਕਰੇ ਅਤੇ ਆਪਸ ਵਿੱਚ ਭਰਾਵਾਂ ਵਾਂਗ ਜੀਵੇ।

## ਲੰਬੇ ਸਮੇਂ ਤੋਂ ਅੱਖੋਂ ਪਰੋਖੇ ਰਹੇ ਸਰਹੱਦੀ ਖੇਤਰ ਦੀ ਸਾਰ ਲੈਣ ਲਈ ਪੰਜਾਬ ਸਰਕਾਰ ਵਚਨਬੱਧ : ਮਾਨ

**ਪੱਟੀ (ਬਲਦੇਵ ਸਿੰਘ ਸੰਧੂ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਹੱਦੀ ਹਲਕੇ ਖੇਮਕਰਨ ਵਿੱਚ 137 ਕਰੋੜ ਰੁਪਏ ਦੇ ਪੇਂਡੂ ਲਿੰਕ ਸੜਕੀ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਅਤੇ ਕਿਹਾ ਕਿ ਆਪ ਸਰਕਾਰ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਰੁਜ਼ਗਾਰ ਦੇ ਮੌਕੇ ਸਿਰਜਣ ਅਤੇ ਬਿਹਤਰ ਢੰਗ ਨਾਲ ਜਨਤਕ ਸੇਵਾਵਾਂ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ।ਉਨ੍ਹਾਂ ਨੇ ਨਹਿਰੀ ਸਿੰਚਾਈ, ਰੋਜ਼ਗਾਰ ਉਤਪਤੀ ਅਤੇ ਸਿੱਖਿਆ ਸੁਧਾਰਾਂ ਵਿੱਚ ਹੋਈ ਪ੍ਰਗਤੀ 'ਤੇ ਵੀ ਚਾਨਣਾ ਪਾਇਆ।ਨੀਂਹ ਪੱਥਰ ਰੱਖਣ ਤੋਂ ਬਾਅਦ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਸੜਕਾਂ ਤੋਂ ਲੈ ਕੇ ਸਕੂਲਾਂ, ਖੇਡ ਦੇ ਮੈਦਾਨਾਂ ਅਤੇ ਉਦਯੋਗ ਤੱਕ, ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਮੇਰੀ ਸਰਕਾਰ ਹਰ ਖੇਤਰ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਹੱਦੀ ਖੇਤਰਾਂ ਦੇ ਵਿਕਾਸ ਨੂੰ ਨਜ਼ਰਅੰਦਾਜ਼ ਕੀਤਾ, ਪਰ ਆਪ ਸਰਕਾਰ ਇਨ੍ਹਾਂ ਖੇਤਰਾਂ ਦੀ ਤਰੱਕੀ ਲਈ ਸਮਰਪਿਤ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅਸੀਂ ਇਨ੍ਹਾਂ ਖੇਤਰਾਂ ਦੇ ਵਸਨੀਕਾਂ ਦੀ ਭਲਾਈ



ਲਈ ਵਚਨਬੱਧ ਹਾਂ ਜੋ ਦੇਸ਼ ਦੇ ਸੱਚੇ ਦੇਸ਼ ਭਗਤ ਹਨ।ਉਨ੍ਹਾਂ ਕਿਹਾ ਕਿ ਆਪ ਸਰਕਾਰ ਪਹਿਲਾਂ ਹੀ ਨੌਜਵਾਨਾਂ ਨੂੰ 63,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਚੁੱਕੀ ਹੈ। ਸੂਬਾ ਸਰਕਾਰ ਨੇ ਨਹਿਰੀ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਲਈ 6,500 ਕਰੋੜ ਰੁਪਏ ਖਰਚ ਕੀਤੇ ਹਨ, ਜਿਸ ਨਾਲ ਨਹਿਰੀ ਪਾਣੀ ਪਹਿਲੀ ਵਾਰ 1,365 ਪਿੰਡਾਂ ਤੱਕ ਪਹੁੰਚਿਆ ਹੈ।ਉਨ੍ਹਾਂ ਕਿਹਾ ਕਿ ਪੇਂਡੂ ਸੰਪਰਕ ਨੂੰ ਬਿਹਤਰ ਬਣਾਉਣ ਲਈ 16,209 ਕਰੋੜ ਰੁਪਏ ਦੀ ਲਾਗਤ ਨਾਲ 49,000 ਕਿਲੋਮੀਟਰ ਤੋਂ ਵੱਧ ਸੜਕਾਂ ਦੇ ਨਿਰਮਾਣ ਦਾ ਕੰਮ ਚੱਲ ਰਿਹਾ ਹੈ।ਸਿੱਖਿਆ ਖੇਤਰ 'ਚ ਹੋਈ ਪ੍ਰਗਤੀ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਸਮਾਰਟ ਕਲਾਸਰੂਮ, ਆਧੁਨਿਕ ਲੈਬਾਟਰੀਆਂ ਅਤੇ ਖੇਡ ਦੇ ਮੈਦਾਨਾਂ ਨਾਲ ਲੈਸ ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਗਏ ਹਨ।ਉਨ੍ਹਾਂ ਅੱਗੇ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਹਰ ਮਹਿਲਾ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਯੋਜਨਾ ਜਲਦ ਲਾਗੂ ਕੀਤੀ ਜਾਵੇਗੀ।ਕਾਂਗਰਸ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਇੱਕ ਵੰਡਿਆ ਹੋਇਆ ਘਰ ਹੈ, ਜੋ ਆਪਸੀ ਫੁੱਟ ਅਤੇ ਅੰਦਰੂਨੀ ਕਾਟੋ-ਕਲੇਸ਼ ਕਾਰਨ ਜਲਦ ਦੀ ਪੂਰੀ ਤਰ੍ਹਾਂ ਢਹਿ-ਢੇਰੀ ਹੋ ਜਾਵੇਗਾ।ਅਕਾਲੀ ਆਗੂਆਂ ਕੋਲ ਆਮ ਆਦਮੀ ਨੂੰ ਲੁੱਟਣ ਅਤੇ ਪ੍ਰੇਸ਼ਾਨ ਕਰਨ ਦੇ ਰੋਡਮੈਪ ਤੋਂ ਇਲਾਵਾ ਹੋਰ ਕੁਝ ਵੀ ਨਹੀਂ ਹੈ।ਉਨ੍ਹਾਂ ਨੇ ਆਪਣੇ ਰਾਜ ਦੌਰਾਨ ਗੈਂਗਸਟਰਾਂ ਦੀ ਪੁਸ਼ਤਪਨਾਹੀ ਕੀਤੀ ਅਤੇ ਨਸ਼ਾ ਤਸਕਰਾਂ ਨੂੰ ਬਚਾਇਆ।ਉਨ੍ਹਾਂ ਕਿਹਾ ਕਿ ਖੇਮਕਰਨ ਹਲਕੇ ਵਿੱਚ 137 ਕਰੋੜ 22 ਲੱਖ ਰੁਪਏ ਦੀ ਲਾਗਤ ਨਾਲ 275 ਕਿਲੋਮੀਟਰ ਹਿੱਸੇ ਨੂੰ ਕਵਰ ਕਰਦੇ ਪ੍ਰਾਜੈਕਟ ਤਹਿਤ 209 ਪੇਂਡੂ ਲਿੰਕ ਸੜਕਾਂ ਦੀ ਮੁਰੰਮਤ ਦਾ ਕਾਰਜ ਸ਼ੁਰੂ ਕੀਤਾ ਗਿਆ ਹੈ।'ਆਪ' ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

**● ਖੇਮਕਰਨ 'ਚ 137 ਕਰੋੜ ਰੁਪਏ ਦੀ ਲਾਗਤ ਵਾਲੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਦੀ ਸ਼ੁਰੂਆਤ**

## ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਖਾਪੜਖੇੜੀ 'ਚ ਅਹਿਮ ਮੀਟਿੰਗ



**ਝਬਾਲ (ਹਰਜਿੰਦਰ ਸਿੰਘ ਸੋਨੀ)**: ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਖਾਪੜਖੇੜੀ ਵਿਖੇ ਸਾਥੀ ਪ੍ਰਤਾਪ ਸਿੰਘ ਦੀ ਪ੍ਰਧਾਨਗੀ ਹੇਠ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰਾਂ ਦੇ ਨਰੇਗਾ ਕਾਨੂੰਨ ਵਿੱਚ ਬਦਲਾਅ ਕਰਕੇ ਅਤੇ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਕਰਨ ਵਾਲੇ 44 ਕਿਰਤ ਕਾਨੂੰਨਾਂ ਨੂੰ ਤੋੜ ਕੇ 4 ਲੇਬਰ ਕੋਡ ਬਣਾ ਕੇ ਮਜ਼ਦੂਰ ਵਰਗ ਦੇ ਹੱਕਾਂ 'ਤੇ ਡਾਕਾ ਮਾਰਿਆ ਹੈ ਜੋ ਕੇਂਦਰ ਦੀ ਮੋਦੀ ਸਰਕਾਰ ਨੇ ਕਿਰਤ ਕਾਨੂੰਨਾਂ ਨੂੰ ਤੋੜ ਕੇ ਮਜ਼ਦੂਰਾਂ ਨੂੰ ਗੁਲਾਮੀ ਅਤੇ ਗੁਰਬਤ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਕਰ ਦਿੱਤਾ ਹੈ।ਦੂਜੇ ਪਾਸੇ 2025 ਬਿਜਲੀ ਸੋਧ ਬਿੱਲ ਲਿਆ ਕੇ ਆਮ ਲੋਕਾਂ ਦੇ ਘਰਾਂ ਵਿੱਚ ਘੁੱਪ ਹਨੇਰਾ ਕਰਨ ਦਾ ਫੈਸਲਾ ਕੀਤਾ ਹੈ ਜੋ ਕਿ ਅੱਤ ਨਿੰਦਣਯੋਗ ਹੈ।ਸਾਥੀ ਝਬਾਲ ਨੇ ਇਨ੍ਹਾਂ ਮੰਗਾਂ ਲਈ ਸੀ ਪੀ ਆਈ (ਐੱਮ) ਵੱਲੋਂ 11 ਮਾਰਚ ਨੂੰ ਜੱਥਾ ਮਾਰਚ ਕਰਕੇ ਜਲ੍ਹਿਆਂਵਾਲੇ ਬਾਗ ਪਹੁੰਚਣ ਸਮੇਂ ਮਜ਼ਦੂਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਜੱਥੇ ਦਾ ਸਵਾਗਤ ਕਰਨ ਦਾ ਮਜ਼ਦੂਰਾਂ ਨੂੰ ਸੱਦਾ ਦਿੱਤਾ।

## ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਨੇ ਜਿੱਤੇ ਸੋਲਾਂ ਸੋਨ ਤਮਗੇ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 16 ਵਿਦਿਆਰਥੀਆਂ ਨੇ ਇੰਟਰਨੈਸ਼ਨਲ ਜਨਰਲ ਨਾਲੇਜ ਓਲੰਪਿਆਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਮੁਕਾਬਲੇ ਰਾਹੀਂ ਵਿਦਿਆਰਥੀਆਂ ਦੇ ਕਰੰਟ ਅਫੇਅਰਜ਼, ਸਮਾਜਿਕ ਅਤੇ ਰਾਜਨੀਤਿਕ ਵਿਕਾਸ, ਇਤਿਹਾਸ, ਭੂਗੋਲ ਅਤੇ ਆਮ ਗਿਆਨ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ ਬਾਰੇ ਸਮਝ ਦਾ ਮੁਲਾਂਕਣ ਕੀਤਾ ਜਾਂਦਾ ਹੈ। ਜਿਨ੍ਹਾਂ ਵਿਦਿਆਰਥੀਆਂ ਨੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ ਉਨ੍ਹਾਂ ਦੇ ਨਾਂਅ ਪ੍ਰਗਿਆਨ ਪ੍ਰਤੀਕ, ਦਕਸ਼ ਗੁਪਤਾ, ਮਾਧਵ ਸਰੀਨ, ਯੁਬੀ ਗੁਪਤਾ, ਤਰੇਸ਼, ਸੁਰਿਆਂਸ਼ ਧੀਮਾਨ, ਵੰਸ਼ਿਕਾ ਡਿਗਰਾ, ਅਰਚਿਤ ਸ਼ਰਮਾ, ਆਰਵ ਸ਼ਰਮਾ, ਮੁਹੰਮਦ ਜੁਬੈਰ, ਪਿਯੂਸ਼ ਦੱਤਾ, ਸ਼੍ਰੀਸ਼ਾ ਪਟਨਾਇਕ, ਅਬਦੁਲ ਹਨਾਨ, ਪ੍ਰਥਮ ਗੰਡੋਤਰਾ, ਦੇਵ ਪ੍ਰਤਾਪ ਅਤੇ ਰਿਸ਼ਾਨ ਸ਼ਰਮਾ ਹਨ।ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਮਾਪਿਆਂ ਨੇ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ ਅਤੇ ਲਗਨ ਦੀ ਸਰਾਹਨਾ ਕੀਤੀ। ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅਜਿਹੀਆਂ ਉਪਲਬਧੀਆਂ ਸਕੂਲ ਦੀ ਸਮੱਗਰੀ ਅਤੇ ਗਿਆਨ ਆਧਾਰਿਤ ਸਿੱਖਿਆ ਪ੍ਰਣਾਲੀ ਨੂੰ ਦਰਸਾਉਂਦੀਆਂ ਹਨ।ਉਨ੍ਹਾਂ ਨੇ ਇਸ ਸਫਲਤਾ ਲਈ ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਦੀ ਵੀ ਪ੍ਰਸ਼ੰਸਾ ਕੀਤੀ।ਸਕੂਲ ਦੀ ਪ੍ਰਿੰਸੀਪਲ ਸੁਭਰਾ ਰਾਣੀ ਨੇ ਵੀ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਹੱਲਾਸ਼ੇਰੀ ਦਿੰਦਾ ਹੈ, ਜਿਸ ਨਾਲ ਉਨ੍ਹਾਂ ਦੀ ਵਿਸ਼ਲੇਸ਼ਣਾਤਮਕ ਸਮਰੱਥਾ, ਆਤਮਵਿਸ਼ਵਾਸ ਅਤੇ ਵਿਸ਼ਵ ਪੱਧਰੀ ਸੋਚ ਦਾ ਵਿਕਾਸ ਹੁੰਦਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਫਖਰ ਮਹਿਸੂਸ ਕੀਤਾ।

## ਵਿਸ਼ਵ ਮਹਿਲਾ ਦਿਵਸ ਦਾ ਮਕਸਦ ਔਰਤਾਂ ਦੇ ਅਧਿਕਾਰਾਂ, ਸਮਾਨਤਾ ਤੇ ਸੁਤੰਤਰਤਾ ਪ੍ਰਤੀ ਜਾਗਰੂਕਤਾ ਫੈਲਾਉਣਾ : ਚਾਹਲ

**ਧਾਰੀਵਾਲ, (ਮਨਦੀਪ ਵਿੱਕੀ)**- ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਕਿਹਾ ਕਿ ਹਰ ਸਾਲ 8 ਮਾਰਚ ਨੂੰ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਮਹਿਲਾ ਦਿਵਸ ਮਨਾਇਆ ਜਾਂਦਾ ਹੈ। ਵੱਡੇ ਵੱਡੇ ਸਮਾਗਮ ਕਰਕੇ ਸਟੇਜਾਂ ਤੋਂ ਨਾਰੀ ਦੀ ਮਹਾਨਤਾ ਬਾਰੇ ਦੱਸਿਆ ਜਾਂਦਾ ਹੈ। ਇਹ ਸਿਰਫ ਇੱਕ ਦਿਨ ਹੀ ਔਰਤਾਂ ਨੂੰ ਵਧਾਈ ਦੇਣ ਦਾ ਨਹੀਂ ਹੈ ਸਗੋਂ ਔਰਤ ਦੇ ਸੰਘਰਸ਼, ਉਪਲੱਬਧੀਆਂ ਅਤੇ ਆਦਿ ਕਾਲ ਤੋਂ ਔਰਤਾਂ ਦਾ ਸਮਾਜ ਸਿਰਜਣ ਵਿੱਚ ਸਫਲਤਾ ਦਾ ਜਸ਼ਨ ਮਨਾਉਣਾ ਹੀ ਨਹੀਂ, ਬਲਕਿ ਉਨ੍ਹਾਂ ਦੇ ਅਧਿਕਾਰਾਂ, ਸਮਾਨਤਾ ਅਤੇ ਸੁਤੰਤਰਤਾ ਪ੍ਰਤੀ ਜਾਗਰੂਕਤਾ ਫੈਲਾਉਣਾ ਹੈ। ਇਹ ਸਭ ਅਧਿਕਾਰ ਪ੍ਰਾਪਤ ਕਰਨ ਲਈ ਔਰਤ ਨੂੰ ਲੰਬਾ ਸਮਾਂ ਸੰਘਰਸ਼ ਕਰਨਾ ਪਿਆ ਹੈ। ਅੱਜ ਔਰਤ ਹਰ ਖੇਤਰ ਜਿਵੇਂ ਸਿੱਖਿਆ, ਵਿਗਿਆਨ, ਖੇਡਾਂ, ਰਾਜਨੀਤੀ, ਵਪਾਰ ਆਦਿ ਸਮੇਤ ਹਰ ਖੇਤਰ ਵਿੱਚ ਆਪਣੀ ਮਿਹਨਤ ਅਤੇ ਕਾਬਲੀਅਤ ਸਦਕਾ ਆਪਣਾ ਲੋਹਾ ਮੰਨਵਾ ਰਹੀ ਹੈ। ਇਸੇ ਲਈ ਔਰਤ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਲਈ ਵੱਧ ਸਮਾਂ ਦੇਣਾ ਪੈਂਦਾ ਹੈ। ਅਸੀਂ ਸਭ ਚੰਗੀ ਤਰ੍ਹਾਂ ਜਾਣਦੇ ਹਾਂ ਜੋ ਕੁੜੀਆਂ, ਔਰਤਾਂ ਪੁਰਾਤਨ ਸਮੇਂ ਵਿੱਚ ਪਿੰਡ ਦੀਆਂ ਸੱਥਾਂ ਵਿੱਚ ਲੰਘਣ ਤੋਂ ਗੁਰੇਜ਼ ਕਰਦੀਆਂ ਸਨ ਹੁਣ ਸਮੇਂ ਦੀ ਤਬਦੀਲੀ ਅਤੇ ਆਤਮ-ਨਿਰਭਰਤਾ ਕਰਕੇ ਔਰਤਾਂ ਇਕੱਲਾ ਆਪਣਾ ਦੇਸ਼ ਹੀ ਨਹੀਂ, ਬਲਕਿ ਵਿਦੇਸ਼ਾਂ ਦਾ ਸਫਰ ਤੈਅ ਕਰ ਚੁੱਕੀਆਂ ਹਨ। ਇਸ ਆਜ਼ਾਦੀ ਨੂੰ ਮਾਨਣ ਲਈ ਔਰਤ ਜਾਤ ਨੂੰ ਲੰਬੀ ਘਾਲਣਾ ਘਾਲਣੀ ਪਈ। ਔਰਤ ਦੀ ਮਹਾਨਤਾ ਬਾਰੇ ਤਾਂ ਸਾਡੇ ਗੁਰੂ ਸਾਹਿਬਾਨ ਨੇ ਵੀ ਬਾਣੀ ਵਿੱਚ ਜ਼ਿਕਰ ਕੀਤਾ ਹੈ। ਉਨ੍ਹਾਂ ਕਿਹਾ ਅੰਤਰਰਾਸ਼ਟਰੀ ਮਹਿਲਾ ਦਿਵਸ ਇਸ ਗੱਲ ਦਾ ਪ੍ਰਤੀਕ ਹੈ ਕਿ ਔਰਤਾਂ ਮਰਦਾਂ ਦੇ ਬਰਾਬਰ ਹਨ ਅਤੇ ਉਨ੍ਹਾਂ ਨੂੰ ਮਰਦਾਂ ਦੇ ਬਰਾਬਰ ਹੀ ਅਧਿਕਾਰ ਮਿਲਣੇ ਚਾਹੀਦੇ ਹਨ।





## 12 ਨੂੰ ਪਠਾਨਕੋਟ ਪੁੱਜਣ 'ਤੇ ਜਥੇ ਦਾ ਭਰਵਾਂ ਸਵਾਗਤ ਕਰਾਂਗੇ : ਕਾਮਰੇਡ ਸਹਿਗਲ

**ਪਠਾਨਕੋਟ (ਦਵਿੰਦਰ ਸਿੰਘ)**- ਸੀ. ਪੀ. ਆਈ. (ਐੱਮ) ਜ਼ਿਲ੍ਹਾ ਪਠਾਨਕੋਟ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਾਮਰੇਡ ਬਲਵੰਤ ਸਿੰਘ ਦੀ ਪ੍ਰਧਾਨਗੀ ਹੇਠ ਪਾਰਟੀ ਦਫਤਰ ਗਾਂਧੀ ਚੌਕ ਪਠਾਨਕੋਟ ਵਿਖੇ ਹੋਈ ਜਿਸ ਵਿਚ ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਸੁਧਾ ਰਾਣੀ, ਕਾਮਰੇਡ ਪਰਸ਼ੋਤਮ ਕੁਮਾਰ,



ਕਾਮਰੇਡ ਦੇਵੀ ਸੈਣੀ, ਕਾਮਰੇਡ ਪਰਸ਼ੋਤਮ ਕੁਮਾਰ, ਕਾਮਰੇਡ ਅਵਿਨਾਸ਼ ਸੈਣੀ, ਕਾਮਰੇਡ ਚਮਨ ਲਾਲ, ਕਾਮਰੇਡ ਵਿਜੈ ਕੁਮਾਰ, ਕਾਮਰੇਡ ਜਗਦੀਸ਼ ਰਾਜ ਤੇ ਕੇਵਲ ਕਾਲੀਆ ਹਾਜਰ ਹੋਏ।24 ਮਾਰਚ ਦੀ ਦਿੱਲੀ ਰੈਲੀ ਤੋਂ ਪਹਿਲਾਂ ਸਾਰੇ ਹਿੰਦੋਸਤਾਨ ਵਿੱਚ ਜੱਥਾ ਮਾਰਚ ਕੀਤਾ ਜਾ ਰਿਹਾ ਹੈ।ਪੰਜਾਬ ਵਿੱਚ ਵੀ ਕੇਂਦਰ ਦੀ ਅਤੇ ਪੰਜਾਬ ਦੀ ਸੂਬਾਈ ਲੀਡਰਸ਼ਿਪ ਦੀ ਅਗਵਾਈ ਵਿੱਚ ਸੁਰਸਿੰਘ ਤੋਂ ਸ਼ੁਰੂ ਹੋ ਕੇ 12 ਮਾਰਚ ਨੂੰ ਪਠਾਨਕੋਟ ਪੁੱਜਣ 'ਤੇ ਜਥੇ ਦੇ ਸਵਾਗਤ ਲਈ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ ਜਿੱਥੇ ਲੇਬਰ ਸ਼ੈੱਡ ਵਿਖੇ ਆਏ ਹੋਏ ਆਗੂ ਰੈਲੀ ਨੂੰ ਸੰਬੋਧਨ ਕਰਨਗੇ।24 ਮਾਰਚ ਦੀ ਦਿੱਲੀ ਰੈਲੀ ਵਿਚ ਰੇਲਵੇ ਰਾਹੀਂ ਬਹੁਤ ਵੱਡੀ ਗਿਣਤੀ ਵਿੱਚ ਜੱਥਾ ਸ਼ਾਮਲ ਹੋਵੇਗਾ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਸਹਿਗਲ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਮਜ਼ਦੂਰਾਂ, ਕਿਸਾਨਾਂ ਅਤੇ ਲੋਕਾਂ ਦੇ ਵਿਰੋਧ ਵਿਚ ਕਨੂੰਨਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਹੱਕ ਵਿਚ ਤਬਦੀਲ ਕਰ ਦਿੱਤਾ ਹੈ ਜਿਸ ਦਾ ਵਿਰੋਧ ਕਰਨ ਲਈ ਸਾਰੇ ਦੇਸ਼ ਵਿਚ ਜਥੇ ਮਾਰਚ ਕੀਤੇ ਜਾ ਰਹੇ ਹਨ।ਬਿਆਨ ਜਾਰੀ ਰਖਦਿਆਂ ਉਨ੍ਹਾਂ ਕਿਹਾ ਕਿ ਅਮਰੀਕਾ ਸਾਮਰਾਜ ਨਾਲ ਕੀਤਾ ਮੁਕਤ ਵਪਾਰ ਸਮਝੌਤਾ ਭਾਰਤੀ ਕਿਸਾਨੀ ਅਤੇ ਸਨਅਤ ਨੂੰ ਤਬਾਹ ਕਰ ਦੇਵੇਗਾ।ਅਮਰੀਕਾ ਦੀਆਂ ਵਸਤਾਂ ਕਰ ਤੋਂ ਮੁਕਤ ਹੋਣਗੀਆਂ ਅਤੇ ਬਾਹਰ ਜਾਣ ਵਾਲਿਆ ਭਾਰਤੀ ਵਸਤਾਂ ਤੇ 18 ਪ੍ਰਤੀਸ਼ਤ ਟੈਕਸ ਲਵੇਗਾ।ਇਨ੍ਹਾਂ ਕਾਨੂੰਨਾਂ ਅਤੇ ਨੀਤੀਆਂ ਦੇ ਵਿਰੋਧ ਵਿੱਚ ਜਥੇ ਮਾਰਚ ਤੋਂ ਬਾਅਦ 24 ਮਾਰਚ ਨੂੰ ਦਿੱਲੀ ਰੈਲੀ ਵਿਚ ਪਠਾਨਕੋਟ ਤੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਹੋਵੇਗੀ।

## ਬਿਲਡਿੰਗ ਮਟੀਰੀਅਲ ਦੀ ਦੁਕਾਨ 'ਚੋਂ 70,000 ਨਕਦੀ ਚੋਰੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਹਰਚੋਵਾਲ ਰੋਡ ਕਾਦੀਆਂ ਤੋਂ ਇੱਕ ਬਿਲਡਿੰਗ ਮਟੀਰੀਅਲ ਦੀ ਦੁਕਾਨ ਦੀ ਛੱਤ ਰਾਹੀਂ ਦਾਖਲ ਹੋ ਕੇ ਗੱਲੇ ਵਿੱਚ ਪਏ 70 ਹਜ਼ਾਰ ਰੁਪਏ ਚੋਰੀ ਕਰਨ ਦਾ ਸਮਾਚਾਰ ਮਿਲਿਆ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਸੌਰਵ ਦੀਵਾਨ ਪੁੱਤਰ ਸੁਰਿੰਦਰ ਦੀਵਾਨ ਵਾਸੀ ਮਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਕਿ ਉਨ੍ਹਾਂ ਦੀ ਬਿਲਡਿੰਗ ਮਟੀਰੀਅਲ ਦੀ ਦੁਕਾਨ ਹਰਚੋਵਾਲ ਰੋਡ ਕਾਦੀਆਂ ਵਿਖੇ ਹੈ। ਹਰ ਰੋਜ਼ ਦੀ ਤਰ੍ਹਾਂ ਉਹ ਆਪਣੀ ਦੁਕਾਨ ਨੂੰ ਸ਼ਾਮ ਨੂੰ ਬੰਦ ਕਰਕੇ ਘਰ ਚਲੇ ਗਏ। ਜਦੋਂ ਸਵੇਰੇ ਆ ਕੇ ਦੇਖਿਆ ਤਾਂ ਦੁਕਾਨ ਦੇ ਅੰਦਰ ਬਣੇ ਦਫਤਰ ਵਿੱਚ ਸਾਮਾਨ ਖਿਲਰਿਆ ਹੋਇਆ ਸੀ।ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਚੈੱਕ ਕੀਤਾ ਤਾਂ ਤਿੰਨ ਅਣਪਛਾਤੇ ਨੌਜਵਾਨ ਜਿਨ੍ਹਾਂ ਨੇ ਮੂੰਹ ਬੰਨ੍ਹੇ ਹੋਏ ਸਨ, ਦੁਕਾਨ ਦੇ ਉਪਰੋਂ ਛੱਤ ਰਾਹੀਂ ਦਾਖਲ ਹੋ ਕੇ ਦਫਤਰ ਦੇ ਗੱਲੇ 'ਚੋਂ 70,000 ਦੀ ਨਗਦੀ ਚੋਰੀ ਕਰਕੇ ਫਰਾਰ ਹੁੰਦੇ ਦਿਸੇ ਜਿਸ ਤੋਂ ਬਾਅਦ ਕਾਦੀਆਂ ਪੁਲਸ ਵੱਲੋਂ ਦੁਕਾਨ ਮਾਲਕ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਤਿੰਨ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਨੰਬਰ 29 ਜੁਰਮ 331(4), 305,3(5) ਬੀਐੱਨਐੱਸ ਦੇ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੰਜਾਬੀ ਸਾਹਿਤ ਅਕਾਡਮੀ ਦੀ ਚੋਣ 'ਚ ਡਾ. ਸਰਬਜੀਤ ਸਿੰਘ ਨੂੰ ਹਮਾਇਤ ਦੇਣ ਦੀ ਅਪੀਲ



**ਬਿਆਸ (ਪਰਮਜੀਤ ਸਿੰਘ ਰੱਖੜਾ)**- ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੀ 15 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋ ਰਹੀ ਚੋਣ ਦੇ ਮੱਦੇਨਜ਼ਰ ਸਾਹਿਤਕ ਹਲਕਿਆਂ ਵਿੱਚ ਚਰਚਾ ਤੇ ਸਰਗਰਮੀ ਤੇਜ਼ ਹੋ ਗਈ ਹੈ। ਇੱਥੋਂ ਜਾਰੀ ਇਕ ਸਾਂਝੇ ਪ੍ਰੈੱਸ ਬਿਆਨ ਵਿੱਚ ਕਈ ਪ੍ਰਮੁੱਖ ਸਾਹਿਤਕਾਰਾਂ ਨੇ ਅਕਾਡਮੀ ਦੀ ਪ੍ਰਧਾਨਗੀ ਲਈ ਉਮੀਦਵਾਰ ਡਾ. ਸਰਬਜੀਤ ਸਿੰਘ ਨੂੰ ਵੋਟ ਪਾਉਣ, ਉਨ੍ਹਾਂ ਦੀ ਹਮਾਇਤ ਕਰਨ ਅਤੇ ਉਨ੍ਹਾਂ ਨੂੰ ਕਾਮਯਾਬ ਬਣਾਉਣ ਦੀ ਅਪੀਲ ਕੀਤੀ ਹੈ।ਜਾਰੀ ਬਿਆਨ ਵਿੱਚ ਭਾਰਤੀ ਸਾਹਿਤ ਅਕਾਦਮੀ ਇਨਾਮ ਜੇਤੂ ਕਵੀ ਦਰਸ਼ਨ ਬੁੱਟਰ, ਸ਼ੇਖ਼ ਬਾਬਾ ਫ਼ਰੀਦ ਚੇਅਰ ਪੰਜਾਬ ਯੂਨੀਵਰਸਿਟੀ ਦੇ ਸਾਬਕਾ ਚੇਅਰਮੈਨ ਡਾ. ਦੀਪਕ ਮਨਮੋਹਨ ਸਿੰਘ, 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ, ਪੰਜਾਬੀ ਲੋਕ-ਧਾਰਾ ਦੇ ਵਿਦਵਾਨ ਡਾ. ਕਰਮਜੀਤ ਸਿੰਘ, ਮੈਟਾ ਆਲੋਚਕ ਡਾ. ਸ਼ਿੰਦਰਪਾਲ ਸਿੰਘ, ਗ਼ਜ਼ਲਕਾਰ ਮੱਖਣ ਕੁਹਾੜ, ਕਹਾਣੀਕਾਰ ਦੀਪ ਦੇਵਿੰਦਰ ਸਿੰਘ, ਸ਼ਾਇਰ ਬਲਵਿੰਦਰ ਸੰਧੂ, ਸੁਰਿੰਦਰਪ੍ਰੀਤ ਸਿੰਘ ਘਣੀਆ, ਜੈਨਿੰਦਰ ਚੌਹਾਨ ਅਤੇ 'ਕੌਮੀ ਸਵਤੰਤਰ' ਦੇ ਮੁੱਖ ਸੰਪਾਦਕ ਸ਼ੈਲਿੰਦਰਜੀਤ ਸਿੰਘ ਰਾਜਨ ਨੇ ਕਿਹਾ ਕਿ ਡਾ. ਸਰਬਜੀਤ ਸਿੰਘ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਪ੍ਰਤੀ ਵਚਨਬੱਧ, ਸਰਗਮ ਅਤੇ ਦੂਰਦਰਸ਼ੀ ਚਿੰਤਕ ਹਨ।ਉਨ੍ਹਾਂ ਕਿਹਾ ਕਿ ਡਾ. ਸਰਬਜੀਤ ਸਿੰਘ ਨੇ ਲੰਬੇ ਸਮੇਂ ਤੋਂ ਪੰਜਾਬੀ ਭਾਸ਼ਾ, ਸਾਹਿਤ ਅਤੇ ਲੋਕ-ਸੱਭਿਆਚਾਰ ਦੇ ਪ੍ਰਸਾਰ ਲਈ ਮਹੱਤਵਪੂਰਨ ਯੋਗਦਾਨ ਦਿੱਤਾ ਹੈ।ਉਨ੍ਹਾਂ ਦੀ ਅਗਵਾਈ ਹੇਠ ਪਿਛਲੇ ਦੋ ਵਰ੍ਹਿਆਂ ਦੌਰਾਨ ਪੰਜਾਬੀ ਸਾਹਿਤ ਅਕਾਡਮੀ ਵੱਲੋਂ ਕਈ ਅਹਿਮ ਸਾਹਿਤਕ ਕਾਰਜ ਕੀਤੇ ਗਏ ਹਨ।ਉਮੀਦ ਹੈ ਕਿ ਉਨ੍ਹਾਂ ਦੀ ਅਗਵਾਈ ਵਿੱਚ ਅਕਾਡਮੀ ਦੀਆਂ ਸਰਗਰਮੀਆਂ ਹੋਰ ਵੀ ਤੇਜ਼ ਅਤੇ ਸਹੀ ਦਿਸ਼ਾ ਵਿਚ ਹੋਣਗੀਆਂ ਅਤੇ ਨਵੀਂ ਪੀੜ੍ਹੀ ਨੂੰ ਪੰਜਾਬੀ ਸਾਹਿਤ ਨਾਲ ਜੋੜਨ ਲਈ ਢੰਗਸਾਰ ਉਪਰਾਲੇ ਕੀਤੇ ਜਾਣਗੇ।ਸਾਂਝੇ ਬਿਆਨ ਵਿੱਚ ਅਕਾਡਮੀ ਦੇ ਮੈਂਬਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 15 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਣ ਵਾਲੀ ਚੋਣ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦੇ ਹੋਏ ਡਾ. ਸਰਬਜੀਤ ਸਿੰਘ ਦੇ ਹੱਕ ਵਿੱਚ ਵੋਟ ਪਾਉਣ ਅਤੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

## ਪਿੰਗਲਵਾੜਾ ਨੇ ਦੋ ਲਾਵਾਰਿਸ ਮਰੀਜ਼ਾਂ ਨੂੰ ਇਲਾਜ ਉਪਰੰਤ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪਿੰਗਲਵਾੜਾ ਨੇ ਦੋ ਲਾਵਾਰਿਸ ਮਰੀਜ਼ਾਂ ਨੂੰ ਇਲਾਜ ਉਪਰੰਤ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਇਆ। ਪਹਿਲਾ ਮਰੀਜ਼ ਸ਼ਫੀ ਅਹਿਮਦ, ਪੁੱਤਰ ਜਮਰੂਲ ਹਸਨ, ਨਿਵਾਸੀ ਪਿੰਡ ਕਾਜ਼ੀ ਬੇਹਿਰਾ, ਜ਼ਿਲ੍ਹਾ ਦਰਭੰਗਾ, ਬਿਹਾਰ ਹੈ।ਇਹ ਮਰੀਜ਼ 19 ਜਨਵਰੀ 2026 ਨੂੰ ਲਾਵਾਰਿਸ ਹਾਲਤ ਵਿੱਚ ਪਿੰਗਲਵਾੜਾ ਸੰਸਥਾ ਵਿੱਚ ਦਾਖਲ ਹੋਇਆ ਸੀ।ਸੰਸਥਾ ਵੱਲੋਂ ਉਸਦੀ ਪੂਰੀ ਸੰਭਾਲ ਕੀਤੀ ਗਈ ਅਤੇ ਇਲਾਜ ਕਰਵਾਇਆ ਗਿਆ।ਇਲਾਜ ਦੌਰਾਨ ਮਰੀਜ਼ ਨੇ ਆਪਣੀ ਪਛਾਣ ਦੱਸੀ। ਸੰਸਥਾ ਵੱਲੋਂ ਮਰੀਜ਼ ਦੇ ਪਿੰਡ ਦੇ ਸਰਪੰਚ ਅਤੇ ਸਥਾਨਕ ਲੋਕਾਂ ਨਾਲ ਸੰਪਰਕ ਕੀਤਾ ਗਿਆ।ਪਛਾਣ ਉਪਰੰਤ ਮਰੀਜ਼ ਦਾ ਭਰਾ ਐੱਮ. ਡੀ. ਸੋਹਿਲ ਅਤੇ ਪਿੰਡ ਦੇ ਕੁਝ ਲੋਕ ਪਿੰਗਲਵਾੜਾ ਪਹੁੰਚੇ ਅਤੇ ਮਰੀਜ਼ ਨੂੰ ਆਪਣੇ ਨਾਲ ਘਰ ਲੈ ਗਏ।ਦੂਜੀ ਮਰੀਜ਼ ਪ੍ਰੇਮਕਾ ਚੋਪੜਾ (ਉਮਰ ਲੱਗਭਗ 40 ਸਾਲ) ਹੈ, ਜਿਸ ਨੂੰ 26 ਦਸੰਬਰ 2025 ਨੂੰ 108 ਐਂਬੂਲੈਂਸ ਰਾਹੀਂ ਗੁਰੂ ਨਾਨਕ ਦੇਵ ਹਸਪਤਾਲ, ਅੰਮ੍ਰਿਤਸਰ ਵਿੱਚ ਲਾਵਾਰਿਸ ਹਾਲਤ ਵਿੱਚ ਦਾਖਲ ਕਰਵਾਇਆ ਗਿਆ ਸੀ।ਬਾਅਦ ਵਿੱਚ ਉਸ ਨੂੰ ਪਿੰਗਲਵਾੜਾ ਸੰਸਥਾ ਦੇ ਭਗਤ ਪੂਰਨ ਸਿੰਘ ਵਾਰਡ ਵਿੱਚ ਦਾਖਲ ਕਰ ਲਿਆ ਗਿਆ।ਮਰੀਜ਼ ਦੀ ਮਾਨਸਿਕ ਹਾਲਤ ਠੀਕ ਨਾ ਹੋਣ ਕਰਕੇ ਉਸਦਾ ਇਲਾਜ ਅੰਮ੍ਰਿਤਸਰ ਮੈਂਟਲ ਹਸਪਤਾਲ ਵਿੱਚ ਕਰਵਾਇਆ ਗਿਆ।ਇਲਾਜ ਦੌਰਾਨ ਮਰੀਜ਼ ਨੇ ਆਪਣੇ ਪਿਤਾ ਦਾ ਨਾਮ ਰਾਜ ਕੁਮਾਰ ਨਿਵਾਸੀ ਸ਼ਿਮਲਾਪੁਰੀ, ਲੁਧਿਆਣਾ ਦੱਸਿਆ ਅਤੇ ਉਨ੍ਹਾਂ ਦਾ ਮੋਬਾਈਲ ਨੰਬਰ ਵੀ ਦਿੱਤਾ।ਸੰਸਥਾ ਵੱਲੋਂ ਤੁਰੰਤ ਮਰੀਜ਼ ਦੇ ਪਰਿਵਾਰ ਨਾਲ ਸੰਪਰਕ ਕੀਤਾ ਗਿਆ।ਪਰਿਵਾਰ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਪਿਛਲੇ ਤਿੰਨ ਮਹੀਨਿਆਂ ਤੋਂ ਘਰ ਤੋਂ ਲਾਪਤਾ ਸੀ ਸੰਸਥਾ ਵੱਲੋਂ ਦੋਵਾਂ ਮਰੀਜ਼ਾਂ ਨੂੰ ਤਿੰਨ-ਤਿੰਨ ਮਹੀਨੇ ਦੀ ਦਵਾਈ ਦੇ ਕੇ ਉਨ੍ਹਾਂ ਦੇ ਪਰਿਵਾਰਾਂ ਦੇ ਹਵਾਲੇ ਕਰ ਦਿੱਤਾ ਗਿਆ।ਪਰਿਵਾਰਕ ਮੈਂਬਰਾਂ ਨੇ ਪਿੰਗਲਵਾੜਾ ਸੰਸਥਾ ਦਾ ਧੰਨਵਾਦ ਕੀਤਾ। ਇਸ ਮੌਕੇ ਪਿੰਗਲਵਾੜਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਦੱਸਿਆ ਕਿ ਪਿੰਗਲਵਾੜਾ ਸੰਸਥਾ ਮਨੁੱਖਤਾ ਦੀ ਸੇਵਾ ਲਈ ਪਿਛਲੇ ਕਈ ਦਹਾਕਿਆਂ ਤੋਂ ਨਿਰੰਤਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਗਲਵਾੜਾ ਵਿੱਚ ਆਉਣ ਵਾਲੇ ਲਾਵਾਰਿਸ, ਬੇਸਹਾਰਾ, ਬਿਮਾਰ ਅਤੇ ਮਾਨਸਿਕ ਰੋਗੀਆਂ ਦੀ ਸੰਭਾਲ ਪੂਰੀ ਨਿਸ਼ਠਾ ਅਤੇ ਸੇਵਾ ਭਾਵ ਨਾਲ ਕੀਤੀ ਜਾਂਦੀ ਹੈ।ਸੰਸਥਾ ਦਾ ਹਰ ਸੇਵਾਦਾਰ ਮਰੀਜ਼ਾਂ ਦੀ ਸੇਵਾ ਨੂੰ ਮਨੁੱਖਤਾ ਦੀ ਸੇਵਾ ਅਤੇ ਵਾਹਿਗੁਰੂ ਦੀ ਭਗਤੀ ਸਮਝ ਕੇ ਨਿਭਾ ਰਿਹਾ ਹੈ। ਇਸ ਮੌਕੇ ਸੰਸਥਾ ਦੇ ਪ੍ਰਸ਼ਾਸਕ ਯੋਗੇਸ਼ ਸੂਰੀ, ਗੁਲਸ਼ਨ ਰੰਜਨ (ਮੈਡੀਕਲ ਸੋਸ਼ਲ ਵਰਕਰ), ਸੁਰਜੀਤ ਕੌਰ ਅਤੇ ਹੋਰ ਸੇਵਾਦਾਰ ਵੀ ਮੌਜੂਦ ਸਨ।

## 10 ਲੱਖ ਦੇ ਮੁਫਤ ਇਲਾਜ ਵਾਲੇ ਕਾਰਡ ਬਣਾਉਣ ਲਈ ਪਿੰਡ ਚੇਤਨਪੁਰਾ 'ਚ ਕੈਂਪ ਲੱਗਾ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਿਆਂ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿਛਲੇ ਦਿਨੀਂ 10 ਲੱਖ ਦੇ ਮੁਫਤ ਇਲਾਜ ਦਾ ਪੰਜਾਬ ਵਾਸੀਆਂ ਨਾਲ ਜੋ ਵਾਅਦਾ ਕੀਤਾ ਗਿਆ ਸੀ, ਨੂੰ ਵੀ ਪੂਰਾ ਕਰ ਦਿੱਤਾ ਗਿਆ ਹੈ।10 ਲੱਖ ਦੇ ਇਲਾਜ ਦੇ ਮੁਫਤ ਕਾਰਡ ਸਰਕਾਰ ਵੱਲੋਂ ਪਿੰਡਾਂ ਵਿੱਚ ਜਾ ਕੇ ਬਣਾਏ ਜਾ ਰਹੇ ਹਨ। ਕਾਰਡ ਬਣਾਉਣ ਲਈ ਲੋਕਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਅਜਿਹਾ ਹੀ ਇੱਕ ਕੈਂਪ ਬੀਤੇ ਦਿਨ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਚੇਤਨਪੁਰਾ ਵਿਖੇ ਪਿੰਡ ਦੇ ਸਰਪੰਚ ਜਸਬੀਰ ਸਿੰਘ ਰਾਜਾ ਦੀ ਅਗਵਾਈ ਵਿੱਚ ਪਿੰਡ ਦੀ ਡਿਸਪੈਂਸਰੀ ਵਿਖੇ ਲਗਾਇਆ ਗਿਆ ਜੋ ਅੱਠ ਮਾਰਚ ਤੱਕ ਚੱਲੇਗਾ।ਇਸ ਸਬੰਧੀ ਗੱਲ ਕਰਦਿਆਂ ਜਸਬੀਰ ਸਿੰਘ ਰਾਜਾ ਨੇ ਕਿਹਾ ਕਿ ਮੁਫਤ ਕਾਰਡ ਬਣਾਉਣ ਦਾ ਜੋ ਕੰਮ ਸ਼ੁਰੂ ਕੀਤਾ ਉਸ ਵਿਚ ਲੋਕਾਂ ਦੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਕਾਰਡ ਬਣਾਏ ਜਾ ਰਹੇ ਹਨ।

## ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਸਾਲਾਨਾ ਕਿਸਾਨ ਮੇਲੇ ਦੀਆਂ ਤਿਆਰੀਆਂ ਸ਼ੁਰੂ



**ਮਜੀਠਾ (ਸੋਇਮ ਆਨੰਦ)**- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ 10 ਮਾਰਚ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਸਾਲਾਨਾ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ।ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ: ਬਿਕਰਮਜੀਤ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਕਿਸਾਨ ਮੇਲੇ ਦਾ ਮੁੱਖ ਉਦੇਸ਼ ਨਵੀਆਂ ਖੇਤੀ ਤਕਨੀਕਾਂ ਅਪਨਾਓ, ਖਰਚ ਘਟਾਓ ਝਾੜ ਵਧਾਓ, ਸਭ ਲਈ ਖੁਸ਼ਹਾਲੀ ਲਿਆਓ ਹੋਵੇਗਾ।ਇਸ ਕਿਸਾਨ ਮੇਲੇ ਦੀ ਪ੍ਰਧਾਨਗੀ ਪੰਜਾਬ ਖੇਤੀਬਾੜੀ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਦੇ ਉਪ ਕੁਲਪਤੀ ਡਾ: ਸਤਿਬੀਰ ਸਿੰਘ ਗੋਸਲ ਕਰਨਗੇ।ਉਨ੍ਹਾਂ ਨੇ ਇਲਾਕੇ ਦੇ ਸਮੂਹ ਕਿਸਾਨ ਵੀਰਾਂ ਨੂੰ ਇਸ ਕਿਸਾਨ ਮੇਲੇ ਵਿਚ ਵੱਧ ਚੜ੍ਹ ਕੇ ਪਹੁੰਚਣ ਤੇ ਇਸ ਸਿਖਲਾਈ ਮੇਲੇ ਦਾ ਲਾਭ ਲੈਣ ਦੀ ਅਪੀਲ ਕੀਤੀ।ਇਸ ਮੇਲੇ ਵਿਚ ਖੇਤੀਬਾੜੀ, ਪਸ਼ੂ ਪਾਲਣ ਵਿਭਾਗ, ਮੱਛੀ ਪਾਲਣ ਵਿਭਾਗ, ਬਾਗਬਾਨੀ ਖੇਤੀ ਮਸ਼ੀਨਰੀ ਆਦਿ ਦੀਆਂ ਪ੍ਰਦਰਸ਼ਨੀਆਂ ਲਗਾਉਣਗੇ ਅਤੇ ਆਪਣੀਆਂ ਆਪਣੀਆਂ ਸਕੀਮਾਂ ਬਾਰੇ ਕਿਸਾਨਾਂ ਨਾਲ ਗੱਲਬਾਤ ਕਰਨਗੇ।ਇਸ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਿਭਾਗ ਆਪਣੀਆਂ ਪ੍ਰਦਰਸ਼ਨੀਆਂ ਵੀ ਲਗਾਉਣਗੇ ਅਤੇ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ ਵੀ ਕੀਤਾ ਜਾਵੇਗਾ।ਸਾਇੰਸਦਾਨਾਂ ਵੱਲੋਂ ਕਿਸਾਨਾਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਆਉਣ ਵਾਲੀ ਸਾਉਣੀ ਦੀ ਫਸਲ ਖਾਸ ਕਰਕੇ ਝੋਨਾ ਅਤੇ ਸਬਜ਼ੀਆਂ ਦੇ ਸੁਧਰੇ ਬੀਜ ਵੀ ਉਪਲੱਬਧ ਹੋਣਗੇ।ਡਾ: ਬਿਕਰਮਜੀਤ ਸਿੰਘ ਨੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿਚ ਸ਼ਾਮਲ ਹੋ ਕੇ ਵੱਧ ਤੋ ਵੱਧ ਲਾਭ ਉਠਾਉਣ।

## ਸਰਵਾਈਕਲ ਕੈਂਸਰ ਤੋਂ ਬਚਾਅ ਲਈ ਕੁੜੀਆਂ ਨੂੰ ਟੀਕੇ ਮੁਫਤ ਲੱਗਣਗੇ : ਐੱਸ ਐੱਮ ਓ

**ਧਾਰੀਵਾਲ, (ਮਨਦੀਪ ਵਿੱਕੀ)**- ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਭਾਵਨਾ ਸ਼ਰਮਾ ਦੀ ਦੇਖ-ਰੇਖ ਵਿੱਚ ਕਮਿਊਨਿਟੀ ਹੈਲਥ



ਸੈਂਟਰ (ਸੀਐੱਚਸੀ) ਧਾਰੀਵਾਲ ਵਿਖੇ ਐੱਸਐੱਮਓ ਧਾਰੀਵਾਲ ਡਾ. ਚਰਨਜੀਤ ਕੌਰ ਦੀ ਅਗਵਾਈ ਹੇਠ ਲੜਕੀਆਂ ਲਈ ਮੁਫ਼ਤ ਐੱਚ ਪੀ ਵੀ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਐੱਸਐੱਮਓ ਡਾਕਟਰ ਚਰਨਜੀਤ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਪੰਜਾਬ ਵਿੱਚ ਲੜਕੀਆਂ ਨੂੰ ਸਰਵਾਈਕਲ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਬਚਾਉਣਾ ਹੈ। ਐੱਸਐੱਮਓ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੜਕੀਆਂ ਦੀ ਸਿਹਤ ਸੁਰੱਖਿਆ ਲਈ ਇਹ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਹੈ।ਰਾਜ ਵਿੱਚ 14 ਸਾਲ ਦੀ ਉਮਰ ਪੂਰੀ ਕਰ ਚੁੱਕੀਆਂ ਲੜਕੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਮੁਫ਼ਤ ਐੱਚ ਪੀ ਵੀ ਟੀਕੇ ਲਗਾਏ ਜਾਣਗੇ।ਉਨ੍ਹਾਂ ਦੱਸਿਆ ਕਿ ਇਹ ਕੈਂਸਰ ਔਰਤਾਂ ਵਿੱਚ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਵਿੱਚੋਂ ਇੱਕ ਹੈ। ਇਸ ਮੌਕੇ ਬੱਚਿਆਂ ਦੀ ਮਾਹਿਰ ਡਾਕਟਰ ਪ੍ਰਭਜੋਤ ਕੌਰ ਨੇ ਕਿਹਾ ਕਿ ਐੱਚਪੀਵੀ ਟੀਕਾਕਰਨ ਭਵਿੱਖ ਵਿੱਚ ਲੜਕੀਆਂ ਨੂੰ ਗੰਭੀਰ ਬਿਮਾਰੀਆਂ ਤੋਂ ਬਚਾਉਣ ਲਈ ਬਹੁਤ ਲਾਭਕਾਰੀ ਹੈ।ਉਨ੍ਹਾਂ ਕਿਹਾ ਜੇਕਰ ਸਾਡੀਆਂ ਬੇਟੀਆਂ ਸੁਰੱਖਿਅਤ ਰਹਿਣਗੀਆਂ ਤਾਂ ਆਉਣ ਵਾਲੀਆਂ ਪੀੜ੍ਹੀਆਂ ਵੀ ਸਿਹਤਮੰਦ ਅਤੇ ਸੁਰੱਖਿਅਤ ਰਹਿਣਗੀਆਂ।ਉਨ੍ਹਾਂ ਹੋਰ ਦੱਸਿਆ ਕਿ 14 ਤੋਂ 15 ਸਾਲ ਦੀ ਉਮਰ ਦੀ ਹਰੇਕ ਲੜਕੀ ਨੂੰ ਇਹ ਟੀਕੇ ਮੁਫ਼ਤ ਲਗਾਏ ਜਾਣਗੇ।

## ਅਕਾਲ ਪੁਰਖ ਕੀ ਫੌਜ ਨੇ ਗੁ. ਗੁਰੂ ਕੀ ਬੇਰ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਾਇਆ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਅਕਾਲ ਪੁਰਖ ਕੀ ਫੌਜ ਅੰਮ੍ਰਿਤਸਰ ਵੱਲੋਂ ਡਾਕਟਰ ਸਤਿੰਦਰ ਕੌਰ ਮਜੀਠਾ ਅਤੇ ਨਾਨਕ ਸਿੰਘ ਰਾਮਦਿਵਾਲੀ ਦੇ ਸਹਿਯੋਗ ਨਾਲ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ 200 ਦੇ ਕਰੀਬ ਲੋਕਾਂ ਵੱਲੋਂ ਖ਼ੂਨ ਦਾਨ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਸੱਜਣ ਸਿੰਘ ਨੇ ਖ਼ੂਨਦਾਨ ਕੈਂਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਹੀ ਅਜਿਹੇ ਉਪਰਾਲੇ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਲਈ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਹਰੇਕ ਸੰਸਥਾ ਨੂੰ ਸਹਿਯੋਗ ਦੇਣ ਲਈ ਤਤਪਰ ਰਹੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ, ਗੁਰਮੇਜ ਸਿੰਘ, ਨਿਸ਼ਾਨ ਸਿੰਘ, ਨਾਨਕ ਸਿੰਘ ਰਾਮਦੀਵਾਲੀ, ਬਲਬੀਰ ਸਿੰਘ, ਪ੍ਰਿੰ. ਗੁਰਸੇਵਕ ਸਿੰਘ, ਜਗਰੂਪ ਸਿੰਘ ਬੋਪਾਰਾਏ, ਸੈਲੀ ਮਹਾਜਨ ਪ੍ਰਿੰ., ਤਰਸੇਮ ਸਿੰਘ ਬਾਠ, ਨਰਿੰਦਰ ਸਿੰਘ ਭੋਏ, ਰਣਜੀਤ ਸਿੰਘ ਰਾਣਾ ਬਾਬੋਵਾਲ, ਮੇਜਰ ਸਿੰਘ ਧਰਦਿਉ, ਕੁਲਦੀਪ ਸਿੰਘ ਬੋਪਾਰਾਏ, ਅਵਤਾਰ ਸਿੰਘ ਬੋਪਾਰਾਏ, ਬਾਬਾ ਜੱਸਾ ਸਿੰਘ, ਬਾਬਾ ਸੁੱਖਾ ਸਿੰਘ, ਹਰਸਦੀਪ ਸਿੰਘ, ਬਾਜ ਸਿੰਘ, ਬਲਿਆਰ ਸਿੰਘ, ਮਨਜੋਤ ਸਿੰਘ, ਸਰਵਨ ਸਿੰਘ ਸਾਰੇ ਹੀ ਸੇਵਾਦਾਰ, ਬਾਬਾ ਦਲੇਰ ਸਿੰਘ ਸਾਧਪੁਰ ਵੀ ਹਾਜ਼ਰ ਸਨ। ਅਕਾਲ ਪੁਰਖ ਕੀ ਫੌਜ ਵੱਲੋਂ ਸੰਤ ਬਾਬਾ ਸੱਜਣ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਅਕਾਲੀ ਦਲ ਵਾਰਿਸ ਪੰਜਾਬ ਵੱਲੋਂ 7 ਹੋਰ ਹਲਕਾ ਇੰਚਾਰਜ ਨਿਯੁਕਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਪਾਰਟੀ ਦੇ ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰ ਦਿੱਤਾ ਗਿਆ ਹੈ।ਪ੍ਰੈੱਸ ਸਕੱਤਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਪ੍ਰੈੱਸ ਨੋਟ ਰਾਹੀਂ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਨੇ ਜਾਣਕਾਰੀ ਦਿੱਤੀ ਕਿ ਪਾਰਟੀ ਵੱਲੋਂ ਪੰਜਾਬ ਦੇ ਹੋਰ ਸੱਤ ਵਿਧਾਨ ਸਭਾ ਹਲਕਿਆਂ ਲਈ ਹਲਕਾ ਇੰਚਾਰਜ ਨਿਯੁਕਤ ਕਰ ਦਿੱਤੇ ਗਏ ਹਨ ਜਿਨ੍ਹਾਂ ਵਿੱਚ ਭਾਈ ਸੰਦੀਪ ਸਿੰਘ ਰੁਪਾਲੋਂ (ਪਾਇਲ), ਭਾਈ ਲਖਬੀਰ ਸਿੰਘ (ਸ਼ਾਮਚੁਰਾਸੀ), ਭਾਈ ਪ੍ਰਿਥੀਪਾਲ (ਬਟਾਲਾ), ਭਾਈ ਰਛਪਾਲ ਸਿੰਘ ਸੋਸਣ (ਹਲਕਾ ਮੋਗਾ), ਭਾਈ ਕੁਲਦਮਨਰੂਪ ਸਿੰਘ (ਖਡੂਰ ਸਾਹਿਬ ), ਭਾਈ ਦਲੇਰ ਸਿੰਘ ਡੋਡ (ਫਰੀਦਕੋਟ) ਅਤੇ ਸੁਖਵਿੰਦਰ ਸਿੰਘ ਨੂੰ (ਸੰਗਰੂਰ ਸ਼ਹਿਰੀ) ਦੇ ਵਿਧਾਨ ਸਭਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਭਾਈ ਪ੍ਰਗਟ ਸਿੰਘ ਮੀਆਂਵਿੰਡ ਨੇ ਕਿਹਾ ਕਿ ਇਹ ਸਾਰੀਆਂ ਨਿਯੁਕਤੀਆਂ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੀਤੀਆਂ ਗਈਆਂ ਹਨ ਅਤੇ ਜਲਦ ਹੀ ਹੋਰ ਹਲਕਾ ਇੰਚਾਰਜਾਂ ਦੀਆਂ ਨਿਯੁਕਤੀਆਂ ਵੀ ਕੀਤੀਆਂ ਜਾਣਗੀਆਂ ਤਾਂ ਜੋ ਪਾਰਟੀ ਨੂੰ ਪਿੰਡ ਤੋਂ ਬੂਥ ਪੱਧਰ ਤੱਕ ਹੋਰ ਮਜ਼ਬੂਤ ਬਣਾਇਆ ਜਾ ਸਕੇ।

## ਮੁੱਖ ਮੰਤਰੀ ਮਾਨ ਅੱਜ ਦਾਣਾ ਮੰਡੀ ਕਾਹਨੂੰਵਾਨ ਵਿਖੇ ਆਉਣਗੇ : ਸੇਖਵਾਂ



**ਕਾਦੀਆਂ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 9 ਮਾਰਚ ਨੂੰ ਦਾਣਾ ਮੰਡੀ ਕਾਹਨੂੰਵਾਨ ਵਿਖੇ ਪਹੁੰਚਣਗੇ ਅਤੇ ਵਿਧਾਨ ਸਭਾ ਹਲਕਾ ਇੰਚਾਰਜ ਕਾਦੀਆਂ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣਗੇ ਅਤੇ ਇੱਕ ਜਨਤਕ ਰੈਲੀ ਨੂੰ ਸੰਬੋਧਨ ਕਰਨਗੇ।ਇਹ ਜਾਣਕਾਰੀ ਦਿੰਦਿਆਂ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸੇਖਵਾਂ ਨੇ ਦੱਸਿਆ ਕਿ ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਵੱਖ-ਵੱਖ ਪਿੰਡਾਂ ਮੌਜੂਪੁਰ, ਬੁੱਢਾ ਬਾਲਾ ਆਦਿ ਅਤੇ ਪਾਰਟੀ ਦੇ ਅਹੁਦੇਦਾਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਕਾਦੀਆਂ ਵਿਧਾਨ ਸਭਾ ਹਲਕਾ ਵਿਖੇ ਵਿਕਾਸ ਕੰਮਾਂ ਦੀ ਰਫਤਾਰ ਨੂੰ ਹੋਰ ਤੇਜ਼ ਕਰਦਿਆਂ ਮੁੱਖ ਮੰਤਰੀ ਪੰਜਾਬ ਵੱਲੋਂ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਜਾਵੇਗਾ ਅਤੇ ਕਾਹਨੂੰਵਾਨ ਦਾਣਾ ਮੰਡੀ ਵਿਖੇ ਹੀ ਇੱਕ ਵੱਡੀ ਜਨਤਕ ਰੈਲੀ ਨੂੰ ਸੰਬੋਧਨ ਕੀਤਾ ਜਾਵੇਗਾ।

## ਔਰਤਾਂ ਨੇ ਵਿਸ਼ਵ ਪੱਧਰ 'ਤੇ ਆਪਣੀ ਸ਼ਕਤੀ ਦਾ ਲੋਹਾ ਮੰਨਵਾਇਆ : ਰਾਜਬੀਰ ਕੌਰ ਕਲਸੀ

**ਬਟਾਲਾ, (ਤਰਲੋਕ ਬੱਗਾ)**- ਰਾਜਬੀਰ ਕੌਰ ਕਲਸੀ ਧਰਮ ਪਤਨੀ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਉਸਮਾਨਪੁਰ ਸਿਟੀ ਬਟਾਲਾ ਵਿਖੇ 'ਅੰਤਰਰਾਸ਼ਟਰੀ ਮਹਿਲਾ ਦਿਵਸ ਅਤੇ ਹੋਲੀ ਨੂੰ ਸਮਰਪਿਤ ਸਮਾਗਮ' ਯਾਦਗਾਰੀ ਹੋ ਨਿੱਬੜਿਆ।ਇਸ ਮੌਕੇ ਰਾਜਬੀਰ ਕੌਰ ਕਲਸੀ ਨੇ ਕਿਹਾ ਕਿ ਅੱਜ ਵਿਸ਼ਵ ਪੱਧਰ 'ਤੇ ਮਹਿਲਾਵਾਂ ਨੇ ਆਪਣੀ ਸ਼ਕਤੀ ਦਾ ਲੋਹਾ ਮੰਨਵਾਇਆ ਹੈ ਅਤੇ ਧੀਆਂ ਹਰ ਖੇਤਰ ਵਿਚ ਅੱਗੇ ਵੱਧ ਰਹੀਆਂ ਰਹੀਆਂ ਹਨ।ਉਨ੍ਹਾਂ ਨੇ ਕਿਹਾ ਕਿ ਸਰਕਾਰ ਦੇ ਪੱਧਰ 'ਤੇ ਮਹਿਲਾ ਸਸ਼ਕਤੀਕਰਨ ਦੇ ਸਫਲ ਉਪਰਾਲੇ ਹੋ ਰਹੇ ਹਨ ਅਤੇ ਉੱਦਮੀ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਪੱਧਰ ਤੇ ਹੋਰ ਉਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ, ਜਿਸਦੇ ਚੱਲਦਿਆਂ ਸੈਲਫ ਹੈਲਪ ਗਰੁੱਪ ਰਾਹੀ ਔਰਤਾਂ ਨੂੰ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ ਹੈ।ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਖੁਦ ਦਾ ਕਾਰੋਬਾਰ ਕਰਨ ਅਤੇ ਆਪਣੀ ਪਹਿਚਾਣ ਬਣਾਉਣ।ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਪੂਰੀ ਸਹਾਇਤਾ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਨਾਰੀ ਤੋਂ ਬਿਨਾਂ ਸਮਾਜ ਦੀ ਕਲਪਨਾ ਕਰਨਾ ਸੰਭਵ ਨਹੀਂ ਹੈ।ਅੱਜ ਦੇ ਯੁਗ ਵਿੱਚ ਲੜਕੀਆਂ, ਲੜਕਿਆਂ ਤੋਂ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ।ਹਰ ਵਾਰ ਮੌਕਾ ਮਿਲਣ 'ਤੇ ਵਿਸ਼ਵ ਪੱਧਰ ਤੇ ਲੜਕੀਆਂ ਨੇ ਨਾਮਣਾ ਖੱਟਿਆ ਹੈ, ਜਿਵੇਂ ਕਿ ਮਦਰ ਟਰੇਸਾ, ਸੁਨੀਤਾ ਵਿਲੀਅਮ, ਕਲਪਨਾ ਚਾਵਲਾ, ਪੀ. ਟੀ. ਊਸ਼ਾ, ਕਿਰਨ ਬੇਦੀ ਅਤੇ ਪੀ. ਵੀ. ਸਿੰਧੂ ਵਰਗੀਆਂ ਹਜ਼ਾਰਾਂ ਲੜਕੀਆਂ ਇਸ ਗੱਲ ਦੀ ਮਿਸਾਲ ਹਨ।ਉਨ੍ਹਾਂ ਕਿਹਾ ਕਿ ਸਾਨੂੰ ਲੜਕੀਆਂ ਨੂੰ ਵੀ ਲੜਕਿਆਂ ਵਾਂਗ ਪਿਆਰ ਕਰਨਾ ਚਾਹੀਦਾ ਹੈ ਅਤੇ ਉੱਚ ਵਿੱਦਿਆ ਸਹਿਤ ਚੰਗਾ ਪਾਲਣ-ਪੋਸ਼ਣ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਹਰ ਮੌਕਾ ਦੇਣਾ ਚਾਹੀਦਾ ਹੈ।ਇਸ ਮੌਕੇ ਉੱਘੀ ਗਾਇਕਾ ਚੰਨ ਕੌਰ ਨੇ ਆਪਣੀ ਗਾਇਕੀ ਨਾਲ ਖੂਬਸੂਰਤ ਪੇਸ਼ਕਾਰੀ ਦਿੱਤੀ।



## ਆਰ ਬੀ ਯੂ ਵਿਖੇ 'ਫੈਸ਼ਨਿਸਟਾ-2026' ਮੌਕੇ ਸ਼ਾਨਦਾਰ ਹੁਨਰ ਦਾ ਮੁਜ਼ਾਹਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਯੂਨੀਵਰਸਿਟੀ ਸਕੂਲ ਆਫ਼ ਫੈਸ਼ਨ, ਬਿਊਟੀ ਐਂਡ ਲਾਈਫਸਟਾਈਲ ਡਿਜ਼ਾਈਨ ਨੇ 'ਫੈਸ਼ਨਿਸਟਾ-2026' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਮਨਮੋਹਕ ਫੈਸ਼ਨ ਸੀਕਵੈਂਸ ਅਤੇ ਰਚਨਾਤਮਕ ਮਾਡਲਿੰਗ ਪੇਸ਼ ਕਰਕੇ ਆਪਣੇ ਡਿਜ਼ਾਈਨ ਅਤੇ ਸ਼ੈਲੀ ਦਾ ਪ੍ਰਦਰਸ਼ਨ ਕੀਤਾ। ਇਸ ਸਮਾਗਮ ਵਿੱਚ ਕੁੱਲ 35 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਅੰਤਰਰਾਸ਼ਟਰੀ ਵਿਦਿਆਰਥੀ ਵੀ ਸ਼ਾਮਲ ਸਨ। ਮੁਕਾਬਲੇ ਦੌਰਾਨ, ਭਾਗੀਦਾਰਾਂ ਨੇ 25 ਰਾਊਂਡਾਂ ਵਿੱਚ ਵੱਖ-ਵੱਖ ਫੈਸ਼ਨ ਸੀਕਵੈਂਸ ਅਤੇ ਮਾਡਲਿੰਗ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਤੇ ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਦਰਸ਼ਕਾਂ ਨੇ ਭਾਗੀਦਾਰਾਂ ਦੇ ਵਿਸ਼ਵਾਸ, ਡਿਜ਼ਾਈਨ ਅਤੇ ਸਟੇਜ ਦੀ ਮੌਜੂਦਗੀ ਦੀ ਬਹੁਤ ਪ੍ਰਸ਼ੰਸਾ ਕੀਤੀ। ਇਸ ਸਮਾਗਮ ਵਿੱਚ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਇਹ ਪ੍ਰੋਗਰਾਮ ਵਾਈਸ ਚਾਂਸਲਰ ਡਾ. ਚੰਦਰ ਮੋਹਨ ਅਤੇ ਵਿਭਾਗ ਮੁਖੀ ਪ੍ਰੋ. ਚਰਨਪ੍ਰੀਤ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਫੈਸ਼ਨ ਅਤੇ ਡਿਜ਼ਾਈਨ ਦਾ ਖੇਤਰ ਨੌਜਵਾਨਾਂ ਲਈ ਇੱਕ ਤੇਜ਼ੀ ਨਾਲ ਉੱਭਰ ਰਿਹਾ ਖੇਤਰ ਹੈ, ਅਤੇ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਸਟੇਜ 'ਤੇ ਆਪਣੀ ਸਿਰਜਣਾਤਮਕਤਾ ਅਤੇ ਪ੍ਰਤਿਭਾ ਦਿਖਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਤੇ ਸ਼ਖ਼ਸੀਅਤ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਕਿਹਾ ਕਿ ਇਸ ਫੈਸ਼ਨ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਫੈਸ਼ਨ ਅਤੇ ਮਾਡਲਿੰਗ ਦੇ ਖੇਤਰ ਵਿੱਚ ਆਪਣੀ ਸਿਰਜਣਾਤਮਕਤਾ, ਵਿਸ਼ਵਾਸ ਅਤੇ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਸੀ। ਇਸ ਸਮਾਗਮ ਵਿੱਚ ਪ੍ਰੋਗਰਾਮ ਵਿੱਚ ਆਰਜੇ ਮੇਘਾ, ਆਰਜੇ ਗੈਰੀ ਅਤੇ ਆਰਜੇ ਕਰਨ, ਸਰੋਜ ਨਾਕਰਾ, ਮਨਪ੍ਰੀਤ ਕੌਰ, ਅੰਕੁਰ ਗਰਗ ਨੇ ਸ਼ਿਰਕਤ ਕੀਤੀ। ਅੰਤ ਵਿੱਚ, ਵਿਭਾਗ ਦੇ ਮੁਖੀ ਪ੍ਰੋਫੈਸਰ ਚਰਨਪ੍ਰੀਤ ਸਿੰਘ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਹੋਰ ਮੌਕੇ ਪ੍ਰਦਾਨ ਕਰਨ ਲਈ ਭਵਿੱਖ ਵਿੱਚ ਅਜਿਹੇ ਸਮਾਗਮਾਂ ਦਾ ਆਯੋਜਨ ਜਾਰੀ ਰੱਖਣ ਦੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਇਸ ਮੌਕੇ ਡਾ. ਜਸਦੀਪ ਧਾਮੀ, ਡਾ. ਕੁਲਦੀਪ ਵਾਲੀਆ, ਡਾ. ਜਯੋਤਸਨਾ, ਡਾ. ਪਰਮਪ੍ਰੀਤ, ਪ੍ਰੋ. ਤੇਜਸਵੀ ਚੌਧਰੀ, ਪ੍ਰੋ. ਰੋਹਿਨੀ ਮੰਡਿਆਲ , ਪ੍ਰੋ. ਪਲਵਿੰਦਰ ਕੌਰ, ਪ੍ਰੋ. ਜਸਨੀਤ ਕੌਰ, ਕੁਲਦੀਪ ਰਾਣਾ, ਹਰਿੰਦਰ ਜਸਵਾਲ, ਗੁਰਪ੍ਰੀਤ ਬੇਦੀ ਮੌਜੂਦ ਸਨ।



ਨਵਾਂ ਜ਼ਮਾਨਾ
ਸੋਮਵਾਰ, 9 ਮਾਰਚ 2026

# ਤੇਲ ਨਾਲੋਂ ਵੱਡਾ ਸੰਕਟ ਪਾਣੀ ਦਾ!

ਦੁਨੀਆ ਦੀਆਂ ਨਜ਼ਰਾਂ ਇਸ ਵੇਲੇ ਤੇਲ ਦੀਆਂ ਕੀਮਤਾਂ 'ਤੇ ਟਿਕੀਆਂ ਹੋਈਆਂ ਹਨ, ਪਰ ਇਸ ਤੋਂ ਵੱਡੇ ਸੰਕਟ ਵੱਲ ਲੋਕਾਂ ਦਾ ਧਿਆਨ ਨਹੀਂ ਜਾ ਰਿਹਾ ਹੈ। ਦੁਨੀਆ ਦੇ 10 ਸਭ ਤੋਂ ਵੱਡੇ ਸਮੁੰਦਰੀ ਪਾਣੀ ਨੂੰ ਮਿੱਠਾ ਬਣਾਉਣ ਵਾਲੇ ਡੀਸੈਲੀਨੇਸ਼ਨ ਪਲਾਂਟਾਂ ਵਿੱਚੋਂ 8 ਅਰਬ ਪ੍ਰਾਇਦੀਪ ਦੇ ਤੱਟ 'ਤੇ ਸਥਿਤ ਹਨ। ਇਹ ਪਲਾਂਟ ਮਿਲ ਕੇ ਦੁਨੀਆ ਦੇ ਕੁਲ ਡੀਸੈਲੀਨੇਟਡ ਪਾਣੀ ਦਾ ਲੱਗਭੱਗ 60 ਫੀਸਦੀ ਉਤਪਾਦਨ ਕਰਦੇ ਹਨ। ਹਰ ਦਿਨ ਲੱਗਭੱਗ 10 ਕਰੋੜ ਲੋਕ ਸਮੁੰਦਰ ਦੇ ਪਾਣੀ ਨੂੰ ਮਿੱਠਾ ਬਣਾ ਕੇ ਤਿਆਰ ਕੀਤੇ ਗਏ ਇਸੇ ਪਾਣੀ ਦੀ ਵਰਤੋਂ ਕਰਦੇ ਹਨ। ਕੁਝ ਦੇਸ਼ਾਂ ਦੀ ਨਿਰਭਰਤਾ ਏਨੀ ਹੈ ਕਿ ਬਿਨਾਂ ਇਨ੍ਹਾਂ ਪਲਾਂਟਾਂ ਦੇ ਉਨ੍ਹਾਂ ਦੀ ਹੋਂਦ ਹੀ ਖਤਰੇ ਵਿੱਚ ਪੈ ਜਾਵੇਗੀ। ਕੁਵੈਤ 90 ਫੀਸਦੀ, ਓਮਾਨ 86 ਫੀਸਦੀ ਤੇ ਸਾਊਦੀ ਅਰਬ 70 ਫੀਸਦੀ ਅਜਿਹੇ ਹੀ ਪਲਾਂਟਾਂ 'ਤੇ ਨਿਰਭਰ ਹਨ। ਜੇ ਈਰਾਨ ਨੇ ਇਨ੍ਹਾਂ ਵੱਲ ਮਿਜ਼ਾਈਲਾਂ ਤੇ ਡਰੋਨ ਦਾਗ ਦਿੱਤੇ ਤਾਂ ਦੁਨੀਆ ਦੇ ਸਭ ਤੋਂ ਅਮੀਰ ਦੇਸ਼ਾਂ ਵਿੱਚ ਸ਼ਾਮਲ ਤੇਲ ਬਰਾਮਦਕਾਰ ਦੇਸ਼ ਕੁਝ ਹੀ ਦਿਨਾਂ ਵਿੱਚ ਰਹਿਣ ਲਾਇਕ ਨਹੀਂ ਰਹਿਣੇ।

ਦੋ ਮਾਰਚ ਨੂੰ ਈਰਾਨ ਵੱਲੋਂ ਛੱਡੀ ਮਿਜ਼ਾਈਲ ਦੇ ਮਲਬੇ ਯੂ ਏ ਈ ਦੇ ਫੁਜੈਰਾ ਦੇ ਇੱਕ ਬਿਜਲੀ ਸਟੇਸ਼ਨ ਨੂੰ ਨੁਕਸਾਨ ਪਹੁੰਚਾ ਚੁੱਕੇ ਹਨ। ਇੰਟਰਸੈਪਟਰ ਮਿਜ਼ਾਈਲਾਂ ਦੇ ਟੁਕੜਿਆਂ ਨਾਲ ਕੁਵੈਤ ਦੇ ਦੋਹਾ ਪੱਛਮੀ ਪਾਵਰ ਤੇ ਵਾਟਰ ਡੀਸੈਲੀਨੇਸ਼ਨ ਕੰਪਲੈਕਸ ਵਿੱਚ ਅੱਗ ਲੱਗ ਗਈ ਸੀ। ਤਾਂ ਵੀ ਕੋਈ ਡੀਸੈਲੀਨੇਸ਼ਨ ਪਲਾਂਟ ਬੰਦ ਨਹੀਂ ਹੋਇਆ, ਕਿਉਂਕਿ ਈਰਾਨ ਨੇ ਕਿਸੇ ਨੂੰ ਸਿੱਧਾ ਨਿਸ਼ਾਨਾ ਨਹੀਂ ਬਣਾਇਆ। ਉਸ ਨੇ ਅਜੇ ਤੱਕ ਅਮਰੀਕਾ ਦੇ ਯਾਰਾਂ ਦੀਆਂ ਤੇਲ ਰਿਫਾਇਨਰੀਆਂ, ਫੌਜੀ ਟਿਕਾਣਿਆਂ, ਦੂਤਘਰਾਂ ਤੇ ਬਿਜਲੀ ਸਟੇਸ਼ਨਾਂ ਨੂੰ ਹੀ ਨਿਸ਼ਾਨਾ ਬਣਾਇਆ ਹੈ। ਉਂਜ ਈਰਾਨ ਨੇ ਬਿਜਲੀ ਸਟੇਸ਼ਨਾਂ ਨੂੰ ਨਿਸ਼ਾਨਾ ਬਣਾ ਕੇ ਸੰਕੇਤ ਦੇ ਦਿੱਤਾ ਹੈ ਕਿ ਜੇ ਹਾਲਾਤ ਬਣੇ ਤਾਂ ਉਹ ਆਖਰੀ ਹਥਿਆਰ ਵਰਤ ਸਕਦਾ ਹੈ।

2003 ਵਿੱਚ ਅਮਰੀਕਾ ਨੇ ਇਰਾਕ ਵਿੱਚ ਡੀਕੈਪੀਟੇਸ਼ਨ ਰਣਨੀਤੀ ਅਪਨਾਈ ਸੀ, ਯਾਨੀ ਸਿਖਰਲੀ ਲੀਡਰਸ਼ਿਪ ਨੂੰ ਖਤਮ ਕਰਕੇ ਜੰਗੀ ਮਸ਼ੀਨ ਨੂੰ ਸਿੱਥਲ ਕਰਨਾ। ਉਸ ਤੋਂ ਸਬਕ ਲੈ ਕੇ ਈਰਾਨ ਨੇ ਆਪਣੀ ਫੌਜ ਨੂੰ ਮੋਸੈਕ ਡਿਫੈਂਸ ਡੌਕਟ੍ਰੀਨ ਤਹਿਤ ਪੁਨਰਗਠਤ ਕੀਤਾ। ਇਸ ਪ੍ਰਣਾਲੀ ਵਿੱਚ 31 ਖੁਦਮੁਖਤਾਰ ਸੂਬਾਈ ਕਮਾਂਡਾਂ ਹਨ। ਹਰ ਕਮਾਂਡ ਕੋਲ ਮਰਜ਼ੀ ਨਾਲ ਨਿਸ਼ਾਨਾ ਤੈਅ ਕਰਨ ਦਾ ਅਧਿਕਾਰ ਹੈ। ਕੇਂਦਰੀ ਆਦੇਸ਼ ਦੇ ਬਿਨਾਂ ਵੀ ਜੰਗ ਜਾਰੀ ਰੱਖਣ ਦੀ ਸਮਰੱਥਾ ਹੈ। ਅਲੀ ਖਾਮਨੇਈ ਦੀ ਮੌਤ ਦੇ ਬਾਅਦ ਕੇਂਦਰੀ ਲੀਡਰਸ਼ਿਪ ਕਮਜ਼ੋਰ ਹੋ ਗਈ ਹੈ ਅਤੇ ਜੇ ਇਲਾਕਾਈ ਕਮਾਂਡਰਾਂ ਦਾ ਸੰਜਮ ਖਤਮ ਹੋ ਗਿਆ ਤਾਂ ਉਹ ਡੀਸੈਲੀਨੇਸ਼ਨ ਪਲਾਂਟਾਂ 'ਤੇ ਹਮਲਾ ਕਰਕੇ ਪੂਰੀ ਖਾੜੀ ਦੀ ਪਾਣੀ ਵਿਵਸਥਾ ਠੱਪ ਕਰ ਸਕਦੇ ਹਨ। 1991 ਦੀ ਜੰਗ ਵਿੱਚ ਇਰਾਕ ਨੇ ਕੁਵੈਤ ਖਿਲਾਫ ਇੱਕ ਹੋਰ ਤਰੀਕਾ ਅਪਣਾਇਆ ਸੀ। ਉਸ ਨੇ ਕੁਵੈਤ ਦੇ ਡੀਸੈਲੀਨੇਸ਼ਨ ਪਲਾਂਟਾਂ ਨੂੰ ਜਾਂਦੇ ਸਮੁੰਦਰੀ ਪਾਣੀ ਵਿੱਚ ਕੱਚਾ ਤੇਲ ਛੱਡ ਦਿੱਤਾ ਸੀ। ਕੁਵੈਤ ਨੂੰ 750 ਪਾਣੀ ਟੈਂਕਰ ਦਰਾਮਦ ਕਰਨੇ ਪੈ ਗਏ ਸਨ। ਵਿਵਸਥਾ ਨਾਰਮਲ ਹੋਣ ਵਿੱਚ ਕਈ ਸਾਲ ਲੱਗ ਗਏ ਸਨ।

ਡੀਸੈਲੀਨੇਸ਼ਨ ਪਲਾਂਟ ਬਿਜਲੀ ਬਹੁਤ ਖਰਚ ਕਰਦੇ ਹਨ। ਇਸ ਲਈ ਬਿਜਲੀ ਸਟੇਸ਼ਨ 'ਤੇ ਹਮਲਾ ਵੀ ਪਾਣੀ ਦੀ ਸਪਲਾਈ ਰੋਕ ਸਕਦਾ ਹੈ। ਇਨ੍ਹਾਂ ਦੀ ਸੁਰੱਖਿਆ ਵੀ ਫੌਜੀ ਟਿਕਾਣਿਆਂ ਜਿੰਨੀ ਮਜ਼ਬੂਤ ਨਹੀਂ ਹੁੰਦੀ। ਅਮਰੀਕਾ ਤੇ ਇਜ਼ਰਾਈਲ ਜੰਗ ਰੋਕਣ ਲਈ ਰਾਜ਼ੀ ਨਾ ਹੋਏ ਤਾਂ ਈਰਾਨ ਪਾਣੀ ਵਾਲਾ ਰਣਨੀਤਕ ਹਥਿਆਰ ਵਰਤ ਸਕਦਾ ਹੈ। ਕਰਬਲਾ ਦੀ ਜੰਗ ਵਿੱਚ ਯਜ਼ੀਦ ਦੀ ਫੌਜ ਨੇ ਹੁਸੈਨੀ ਲਸ਼ਕਰ ਦਾ ਪਾਣੀ ਬੰਦ ਕਰ ਦਿੱਤਾ ਸੀ ਤੇ ਨਿੱਕੇ ਬੱਚੇ ਪਾਣੀ ਨੂੰ ਤਰਸ ਗਏ ਸਨ। ਇਹ ਸਬਕ ਕਰਬਲਾ ਦੀ ਜੰਗ ਵਿੱਚ ਮੌਜੂਦ ਹੈ। ਉਸ ਯਾਦ ਦੇ ਮੱਦੇਨਜ਼ਰ ਮਾਨਵੀ ਆਧਾਰ 'ਤੇ ਈਰਾਨ ਭਾਵੇਂ ਪਾਣੀ ਦੇ ਵਸੀਲਿਆਂ 'ਤੇ ਹਮਲਾ ਨਾ ਕਰੇ ਪਰ ਜੇ ਕਰਨ ਲਈ ਮਜਬੂਰ ਹੋਇਆ ਤਾਂ ਇਸ ਲਈ ਅਮਰੀਕਾ ਤੇ ਇਜ਼ਰਾਈਲ ਦੀ ਗੁੰਡਾਗਰਦੀ ਹੀ ਜ਼ਿੰਮੇਵਾਰ ਹੋਵੇਗੀ।

## ਦੈਂਤਾਂ ਵਿਰੁੱਧ ਅਵਾਜ਼

ਹਉਮੈਂ ਵਾਲਾ ਭੂਤ ਜਿਹਦੇ ਸਿਰ 'ਤੇ ਸਵਾਰ ਹੋਵੇ,
ਪਾ ਲੈਂਦਾ ਹੰਕਾਰਿਆਂ ਦੇ ਨਾਲ ਉਹੋ ਆੜੀ ਜੀ।
ਇੱਕ ਧਿਰ ਕਹਿੰਦੇ ਨੇ 'ਕਸੂਰਵਾਰ' ਵੱਧ ਹੁੰਦੀ,
ਵੱਜਦੀ ਹੁੰਦੀ ਏ ਭਾਵੇਂ 'ਦੋਹੀਂ ਹੱਥੀਂ' ਤਾੜੀ ਜੀ,
ਅੱਗ ਨੂੰ ਮਚਾ ਕੇ ਅੱਗ ਨਾਲ ਹੀ ਬੁਝਾਉਂਦੇ ਰਹੇ,
ਪਹਿਲੇ ਅਤੇ ਅੱਜ ਦੇ ਵੀ ਹਾਕਮ ਅਨਾੜੀ ਜੀ।
ਅਣਖਾਂ ਦੀ ਆਣ ਵਿੱਚ ਅਗਲਾ ਵੀ ਅੱਗੇ ਅੜੇ,
ਧੱਕੇਸ਼ਾਹੀ ਨਾਲ 'ਭਾਜੀ' ਜਿਹਦੇ ਸਿਰ ਚਾੜ੍ਹੀ ਜੀ।
ਹੋਸ਼ ਨਾ ਜੇ ਆਈ ਜੰਗਬਾਜਾਂ ਤਾਈਂ ਛੇਤੀ ਯਾਰੋ,
'ਤੀਸਰੀ ਸੰਸਾਰ ਜੰਗ' ਜਾਪਦੀ ਅਗਾੜੀ ਜੀ,
'ਦੈਂਤਾਂ ਜਿੰਨੀਂ ਤਾਕਤ ਦਾ ਹੋਣਾ ਕੋਈ ਬੁਰਾ ਨਹੀਂਉਂ,
'ਦੈਂਤਾਂ ਵਾਂਗ' ਵਰਤਣੀ ਏ ਹੁੰਦੀ ਬਹੁਤ ਮਾੜੀ ਜੀ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਜੰਗ ਤੋਂ ਖੁਦ ਏਕ ਮਸਲਾ ਹੈ...

**ਪ੍ਰੋ. ਜਸਵੰਤ ਸਿੰਘ ਗੰਡਮ**

ਜਦ ਕਦੀ ਵੀ ਕਿਧਰੇ ਕੋਈ ਜੰਗ ਛਿੜਦੀ ਹੈ ਤਾਂ ਸਾਨੂੰ ਨਾਮਵਰ ਸ਼ਾਇਰ ਸਾਹਿਰ ਲੁਧਿਆਣਵੀ ਦੀ ਮਸ਼ਹੂਰ ਨਜ਼ਮ ਦੀਆਂ ਹੇਠ ਲਿਖੀਆਂ ਸਤਰਾਂ ਯਾਦ ਆ ਜਾਂਦੀਆਂ ਹਨ-

*"ਜੰਗ ਤੋ ਖ਼ੁਦ ਏਕ ਮਸਲਾ ਹੈ,*
*ਜੰਗ ਕਯਾ ਮਸਲੋਂ ਕਾ ਹਲ ਦੇਗੀ?*
*ਆਗ ਔਰ ਖ਼ੂਨ ਆਜ ਬਖ਼ਸ਼ੇਗੀ,*
*ਭੂਖ ਔਰ ਇਹਤਿਯਾਜ ਕਲ ਦੇਗੀ।'*

ਅੱਜ ਇਹ ਅਮਰੀਕਾ-ਇਜ਼ਰਾਈਲ ਅਤੇ ਈਰਾਨ ਵਿਚ ਮਚੇ ਜੰਗੀ ਘਮਸਾਨ ਕਾਰਨ ਯਾਦ ਆਈਆਂ ਹਨ। ਇਹ ਸਤਰਾਂ ਸਾਹਿਰ ਦੀ ਨਜ਼ਮ 'ਐ ਸ਼ਰੀਫ ਇਨਸਾਨੋਂ' ਦੀਆਂ ਹਨ। ਇਹ ਨਜ਼ਮ ਇੱਕ ਤਰਾਂ ਆਲਮੀ ਅਮਨ ਦਾ ਤਰਾਨਾ ਹੈ। ਇਸ ਵਿੱਚ ਜੰਗ ਦੇ ਵਿਨਾਸ਼ਕਾਰੀ ਤੇ ਵਿਕਰਾਲ ਰੂਪ ਨੂੰ ਬਿਆਨ ਕੀਤਾ ਗਿਐ-'ਬਮ ਘਰੋਂ ਪਰ ਗਿਰੇਂ ਕਿ ਸਰਹਦ ਪਰ/ਰੂਹ-ਏ-ਤਾਮੀਰ ਜ਼ਖਮ ਖਾਤੀ ਹੈ/ਖੇਤ ਅਪਨੇ ਜਲੇਂ ਕਿ ਔਰੋਂ ਕੇ/ਜ਼ੀਸਤ ਫਾਕੋਂ ਮੇਂ ਤਿਲਮਿਲਾਤੀ ਹੈ।' ਜੰਗ ਨੂੰ 'ਅਮਨ-ਏ-ਆਲਮ' ਦਾ ਖੂਨ ਦੱਸਦਿਆਂ ਸ਼ਾਇਰ ਕੁਲ ਲੋਕਾਈ ਨੂੰ ਅਮਨ-ਸ਼ਾਂਤੀ ਨਾਲ ਰਹਿਣ ਦੀ ਪ੍ਰੇਰਨਾ ਕਰਦਾ ਕਹਿੰਦਾ ਹੈ-'ਇਸ ਲੀਏ ਐ ਸ਼ਰੀਫ ਇਨਸਾਨੋਂ/ਜੰਗ ਟਲਤੀ ਰਹੇ ਤੋ ਬਿਹਤਰ ਹੈ/ਆਪ ਔਰ ਹਮ ਸਭੀ ਕੇ ਆਂਗਨ ਮੇਂ/ਸ਼ਮਾ ਜਲਤੀ ਰਹੇ ਤੋ ਬਿਹਤਰ ਹੈ।'

ਪਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਰਗੇ ਹੰਕਾਰੀ,ਖਬਤੀ ਅਤੇ ਮਹੱਤਵ ਅਨੁਮਾਦੀ ਬੰਦੇ ਭਲਾ ਕਦ ਸਿਆਣੇ ਅਤੇ ਅਮਨਪਸੰਦ ਬੰਦਿਆਂ ਦੀ ਗੱਲ ਸੁਣਦੇ ਹਨ? ਨਾਲ ਇਜ਼ਰਾਈਲ ਦਾ ਬੈਂਜਾਮਿਨ ਨੇਤਨਯਾਹੂ ਰਲ ਗਿਐ,ਜਾਣੀ ਇਕ ਕਰੇਲਾ ਦੂਜਾ ਨਿੰਮ ਚੜ੍ਹਿਆ! ਇਕ ਬੀਬੀ ਟੱਪਣੀ ਦੂਜਾ ਢੋਲਾਂ ਦੀ ਗੜਗੱਜ!

ਉਤੋਂ ਅਮਰੀਕੀ ਸੈਨੇਟ ਵਿਚ ਈਰਾਨ ਵਿਰੁੱਧ ਫੌਜੀ ਕਾਰਵਾਈ ਸੀਮਤ ਕਰਨ ਦਾ ਪ੍ਰਸਤਾਵ 53-47 ਦੇ ਫਰਕ ਨਾਲ ਡਿੱਗ ਗਿਐ ਹੈ, ਜਿਸ ਨਾਲ ਟਰੰਪਗਿਰੀ ਨੂੰ ਹੋਰ ਵੀ ਹਵਾ ਮਿਲੀ ਹੈ।

ਇਹ ਸਤਰਾਂ ਲਿਖੇ ਜਾਣ ਵੇਲੇ ਪੂਰਾ ਪੱਛਮੀ ਏਸ਼ੀਆ ਬੰਬੋ-ਬੰਬੀ,ਮਿਜ਼ਾਈਲੋ-ਮਿਜ਼ਾਈਲੀ ਅਤੇ ਡਰੋਨੋਂ-ਡਰੋਨੀਂ ਹੋਇਆ ਪਿਐ। ਭਾਂਬੜ ਮਚੇ ਪਏ ਹਨ,ਲਾਟਾਂ ਦੀਆਂ ਲਪਟਾਂ ਮੱਧ-ਪੂਰਬੀ/ਖਾੜੀ ਮੁਲਕਾਂ ਨੂੰ ਵਿਸ਼ੇਸ਼ ਕਰਕੇ ਅਤੇ ਬਾਕੀ ਮੁਲਕਾਂ ਨੂੰ ਆਮ ਕਰਕੇ ਆਪਣੇ ਸੇਕ ਦੀ ਲਪੇਟ ਵਿਚ ਲੈ ਰਹੀਆਂ ਹਨ। ਕੋਈ ਡੇਢ ਦਰਜਨ ਦੇਸ਼ ਪ੍ਰਭਾਵਤ ਹਨ। ਜੰਗ ਦੇ ਛੇਵੇਂ ਦਿਨ ਤੱਕ 1200 ਤੋਂ ਵਧ ਜਾਨਾਂ ਜਾ ਚੁੱਕੀਆਂ ਹਨ। ਆਰਥਿਕ ਤੌਰ 'ਤੇ ਤਾਂ ਭਾਰਤ ਸਮੇਤ ਹੋਰ ਕਈ ਦੇਸ਼ਾਂ 'ਤੇ ਅਸਰ ਪੈ ਰਿਹੈ ਅਤੇ ਹੋਰ ਪਵੇਗਾ।

ਇੱਕ ਪਾਸੇ ਅਮਰੀਕਾ-ਇਜ਼ਰਾਈਲ ਅਤੇ ਦੂਸਰੇ ਪਾਸੇ ਈਰਾਨ ਇੱਕ ਦੂਜੇ ਦੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਰਹੇ ਹਨ। ਈਰਾਨ ਨੇ ਮੱਧ-ਪੂਰਵੀ/ਖਾੜੀ ਦੇਸ਼ਾਂ ਉਪਰ ਅਮਰੀਕੀ ਫੌਜੀ ਟਿਕਾਣੇ ਨਸ਼ਟ ਕਰਨ ਲਈ ਤਾਬੜ-ਤੋੜ ਹਮਲੇ ਕੀਤੇ ਹਨ। ਸੈਂਕੜੇ ਉਡਾਨਾਂ ਰੱਦ ਹੋ ਗਈਆਂ ਹਨ। ਹਜ਼ਾਰਾਂ ਲੋਕ ਦੁਬਈ, ਆਬੂ ਧਾਬੀ, ਸਾਊਦੀ ਅਰਬ, ਕੁਵੈਤ, ਬਹਿਰੀਨ, ਕਤਰ ਅਤੇ ਹੋਰ ਮੁਲਕਾਂ ਵਿਚ ਫਸੇ ਹਨ (ਕੁਝ ਵਾਪਿਸ ਵੀ ਆ ਰਹੇ ਹਨ)। ਪੱਛਮੀ ਏਸ਼ੀਆ ਵਿੱਚ ਇਕੱਲੇ ਭਾਰਤ ਦੇ ਹੀ ਇੱਕ ਕਰੋੜ ਲੋਕ ਰਹਿੰਦੇ ਹਨ। ਕੱਚੇ ਤੇਲ, ਗੈਸ ਅਤੇ ਹੋਰ ਊਰਜਾ-ਸੰਬੰਧਤ ਸਮੱਗਰੀ ਮਹਿੰਗੀ ਹੋ ਗਈ ਹੈ। ਆਉਣ ਵਾਲੇ ਦਿਨਾਂ 'ਚ ਗੈਸ ਅਤੇ ਪੈਟਰੋਲ ਦੀ ਕਿੱਲਤ ਹੋ ਸਕਦੀ ਹੈ। ਹੌਰਮਜ਼ ਜਲਡਮਰੂ ਬੰਦ ਹੋਣ ਕਾਰਨ ਕੱਚਾ ਤੇਲ ਲਿਆਉਣ ਵਾਲੇ ਸਮੁੰਦਰੀ ਜਹਾਜ਼ ਕਿਸੇ ਬੰਨੇ-ਕੰਢੇ ਨਹੀਂ ਲੱਗ ਰਹੇ। ਇਸ ਰਸਤੇ ਰਾਹੀਂ ਬਹੁਤ ਵੱਡੀ ਮਾਤਰਾ 'ਚ ਕੱਚਾ ਤੇਲ ਆਉਂਦਾ ਹੈ। ਈਰਾਨ ਵਲੋਂ ਮਿਡਲ ਈਸਟ ਦੀਆਂ ਰਿਫਾਨਰੀਆਂ ਉਪਰ ਨਿਰੰਤਰ ਹਮਲੇ ਕੀਤੇ ਜਾ ਰਹੇ ਹਨ। ਇੱਕ ਵੈਸ਼ਵਿਕ ਊਰਜਾ ਸੰਕਟ ਮੂੰਹ ਅੱਡੀ ਖੜਾ ਹੈ।

ਈਰਾਨ ਦੇ ਇਕ ਸਕੂਲ ਉਪਰ ਇਜ਼ਰਾਈਲੀ ਹਮਲੇ ਕਾਰਨ 170 ਸਕੂਲੀ ਵਿਦਿਆਰਥਣਾਂ ਅਤੇ ਅਧਿਆਪਕ ਮਾਰੇ ਗਏ ਹਨ। ਇਹਨਾਂ ਵਿਚ ਵਿਦਿਆਰਥਣਾਂ ਦੀ ਗਿਣਤੀ 150 ਤੋਂ ਵੱਧ ਦਸੀ ਜਾ ਰਹੀ ਹੈ। ਇਹ ਅੰਤਰਰਾਸ਼ਟਰੀ ਕਾਨੂੰਨਾਂ ਦੀ ਘੋਰ ਉਲੰਘਣਾ ਹੈ, ਜਿਸ ਦੀ ਕੁਝ ਯੂਰਪੀ ਅਤੇ ਕੈਨੇਡਾ ਵਰਗੇ ਦੇਸ਼ਾਂ ਵੱਲੋਂ ਵੀ ਨਿੰਦਾ ਕੀਤੀ ਗਈ ਹੈ।

ਜੰਗ ਜਲਦ ਬੰਦ ਨਾ ਹੋਈ ਤਾਂ ਇਸ ਦੇ ਨਤੀਜੇ ਬਹੁਤ ਭਿਅੰਕਰ ਨਿਕਲਣਗੇ। ਦੁਨੀਆਂ ਤੀਸਰੇ ਵਿਸ਼ਵ ਯੁੱਧ ਦੇ ਮੁਹਾਣੇ 'ਤੇ ਖੜਨ ਵਾਲੇ ਪਾਸੇ ਧਕੇਲੀ ਜਾ ਰਹੀ ਹੈ।

ਡੋਨਾਲਡ ਟਰੰਪ ਦੀਆਂ ਹਿਟਲਰੀ ਗਤੀਵਿਧੀਆਂ ਰੋਕਣ ਲਈ ਰੂਸ-ਚੀਨ ਅਤੇ ਦੂਸਰੇ ਹਮ-ਖਿਆਲ ਮੁਲਕਾਂ ਨੂੰ ਇਕੱਠੇ ਹੋ ਕੇ ਉਪਰਾਲਾ ਕਰਨਾ ਚਾਹੀਦੈ। ਵੈਸੇ ਤਾਂ ਭਾਰਤ ਨੂੰ ਵੀ ਇਹਨਾਂ ਮੁਲਕਾਂ ਨਾਲ ਖੜਨਾ ਚਾਹੀਦੈ, ਪਰ ਅਜਿਹਾ ਹੋਣ ਦੇ ਆਸਾਰ ਨਹੀਂ ਲਗਦੇ। ਅਸੀਂ ਤਾਂ ਈਰਾਨ ਦੇ ਸੁਪਰੀਮ ਲੀਡਰ ਅਲੀ ਖਾਮਨੇਈ ਦੀ ਹਮਲੇ ਦੇ ਪਹਿਲੇ ਦਿਨ ਹੀ ਹੋਈ ਹੱਤਿਆ ਉਪਰ ਹਾਅ ਦਾ ਨਾਹਰਾ ਤੱਕ ਨਹੀਂ ਮਾਰ ਸਕੇ, ਹੋਰ ਭਲਾ ਕੀ ਕਰਾਂਗੇ। ਸਾਡੀ ਬਦੇਸ਼ ਨੀਤੀ ਸਮਝੋਂ ਬਾਹਰ ਹੈ। ਇਹ 'ਤਾਇਆ ਤੇਲੂ ਵੀ ਠੀਕ ਤੇ ਚਾਚੀ ਚਿੰਤੀ ਵੀ ਗਲਤ ਨਹੀਂ' ਦੇ ਸਿਧਾਂਤ ਉਪਰ ਚਲਦੀ ਲਗਦੀ ਹੈ।

ਟਰੰਪ ਨੇ ਇਹ ਜੰਗ ਆਪਣੇ ਸਵੈ-ਅਭਿਮਾਨ, ਹਉਮੈ ਅਤੇ ਸ਼ਕਤੀ-ਪ੍ਰਦਰਸ਼ਨ ਲਈ ਈਰਾਨ ਉਪਰ ਥੋਪੀ ਹੈ। ਇਹ ਉਸ ਦੀਆਂ ਨਵ-ਬਸਤੀਵਾਦੀ ਅਤੇ ਨਵ-ਸਾਮਰਾਜਵਾਦੀ ਨੀਤੀਆਂ ਦਾ ਸਿੱਟਾ ਹੈ, ਪਰ ਈਰਾਨ ਆਪਣੀ ਹੋਂਦ, ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੀ ਲੜਾਈ ਲੜ ਰਿਹਾ ਹੈ। ਉਸ ਦੇ ਜੋਸ਼ ਅਤੇ ਜਜ਼ਬੇ ਕਾਰਨ ਹੀ ਜੰਗ ਟਰੰਪ ਦੀ ਉਮੀਦ ਤੋਂ ਲੰਮੀ ਹੋ ਰਹੀ ਹੈ।

ਪਿਛਲੇ ਸਾਲ ਜੂਨ ਮਹੀਨੇ ਕੀਤੇ ਗਏ ਈਰਾਨ ਵਿਰੁੱਧ 'ਅਪਰੇਸ਼ਨ ਮਿਡਨਾਈਟ ਹੈਮਰ' ਮਗਰੋਂ ਟਰੰਪ ਨੇ ਦਾਅਵਾ ਕੀਤਾ ਸੀ ਕਿ ਅਮਰੀਕੀ ਹਵਾਈ ਹਮਲਿਆਂ ਨਾਲ ਤਹਿਰਾਨ ਦੀ ਨਿਊਕਲੀਅਰ ਸਮਰਥਾ ਪੂਰਨ ਤੌਰ 'ਤੇ ਤਹਿਸ-ਨਹਿਸ ਕਰ ਦਿੱਤੀ ਗਈ ਹੈ। ਫਿਰ ਹੁਣ ਕੀ ਹੋਇਐ ਕਿ ਅੱਠਾਂ ਮਹੀਨਿਆਂ ਉਪਰੰਤ ਟਰੰਪ ਇਹ ਦਾਅਵਾ ਕਰ ਰਿਹੈ ਕਿ ਈਰਾਨ ਨੇ ਨਿਊਕਲੀਅਰ ਪਰੋਗਰਾਮ ਜਾਰੀ ਰੱਖਿਐ ਅਤੇ ਉਹ ਅਜਿਹੇ ਮਿਜ਼ਾਈਲ ਵਿਕਸਤ ਕਰਨ ਦੀ ਯੋਜਨਾ ਬਣਾ ਰਿਹੈ, ਜੋ ਅਮਰੀਕੀ ਸਰ-ਜ਼ਮੀਨ ਤੱਕ ਮਾਰ ਕਰ ਸਕਣਗੇ। ਇਸ ਨੂੰ ਰੋਕਣ ਲਈ ਟਰੰਪ ਨੇ 28 ਫਰਵਰੀ ਨੂੰ ਅਪਰੇਸ਼ਨ 'ਐਪਿਕ ਫਿਊਰੀ' ਸ਼ੁਰੂ ਕਰ ਦਿਤੈ।

ਉਂਞ ਵੀ ਅਮਰੀਕਾ ਵਿਚ ਬੜੇ ਲੋਕ ਅਜਿਹੇ ਹਨ, ਜੋ ਮੰਨਦੇ ਹਨ ਕਿ ਇਹ ਲੜਾਈ ਅਮਰੀਕਾ ਦੀ ਨਹੀਂ, ਇਜ਼ਰਾਈਲ ਦੀ ਹੈ ਅਤੇ ਟਰੰਪ ਖਾਮਖਾਹ ਇਸ 'ਚ ਟੰਗ ਅੜਾਈ ਖੜੈ।

ਆਪਣੇ ਦੇਸ਼ ਦੇ ਮੱਤਦਾਤਾਵਾਂ/ਲੋਕਾਂ ਦਾ ਧਿਆਨ ਭਟਕਾਉਣ, ਉਹਨਾਂ ਅੰਦਰ ਅੱਤ-ਰਾਸ਼ਟਰਵਾਦ ਦੀ ਭਾਵਨਾ ਭੜਕਾਉਣ, ਧਰਮਤੰਤਰੀ ਈਰਾਨ ਤੋਂ ਖਤਰੇ ਦੀ ਬੁਣਤ ਬੁਣਨ-ਬਣਾਉਣ ਅਤੇ ਉਥੋਂ ਦੇ ਰਾਜ-ਪ੍ਰਬੰਧ ਨੂੰ ਪਲਟਾਉਣ ਦੀ ਕਵਾਇਦ ਟਰੰਪਗਿਰੀ ਦਾ ਸਾਫ-ਸਪੱਸ਼ਟ ਮਕਸਦ ਹੈ। ਰਾਹਤ ਇੰਦੌਰੀ ਦਾ ਕਿਸੇ ਹੋਰ ਪ੍ਰਸੰਗ 'ਚ ਕਿਹਾ ਇਕ ਸ਼ੇਅਰ ਹੈ, ਜੋ ਇਥੇ ਵੀ ਢੁਕਦੈ-'ਸਰਹਦੋਂ ਪਰ ਬਹੁਤ ਤਨਾਵ ਹੈ ਕਯਾ/ਕੁਛ ਪਤਾ ਤੋ ਕਰੋ ਚੁਨਾਵ ਹੈ ਕਯਾ?'

ਅੱਠ-ਜੰਗਾਂ ਬੰਦ ਕਰਵਾਉਣ ਦਾ ਦਾਅਵਾ ਕਰਨ ਵਾਲਾ ਅਤੇ ਆਪਣੇ ਆਪ ਨੂੰ ਨੋਬਲ ਸ਼ਾਂਤੀ ਪੁਰਸਕਾਰ ਦਾ ਹੱਕਦਾਰ ਕਹਿਣ ਵਾਲਾ ਡੋਨਾਲਡ ਟਰੰਪ ਸਭ ਤੋਂ ਵੱਡਾ ਜੰਗਬਾਜ਼ ਹੈ! ਉਹ ਪੁਰਾਣੇ ਵੇਲਿਆਂ ਦੇ ਜਗੀਰਦਾਰਾਂ ਵਾਂਗ ਵਿਸ਼ਵ ਨੂੰ ਆਪਣੀ ਜਗੀਰ ਸਮਝਦੈ ਅਤੇ ਆਪਣੇ ਆਪ ਨੂੰ ਵੈਸ਼ਵਿਕ ਚੌਧਰੀ। ਜੋ ਕੋਈ ਵੀ ਉਸ ਸਾਹਮਣੇ ਉਭਾਸਰਨ ਦੀ ਹਿੰਮਤ ਕਰਦੈ, ਉਸ ਉਪਰ ਆਰਥਿਕ ਪਾਬੰਦੀਆਂ, ਟੈਰਿਫ ਅਤੇ ਟਰੇਡ ਦੀਆਂ ਸਖਤੀਆਂ ਲਾਗੂ ਕਰ ਦਿੰਦੈ ਤੇ ਜੇ ਕੋਈ ਫਿਰ ਵੀ ਨਾਂ ਮੰਨੇ ਤਾਂ ਫੌਜੀ ਕਾਰਵਾਈ ਕਰ ਮਾਰਦੈ। ਉਸ ਨੇ ਪੂਰੇ ਸੰਸਾਰ ਦਾ ਸਾਹ ਸੂਤਿਆ ਪਿਆ।

ਦੁਨੀਆ ਭਰ ਦੇ ਅਮਨ-ਪਸੰਦ ਕਲਮਕਾਰਾਂ ਨੂੰ ਜੰਗਾਂ-ਯੁੱਧਾਂ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਸ਼ਾਂਤੀ-ਪ੍ਰਸਤ ਲੇਖਕਾਂ ਨੇ ਪਹਿਲਾਂ ਵੀ ਜੰਗਾਂ ਵਿਰੁੱਧ ਬੜਾ ਕੁਝ ਲਿਖਿਐ। ਰੂਸੀ ਲੇਖਕ ਲੀਓ ਟਾਲਸਟਾਇ ਦਾ ਵਿਸ਼ਵ-ਪ੍ਰਸਿੱਧ ਨਾਵਲ 'ਵਾਰ ਐਂਡ ਪੀਸ'(ਜੰਗ ਅਤੇ ਅਮਨ) ਨੈਪੋਲੀਅਨ ਵੱਲੋਂ ਰੂਸ ਵਿਰੁੱਧ ਕੀਤੇ ਹਮਲੇ ਦੀ ਪਿੱਠਭੂਮੀ 'ਚ ਜੰਗ ਦੇ ਮਾਰੂਪਣ ਅਤੇ ਹੋਰ ਪੱਖਾਂ ਨੂੰ ਉਜਾਗਰ ਕਰਦੈ। ਵਿਕਟੋਰੀਅਨ ਯੁੱਗ ਦੇ ਅੰਗਰੇਜ਼ੀ ਨਾਵਲਕਾਰ ਅਤੇ ਕਵੀ ਟਾਮਸ ਹਾਰਡੀ ਦੀ ਇਕ ਕਵਿਤਾ 'ਬੰਦਾ ਜੋ ਉਸ ਨੇ ਮਾਰ ਦਿਤਾ' ਜੰਗ ਦੀ ਬੇਅਕਲੀ,ਬਰਬਰਤਾ ਅਤੇ ਬਰਬਾਦੀ ਬਾਰੇ ਬਾਖੂਬੀ ਬਿਆਨ ਕਰਦੀ ਐ। ਹਿੰਦੀ ਦਾ ਮਸ਼ਹੂਰ ਕਵੀ ਗੋਪਾਲ ਦਾਸ ਨੀਰਜ ਆਪਣੀ ਇਕ ਲੰਮੀ ਕਵਿਤਾ 'ਚ ਜੰਗ ਦੀ ਬਰਬਾਦੀ ਦਾ ਦ੍ਰਿਸ਼ ਚਿਤਰਦਿਆਂ ਪ੍ਰਸ਼ਨ ਕਰਦੈ-'ਮੈਂ ਸੋਚ ਰਹਾਂ ਹੂੰ ਅਗਰ ਤੀਸਰਾ ਯੁਧ ਹੂਆ/ਇਸ ਨਈ ਸੁਬਹ ਕੀ ਨਈ ਫਸਲ ਕਾ ਕਯਾ ਹੋਗਾ'? ਨੋਬਲ ਪੁਰਸਕਾਰ ਵਿਜੇਤਾ ਵਿਗਿਆਨੀ ਐਲਬਰਟ ਆਈਨਸਟਾਈਨ ਨੇ ਕਿਹਾ ਸੀ-ਮੈਨੂੰ ਇਸ ਗੱਲ ਦਾ ਤਾਂ ਪਤਾ ਨਹੀਂ ਕਿ ਤੀਸਰਾ ਵਿਸ਼ਵ ਯੁੱਧ ਕਿਨ੍ਹਾਂ ਹਥਿਆਰਾਂ ਨਾਲ ਲੜਿਆ ਜਾਵੇਗਾ, ਪਰ ਚੌਥਾ ਵਿਸ਼ਵ ਯੁੱਧ ਸੋਟੀਆਂ ਤੇ ਪੱਥਰਾਂ ਨਾਲ ਲੜਿਆ ਜਾਵੇਗਾ। ਗਾਇਕ ਤੇ ਲੇਖਕ ਜਿਮੀ ਹੈਂਡਰਿਕਸ ਅਨੁਸਾਰ, 'ਆਲਮ ਅਮਨ ਬਾਰੇ ਉਦੋਂ ਜਾਣ ਜਾਏਗਾ, ਜਦ ਪ੍ਰੇਮ ਦੀ ਤਾਕਤ,ਤਾਕਤ ਦੇ ਪ੍ਰੇਮ ਨੂੰ ਸਰ ਕਰ ਲਏਗੀ।' ਪੰਜਾਬੀ ਗਾਇਕ ਅਮਰਜੀਤ ਗੁਰਦਾਸਪੁਰੀ ਸਾਰੀ ਉਮਰ ਤੇਰਾ ਸਿੰਘ ਚੰਨ ਦੇ ਲਿਖੇ ਗੀਤ ਰਾਹੀਂ ਅਮਨ ਦਾ ਹੋਕਾ ਦਿੰਦਾ ਰਿਹਾ-'ਕਾਗ ਸਮੇਂ ਦਾ ਬੋਲਿਆ ਅਮਨਾਂ ਦੀ ਬੋਲੀ/ਮਾਖਿਉਂ ਵਰਗੀ ਮਸਤੀ ਜਿਸ ਕਣ-ਕਣ ਘੋਲੀ।'

ਮਹਾਨ ਸ਼ਾਇਰ ਸ਼ਿਵ ਕੁਮਾਰ ਬਟਾਲਵੀ ਦੀਆਂ ਜੰਗ ਵਿਰੁੱਧ ਤੇ ਅਮਨ-ਪੱਖੀ ਸਤਰਾਂ ਨਾਲ ਗੱਲ ਸਮੇਟਾਂਗੇ:

'ਸੁਣਿਉਂ ਵੇ ਕਲਮਾਂ ਵਾਲਿਉ/ਸੁਣਿਉਂ ਵੇ ਅਕਲਾਂ ਵਾਲਿਉ/ਹੈ ਅੱਖ ਚੁਭੀ ਅਮਨ ਦੀ/ਆਇਉ ਵੇ ਫੂਕਾਂ ਮਾਰਿਉ।'

# ਸੰਪਰਕ : 98766-55055

# ਮੰਦਬੁੱਧੀ ਬੱਚਿਆਂ ਪ੍ਰਤੀ ਮਾਪਿਆਂ ਤੇ ਸਮਾਜ ਦੀ ਸੋਚ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਕਿਸੇ ਵੀ ਮਾਂ-ਬਾਪ ਦੀ ਔਲਾਦ ਦਾ ਮੰਦਬੁੱਧੀ ਹੋਣਾ ਕਾਫੀ ਕਸ਼ਟਦਾਇਕ ਕੁਦਰਤੀ ਵਰਤਾਰਾ ਹੈ। ਇਸ ਵਿਚ ਕਿਸੇ ਦਾ ਵੀ ਦੋਸ਼ ਨਹੀਂ ਹੁੰਦਾ ਹੈ, ਪਰ ਕੌੜਾ ਸੱਚ ਇਹੋ ਹੈ ਕਿ ਸੰਬੰਧਿਤ ਮਾਪਿਆਂ ਨੂੰ ਬੱਚੇ ਦੀ ਪਰਵਰਿਸ਼ ਲਈ ਭਾਰੀ ਕਸ਼ਟ ਉਠਾਉਣਾ ਪੈਂਦਾ ਹੈ ਤੇ ਉਸ ਕਸ਼ਟ ਦੇ ਕਾਰਨ ਵਿਚ ਵੱਡਾ ਹਿਸਾ ਉਨ੍ਹਾ ਦੇ ਮੰਦਬੁੱਧੀ ਬੱਚੇ ਦਾ ਨਹੀਂ, ਸਗੋਂ ਉਸ ਬੱਚੇ ਪ੍ਰਤੀ ਸਮਾਜ ਦੀ ਸੋਚ ਅਤੇ ਵਿਹਾਰ ਦਾ ਹੁੰਦਾ ਹੈ। ਇਹ ਇਕ ਸਰਬਪ੍ਰਵਾਨਿਤ ਤੱਥ ਹੈ ਕਿ ਬੱਚਾ ਚਾਹੇ ਕਾਲਾ ਹੋਵੇ, ਮੋਟਾ ਹੋਵੇ, ਬਦਸੂਰਤ ਹੋਵੇ ਜਾਂ ਫਿਰ ਮੰਦਬੁੱਧੀ ਹੀ ਕਿਉਂ ਨਾ ਹੋਵੇ, ਮਾਪਿਆਂ ਲਈ ਤਾਂ ਉਹ ਉਨ੍ਹਾਂ ਦੀਆਂ 'ਅੱਖਾਂ ਦਾ ਤਾਰਾ' ਅਤੇ 'ਜਿਗਰ ਦਾ ਟੁਕੜਾ' ਹੁੰਦਾ ਹੈ।

ਬੀਤੇ ਦਿਨੀਂ ਮੇਰੀ ਇਕ ਨਜ਼ਦੀਕੀ ਰਿਸ਼ਤੇਦਾਰੀ ਵਿਚ ਇਕ ਬੇਟੀ ਦਾ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਉਹ ਬੇਟੀ ਬਚਪਨ ਤੋਂ ਹੀ ਮੰਦਬੁੱਧੀ ਸੀ ਤੇ ਹੁਣ 35 ਵਰ੍ਹਿਆਂ ਤੋਂ ਵੀ ਵੱਧ ਉਮਰ ਦੀ ਹੋ ਚੁੱਕੀ ਸੀ। ਉਸ ਨੂੰ ਰਿਸ਼ਤਿਆਂ ਦੀ ਪੂਰੀ ਸਮਝ ਅਤੇ ਰਿਸ਼ਤੇਦਾਰਾਂ ਦੀ ਪੂਰੀ ਪਹਿਚਾਣ ਸੀ। ਉਸ ਨੂੰ ਚੱਲਣ, ਫ਼ਿਰਨ, ਗੱਲ ਨੂੰ ਸਮਝਣ ਅਤੇ ਵਾਪਿਸ ਆਪਣੀ ਪ੍ਰਤੀਕਿਰਿਆ ਦੇਣ ਵਿਚ ਥੋੜ੍ਹੀ ਪ੍ਰੇਸ਼ਾਨੀ ਹੁੰਦੀ ਸੀ। ਉਸ ਦਾ ਦਿਮਾਗ ਇੰਜ ਦਾ ਸੀ ਕਿ ਉਹ ਕੁਝ ਇਕ ਗੱਲਾਂ ਵਾਰ-ਵਾਰ ਦੁਹਰਾਈ ਜਾਂਦੀ ਸੀ ਤੇ ਕਈ ਵਾਰ ਕਿੰਨਾ ਚਿਰ ਆਪਮੁਹਾਰੇ ਬੋਲਦੀ ਰਹਿੰਦੀ ਸੀ। ਉਸਦੇ ਨਾਲ ਘਰ ਵਿਚ ਰਹਿੰਦੇ ਉਸ ਦੇ ਮਾਪੇ, ਭਰਾ-ਭਰਜਾਈ ਅਤੇ ਭਤੀਜੀਆਂ ਉਸ ਨੂੰ ਬਹੁਤ ਪਿਆਰ ਕਰਦੇ ਸਨ ਤੇ ਪੂਰੇ ਤਨ-ਮਨ ਨਾਲ ਉਸ ਦੀ ਦੇਖ਼ਭਾਲ ਕਰਦੇ ਸਨ। ਇਸ ਵੇਲੇ ਇਹ ਪਰਵਾਰ ਨਵਾਂ ਘਰ ਬਣਾ ਰਿਹਾ ਸੀ ਤੇ ਇਸ ਨਵੇਂ ਬਣ ਰਹੇ ਘਰ ਦੇ ਮੁੱਖ ਦਰਵਾਜ਼ੇ ਦੇ ਨਾਲ ਸਭ ਤੋਂ ਪਹਿਲਾ ਕਮਰਾ ਇਸ ਬੇਟੀ ਦਾ ਬਣਾਇਆ ਗਿਆ ਸੀ ਤਾਂ ਜੋ ਉਹ ਖਿੜਕੀ ਜਾਂ ਦਰਵਾਜ਼ੇ ਕੋਲ਼ ਬੈਠੀ ਬਾਹਰ ਦੀ ਰੌਣਕ ਤੱਕਦੀ ਰਹੇ ਤੇ ਉਸਦਾ ਮਨ ਲੱਗਾ ਰਹੇ। ਹੁਣ ਉਸ ਦੇ ਅਚਨਚੇਤ ਹੀ ਬਾਂਹ ਛੁਡਾ ਕੇ ਸਦਾ ਲਈ ਤੁਰ ਜਾਣ ਕਰਕੇ ਉਸ ਦੇ ਪਰਵਾਰ ਦਾ ਉਸ ਨੂੰ ਖ਼ੁਸ਼ ਵੇਖਣ ਦਾ ਸੁਫ਼ਨਾ ਕੇਵਲ ਇਕ ਸੁਫ਼ਨਾ ਬਣ ਕੇ ਰਹਿ ਗਿਆ ਹੈ।

ਇਸ ਬੱਚੀ ਦੇ ਨਮਿਤ ਰੱਖੇ ਗਏ ਪਾਠ ਦੇ ਭੋਗ ਉਪਰੰਤ ਅੰਤਮ ਅਰਦਾਸ ਦਾ ਸਮਾਗਮ ਇਕ ਗੁਰਦੁਆਰਾ ਸਾਹਿਬ ਵਿਖੇ ਰੱਖਿਆ ਗਿਆ ਸੀ। ਸਮੂਹ ਰਿਸ਼ਤੇਦਾਰ ਤੇ ਮੁਹੱਲੇਦਾਰ ਇਸ ਦੁੱਖ ਦੀ ਘੜੀ ਵਿਚ ਪਰਵਾਰ ਦਾ ਦੁੱਖ ਵੰਡਣ ਲਈ ਉਥੇ ਹਾਜ਼ਰ ਸਨ। ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ ਦਾ ਮੁੱਖ ਦਰਵਾਜ਼ਾ ਸ਼ੀਸ਼ੇ ਵਾਲਾ ਸੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿਯਮਾਂ ਅਨੁਸਾਰ ਸਵਰਗਵਾਸੀ ਬੇਟੀ ਦੀ ਇਕ ਤਸਵੀਰ ਇਸ ਸ਼ੀਸ਼ੇ ਵਾਲੇ ਦਰਵਾਜ਼ੇ ਦੇ ਬਾਹਰ ਇਕ ਕੁਰਸੀ 'ਤੇ ਰੱਖੀ ਗਈ ਸੀ ਤੇ ਸ਼ਰਧਾਂਜਲੀ ਵਜੋਂ ਇਸ ਤਸਵੀਰ 'ਤੇ ਚੜ੍ਹਾਉਣ ਹਿਤ ਕੁਝ ਕੁਦਰਤੀ ਫੁੱਲ ਵੀ ਤਸਵੀਰ ਦੇ ਨੇੜੇ ਰੱਖੇ ਗਏ ਸਨ। ਮੈਂ ਹਾਲ ਦੇ ਅੰਦਰ ਪਰ ਉਸ ਸ਼ੀਸ਼ੇ ਵਾਲੇ ਦਰਵਾਜ਼ੇ ਦੇ ਐਨ ਸਾਹਮਣੇ ਬੈਠਾ ਸਾਂ। ਸਭ ਰਿਸ਼ਤੇ-ਨਾਤੇਦਾਰ ਦਰਬਾਰ ਹਾਲ ਵਿਚ ਬੈਠੇ ਗੁਰਬਾਣੀ ਕੀਰਤਨ ਸਰਵਣ ਕਰ ਰਹੇ ਸਨ। ਮੈਂ ਸ਼ੀਸ਼ੇ ਰਾਹੀਂ ਦੇਖ਼ ਰਿਹਾ ਸਾਂ ਕਿ ਸੰਬੰਧਤ ਬੇਟੀ ਦੇ ਪਿਤਾ ਜੀ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਰੁਮਾਲਾ ਸਾਹਿਬ ਲੈ ਕੇ ਆ ਰਹੇ ਸਨ ਤੇ ਦਰਬਾਰ ਹਾਲ ਵਿਚ ਪ੍ਰਵੇਸ਼ ਕਰਨ ਲਈ ਉਨ੍ਹਾ ਜਿਵੇਂ ਹੀ ਦਰਵਾਜ਼ੇ ਨੂੰ ਹੱਥ ਪਾਇਆ ਤਾਂ ਦਰਵਾਜ਼ੇ ਦੇ ਕੋਲ ਕੁਰਸੀ 'ਤੇ ਪਈ ਆਪਣੀ ਲਾਡਲੀ ਧੀ ਦੀ ਤਸਵੀਰ ਵੇਖ਼ ਕੇ ਉਹ ਅੰਦਰ ਆਉਣ ਦੀ ਥਾਂ ਉਥੇ ਦਰਵਾਜ਼ੇ ਦੇ ਬਾਹਰ ਹੀ ਖਲੋ ਗਏ। ਮੈਂ ਵੇਖਿਆ ਕਿ ਉਨ੍ਹਾ ਦੀਆਂ ਅੱਖਾਂ ਵਿਚ ਹੰਝੂ ਸਨ ਤੇ ਬੁੱਲ੍ਹ ਕੰਬ ਰਹੇ ਸਨ। ਸ਼ਾਇਦ ਉਹ ਆਪਣੀ ਧੀ ਨਾਲ ਕੋਈ ਗੱਲ ਕਰ ਰਹੇ ਸਨ, ਜਿਸ ਬਾਪ ਨੇ ਧੀ ਦੀ ਡੋਲੀ ਤੋਰਨੀ ਹੋਵੇ, ਜਦੋਂ ਉਸ ਬਾਪ ਨੂੰ ਧੀ ਦੀ ਅਰਥੀ ਤੋਰਨੀ ਪੈ ਜਾਵੇ ਤਾਂ ਉਸ ਬਦਕਿਸਮਤ ਬਾਪ ਦੇ ਦਿਲੋ-ਦਿਮਾਗ ਦੀ ਕੀ ਹਾਲਤ ਹੋ ਸਕਦੀ ਹੈ, ਇਸ ਨੂੰ ਲਫ਼ਜ਼ਾਂ ਵਿਚ ਨਹੀਂ ਬਿਆਨਿਆ ਜਾ ਸਕਦਾ ਹੈ।

ਮੈਂ ਸੋਚ ਰਿਹਾ ਸਾਂ ਕਿ ਲੋਕ ਸ਼ਾਇਦ ਇਹ ਸੋਚਦੇ ਹੋਣਗੇ ਕਿ ਇਕ ਮੰਦਬੁੱਧੀ ਬੱਚੇ ਨੂੰ ਪਾਲਣਾ,ਪੋਸਣਾ ਤੇ ਵੱਡਾ ਕਰਨਾ ਮਾਪਿਆਂ ਲਈ ਬੜਾ ਹੀ ਵੱਡਾ 'ਬੋਝ' ਹੁੰਦਾ ਹੈ। ਅਜਿਹੇ ਮਾਪੇ ਆਪਣੇ ਬੱਚੇ ਕਰਕੇ 'ਬੱਝ' ਜਿਹੇ ਜਾਂਦੇ ਹਨ ਤੇ ਕਿਧਰੇ ਵੀ ਦੂਰ-ਨੇੜੇ ਆਉਣ-ਜਾਣ ਵਿਚ ਉਨ੍ਹਾਂ ਨੂੰ ਦਿੱਕਤਾਂ ਪੇਸ਼ ਆਉਂਦੀਆਂ ਹਨ। ਬੱਚਾ ਚਾਹੇ ਵੱਡਾ ਵੀ ਹੋ ਗਿਆ ਹੋਵੇ, ਪਰ ਮਾਪੇ ਫਿਰ ਵੀ ਕਿਸੇ ਵੀ ਹਾਲਤ ਵਿਚ ਆਪਣੇ ਅਜਿਹੇ ਬੱਚੇ ਨੂੰ ਇਕੱਲਾ ਛੱਡ ਕੇ ਦੂਜੇ ਮਾਪਿਆਂ ਵਾਂਗ ਆਸਾਨੀ ਨਾਲ ਨਹੀਂ ਜਾ ਸਕਦੇ ਹਨ। ਸਮਾਜ ਵਿਚਲੇ ਕੁਝ ਲੋਕ ਤਾਂ ਇਥੋਂ ਤੱਕ ਵੀ ਸੋਚਦੇ ਹਨ ਕਿ ਅਜਿਹੇ ਬੱਚਿਆਂ ਦੇ ਮਾਪੇ ਜਦੋਂ ਬਿਰਧ ਅਵਸਥਾ ਵਿਚ ਪੁੱਜ ਜਾਂਦੇ ਹਨ ਜਾਂ ਕਿਸੇ ਕਾਰਨ ਕਰਕੇ ਇਸ ਸੰਸਾਰ ਤੋਂ ਹੀ ਚਲੇ ਜਾਂਦੇ ਹਨ ਤਾਂ ਅਜਿਹੇ ਬੱਚਿਆਂ ਦਾ ਜਿਊਣਾ ਤੇ ਪਾਲਣ-ਪੋਸ਼ਣ ਬੇਹੱਦ ਔਖਾ ਹੋ ਜਾਂਦਾ ਹੈ। ਮਾਪਿਆਂ ਦੇ ਤੁਰ ਜਾਣ ਮਗਰੋਂ ਕਈ ਬੱਚੇ ਤਾਂ ਬੁਰੀ ਤਰ੍ਹਾਂ ਰੁਲ ਜਾਂਦੇ ਹਨ। ਮੇਰੇ ਮਾਤਾ ਜੀ ਦੇ ਦੱਸਣ ਅਨੁਸਾਰ ਉਨ੍ਹਾ ਦੇ ਚਾਚਾ ਜੀ ਦਾ ਇਕਲੌਤਾ ਬੇਟਾ ਵੀ ਮੰਦਬੁੱਧੀ ਸੀ ਤੇ ਆਪਣੇ ਮਾਪਿਆਂ ਦੇ ਦੇਹਾਂਤ ਤੋਂ ਪਿੱਛੋਂ ਉਹ ਮੰਦਬੁੱਧੀ ਨੌਜਵਾਨ ਰਿਸ਼ਤੇਦਾਰਾਂ ਵੱਲੋਂ ਕੀਤੀ ਗਈ ਅਣਦੇਖੀ ਕਰਕੇ ਬੜੀ ਬੁਰੀ ਤਰ੍ਹਾ ਰੁਲਿਆ ਸੀ।

ਸਮਾਜ ਦੇ ਕਈ ਕਠੋਰ ਹਿਰਦੇ ਵਾਲੇ ਲੋਕ ਤਾਂ ਇਥੋਂ ਤੱਕ ਵੀ ਗੱਲ ਕਰ ਜਾਂਦੇ ਹਨ ਕਿ 'ਅਜਿਹੇ ਬੱਚੇ ਜੇਕਰ ਮਾਪਿਆਂ ਦੇ ਜਿਊਂਦੇ ਜੀਅ ਹੀ ਇਸ ਸੰਸਾਰ ਤੋਂ ਚਲੇ ਜਾਣ ਤਾਂ ਚੰਗਾ ਹੋਵੇ', ਕਿਉਂਕਿ ਮਾਪੇ ਘੱਟੋ-ਘੱਟ ਇਹ ਬੋਝ ਆਪਣੇ ਮਨ 'ਤੇ ਲੈ ਕੇ ਤਾਂ ਨਹੀਂ ਮਰਨਗੇ ਕਿ ਉਨ੍ਹਾਂ ਦੇ ਬਾਅਦ ਉਨ੍ਹਾਂ ਦੀ ਔਲਾਦ ਦਾ ਕੀ ਹਾਲ ਹੋਵੇਗਾ?' ਮੇਰੀ ਜਾਚੇ ਸਮਾਜ ਦੇ ਇਕ ਵਰਗ ਦੀ ਅਜਿਹੀ ਸੋਚ ਪੂਰੀ ਤਰ੍ਹਾਂ ਗ਼ਲਤ ਅਤੇ ਨਾਵਾਜਿਬ ਹੈ। ਮਾਪਿਆਂ ਲਈ ਉਨ੍ਹਾਂ ਦਾ ਬੱਚਾ ਚਾਹੇ ਜਿਵੇਂ ਦਾ ਵੀ ਹੋਵੇ, ਜਾਨ ਤੋਂ ਪਿਆਰਾ ਹੁੰਦਾ ਹੈ। ਅਨਾਥ ਮੰਦਬੁੱਧੀ ਬੱਚਿਆਂ ਲਈ ਕਈ ਸਮਾਜ ਸੇਵੀ ਸੰਸਥਾਵਾਂ ਕਾਰਜਸ਼ੀਲ ਹਨ ਤੇ ਸਰਕਾਰ ਨੂੰ ਵੀ ਇਸ ਤਰ੍ਹਾਂ ਦੇ ਬੱਚਿਆਂ ਤੇ ਨੌਜਵਾਨਾਂ ਦੇ ਮੁੜ-ਵਸੇਬੇ ਲਈ ਵਿਸ਼ੇਸ਼ ਯੋਜਨਾ ਜਾਰੀ ਕਰਨੀ ਚਾਹੀਦੀ ਹੈ। ਜੇਕਰ ਅਜਿਹੀ ਕੋਈ ਯੋਜਨਾ ਹੋਂਦ ਵਿਚ ਹੈ ਤਾਂ ਉਸ ਬਾਰੇ ਆਮ ਲੋਕਾਂ ਨੂੰ ਜਾਗਰੂਕ ਜ਼ਰੂਰ ਕੀਤਾ ਜਾਵੇ, ਤਾਂ ਜੋ ਲੋਕ ਮੰਦਬੁੱਧੀ ਬੱਚਿਆਂ ਨੂੰ ਲੈ ਕੇ ਗ਼ਲਤ ਧਾਰਨਾਵਾਂ ਆਪਣੇ ਮਨਾਂ ਵਿਚ ਨਾ ਪਾਲਣ।

# ਸੰਪਰਕ : 97816-46008

# ਆਓ ਕਾਮਨ ਸਕੂਲ ਪ੍ਰਣਾਲੀ ਲਾਗੂ ਕਰਵਾਉਣ ਲਈ ਹੰਭਲਾ ਮਾਰੀਏ

**ਜਿੰਦਰ ਪਾਇਲਟ ਲਾਧੂਕਾ**

ਕਾਮਨ ਸਕੂਲ ਸਿਸਟਮ (CSS) ਇੱਕ ਅਜਿਹਾ ਵਿੱਦਿਅਕ ਢਾਂਚਾ, ਜਿਸ ਵਿੱਚ ਸਮਾਜਿਕ-ਆਰਥਿਕ, ਜਾਤੀ, ਧਾਰਮਿਕ ਜਾਂ ਰਾਜਨੀਤਿਕ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ ਸਾਰੇ ਬੱਚਿਆਂ ਨੂੰ ਮੁਫ਼ਤ, ਉੱਚ-ਗੁਣਵੱਤਾ ਵਾਲੀ ਅਤੇ ਬਰਾਬਰ ਦੀ ਸਿੱਖਿਆ ਪ੍ਰਦਾਨ ਕਰਨਾ ਹੈ।ਇਹ ਵਿੱਦਿਅਕ ਗੁਣਵੱਤਾ ਵਿੱਚ ਅਸਮਾਨਤਾਵਾਂ ਨੂੰ ਖਤਮ ਕਰਨ ਅਤੇ ਨਿੱਜੀ, ਮਹਿੰਗੇ ਜਾਂ ਉੱਚ ਪੱਧਰੀ ਸਕੂਲਿੰਗ ਵਿਕਲਪਾਂ ਦੀ ਜ਼ਰੂਰਤ ਨੂੰ ਘਟਾਉਣ ਵਿੱਚ ਸਹਾਈ ਹੁੰਦਾ ਹੈ।ਭਾਰਤ ਦੇ ਸਿੱਖਿਆ ਕਮਿਸ਼ਨ (1964-66) ਅਤੇ ਰਾਸ਼ਟਰੀ ਸਿੱਖਿਆ ਨੀਤੀ 1986 ਵਿੱਚ ਕਾਮਨ ਸਕੂਲ ਸਿੱਖਿਆ ਸੰਕਲਪ 'ਤੇ ਬਹੁਤ ਜ਼ੋਰ ਦਿੱਤਾ ਗਿਆ ਸੀ, ਪ੍ਰੰਤੂ ਸਮੇਂ ਦੀਆਂ ਹਕੂਮਤਾਂ ਨੇ ਕਾਮਨ ਸਕੂਲ ਪ੍ਰਣਾਲੀ ਨੂੰ ਸਰਮਾਏਦਾਰ ਲੋਕਾਂ ਲਈ ਵਿੱਦਿਆ ਨੂੰ ਵਪਾਰੀਕਰਨ ਕਰਨ ਲਈ ਕਾਮਨ ਸਕੂਲ ਪ੍ਰਣਾਲੀ ਤੋਂ ਹੱਥ ਪਿੱਛੇ ਖਿੱਚ ਲਿਆ।

ਸੁਤੰਤਰਤਾ ਪ੍ਰਾਪਤੀ ਉਪਰੰਤ ਮੁੱਢਲੀ ਸਿੱਖਿਆ ਨੂੰ ਪਹਿਲ ਦਿੰਦਿਆਂ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਵਿੱਚ ਦਰਜ ਕੀਤਾ ਗਿਆ ਕਿ ਵਿਧਾਨ ਲਾਗੂ ਹੋਣ ਤੋਂ ਲੱਗਭੱਗ 10 ਸਾਲ ਦੇ ਸਮੇਂ ਦੇ ਅੰਦਰ 14 ਸਾਲ ਤੱਕ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਮੁੱਢਲੀ, ਜ਼ਰੂਰੀ ਅਤੇ ਚੰਗੀ ਸਿੱਖਿਆ ਦਾ ਉਦੇਸ਼ ਪੂਰਾ ਕਰ ਲਿਆ ਜਾਵੇਗਾ।ਇਸ ਵਿਵਸਥਾ ਦਾ ਪਿਛੋਕੜ ਇਹ ਹੈ ਕਿ ਬਰਤਾਨਵੀ ਹਕੂਮਤ ਸਮੇਂ ਵੀ ਅੰਗਰੇਜ਼ਾਂ ਵੱਲੋਂ ਲਾਗੂ ਭਾਰਤੀ ਵਿੱਦਿਆ ਨੀਤੀ ਵਿਰੁੱਧ ਦੇਸ਼ ਭਰ ਵਿੱਚ ਜੱਦੋ-ਜਹਿਦ ਕਰਦੇ ਹੋਏ ਗਦਰੀ ਬਾਬਿਆਂ, ਦੇਸ਼ ਭਗਤਾਂ, ਬੁੱਧੀਜੀਵੀਆਂ, ਅਧਿਆਪਕਾਂ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਵਿਦਿਆਰਥੀ ਲਹਿਰਾਂ) ਨੇ ਸਾਰਿਆਂ ਲਈ ਇਕਸਾਰ, ਮੁੱਢਲੀ, ਜ਼ਰੂਰੀ ਅਤੇ ਮਿਆਰੀ ਵਿੱਦਿਆ ਲਈ ਜ਼ੋਰਦਾਰ ਸੰਘਰਸ਼ ਕੀਤਾ ਸੀ।

ਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਦੀ ਭਾਵਨਾ ਅਧੀਨ ਕੋਠਾਰੀ ਕਮਿਸ਼ਨ ਬਣਾਇਆ ਗਿਆ। ਡਾ. ਦੌਲਤ ਸਿੰਘ ਕੋਠਾਰੀ ਨੂੰ ਕਮਿਸ਼ਨ ਦਾ ਚੇਅਰਮੈਨ ਅਤੇ ਜੇ.ਪੀ. ਨਾਇਕ ਨੂੰ ਸਕੱਤਰ ਨਿਯੁਕਤ ਕੀਤਾ ਗਿਆ। ਕੋਠਾਰੀ ਕਮਿਸ਼ਨ ਵਿੱਚ ਕੁੱਲ 18 ਮੈਂਬਰ ਸਨ।ਸਿੱਖਿਆ ਕਮਿਸ਼ਨ 1964-66 ਦੀਆਂ ਸਿਫਾਰਸ਼ਾਂ 'ਤੇ ਅਧਾਰਤ 1968 ਵਿੱਚ ਕੌਮੀ ਸਿੱਖਿਆ ਨੀਤੀ ਲੋਕ ਸਭਾ ਵੱਲੋਂ ਸਰਬ-ਸੰਮਤੀ ਨਾਲ ਸਵੀਕਾਰ ਕੀਤੀ ਗਈ। ਇਸ ਕੌਮੀ ਸਿੱਖਿਆ ਨੀਤੀ ਅਨੁਸਾਰ ਸਾਰਿਆਂ ਨੂੰ ਇਕਸਾਰ ਵਿੱਦਿਆ ਦੇ ਮੌਕੇ ਪ੍ਰਦਾਨ ਕਰਨ ਲਈ ਸਰਕਾਰੀ ਖੇਤਰ ਵਿੱਚ ਕਾਮਨ ਸਕੂਲ ਪ੍ਰਣਾਲੀ ਸਥਾਪਤ ਕਰਨਾ ਸਵੀਕਾਰ ਕੀਤਾ ਗਿਆ। ਇੱਥੋਂ ਹੀ ਸ਼ੁਰੂਆਤ ਹੋਈ ਕਾਮਨ ਸਕੂਲ ਪ੍ਰਣਾਲੀ, ਜਿਸ ਵਿੱਚ ਇੱਕ ਤਰ੍ਹਾਂ ਦੇ ਸਕੂਲ, ਇੱਕ ਸਾਰ ਪਾਠਕ੍ਰਮ ਆਦਿ, ਜਿਸ ਨਾਲ ਹਰ ਵਰਗ ਦੇ ਵਿਦਿਆਰਥੀ ਇੱਕ ਛੱਤ ਹੇਠ ਵਿੱਦਿਆ ਗ੍ਰਹਿਣ ਕਰ ਸਕਦੇ ਸਨ, ਜਿਸ ਨਾਲ ਹਰ ਤਰ੍ਹਾਂ ਦੇ ਭੇਦਭਾਵ ਨੂੰ ਖਤਮ ਕੀਤਾ ਜਾ ਸਕਦਾ ਸੀ।ਵਰਨਣਯੋਗ ਹੈ ਕਿ 1968 ਵਿੱਚ ਇਸ ਨੀਤੀ ਨੂੰ ਅਪਣਾਉਂਦੇ ਸਮੇਂ ਹੀ ਵਿਧਾਨਕ ਨਿਰਦੇਸ਼ਕ ਸਿਧਾਂਤਾਂ ਦੀ ਉਲੰਘਣਾ ਕਰਦੇ ਹੋਏ 3-5 ਸਾਲ ਤੱਕ ਦੇ ਬੱਚਿਆਂ ਦੀਆਂ ਪ੍ਰੀ-ਪ੍ਰਾਇਮਰੀ ਜਮਾਤਾਂ ਆਰੰਭ ਕਰਨ ਦੀ ਵਿਵਸਥਾ ਵਿੱਚੋਂ ਕੱਢ ਹੀ ਦਿੱਤੀ ਗਈ।ਉਪਰੋਕਤ ਪਾਸ ਕੀਤੀ ਨੀਤੀ ਤੇ ਹੋਣ ਵਾਲੇ ਪ੍ਰਭਾਵੀ ਖਰਚਿਆਂ ਦੀ ਪੂਰਤੀ ਸੰਬੰਧੀ ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਹਰ ਸਾਲ ਕੇਂਦਰੀ ਬੱਜਟ ਦਾ 10 ਫੀਸਦੀ ਅਤੇ ਰਾਜ ਸਰਕਾਰ ਦੇ ਵਾਰਸ਼ਕ ਬੱਜਟ ਦਾ 30 ਫੀਸਦੀ ਸਿੱਖਿਆ ਲਈ ਰਾਖਵਾਂ ਰੱਖਣਾ ਲਾਜ਼ਮੀ ਸੀ ਅਤੇ ਇਸ ਬਜਟ ਦਾ ਵਧੇਰੇ ਹਿੱਸਾ ਪ੍ਰਾਇਮਰੀ ਅਤੇ ਸੈਕੰਡਰੀ ਸਿੱਖਿਆ ਲਈ ਰੱਖਿਆ ਜਾਣਾ ਸੀ। ਸਾਲਾਨਾ ਖਰਚਿਆਂ ਦੀ ਇਹ ਵਿਵਸਥਾ ਕਿਸੇ ਵੀ ਵਾਰਸ਼ਿਕ ਬਜਟ ਜਾਂ ਪੰਜ ਸਾਲਾ ਯੋਜਨਾਵਾਂ ਵਿੱਚ ਲਾਗੂ ਨਹੀਂ ਕੀਤੀ ਗਈ।

1986 ਵਿਚ ਦੇਸ਼ ਭਰ ਵਿੱਚ ਸਿੱਖਿਆ ਦੇ ਪੱਧਰ ਦੀ ਪੜਚੋਲ ਸਮੇਂ ਉਪਰੋਕਤ ਕਮੀਆਂ ਸਵੀਕਾਰ ਕੀਤੀਆਂ ਗਈਆਂ, ਜਿਨ੍ਹਾਂ ਦੇ ਸਿੱਟੇ ਵਜੋਂ ਦੇਸ਼ ਭਰ ਵਿੱਚ ਲੱਖਾਂ ਸਕੂਲ ਇਮਾਰਤਾਂ ਤੋਂ ਬਿਨਾਂ, ਡਿਗਦੀਆਂ-ਢਹਿੰਦੀਆਂ ਇਮਾਰਤਾਂ ਵਾਲੇ ਸਕੂਲ, ਜ਼ਰੂਰੀ ਸਹੂਲਤਾਂ ਤੋਂ ਵਾਂਝੇ ਸਕੂਲ ਅਤੇ ਵੱਡੀ ਗਿਣਤੀ ਵਿੱਚ ਉਹ ਪ੍ਰਾਇਮਰੀ ਸਕੂਲ ਜਿੱਥੇ ਪੰਜ ਜਮਾਤਾਂ ਨੂੰ ਪੜ੍ਹਾਉਣ ਲਈ ਕੇਵਲ ਇਕ ਹੀ ਰੈਗੂਲਰ ਅਧਿਆਪਕ ਸੀ।

ਵਰਨਣਯੋਗ ਹੈ ਕਿ ਅਜਿਹੀ ਸਥਿਤੀ ਅੱਜ ਦੇਸ਼ ਆਜ਼ਾਦ ਹੋਣ ਤੋਂ ਲੱਗਭੱਗ 79 ਸਾਲ ਬਾਅਦ ਵੀ ਉਹੀ ਹੈ। ਪੰਜਾਬ ਰਾਜ ਦੇ ਹਿੰਦੁਸਤਾਨ ਅਤੇ ਪਾਕਿਸਤਾਨ ਦੇ ਸਰਹੱਦੀ ਖੇਤਰ ਦੇ ਲੱਗਭੱਗ ਸਾਰੇ ਸਕੂਲ ਸਿੰਗਲ ਟੀਚਰ ਸਕੂਲ ਹਨ।

1986 ਦੀ ਨਵੀਂ ਸਿੱਖਿਆ ਨੀਤੀ ਅਧੀਨ ਮੁੜ ਐਲਾਨ ਕੀਤਾ ਗਿਆ ਕਿ ਸਿੱਖਿਆ ਉਪਰ ਦੇਸ਼ ਦੇ ਸਾਲਾਨਾ ਕੌਮੀ ਘਰੇਲੂ ਉਤਪਾਦਨ ਦਾ 6 ਪ੍ਰਤੀਸ਼ਤ ਖਰਚਿਆ ਜਾਵੇਗਾ।ਇਸੇ ਨੀਤੀ ਵਿੱਚ ਐਲਾਨ ਕੀਤੀ ਸਕੀਮ 'ਬਲੈਕ ਬੋਰਡ ਉਪਰੇਸ਼ਨ' ਅਧੀਨ ਸਾਰੇ ਦੇਸ਼ ਦੇ ਪ੍ਰਾਇਮਰੀ ਸਕੂਲਾਂ ਵਿੱਚ ਘੱਟੋ-ਘੱਟ ਦੋ ਰੈਗੂਲਰ ਪ੍ਰਾਇਮਰੀ ਅਧਿਆਪਕ ਤੁਰੰਤ ਦਿੱਤੇ ਜਾਣ ਅਤੇ 1992 ਵਿੱਚ ਇਹ ਸਾਰੇ ਸਕੂਲ ਤਿੰਨ ਅਧਿਆਪਕਾਂ ਵਾਲੇ ਸਕੂਲ ਬਣਾ ਦਿੱਤੇ ਜਾਣ।ਇਸ ਨੀਤੀ ਵਿੱਚ ਨਿਰਧਾਰਤ ਕੀਤੀ ਸਾਰਿਆਂ ਲਈ ਇਕਸਾਰ ਸਕੂਲੀ ਸਿੱਖਿਆ ਦੀ ਪਹੁੰਚ ਵਿੱਚ ਤਬਦੀਲੀ ਕਰਕੇ ਚੰਗੀ ਸਿੱਖਿਆ ਦੇ ਨਾਂਅ 'ਤੇ ਨਵੋਦਿਆ ਸਕੂਲ ਪ੍ਰਣਾਲੀ ਆਰੰਭ ਕੀਤੀ ਗਈ ਅਤੇ ਪ੍ਰਾਇਮਰੀ ਮਿਡਲ ਸਕੂਲਾਂ ਤੋਂ ਬਾਹਰ ਰਹਿ ਗਏ, ਜਾਂ ਸਕੂਲ ਛੱਡ ਗਏ ਬੱਚਿਆਂ ਨੂੰ ਵਿਸ਼ੇਸ਼ ਯਤਨਾਂ ਰਾਹੀਂ ਸਥਾਪਤ ਸਕੂਲਾਂ ਵਿੱਚ ਵਾਪਸ ਲਿਆਉਣ ਦੀ ਥਾਂ ਸਕੂਲੀ ਪ੍ਰਬੰਧ ਦੇ ਸਮਾਨਅੰਤਰ ਬਾਲਗ ਵਿਦਿਆ ਸਕੀਮ ਚਾਲੂ ਕੀਤੀ ਗਈ, ਜਿਸ ਨੇ ਸਿੱਖਿਆ ਵਿੱਚ ਨਵੇਂ ਮਿਲਗੋਭੇ ਨੂੰ ਜਨਮ ਦਿੱਤਾ।ਇਸ ਸਭ ਭੰਨ-ਤੋੜ ਤੋਂ ਬਿਨਾਂ ਤਹਿ ਕੀਤੇ ਉਦੇਸ਼ਾਂ ਦੀ ਪੂਰਤੀ ਲਈ ਮੁੜ ਲੋੜੀਂਦੇ ਫੰਡ ਵੀ ਪ੍ਰਦਾਨ ਨਾ ਕੀਤੇ ਗਏ।

1986 ਦੀ ਰਾਸ਼ਟਰੀ ਸਿੱਖਿਆ ਨੀਤੀ (NPE) ਦੇ ਲਾਗੂ ਕਰਨ ਅਤੇ ਪ੍ਰਭਾਵ ਦੀ ਸਮੀਖਿਆ ਕੀਤੀ ਗਈ ਸੀ।ਇਸ ਕਮੇਟੀ ਨੇ 1968 ਦੀ ਕੌਮੀ ਸਿੱਖਿਆ ਨੀਤੀ ਅਧੀਨ ਨਿਰਧਾਰਤ ਕੀਤੀ 'ਕਾਮਨ' ਸਕੂਲ ਪ੍ਰਣਾਲੀ' ਨੂੰ ਪੂਰੀ ਤਰ੍ਹਾਂ ਲਾਗੂ ਕਰਨ, 3-5 ਸਾਲ ਦੀ ਆਯੂ ਦੇ ਬੱਚਿਆਂ ਲਈ ਪ੍ਰੀ-ਪ੍ਰਾਇਮਰੀ ਸਿੱਖਿਆ ਅਤੇ ਪ੍ਰਾਇਮਰੀ (ਐਲੀਮੈਂਟਰੀ) ਸਿੱਖਿਆ ਨੂੰ 6-11 ਸਾਲ ਦੀ ਆਯੂ ਗੁੱਟ ਤੋਂ 6-14 ਸਾਲ ਦੀ ਆਯੂ ਗੁੱਟ ਵਿੱਚ ਬਦਲਣ ਦੀ ਸਿਫਾਰਸ਼ ਕੀਤੀ। ਇਸ ਕਮੇਟੀ ਨੇ ਚੰਗੀ ਮੁੱਢਲੀ ਸਿੱਖਿਆ ਲਈ ਅਧਿਆਪਕ-ਵਿਦਿਆਰਥੀ ਅਨੁਪਾਤ 1:30 ਅਤੇ ਹਰ ਸ਼੍ਰੇਣੀ ਲਈ ਇੱਕ ਰੈਗੂਲਰ ਅਧਿਆਪਕ ਨਿਯੁਕਤ ਕਰਨ ਦੀ ਸਿਫਾਰਸ਼ ਵੀ ਕੀਤੀ।

1991 ਵਿੱਚ ਭਾਰਤ ਸਰਕਾਰ ਵੱਲੋਂ ਅਪਣਾਈ ਨਵੀਂ ਆਰਥਿਕ ਨੀਤੀ ਅਧੀਨ ਸਿੱਖਿਆ ਨੀਤੀ ਨੂੰ ਢਾਲਣ ਦੇ ਉਦੇਸ਼ ਨਾਲ ਰਾਮਾ ਮੂਰਤੀ ਕਮੇਟੀ ਦੀਆਂ ਸਿਫਾਰਸ਼ਾਂ 'ਤੇ ਅਮਲ ਦੀਆਂ ਸੰਭਾਵਨਾਵਾਂ ਦੇ ਨਿਰੀਖਣ ਲਈ ਇਕ ਹੋਰ ਕਮੇਟੀ 'ਜਨਾਧਰਨ ਕਮੇਟੀ' ਬਿਠਾ ਦਿੱਤੀ ਗਈ, ਜਿਸ ਨੂੰ ਸੈਂਟਰਲ-ਐਡਵਾਈਜ਼ਰੀ ਬੋਰਡ ਆਫ ਐਜੂਕੇਸ਼ਨ ਨਾਲ ਜੋੜ ਦਿੱਤਾ ਗਿਆ। ਇਸ ਜਨਾਧਰਨ ਕਮੇਟੀ ਨੇ ਰਾਮਾ ਮੂਰਤੀ ਕਮੇਟੀ ਦੀਆਂ ਸਾਰੀਆਂ ਸਿਫਾਰਸ਼ਾਂ ਰੱਦ ਕਰ ਦਿੱਤੀਆਂ।

1990 ਦੀ ਜਾਮੇਟਿਨ ਕਾਨਫਰੰਸ: ਸੰਸਾਰ ਬੈਂਕ ਵੱਲੋਂ ਵਿਕਾਸਸ਼ੀਲ ਦੇਸ਼ਾਂ ਦੀ ਸਿੱਖਿਆ ਨੀਤੀ ਵਿੱਚ ਦਖਲ ਦੇਣ ਦੇ ਇਰਾਦੇ ਨਾਲ ਸਾਰਿਆਂ ਲਈ ਸਿੱਖਿਆ ਦੇ ਨਾਅਰੇ ਹੇਠ ਥਾਈਲੈਂਡ ਦੇ ਸ਼ਹਿਰ ਜਾਮੇਟਿਨ ਵਿਖੇ 1990 ਵਿੱਚ ਸੰਸਾਰ ਪੱਧਰੀ ਕਾਨਫਰੰਸ ਸੱਦੀ ਗਈ।ਭਾਰਤ ਵਿੱਚ ਸਮੇਂ ਅਤੇ ਪਿੱਛੋਂ ਦੀਆਂ ਸਰਕਾਰਾਂ ਨੇ ਸੰਸਾਰ ਬੈਂਕ ਦੀ ਇਸ ਕਾਨਫਰੰਸ ਦੇ ਫੈਸਲੇ ਦੇ ਪ੍ਰਭਾਵ ਕਾਰਨ ਅਮਲ ਕੀਤਾ, ਜਿਸ ਦਾ ਅਸਰ ਇਹ ਹੋਇਆ ਕਿ 1990-91 ਵਿੱਚ ਵਾਰਸ਼ਕ ਬਜਟ ਦਾ ਸਿੱਖਿਆ ਲਈ ਬਜਟ ਘਟਾ ਕੇ ਕੇਵਲ 1.60 ਫੀਸਦੀ, ਤੋਂ ਹੋਰ ਘਟਦਾ ਹੋਇਆ 1994-95 ਵਿੱਚ 1.54 ਫੀਸਦੀ ਤੱਕ ਡਿੱਗ ਗਿਆ।'ਇਸ ਨਵੀਂ ਆਰਥਿਕ ਨੀਤੀ ਦੇ ਸਟਰਕਚਲਰ ਐਡਜਸਟਮੈਂਟ ਪ੍ਰੋਗਰਾਮ ਅਧੀਨ ਸੰਸਾਰ ਬੈਂਕ ਵੱਲੋਂ ਨਿਰਧਾਰਤ (D.P.E.P), ਡਿਸਟ੍ਰਿਕਟ ਪ੍ਰਾਇਮਰੀ ਐਜੂਕੇਸ਼ਨ ਪ੍ਰੋਗਰਾਮ ਦੇ ਪ੍ਰੋਜੈਕਟ ਅਧੀਨ ਮੁੱਢਲੀ ਜ਼ਰੂਰੀ ਚੰਗੀ ਸਿੱਖਿਆ ਨੂੰ ਸਾਖਰਤਾ ਨਾਲ ਰਲਗੱਡ ਕਰ ਦਿੱਤਾ ਗਿਆ ਅਤੇ ਬਲੈਕ ਬੋਰਡ ਸਕੀਮ ਅਧੀਨ ਪ੍ਰਾਇਮਰੀ, ਮਿਡਲ ਸਕੂਲਾਂ ਵਿੱਚ ਲੋੜੀਂਦੀਆਂ ਰੈਗੂਲਰ ਅਧਿਆਪਕ ਨਿਯੁਕਤੀਆਂ ਕਰਨੀਆਂ ਬੰਦ ਕਰ ਦਿੱਤੀਆਂ ਗਈਆਂ ਅਤੇ ਸਾਰੀਆਂ ਪ੍ਰਾਇਮਰੀ ਜਮਾਤਾਂ ਲਈ ਇਕ ਹੀ ਸਾਂਝਾ ਟੀਚਰ (ਮੈਗਾ ਟੀਚਰ) ਦੇਣ ਦੀ ਸ਼ੁਰੂਆਤ ਹੋਈ, ਜਿਸ ਵਿੱਚ ਐਜੂਕੇਸ਼ਨ-ਗਰੰਟੀ-ਸਕੀਮ (EGS),ਸਿੱਖਿਆ-ਕਰਮੀ-ਸਕੀਮ (Education Volunteer), ਜਿਨ੍ਹਾਂ ਵਿੱਚੋਂ ਕੇਵਲ ਪੈਰਾ-ਟੀਚਰ ਭਾਵ ਘੱਟ ਤਨਖਾਹ ਦਿੱਤੀ ਜਾਵੇ, ਸਥਾਨਕ ਮੁੰਡਾ-ਕੁੜੀ ਠੇਕੇ 'ਤੇ (ਸੈਂਟਰ ਸਪੋਂਸਰਡ ਸਕੀਮ ਅਧੀਨ) ਨਿਯੁਕਤ ਕਰਨ ਦੀ ਵਿਵਸਥਾ ਸੀ, ਆਰੰਭ ਕੀਤੀਆਂ ਗਈਆਂ।ਸਿੱਖਿਆ ਕਰਮੀ ਵਰਗੀਆਂ ਇਹ ਸਕੀਮਾਂ, ਸਰਕਾਰੀ ਖਰਚੇ ਵਿੱਚੋਂ ਨਹੀ, ਵੱਖੋ-ਵੱਖਰੀਆਂ ਵਿਦੇਸ਼ੀ ਏਜੰਸੀਆਂ ਵੱਲੋਂ ਦਿੱਤੇ ਜਾਣ ਵਾਲੇ ਦਾਨ, ਸਹਾਇਤਾ 'ਤੇ ਆਧਾਰਤ ਹਨ।ਵਿਦੇਸ਼ੀ ਏਜੰਸੀਆਂ ਵੱਲੋਂ ਦਿੱਤੇ ਜਾਣ ਵਾਲੇ ਜਾਂ ਸਹਾਇਤਾ 'ਤੇ ਨਿਰਭਰਤਾ ਵਧਾਈ ਗਈ ਅਤੇ ਸੰਸਾਰ ਬੈਂਕ ਦੀਆਂ ਇਛਾਵਾਂ ਦੀ ਪੂਰਤੀ ਲਈ ਸਾਡੀਆਂ ਕੇਂਦਰੀ ਅਤੇ ਸੂਬਾਈ

ਬਾਕੀ ਸਫ਼ਾ 9 'ਤੇ

# ਸਰਬ ਭਾਰਤ ਨੌਜਵਾਨ ਸਭਾ ਗਰਲਜ਼ ਕਮੇਟੀ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਮੌਕੇ ਸੈਮੀਨਾਰ

## ਰੁਜ਼ਗਾਰ ਦੀ ਗਰੰਟੀ ਹੀ ਔਰਤ ਦੀ ਸਰਬਪੱਖੀ ਆਜ਼ਾਦੀ ਦਾ ਅਧਾਰ : ਰੇਸ਼ਮ, ਬੱਧਣੀ




**ਮੋਗਾ (ਇਕਬਾਲ ਸਿੰਘ ਖਹਿਰਾ)**-ਕੌਮਾਂਤਰੀ ਮਹਿਲਾ ਦਿਵਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾਈ ਗਰਲਜ਼ ਕਮੇਟੀ ਵੱਲੋਂ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਇਕ ਵਿਸ਼ੇਸ਼ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਚੁਣਿਦਾ ਲੜਕੀਆਂ ਤੇ ਔਰਤਾਂ ਨੇ ਸ਼ਮੂਲੀਅਤ ਕੀਤੀ।ਇਹ ਸੈਮੀਨਾਰ ਲੜਕੀਆਂ ਦੀ ਸੂਬਾਈ ਕਨਵੀਨਰ ਰੇਸ਼ਮ ਕੌਰ ਮਲੋਟ, ਕੋ-ਕਨਵੀਨਰ ਜਸਪ੍ਰੀਤ ਬੱਧਣੀ, ਸੁਨੀਤਾ ਰਾਣੀ ਸੰਗਰੂਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਇਸ ਨੂੰ ਸੰਬੋਧਨ ਕਰਨ ਲਈ ਸਰਬ ਭਾਰਤ ਨੌਜਵਾਨ ਸਭਾ ਕੌਮੀ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ, ਸੂਬਾਈ ਗਰਲਜ਼ ਕਮੇਟੀ ਦੀ ਕਨਵੀਨਰ ਰੇਸ਼ਮ ਤੇ ਸੂਬਾਈ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਥੀ ਰੇਸ਼ਮ ਕੌਰ ਤੇ ਜਸਪ੍ਰੀਤ ਨੇ ਕਿਹਾ ਕਿ ਅੱਜ ਕੌਮਾਂਤਰੀ ਔਰਤ ਦਿਹਾੜੇ ਮੌਕੇ ਜਿੱਥੇ ਦੇਸ਼ ਦੁਨੀਆ ਵਿੱਚ ਸਮਾਗਮ ਕੀਤੇ ਜਾ ਰਹੇ ਹਨ ਤਾਂ ਓਥੇ ਇਸ ਦਿਹਾੜੇ ਦੇ ਇਤਿਹਾਸ ਤੋਂ ਸਾਨੂੰ ਸਿੱਖਣਾ ਚਾਹੀਦਾ ਹੈ ਕਿ ਔਰਤ ਦੀ ਸਮਾਜਕ ਬਰਾਬਰਤਾ ਲਈ ਲੜੇ ਜਾ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਔਰਤਾਂ ਤੇ ਲੜਕੀਆਂ ਲਈ ਮੁਫ਼ਤ ਸਿੱਖਿਆ, ਮੁਫ਼ਤ ਇਲਾਜ ਤੇ ਰੁਜ਼ਗਾਰ ਦੀ ਗਰੰਟੀ ਲਈ ਅੱਗੇ ਵਧਣਾ ਚਾਹੀਦਾ ਹੈ, ਕਿਉਂਕਿ ਰੁਜ਼ਗਾਰ ਦੀ ਗਰੰਟੀ ਹੀ ਔਰਤਾਂ ਦੀ ਸਰਵਪੱਖੀ ਆਜ਼ਾਦੀ ਦਾ ਅਧਾਰ ਹੈ। ਇਸ ਮੌਕੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸੁਖਜਿੰਦਰ ਮਹੇਸਰੀ ਤੇ ਚਰਨਜੀਤ ਛਾਂਗਾ ਰਾਏ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਦੁਨੀਆ ਵਿੱਚ ਬਦਲਾਓ ਲਈ ਲੜੇ ਗਏ ਸੰਘਰਸ਼ਾਂ ਵਿੱਚ ਔਰਤਾਂ ਦਾ ਬਹੁਤ ਵਡਮੁੱਲਾ ਯੋਗਦਾਨ ਰਿਹਾ ਹੈ ਤੇ ਉਨ੍ਹਾਂ ਸੰਘਰਸ਼ਾਂ ਨੇ ਸ਼ਾਨਦਾਰ ਜਿੱਤਾਂ ਪ੍ਰਾਪਤ ਕੀਤੀਆਂ ਹਨ।ਅੱਜ ਦਾ ਸਰਮਾਏਦਾਰੀ ਪ੍ਰਬੰਧ ਔਰਤਾਂ ਨੂੰ ਬਾਜ਼ਾਰੂ ਵਸਤੂ ਦੀ ਤਰ੍ਹਾਂ ਖਰੀਦ-ਵੇਚ ਕੇ ਮੁਨਾਫ਼ੇ ਕਮਾ ਰਿਹਾ ਹੈ ਤੇ ਔਰਤਾਂ ਦੇ ਮਨੁੱਖੀ ਅਧਿਕਾਰਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਇਹ ਸਰਮਾਏਦਾਰੀ ਪ੍ਰਬੰਧ ਅੱਜ ਦੇ ਸਮੇਂ ਔਰਤਾਂ ਦਾ ਸਭ ਤੋਂ ਵੱਡਾ ਦੋਖੀ ਹੈ, ਇਸ ਲਈ ਜਦੋਂ ਅਸੀਂ ਔਰਤਾਂ ਦੇ ਬਰਾਬਰ ਅਧਿਕਾਰਾਂ ਜਾਂ ਆਰਥਿਕ ਆਜ਼ਾਦੀ ਦੀ ਗੱਲ ਕਰਦੇ ਹਾਂ ਤਾਂ ਸਾਨੂੰ ਸਭ ਤੋਂ ਪਹਿਲਾਂ ਇਸ ਸਮਾਜ ਦੇ ਦੁਸ਼ਮਣ ਸਰਮਾਏਦਾਰੀ ਪ੍ਰਬੰਧ ਨੂੰ ਉਖਾੜਨਾ ਹੋਵੇਗਾ।ਇਸ ਸਮੇਂ ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਔਰਤਾਂ ਨੇ ਕੰਮ ਦਿਹਾੜੀ ਦੀ ਕਾਨੂੰਨੀ ਸੀਮਾ ਅੱਠ ਘੰਟੇ ਹੋਵੇ, ਵਾਸਤੇ ਲੜਾਈ ਲੜੀ, ਉਸੇ ਤਰੀਕੇ ਨਾਲ ਅੱਜ ਜ਼ਰੂਰਤ ਹੈ ਕਿ ਏ ਆਈ ਦੇ ਇਸ ਦੌਰ ਵਿੱਚ ਕੰਮ ਦਿਹਾੜੀ ਦੀ ਕਨੂੰਨੀ ਸੀਮਾ ਘੱਟ ਤੋਂ ਘੱਟ ਛੇ ਘੰਟੇ ਤੇ ਹਰ ਇੱਕ ਲਈ ਰੁਜ਼ਗਾਰ ਦਾ ਪ੍ਰਬੰਧ ਹੋਵੇ, ਵਾਸਤੇ ਲਾਮਬੰਦ ਹੋਈਏ।ਦੇਸ਼ ਦੀ ਪਾਰਲੀਮੈਂਟ ਤੋਂ ਇਹ ਕਾਨੂੰਨ ਲੈਣ ਵਾਸਤੇ ਸਾਨੂੰ ਦੇਸ਼ ਦੀਆਂ ਸਭਨਾਂ ਕੁੜੀਆਂ ਨੂੰ ਇਕੱਤਰ ਹੋਣਾ ਪਵੇਗਾ, ਜਿਸ ਦੀ ਸ਼ੁਰੂਆਤ ਤੁਹਾਨੂੰ ਇਸ ਮੋਗੇ ਦੀ ਧਰਤੀ ਤੋਂ ਕਰਨੀ ਹੋਵੇਗੀ।

ਉਨ੍ਹਾਂ ਉਮੀਦ ਜਤਾਈ ਕਿ ਅੱਜ ਤੱਕ ਨੌਜਵਾਨ ਤੇ ਵਿਦਿਆਰਥੀਆਂ ਦੇ ਫਰੰਟ ਤੋਂ ਤੁਸੀਂ ਜਿੰਨੇ ਵਧੀਆ ਤਰੀਕੇ ਨਾਲ ਅਗਵਾਈ ਕਰ ਰਹੇ ਹੋ, ਆਉਣ ਵਾਲੇ ਟਾਈਮ ਵਿੱਚ ਇਸ ਨੂੰ ਮਜ਼ਬੂਤ ਕਰਕੇ ਲੜਕੀਆਂ ਨੂੰ ਇੱਕ ਲੀਡਰ ਦੇ ਤੌਰ 'ਤੇ ਉਭਾਰਨ ਵਾਲਾ ਕੰਮ ਕਰੋ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਭਾਰਤ ਨੌਜਵਾਨ ਸਭਾ ਦੇ ਸਕੱਤਰੇਤ ਮੈਂਬਰ ਨਵਜੀਤ ਸੰਗਰੂਰ, ਸੀਨੀਅਰ ਮੀਤ ਪ੍ਰਧਾਨ ਮੋਗਾ ਬੋਹੜ ਬੁੱਟਰ, ਰਾਜਦੀਪ ਫਰੀਦਕੋਟ, ਸੁਨੀਤਾ ਫਿਰੋਜ਼ਪੁਰ, ਪੁਨੀਤ, ਪਰਵਿੰਦਰ, ਹਰਲੀਨ, ਰਵਿੰਦਰ, ਸੁਖਪ੍ਰੀਤ ਮੁਕਤਸਰ, ਲਵਪ੍ਰੀਤ ਕੌਰ, ਬੇਅੰਤ ਕੌਰ, ਸ਼ਿੰਦਰਪਾਲ ਮੋਗਾ ਕੁਲਦੀਪ ਬਰਨਾਲਾ, ਰਿਮਪਲ ਸੰਗਰੂਰ ਆਦਿ ਹਾਜ਼ਰ ਸਨ।

## ਪੰਜਾਬ ਦੇ ਬਜਟ 'ਚ ਸਿਹਤ ਲਈ ਰੱਖਿਆ ਗਿਆ ਫੰਡ ਬਹੁਤ ਘੱਟ : ਆਈ ਡੀ ਪੀ ਡੀ

**ਲੁਧਿਆਣਾ (ਐੱਮ ਐੱਸ ਭਾਟੀਆ)**-ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਤੇ ਕੇਂਦਰੀ ਕੌਂਸਲ ਦੇ ਮੈਂਬਰ ਡਾ. ਇੰਦਰਵੀਰ ਸਿੰਘ ਗਿੱਲ ਨੇ ਪੰਜਾਬ ਸਰਕਾਰ ਦੀਆਂ ਤਰਜੀਹਾਂ 'ਤੇ ਸਵਾਲ ਖੜੇ ਕਰਦੇ ਹੋਏ ਕਿਹਾ ਕਿ ਕੁੱਲ 2,60,437 ਕਰੋੜ ਦੇ ਬਜਟ ਵਿੱਚੋਂ ਸਿਹਤ ਲਈ ਕੇਵਲ ?6,879 ਕਰੋੜ ਹੀ ਰੱਖੇ ਗਏ ਹਨ।ਇਹ ਕੁੱਲ ਬਜਟ ਦਾ ਸਿਰਫ਼ 2.6% ਬਣਦਾ ਹੈ।ਰਾਜ ਦੀਆਂ ਸਿਹਤ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਲਈ ਕੁੱਲ ਬਜਟ ਦਾ ਘੱਟੋ-ਘੱਟ 6% ਸਿਹਤ ਖੇਤਰ ਲਈ ਰੱਖਿਆ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਇਹ ਰਕਮ ਪੰਜਾਬ ਦੀਆਂ ਸਿਹਤ ਲੋੜਾਂ ਨੂੰ ਪੂਰਾ ਕਰਨ ਲਈ ਨਾਕਾਫ਼ੀ ਹੈ। ਸਰਕਾਰ ਦਾ ਰੁਖ਼ ਰਾਜ ਦੇ ਖਜ਼ਾਨੇ ਨੂੰ ਬੀਮਾ ਕੰਪਨੀਆਂ ਦੇ ਹਵਾਲੇ ਕਰਨ ਵਾਂਗ ਲੱਗਦਾ ਹੈ।10 ਲੱਖ ਦੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਵੀ ਪੂਰੀ ਸਪੱਸ਼ਟਤਾ ਨਹੀਂ ਹੈ।ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ 'ਤੇ ਆਪਣੀ ਜੇਬ ਤੋਂ ਖਰਚ (ਆਊਟ-ਆਫ-ਪਾਕੇਟ ਖਰਚ) ਦੇ ਮਾਮਲੇ ਵਿੱਚ ਪੰਜਾਬ ਦੇਸ਼ ਦੇ ਸਭ ਤੋਂ ਉੱਚੇ ਰਾਜਾਂ ਵਿੱਚੋਂ ਇੱਕ ਹੈ ਤੇ ਲੋਕਾਂ ਨੂੰ ਇਲਾਜ ਲਈ ਆਪਣੀ ਜੇਬ ਵਿੱਚੋਂ ਵੱਡਾ ਖਰਚ ਕਰਨਾ ਪੈਂਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿੱਜੀ ਖੇਤਰ ਤੇ ਪੀ.ਪੀ.ਪੀ. ਮਾਡਲ ਹੇਠ ਮੈਡੀਕਲ ਕਾਲਜ ਖੋਲ੍ਹਣ ਦੀ ਕੀਤੀ ਗਈ ਘੋਸ਼ਣਾ ਨਾਲ ਘੱਟ ਆਮਦਨ ਵਾਲੇ ਵਰਗਾਂ ਦੇ ਵਿਦਿਆਰਥੀਆਂ ਲਈ ਮੈਡੀਕਲ ਸਿੱਖਿਆ ਹਾਸਲ ਕਰਨਾ ਗੰਭੀਰ ਤੌਰ 'ਤੇ ਪ੍ਰਭਾਵਿਤ ਹੋਵੇਗਾ।

# ਫੌਜੀ ਰਾਜਵਿੰਦਰ ਸਿੰਘ ਦਾ ਸਰਕਾਰੀ ਸਨਮਾਨ ਨਾਲ ਅੰਤਿਮ ਸੰਸਕਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਸਲਾਨਾ ਦੇ ਵਾਸੀ ਬਟਾਲੀਅਨ ਹਵਲਦਾਰ ਮੇਜਰ ਰਾਜਵਿੰਦਰ ਸਿੰਘ, ਜੋ ਕਿ ਰਾਜਸਥਾਨ ਵਿਖੇ ਸੜਕ ਹਾਦਸੇ ਵਿੱਚ ਸ਼ਹੀਦ ਹੋ ਗਿਆ ਸੀ, ਅੱਜ ਉਸ ਦੀ ਮ੍ਰਿਤਕ ਦੇਹ ਜੱਦੀ ਪਿੰਡ ਪੁੱਜੀ। ਜਦੋਂ ਮ੍ਰਿਤਕ ਫੌਜੀ ਰਾਜਵਿੰਦਰ ਸਿੰਘ ਦੀ ਲਾਸ਼ ਪਿੰਡ ਪੁੱਜੀ ਤਾਂ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਦਾ ਵਿਰਲਾਪ ਦੇਖਿਆ ਨਹੀਂ ਸੀ ਜਾ ਰਿਹਾ। ਸਵ. ਫੌਜੀ ਦੀ ਮ੍ਰਿਤਕ ਦੇਹ ਲੈ ਕੇ ਆਏ ਸਾਥੀਆਂ ਨੇ ਦੱਸਿਆ ਕਿ ਰਾਜਵਿੰਦਰ ਸਿੰਘ ਬਹੁਤ ਹੀ ਹੱਸਮੁੱਖ ਤੇ ਨੇਕ ਸੁਭਾਅ ਦਾ ਮਾਲਕ ਸੀ, ਜੋ ਆਪਣੀ ਡਿਊਟੀ ਲਈ ਹਮੇਸ਼ਾ ਪਾਬੰਦ ਰਹਿੰਦਾ ਸੀ। ਫੌਜੀ ਸਾਥੀਆਂ ਵੱਲੋਂ ਰਾਜਵਿੰਦਰ ਸਿੰਘ ਨੂੰ ਸਲਾਮੀ ਦਿੱਤੀ ਗਈ। ਇਸ ਤੋਂ ਇਲਾਵਾ ਸ਼ਹੀਦ ਦੀ ਪਤਨੀ ਨੇ ਆਪਣੇ ਪਤੀ ਨੂੰ ਸਲੂਟ ਮਾਰ ਕੇ ਅੰਤਿਮ ਵਿਦਾਇਗੀ ਦਿੱਤੀ ਅਤੇ 11 ਸਾਲਾ ਉਸ ਦੇ ਵੱਡੇ ਪੁੱਤਰ ਨੇ ਚਿਖ਼ਾ ਨੂੰ ਅਗਨੀ ਦਿਖਾਈ ਤਾਂ ਮਾਹੌਲ ਬਹੁਤ ਭਾਵੁਕ ਹੋ ਗਿਆ। ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਸਮਰਾਲਾ ਪੁੱਜੇ ਤੇ ਉਨ੍ਹਾਂ ਨੇ ਵੀ ਸਵ. ਫੌਜੀ ਰਾਜਵਿੰਦਰ ਸਿੰਘ ਦੀ ਮ੍ਰਿਤਕ ਦੇਹ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਰਾਲਾ ਤੋਂ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਵੀ ਵਿਸ਼ੇਸ਼ ਤੌਰ 'ਤੇ ਸਵ. ਰਾਜਵਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਪੁੱਜੇ। ਉਨ੍ਹਾਂ ਕਿਹਾ ਕਿ ਇਹ ਸ਼ਹੀਦ ਸਾਡੇ ਦੇਸ਼ ਦਾ ਸਰਮਾਇਆ ਹਨ, ਜਿਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਉਨ੍ਹਾਂ ਮੰਗ ਕੀਤੀ ਕਿ ਪ੍ਰਸ਼ਾਸਨ ਤੇ ਫ਼ੌਜ ਦੇ ਉੱਚ ਅਧਿਕਾਰੀ ਪਰਿਵਾਰ ਵਿੱਚ ਸ਼ਾਮਲ ਬਜ਼ੁਰਗ ਮਾਤਾ, ਪਤਨੀ ਤੇ ਛੋਟੇ-ਛੋਟੇ ਬੱਚਿਆਂ ਦੀ ਵੱਧ ਤੋਂ ਵੱਧ ਸਹਾਇਤਾ ਕਰੇ।

## ਬੇਗਾਨੀ ਜ਼ਮੀਨ ਤੋਂ ਸਫ਼ੈਦੇ ਵੱਢਣ ਦੇ ਦੋਸ਼ 'ਚ ਮਾਮਲਾ ਦਰਜ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਹੋਰ ਕਿਸੇ ਵਿਅਕਤੀ ਦੀ ਮਾਲਕੀ ਜ਼ਮੀਨ ਤੋਂ ਚੋਰੀ ਸਫ਼ੈਦੇ ਵੱਢਣ ਦੇ ਦੋਸ਼ 'ਚ ਦੋ ਵਿਅਕਤੀਆਂ 'ਤੇ ਮੁਕੱਦਮਾ ਦਰਜ ਕੀਤਾ ਹੈ।ਮੁਦੱਈ ਪਰਮਪਾਲ ਸਿੰਘ ਪੁੱਤਰ ਦਵਿੰਦਰ ਸਿੰਘ ਵਾਸੀ ਚੰਡੀਗੜ੍ਹ ਵੱਲੋਂ ਇਸ ਸਬੰਧੀ ਪੁਲਸ ਥਾਣਾ ਗੁਰੂ ਹਰਸਹਾਏ ਨੂੰ ਦਰਖਾਸਤ ਮੌਸੂਲ ਹੋਈ ਕਿ ਉਸ ਦੀ ਮਾਲਕੀ ਜ਼ਮੀਨ ਵਿੱਚੋਂ ਸਫ਼ੈਦੇ ਚੋਰੀ ਵੱਢੇ ਜਾ ਰਹੇ ਹਨ।ਦਰਖਾਸਤ ਦੀ ਪੜਤਾਲ ਕੀਤੀ ਗਈ, ਜਿਸ ਦੌਰਾਨ ਵਾਚਣ 'ਤੇ ਪਾਇਆ ਗਿਆ ਕਿ ਮੁੱਦਈ ਦੀ ਮਾਲਕੀ ਜ਼ਮੀਨ ਵਿੱਚੋਂ ਸਫ਼ੈਦੇ ਵੱਢ ਕੇ ਚੋਰੀ ਹੋਏ ਹਨ, ਜਿਸ 'ਤੇ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

## ਲੋਕ ਮੁੱਦੇ ਉਭਾਰਨ ਲਈ ਮੰਚ ਦੀਆਂ ਗਤੀਵਿਧੀਆਂ ਤੇਜ਼ ਕਰਨ ਦਾ ਫੈਸਲਾ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਹਲਕੇ ਦੀਆਂ ਸਮੱਸਿਆਵਾਂ ਤੇ ਲੋਕ ਮੁੱਦਿਆਂ ਨੂੰ ਉਭਾਰਨ ਲਈ ਹੋਂਦ 'ਚ ਆਏ ਨਿਰੋਲ ਗ਼ੈਰ ਸਿਆਸੀ ਸੰਸਥਾ ਧੂਰੀ ਵਿਕਾਸ ਮੰਚ ਦੀ ਕੋਰ ਕਮੇਟੀ ਦੀ ਵਿਸ਼ੇਸ਼ ਮੀਟਿੰਗ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਤੇ ਪ੍ਰਧਾਨ ਅਮਨ ਗਰਗ ਦੀ ਅਗਵਾਈ ਹੇਠ ਹੋਈ।ਮੀਟਿੰਗ ਉਪਰੰਤ ਮੰਚ ਦੇ ਜਨਰਲ ਸਕੱਤਰ ਹੰਸ ਰਾਜ ਬਜਾਜ, ਉਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਅਤੇ ਆਭਿਨਵ ਗੋਇਲ ਨਵੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਆਪਸੀ ਵਿਚਾਰ ਵਟਾਂਦਰੇ 'ਚ ਸ਼ਹਿਰ ਦੇ ਵਿਕਾਸ ਨਾਲ ਸਬੰਧਤ ਮੁੱਦਿਆਂ ਨੂੰ ਉਭਾਰਨ ਲਈ ਹਲਕੇ 'ਚ ਮੰਚ ਦੀਆਂ ਗਤੀਵਿਧੀਆਂ ਤੇਜ਼ ਕਰਨ ਲਈ ਮੈਂਬਰਾਂ ਨੂੰ ਸਰਗਰਮ ਹੋਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਜਿੱਥੇ ਨੇੜਲੇ ਭਵਿੱਖ 'ਚ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ਾਲ ਮੈਗਾ ਸਿਹਤ ਜਾਂਚ ਕੈਂਪ ਲਾਉਣ ਦਾ ਫੈਸਲਾ ਕੀਤਾ ਗਿਆ, ਉਥੇ ਬੱਚਿਆਂ ਨੂੰ ਪੜ੍ਹਾਈ ਲਈ ਉਤਸ਼ਾਹਤ ਕਰਨ ਲਈ ਸਾਲਾਨਾ ਪ੍ਰੀਖਿਆਵਾਂ 'ਚ ਸਰਕਾਰੀ ਸਕੂਲਾਂ ਦੇ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਦਾ ਸਨਮਾਨ ਕਰਨ ਦਾ ਫੈਸਲਾ ਵੀ ਕੀਤਾ ਗਿਆ।

## ਕਾਤਰਾਂ

### ਸੰਤ ਦਲਬਾਰ ਸਿੰਘ ਛੀਨੀਵਾਲ ਦੀ ਯਾਦ 'ਚ ਗੁਰਮਤਿ ਸਮਾਗਮ 12 ਨੂੰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੰਤ ਦਲਬਾਰ ਸਿੰਘ ਛੀਨੀਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪੰਜਵੀਂ ਬਰਸੀ ਨੂੰ ਸਮਰਪਤ ਸਾਲਾਨਾ ਗੁਰਮਤਿ ਸਮਾਗਮ 12 ਮਾਰਚ ਨੂੰ ਸਵੇਰੇ 9 ਤੋਂ 12 ਵਜੇ ਤੱਕ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀ ਛੀਨੀਵਾਲ ਕਲਾਂ ਵਿਖੇ ਸ਼ਰਧਾਪੂਰਵਕ ਕਰਾਇਆ ਜਾ ਰਿਹਾ ਹੈ। ਪ੍ਰਬੰਧਕ ਰਾਜਿੰਦਰ ਸਿੰਘ ਛੀਨੀਵਾਲ, ਪ੍ਰਿਤਪਾਲ ਸਿੰਘ ਛੀਨੀਵਾਲ ਨੇ ਦੱਸਿਆ ਕਿ ਇਸ ਮੌਕੇ ਪ੍ਰਸਿੱਧ ਰਾਗੀ ਜਥੇ, ਕਥਾ ਵਾਚਕ, ਧਰਮ ਪ੍ਰਚਾਰਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ।ਉੱਘੇ ਰਾਜਨੀਤਕ, ਧਾਰਮਿਕ ਤੇ ਸਮਾਜਿਕ ਆਗੂ ਵੀ ਧਾਰਮਿਕ ਸ਼ਖ਼ਸੀਅਤ ਸੰਤ ਦਲਬਾਰ ਸਿੰਘ ਛੀਨੀਵਾਲ ਨੂੰ ਸ਼ਰਧਾਂਜਲੀਆਂ ਅਰਪਿਤ ਕਰਨਗੇ।

### ਗਾਜੀਆਣਾ 'ਚ ਅੰਮ੍ਰਿਤ ਸੰਚਾਰ 19 ਨੂੰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਕੁਲਵੰਤ ਸਿੰਘ ਮੰਨਣ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੰਮ੍ਰਿਤ ਸੰਚਾਰ ਲਹਿਰ ਤਹਿਤ ਮੋਗਾ ਜਿਲ੍ਹੇ ਦੇ ਪਿੰਡ ਗਾਜੀਆਣਾ ਵਿਖੇ 19 ਅਪ੍ਰੈਲ ਨੂੰ ਮਹਾਨ ਅੰਮ੍ਰਿਤ ਸੰਚਾਰ ਹੋ ਰਿਹਾ ਹੈ ਪਿੰਡ ਮਾਛੀਕੇ ਵਿਖੇ ਭਾਈ ਬਲਵਿੰਦਰ ਸਿੰਘ ਭਾਗੀਕੇ ਵੱਲੋਂ ਅੰਮ੍ਰਿਤ ਵੇਲੇ ਗੁਰਮਤਿ, ਗੁਰਬਾਣੀ, ਸਿੱਖ ਇਤਿਹਾਸ ਦੀਆਂ ਕਥਾ ਵਿਚਾਰਾਂ ਕੀਤੀਆਂ ਗਈਆਂ ਤੇ ਸੰਗਤ ਨੂੰ ਵੱਧ ਤੋਂ ਵੱਧ ਅੰਮ੍ਰਿਤ ਛਕਣ ਵਾਸਤੇ ਪ੍ਰੇਰਨਾ ਕੀਤੀ ਗਈ।

### ਮੁਹਾਲੀ ਰੈਲੀ ਸਫ਼ਲ ਬਣਾਉਣ ਲਈ ਲੋਕਾਂ ਨੂੰ ਪੁੱਜਣ ਦੀ ਅਪੀਲ

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ (1680) ਅਤੇ ਏਟਕ 'ਚ ਸ਼ਾਮਲ ਵੱਖ ਵੱਖ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਜ਼ਿਲ੍ਹਾ ਆਗੂਆਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਮੇਲਾ ਸਿੰਘ ਪੁੰਨਾਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਉਪਰੰਤ ਜਥੇਬੰਦੀ ਦੇ ਆਗੂ ਹੰਸ ਰਾਜ ਦੀਦਾਰਗੜ੍ਹ ਵੱਲੋਂ 11 ਮਾਰਚ ਦੀ ਮੋਹਾਲੀ ਰੈਲੀ ਨੂੰ ਸਫ਼ਲ ਬਣਾਉਣ ਵਾਸਤੇ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ।ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੇ ਵੱਖ ਵੱਖ ਸਰਕਾਰੀ ਵਿਭਾਗਾਂ, ਬੋਰਡਾਂ ਤੇ ਕਾਰਪੋਰੇਸ਼ਨਾਂ 'ਚ ਕੰਮ ਕਰਦੇ ਸਮੂਹ ਕੱਚੇ, ਠੇਕਾ ਆਧਾਰਤ ਤੇ ਆਊਟਸੋਰਸ ਅਧੀਨ ਕੰਮ ਕਰਦੇ ਕ੍ਰਮਚਾਰੀਆਂ ਨੂੰ ਰੈਗੂਲਰ ਕਰਾਉਣ, ਜਨਵਰੀ-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਾਉਣ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 16 ਪ੍ਰਤੀਸ਼ਤ ਡੀ.ਏ. ਜਾਰੀ ਕਰਾਉਣ, 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦਿਵਾਉਣ, ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਤੁਰੰਤ 7 ਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕਰਾਉਣ ਆਦਿ ਮੰਗਾਂ ਤੇ ਭਗਵੰਤ ਮਾਨ ਸਰਕਾਰ ਦੀਆਂ ਕਥਿਤ ਮੁਲਾਜ਼ਮ, ਪੈਨਸ਼ਨਰ ਤੇ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ਼ 11 ਮਾਰਚ ਨੂੰ ਮੋਹਾਲੀ ਵਿਖੇ ਹੋ ਰਹੀ ਰੈਲੀ ਨੂੰ ਸਫ਼ਲ ਬਣਾਉਣ ਲਈ ਮੁਲਾਜ਼ਮ, ਸਕੀਮ ਵਰਕਰ ਤੇ ਪੈਨਸ਼ਨਰ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ।

# ਔਰਤਾਂ ਨੂੰ ਇੱਕ ਹਜ਼ਾਰ ਰੁਪਏ ਦੇਣ ਲਈ ਪੰਜਾਬ ਸਰਕਾਰ ਦਾ ਧੰਨਵਾਦ : ਚੇਅਰਮੈਨ ਢਿੱਲੋਂ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮਾਰਕੀਟ ਕਮੇਟੀ ਸਰਹਿੰਦ ਫਤਿਹਗੜ੍ਹ ਸਾਹਿਬ ਵਿਖੇ ਮਹਿਲਾਵਾਂ ਨੂੰ ਸਨਮਾਨਤ ਕਰਦੇ ਹੋਏ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਸੂਬਾ ਸਪੋਕਸਪਰਸਨ ਨੇ ਕਿਹਾ ਕਿ ਸਮਾਜ ਵਿੱਚ ਮਹਿਲਾ ਵਰਗ ਨੂੰ ਜ਼ਿਆਦਾ ਮੌਕਿਆਂ 'ਤੇ ਨਜ਼ਰਅੰਦਾਜ਼ ਹੀ ਕੀਤੇ ਜਾਣ ਕਰਕੇ ਸਾਰੀ ਦੁਨੀਆ ਵਿੱਚ ਮਹਿਲਾ ਦਿਵਸ ਮਨਾਇਆ ਜਾਣ ਲੱਗਾ ਤਾਂ ਜੋ ਔਰਤਾਂ ਨੂੰ ਵੀ ਸਨਮਾਨਯੋਗ ਸਥਾਨ ਮਿਲ ਸਕੇ।ਅੱਜ ਮਾਰਕੀਟ ਕਮੇਟੀ ਸਰਹਿੰਦ ਫਤਿਹਗੜ੍ਹ ਸਾਹਿਬ ਵਿਖੇ ਹਲਕਾ ਫਤਿਹਗੜ੍ਹ ਸਾਹਿਬ ਦੇ ਵੱਖ ਵੱਖ ਇਲਾਕਿਆਂ ਤੋਂ ਵੱਖ ਵੱਖ ਖੇਤਰਾਂ ਵਿੱਚ ਆਪਣਾ ਭਰਪੂਰ ਯੋਗਦਾਨ ਪਾਉਣ ਵਾਲੀਆਂ ਅਗਾਂਹਵਧੂ ਮਹਿਲਾਵਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਮਨਪ੍ਰੀਤ ਕੌਰ ਪ੍ਰਧਾਨ, ਨਰਿੰਦਰ ਜੀਤ ਕੌਰ ਖਾਲਸਾ, ਰੀਨਾ ਰਾਣੀ ਨੌਲੱਖਾ, ਜਗਮਨਦੀਪ ਕੌਰ ਪੰਜੋਲੀ, ਰਮਨਦੀਪ ਕੌਰ ਪੋਲਾ, ਸੋਨਜੀਤ ਕੌਰ, ਸਰਬਜੀਤ ਕੌਰ, ਲਵਪ੍ਰੀਤ ਕੌਰ, ਸੁਨੀਤਾ ਰਾਣੀ, ਰੁਪਿੰਦਰ ਕੌਰ ਗਰੇਵਾਲ, ਸ਼ਰਨਦੀਪ ਕੌਰ, ਹਰਪ੍ਰੀਤ ਕੌਰ, ਰਸਨਦੀਪ ਕੌਰ, ਸਿਮਰਨਜੀਤ ਕੌਰ, ਕੁਲਦੀਪ ਕੌਰ, ਕਰਮਜੀਤ ਕੌਰ, ਪਰਮਜੀਤ ਕੌਰ, ਸਰਬਜੀਤ ਕੌਰ ਤਰਖਾਣ ਮਾਜਰਾ, ਅਕਵਿੰਦਰ ਕੌਰ ਤਰਖਾਣ ਮਾਜਰਾ, ਹਰਸ਼ਦੀਪ ਕੌਰ ਮਾਜਰਾ ਤੇ ਜਗਜੀਤ ਕੌਰ ਲਟੌਰ ਨੇ ਕਿਹਾ ਕਿ ਇਹ ਪਹਿਲੀ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਹਿਲਾ ਦਿਵਸ ਮੌਕੇ ਵੱਡੀ ਗਿਣਤੀ ਵਿੱਚ ਔਰਤਾਂ ਨੂੰ ਮਾਣ ਸਨਮਾਨ ਦਿੱਤਾ ਗਿਆ ਹੈ, ਜੋ ਇੱਕ ਯਾਦਗਾਰ ਵਜੋਂ ਜਾਣਿਆ ਜਾਵੇਗਾ।ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਮਹਿਲਾਵਾਂ ਵੱਲੋਂ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦਾ ਮਹਿਲਾ ਦਿਵਸ ਮੌਕੇ ਹਰ ਔਰਤ ਦੇ ਖਾਤੇ ਵਿੱਚ ਇੱਕ ਹਜ਼ਾਰ ਰੁਪਏ ਪਾਉਣ ਦਾ ਤੋਹਫ਼ਾ ਦੇਣ 'ਤੇ ਕੋਟਨਿ ਕੋਟਿ ਧੰਨਵਾਦ ਕੀਤਾ ਕਿ ਜਿਸ ਦੀ ਲੰਮੇ ਸਮੇਂ ਤੋਂ ਉਡੀਕ ਕੀਤੀ ਜਾ ਰਹੀ ਸੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਾਕ ਪ੍ਰਧਾਨ ਬਲਬੀਰ ਸਿੰਘ ਸੋਢੀ ਤੇ ਬਾਬਾ ਹਰੀ ਸਿੰਘ, ਵਿਸ਼ੇਸ਼ ਮਹਿਮਾਨ ਡਾਕਟਰ ਹਰਪ੍ਰੀਤ ਸਿੰਘ ਲਟੌਰ ਤੇ ਮੁਹੰਮਦ ਅਨਵਰ ਨੇ ਇਹ ਤੋਹਫ਼ਾ ਦੇਣ ਲਈ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ।ਇਸ ਸਮਾਗਮ ਵਿੱਚ ਦੀਦਾਰ ਸਿੰਘ ਮਾਵੀ, ਸਰਚੰਦ ਸਿੰਘ, ਕਰਮਜੀਤ ਸਿੰਘ ਟਿਵਾਣਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

# ਕੁੱਲ ਹਿੰਦ ਕਿਸਾਨ ਸਭਾ ਨੇ ਮਹਿਲਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਖੇੜਾ ਵਿਖੇ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸਮਰਾਲਾ ਵੱਲੋਂ ਕਾਮਰੇਡ ਗੁਰਪ੍ਰੀਤ ਕੌਰ ਖੇੜਾ ਦੀ ਅਗਵਾਈ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੂਬਾਈ ਆਗੂ ਕਾਮਰੇਡ ਨਿੱਕਾ ਸਿੰਘ ਖੇੜਾ ਨੇ ਕਿਹਾ ਕਿ ਮਹਿਲਾ ਦਿਵਸ ਹਰ ਸਾਲ 8 ਮਾਰਚ ਨੂੰ ਪੂਰੇ ਸੰਸਾਰ ਵਿੱਚ ਮਨਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਦਿਵਸ ਦੀ ਸ਼ੁਰੂਆਤ 1908 ਈ. ਵਿੱਚ ਨਿਊਯਾਰਕ (ਅਮਰੀਕਾ) ਵਿੱਚ ਹੋਈ ਸੀ। ਅੰਤਰਰਾਸ਼ਟਰੀ ਮਹਿਲਾ ਦਿਵਸ ਨਾਰੀ ਸ਼ਕਤੀ, ਹਿੰਮਤ ਤੇ ਸਨਮਾਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਔਰਤ ਘਰ ਦੀ ਨਾਰੀ ਹੀ ਨਹੀਂ, ਸਗੋਂ ਸਮਾਜ ਦੀ ਮਜ਼ਬੂਤ ਨੀਂਹ ਹੁੰਦੀ ਹੈ। ਮਾਂ, ਭੈਣ, ਧੀ ਜਾਂ ਪਤਨੀ ਦੇ ਰੂਪ 'ਚ ਉਹ ਆਪਣੇ ਪਿਆਰ, ਤਿਆਗ ਤੇ ਮਿਹਨਤ ਨਾਲ ਪਰਵਾਰ ਤੇ ਸਮਾਜ ਨੂੰ ਅੱਗੇ ਵਧਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਔਰਤ ਦਿਵਸ ਮੌਕੇ ਅਸੀਂ ਸਭ ਮਿਲ ਕੇ ਨਾਰੀ ਸਨਮਾਨ, ਸੁਰੱਖਿਆ ਤੇ ਅਧਿਕਾਰਾਂ ਨੂੰ ਯਕੀਨੀ ਬਣਾਉਣ ਦਾ ਸੰਕਲਪ ਕਰੀਏ। ਇਸ ਮੌਕੇ ਸਾਬਕਾ ਸਰਪੰਚ ਹਰਬੰਸ ਕੌਰ, ਦਰਸ਼ਨਾ ਦੇਵੀ, ਰਵਿੰਦਰ ਕੌਰ, ਹਰਜਿੰਦਰ ਕੌਰ, ਪ੍ਰੀਤਮ ਕੌਰ, ਪਰਮਜੀਤ ਕੌਰ, ਪਿੰਕੀ ਰਾਣੀ, ਬਚਨੀ ਦੇਵੀ, ਚਰਨਜੀਤ ਕੌਰ, ਰੋਯਾਈਲਨ ਕੌਰ, ਪੰਚ ਸਿਮਰਨ ਕੌਰ, ਰਮਨਦੀਪ ਕੌਰ, ਨਰਿੰਦਰ ਕੌਰ, ਜਸਪ੍ਰੀਤ ਕੌਰ, ਸਕੱਤਰ ਪ੍ਰਕਾਸ਼ ਸਿੰਘ ਉਧੋਵਾਲ ਹਾਜ਼ਰ ਸਨ।

# ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਗੁਰੂ ਹਰਸਹਾਏ ਦੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਲਾਗਲੇ ਪਿੰਡ ਚੱਕ ਕਾਠਗੜ੍ਹ (ਹਿਸਾਨਵਾਲਾ) ਦੇ ਜਲ ਘਰ ਵਿੱਚ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਗੁਰੂ ਹਰਸਹਾਏ ਦੀ ਮੀਟਿੰਗ ਸੂਬਾਈ ਆਗੂ ਤੇ ਬਰਾਂਚ ਪ੍ਰਧਾਨ ਹਰਭਜਨ ਸਿੰਘ ਠਠੇਰਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਰਾਮ ਕੁਮਾਰ, ਪ੍ਰੀਤਮ ਸਿੰਘ, ਨਰਿੰਦਰ ਸਿੰਘ, ਦਤਾਰ ਸਿੰਘ, ਬਲਬੀਰ ਸਿੰਘ, ਸੁਭਾਸ਼ ਸ਼ਰਮਾ, ਮਿੱਠੂ ਸਿੰਘ ਤੋਂ ਇਲਾਵਾ ਸਾਬਕਾ ਸੂਬਾ ਜਨਰਲ ਸਕੱਤਰ ਨੱਥਾ ਸਿੰਘ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਜਨਰਲ ਸਕੱਤਰ ਪੰਜਾਬ ਨੱਥਾ ਸਿੰਘ ਨੇ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ ਤੇ ਕਿਸਾਨ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਅਲੋਚਨਾ ਕੀਤੀ। ਉਨ੍ਹਾ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਨੇ ਚੋਣਾਂ ਦੌਰਾਨ ਕਿਹਾ ਸੀ ਕਿ ਅੱਛੇ ਦਿਨ ਆਉਣਗੇ, ਹਰ ਇੱਕ ਦੇ ਖਾਤੇ ਵਿੱਚ 15-15 ਲੱਖ ਪਾਉਣ, 2 ਕਰੋੜ ਨੌਕਰੀਆਂ ਹਰ ਸਾਲ ਪੈਦਾ ਕਰਨ, ਕਿਸਾਨਾਂ ਦੀਆਂ ਫਸਲਾਂ ਦੇ ਭਾਅ ਡੇਢ ਗੁਣਾ ਦੇਣ, ਬੁਲਟ ਟਰੇਨ ਚਲਾਉਣ, 100 ਸਮਾਰਟ ਸਿਟੀ ਬਣਾਉਣ ਆਦਿ ਜੋ ਦੇਸ਼ ਦੇ ਲੋਕਾਂ ਨਾਲ ਵਾਅਦੇ ਕੀਤੇ ਸਨ, ਇਹ ਵਾਅਦੇ ਪੂਰੇ ਕਰਨ ਦੀ ਬਜਾਏ ਵੱਡੇ ਵੱਡੇ ਮੁਨਾਫ਼ਾ ਕਮਾਉਣ ਵਾਲੇ ਸਰਕਾਰੀ ਅਦਾਰੇ ਨੂੰ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਵੇਚ ਦਿੱਤੇ। ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਅਮਰੀਕੀ ਸਾਮਰਾਜ, ਇਜ਼ਰਾਈਲ ਦਾ ਪਿੱਠੂ ਬਣ ਕੇ ਅਮਰੀਕਾ ਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਸ਼ੁਰੂ ਕੀਤੀ ਜੰਗ 'ਤੇ ਚੁੱਪ ਵੱਟੀ ਹੋਈ ਹੈ, ਜਿਸ ਕਰਕੇ ਸੰਸਾਰ ਭਰ ਵਿੱਚ ਉਸ 'ਤੇ ਥੂਹ-ਥੂਹ ਹੋ ਰਹੀ ਹੈ। ਦੇਸ਼ ਨੂੰ ਅਮਰੀਕਾ ਦਾ ਗੁਲਾਮ ਬਣਾਇਆ ਜਾ ਰਿਹਾ ਹੈ। ਸੂਬਾਈ ਆਗੂ ਤੇ ਬ੍ਰਾਂਚ ਪ੍ਰਧਾਨ ਹਰਭਜਨ ਸਿੰਘ ਠਠੇਰਾਂ ਨੇ ਪੰਜਾਬ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਹਰ ਰੋਜ਼ ਮੁਲਾਜ਼ਮ, ਮਜ਼ਦੂਰ ਤੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਜਾਇਜ਼ ਤੇ ਹੱਕੀ ਸੰਘਰਸ਼ਾਂ 'ਤੇ ਪੁਲਸ ਵੱਲੋਂ ਤਸ਼ਦਦ ਕੀਤਾ ਜਾ ਰਿਹਾ ਹੈ ਅਤੇ ਆਪਣੇ ਹੱਕਾਂ ਤੇ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਲੋਕਾਂ ਦੀ ਗਿੱਦੜ ਕੁੱਟ ਹੋ ਰਹੀ ਹੈ। ਇਸ ਤੋਂ ਇਲਾਵਾ ਪ੍ਰੀਤਮ ਸਿੰਘ ਤੇ ਰਾਮ ਕੁਮਾਰ ਨੇ ਵੀ ਸੰਬੋਧਨ ਕੀਤਾ।

## ਲੋਕ ਸੇਵਾ ਸੁਸਾਇਟੀ ਵੱਲੋਂ 74ਵਾਂ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ



**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਸ਼ਕੁੰਤਲਾ ਦੇਵੀ ਤੇ ਸਵਰਗਵਾਸੀ ਸੋਹਨ ਲਾਲ ਦੀ ਯਾਦ ਵਿੱਚ ਸ੍ਰੀ ਦੁਰਗਾ ਮਾਤਾ ਮੰਦਰ ਤੇ ਢੰਡ ਪਰਵਾਰ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਰਜਿਸਟਰ ਜਗਰਾਉਂ ਵੱਲੋਂ ਅੱਜ 74ਵਾਂ ਅੱਖਾਂ ਚਿੱਟੇ ਮੋਤੀਏ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਸ੍ਰੀ ਦੁਰਗਾ ਮਾਤਾ ਮੰਦਰ ਸਿੱਧਵਾਂ ਬੇਟ ਵਿਖੇ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਪ੍ਰਧਾਨ, ਮਦਨ ਲਾਲ ਅਰੋੜਾ ਸੈਕਟਰੀ, ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਕਿ ਢੰਡ ਪਰਵਾਰ ਦੇ ਸਹਿਯੋਗ ਨਾਲ ਲਗਾਏ ਕੈਂਪ ਦਾ ਉਦਘਾਟਨ ਰਿਟਾਇਰ ਕਾਨੂੰਗੋ ਵਿਕਰਮਜੀਤ ਢੰਡ ਤੇ ਘਣ ਸ਼ਾਮ ਮੁਰਾਰੀ ਰਿਟਾਇਰ ਕਾਨੂੰਗੋ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਢੰਡ ਪਰਵਾਰ ਵੱਲੋਂ ਹਰ ਸਾਲ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਇਹ ਅੱਖਾਂ ਦਾ ਕੈਂਪ ਲਗਾਇਆ ਜਾਂਦਾ ਹੈ ਤੇ ਇਸ ਕੈਂਪ ਵਿੱਚ ਸ਼ੰਕਰਾ ਹਸਪਤਾਲ ਲੁਧਿਆਣਾ ਦੇ ਡਾਕਟਰਾਂ ਦੀ ਟੀਮ ਵੱਲੋਂ ਆਪਣੀਆਂ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਦੇ ਕੈਂਪ ਵਿੱਚ 142 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਨ ਤੋਂ ਬਾਅਦ 52 ਮਰੀਜ਼ਾਂ ਦੀ ਆਪ੍ਰੇਸ਼ਨਾਂ ਲਈ ਚੋਣ ਕੀਤੀ। ਇਸ ਮੌਕੇ ਸੋਸਾਇਟੀ ਦੇ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪੀ ਆਰ ਓ ਸੁਖਦੇਵ ਗਰਗ, ਆਰ ਕੇ ਗੋਇਲ, ਮੁਕੇਸ਼ ਗੁਪਤਾ, ਗੋਪਾਲ ਗੁਪਤਾ, ਅਨਿਲ ਮਲਹੋਤਰਾ, ਕਪਿਲ ਸ਼ਰਮਾ ਆਦਿ ਸੁਸਾਇਟੀ ਮੈਂਬਰ ਸਮੇਤ ਅਸ਼ੋਕ ਕੁਮਾਰ ਢੰਡ, ਵਿਕਰਮਜੀਤ ਸਿੰਘ ਢੰਡ, ਘਣ ਸ਼ਾਮ ਢੰਡ, ਡਾਕਟਰ ਰਾਮ ਪ੍ਰਤਾਪ ਗੁਪਤਾ, ਕਪਿਲ ਗੁਪਤਾ, ਰਮੇਸ਼ ਕੁਮਾਰ ਘਈ, ਧਰਮਪਾਲ ਸ਼ਰਮਾ, ਸੱਜਣ ਕੁਮਾਰ, ਫਕੀਰ ਚੰਦ, ਸਾਬਕਾ ਸਰਪੰਚ ਕਮਲਦੀਪ ਢੰਡ, ਸੰਜੀਵ ਢੰਡ, ਸੰਦੀਪ ਕੁਮਾਰ ਢੰਡ, ਵਰਿੰਦਰ ਕੁਮਾਰ ਢੰਡ ਆਦਿ ਹਾਜ਼ਰ ਸਨ।

## ਵਿਧਾਇਕ ਪਠਾਨਮਾਜਰਾ 'ਤੇ ਲੱਗੇ ਦੋਸ਼

# ਦੇਵੀਗੜ੍ਹ 'ਚ ਕੀਮਤੀ ਜਗ੍ਹਾ 'ਚ ਬਣੀਆਂ ਦੁਕਾਨਾਂ ਢਾਹ ਕੇ ਸਾਮਾਨ ਕੀਤਾ ਚੋਰੀ, ਕੇਸ ਦਰਜ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਵਿਧਾਇਕ ਪਠਾਨਮਾਜਰਾ ਦੀਆਂ ਮੁਸ਼ਕਿਲਾਂ ਘੱਟ ਹੋਣ ਦਾ ਨਾਂਅ ਨਹੀਂ ਲੈ ਰਹੀਆਂ। ਜਿੱਥੇ ਪੰਜਾਬ ਸਰਕਾਰ ਵੱਲੋਂ ਬੀਤੇ ਕੁਝ ਸਮੇਂ ਪਹਿਲਾਂ ਇਸ ਵਿਧਾਇਕ ਤੇ ਸ਼ਿਕੰਜਾ ਕਸਿਆ ਗਿਆ ਸੀ, ਉੱਥੇ ਹੁਣ ਇੱਕ ਪੀੜਿਤ ਵਿਅਕਤੀ ਪਰਮਿੰਦਰ ਸਿੰਘ ਵੱਲੋਂ ਵੀ ਵੱਡੇ ਦੋਸ਼ ਲਾਏ ਗਏ ਹਨ।ਦੇਵੀਗੜ੍ਹ ਵਿਖੇ ਪੀੜਿਤ ਵਿਅਕਤੀ ਪਰਮਿੰਦਰ ਸਿੰਘ ਨੇ ਕਿਹਾ ਕਿ ਕਸਬਾ ਦੇਵੀਗਡ? ਦੇ ਪੁਰਾਣੇ ਬਾਜ਼ਾਰ ਵਿੱਚ ਕੀਮਤੀ ਜਗ੍ਹਾ ਤੇ ਪਲਾਟ 'ਚ ਬਣੀਆਂ ਕੁੱਝ ਦੁਕਾਨਾਂ ਢਾਹ ਕੇ ਉਸ ਵਿੱਚ ਮਿੱਟੀ ਪਾਉਣ ਅਤੇ ਸਮਾਨ ਚੋਰੀ ਕੀਤਾ ਗਿਆ।

ਇਸ ਸਬੰਧੀ ਥਾਣਾ ਜੁਲਕਾਂ ਵਿਖੇ ਪਿੰਡ ਰਸੂਲਪੁਰ ਦੌਦੀਮਾਜਰਾ ਦੇ ਬਲਜਿੰਦਰ ਸਿੰਘ, ਦਵਿੰਦਰ ਸਿੰਘ ਪੁੱਤਰ ਮੱਖਣ ਸਿੰਘ ਅਤੇ ਪਰਮਿੰਦਰ ਕੌਰ ਪਤਨੀ ਪਰਮਿੰਦਰ ਸਿੰਘ ਨੇ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਇਸ ਜਗ੍ਹਾ ਦੀ ਪੜਤਾਲ ਕਰਨ ਸਬੰਧੀ ਸ਼ਿਕਾਇਤ ਦਰਜ ਕਰਾਈ ਸੀ ਕਿ ਉਸ ਦਾ ਪਿੰਡ ਭੰਬੂਆਂ ਅੱਡਾ ਦੇਵੀਗੜ੍ਹ ਵਿਖੇ ਇੱਕ ਵਿਘਾ 14 ਵਿਸਵੇ ਦਾ ਪਲਾਟ ਹੈ, ਜਿਸ ਉਪਰ ਉਨ੍ਹਾਂ ਦਾ ਪਿਛਲੇ 60 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਕਬਜ਼ਾ ਚਲਿਆ ਆ ਰਿਹਾ ਹੈ ਤੇ ਜਿਸ ਵਿੱਚ ਦੁਕਾਨਾਂ ਬਣੀਆਂ ਹੋਈਆਂ ਸਨ।12 ਅਪ੍ਰੈਲ 2025 ਨੂੰ ਹਰਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਨਿਜ਼ਾਮਪੁਰ, ਗੁਰਮਿੰਦਰ ਸਿੰਘ ਉਰਫ ਕਾਂਟਾ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਮਿਹੋਣ, ਜਗਦੀਪ ਸਿੰਘ ਭੁੱਲਰ ਉਰਫ ਕਾਲਾ, ਪੁੱਤਰ ਰਾਜਿੰਦਰ ਸਿੰਘ ਵਾਸੀ ਪਿੰਡ ਖੇਡੀ ਰਾਜੂ ਸਿੰਘ, ਰਣਜੀਤ ਸਿੰਘ ਉਰਫ ਸੰਮੀ, ਹਰਵਿੰਦਰ ਸਿੰਘ ਉਰਫ ਹੈਰੀ, ਰਣਜੀਤ ਗੁਜਰ, ਹਰਦੀਪ ਗੁੱਜਰ, ਮਨਪ੍ਰੀਤ, ਬਿੱਟੂ, ਗਗਨ ਉਰਫ ਗੱਗੂ, ਹਰਮਨਦੀਪ ਸਿੰਘ ਉਰਫ ਹੈਰੀ, ਪ੍ਰਭਜੋਤ ਸਿੰਘ, ਪਰਗਟ ਸਿੰਘ ਅਤੇ ਮੰਨੂੰ ਚੌਧਰੀ ਤੇ ਇਨ੍ਹਾਂ ਦੇ ਨਾਲ ਆਏ ਹੋਰ ਵਿਅਕਤੀਆਂ ਨੇ ਸਾਡੇ ਪਲਾਟ ਵਾਕਾ ਰਕਬਾ ਪਿੰਡ ਭੰਬੂਆਂ ਅੱਡਾ ਦੇਵੀਗੜ੍ਹ ਉਤੇ ਕਬਜ਼ਾ ਕਰਨ ਦੀ ਨੀਅਤ ਨਾਲ ਪਲਾਟ ਵਿੱਚ ਦੋ ਬਣੀਆਂ ਦੁਕਾਨਾਂ ਜੇ.ਸੀ.ਬੀ. ਨਾਲ ਢਾਹ ਦਿੱਤੀਆਂ ਤੇ ਉਨ੍ਹਾਂ ਵਿੱਚ ਮਿੱਟੀ ਪਾ ਲਈ ਸੀ ਅਤੇ ਦੁਕਾਨਾਂ ਵਿੱਚੋਂ ਬੈਟਰੀ, ਇਨਵਰਟਰ, ਡੀ.ਵੀ.ਆਰ. ਅਤੇ ਬਿਜਲੀ ਦਾ ਸਮਾਨ ਚੋਰੀ ਕਰ ਲਿਆ ਸੀ। ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਕੀਤੀ ਪੜਤਾਲ ਤੋਂ ਬਾਅਦ ਥਾਣਾ ਜੁਲਕਾਂ ਦੀ ਪੁਲਸ ਨੇ ਇਨ੍ਹਾਂ ਵਿਅਕਤੀਆਂ ਤੇ ਕੁਝ ਹੋਰ ਅਣਪਛਾਤੇ ਵਿਅਕਤੀਆਂ ਖਿਲਾਫ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪਰਮਿੰਦਰ ਸਿੰਘ ਐਡਵੋਕੇਟ ਨੇ ਹਲਕਾ ਵਿਧਾਇਕ ਪਠਾਨਮਾਜਰਾ 'ਤੇ ਦੋਸ਼ ਲਾਉਂਦੇ ਹੋਏ ਕਿਹਾ ਕਿ ਵਿਧਾਇਕ ਦੀ ਸ਼ਹਿ 'ਤੇ ਹੀ ਉਪਰੋਕਤ ਵਿਅਕਤੀਆਂ ਵੱਲੋਂ ਸਾਡੀ ਕਰੋੜਾਂ ਰੁਪਏ ਦੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਸੀ।ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਕੋਲ ਈ-ਮੇਲ ਰਾਹੀਂ ਸ਼ਿਕਾਇਤਾਂ ਵੀ ਦਰਜ ਕਰਾਈਆਂ ਗਈਆਂ ਸਨ ਪ੍ਰੰਤੂ ਹਲਕਾ ਵਿਧਾਇਕ ਦੀ ਪਹੁੰਚ ਹੋਣ ਕਾਰਨ ਕਿਸੇ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀ ਨੇ ਸਾਡੀ ਨਹੀਂ ਸੁਣੀ, ਜਿਸ ਕਰਕੇ ਸਾਨੂੰ ਅਖੀਰ ਮਾਨਯੋਗ ਅਦਾਲਤ ਪਾਸ ਜਾਣਾ ਪਿਆ।ਅਦਾਲਤ ਵੱਲੋਂ ਸੁਣਵਾਈ ਦੌਰਾਨ ਦੂਜੀ ਧਿਰ ਵੱਲੋਂ ਦਰਸਾਈਆਂ ਗਈਆਂ ਰਜਿਸਟਰੀ ਵਿੱਚ ਬਾਹੀਆਂ ਗਲਤ ਪਾਈਆਂ ਗਈਆਂ।ਪਰਮਿੰਦਰ ਸਿੰਘ ਐਡਵੋਕੇਟ ਨੇ ਅੱਗੇ ਕਿਹਾ ਕਿ ਇਹ ਸਾਰਾ ਮਾਮਲਾ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਦੇ ਧਿਆਨ ਵਿੱਚ ਲਿਆਂਦਾ ਗਿਆ।

ਪਠਾਨਮਾਜਰਾ ਵੱਲੋਂ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦੋਵੇਂ ਪਾਰਟੀਆਂ ਵੱਲੋਂ ਜ਼ਮੀਨ ਦੀ ਨਿਸ਼ਾਨਦੇਹੀ ਕਰਾ ਕੇ ਆਪਸੀ ਸਹਿਮਤੀ ਕਰਨ ਲਈ ਆਖਿਆ ਸੀ।

## ਯੂ ਪੀ ਐੱਸ ਸੀ ਪ੍ਰੀਖਿਆ ਪਾਸ ਕਰਨ 'ਤੇ ਮਨਪ੍ਰੀਤ ਕੌਰ ਦਾ ਅਪੈਕਸ ਕਲੱਬ ਵੱਲੋਂ ਸਨਮਾਨ




**ਮਾਨਸਾ (ਆਤਮਾ ਸਿੰਘ ਪਮਾਰ)**-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮਾਨਸਾ ਜ਼ਿਲ੍ਹੇ ਦੇ ਪਿੰਡ ਧਲੇਵਾਂ ਦੀ ਮਨਪ੍ਰੀਤ ਕੌਰ ਨੂੰ ਅਪੈਕਸ ਕਲੱਬ ਮਾਨਸਾ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਜਾਣਕਾਰੀ ਦਿੰਦਿਆਂ ਕਲੱਬ ਦੇ ਸਕੱਤਰ ਕਮਲ ਗਰਗ ਨੇ ਦੱਸਿਆ ਕਿ ਮਨਪ੍ਰੀਤ ਕੌਰ, ਜੋ ਕਿ ਧਲੇਵਾਂ ਪਿੰਡ ਦੇ ਸਧਾਰਨ ਕਿਸਾਨੀ ਪਰਵਾਰ ਦੀ ਬੇਟੀ ਹੈ, ਨੇ ਯੂ ਪੀ ਐੱਸ ਸੀ ਦੀ ਵੱਕਾਰੀ ਪ੍ਰੀਖਿਆ ਪਾਸ ਕਰਦਿਆਂ 136ਵਾਂ ਰੈਂਕ ਹਾਸਲ ਕੀਤਾ ਹੈ।ਇਸ ਮੌਕੇ ਪਰਵਾਰ ਨੂੰ ਵਧਾਈ ਦਿੰਦਿਆਂ ਕਲੱਬ ਦੇ ਪ੍ਰਧਾਨ ਸੰਜੀਵ ਪਿੰਕਾ ਨੇ ਕਿਹਾ ਕਿ ਚੰਗੇ ਵਿੱਦਿਅਕ ਅਦਾਰਿਆਂ ਤੋਂ ਸੱਖਣੇ ਮਾਨਸਾ ਜ਼ਿਲ੍ਹੇ ਦੀ ਇਸ ਬੇਟੀ ਨੇ ਇਹ ਪ੍ਰੀਖਿਆ ਪਾਸ ਕਰਕੇ ਪਿੰਡ ਧਲੇਵਾਂ ਸਮੇਤ ਮਾਨਸਾ ਜ਼ਿਲ੍ਹੇ ਦਾ ਨਾਮ ਦੇਸ਼ ਦੇ ਨਕਸ਼ੇ 'ਤੇ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਅਪੈਕਸ ਕਲੱਬ ਮਾਨਸਾ ਮਨਪ੍ਰੀਤ ਕੌਰ ਨੂੰ ਸਨਮਾਨਤ ਕਰਕੇ ਮਾਣ ਮਹਿਸੂਸ ਕਰ ਰਿਹਾ ਹੈ। ਕਲੱਬ ਦੇ ਵਾਈਸ ਪ੍ਰਧਾਨ ਅਸ਼ਵਨੀ ਜਿੰਦਲ ਨੇ ਪਰਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਧਲੇਵਾਂ ਵਰਗੇ ਪਿੰਡ ਜਿੱਥੇ ਪੂਰੀ ਤਰ੍ਹਾਂ ਨਾਲ ਨੈੱਟਵਰਕ ਵੀ ਨਹੀਂ ਹੈ, ਅਜਿਹੇ ਪਿੰਡਾਂ ਦੇ ਬੱਚਿਆਂ ਦਾ ਅਜਿਹੇ ਮੁਕਾਮ ਹਾਸਲ ਕਰਨਾ ਉਨ੍ਹਾਂ ਦੀ ਸਖ਼ਤ ਮਿਹਨਤ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬੱਚਿਆਂ ਤੋਂ ਪੰਜਾਬ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਜਾ ਸਕਦੀ ਹੈ।ਮਨਪ੍ਰੀਤ ਕੌਰ ਨੇ ਇਸ ਪ੍ਰਾਪਤੀ ਬਾਰੇ ਗੱਲਬਾਤ ਕਰਦਿਆਂ ਦੱਸਿਆ ਕਿ ਉਸ ਦੇ ਮਾਪਿਆਂ ਤੇ ਸਨੇਹੀਆਂ ਦੇ ਸਹਿਯੋਗ ਸਦਕਾ ਹੀ ਉਹ ਸਫਲ ਹੋਏ ਹਨ।ਇਸ ਮੌਕੇ ਉਦਯੋਗਪਤੀ ਸ਼ਾਮ ਲਾਲ ਧਲੇਵਾਂ, ਧੀਰਜ ਬਾਂਸਲ, ਭੁਪੇਸ਼ ਜਿੰਦਲ, ਰਾਧੇ ਸ਼ਿਆਮ, ਅਨਿਲ ਗਰਗ, ਅਸ਼ਵਨੀ ਜਿੰਦਲ, ਸੰਜੀਵ ਪਿੰਕਾ, ਕਮਲ ਗਰਗ, ਸੰਭਵ ਜੈਨ, ਸਰਪੰਚ ਸੁਖਵਿੰਦਰ ਸਿੰਘ ਸਮੇਤ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਪ੍ਰਧਾਨ ਮੰਤਰੀ ਮੋਦੀ ਦੇਸ਼ ਨੂੰ ਅਮਰੀਕਾ ਦੇ ਦਬਾਅ ਹੇਠ ਚਲਾ ਰਹੇ : ਧਰਮਸੋਤ

## ਪੰਜਾਬੀ 14 ਨੂੰ ਪੰਜਾਬ ਨਾਲ ਹੋਈਆਂ ਜ਼ਿਆਦਤੀਆਂ ਦਾ ਗ੍ਰਹਿ ਮੰਤਰੀ ਤੋਂ ਮੰਗਣਗੇ ਹਿਸਾਬ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਮਰੀਕਾ ਦੇ ਰਾਸ਼ਟਰਪਤੀ ਵੱਲੋਂ ਭਾਰਤ ਨੂੰ ਰੂਸ ਤੋਂ ਤੇਲ ਖ਼ਰੀਦਣ ਦਾ ਫਰਮਾਨ ਦੇਣਾ ਇਉਂ ਜਾਪਦਾ ਹੈ, ਜਿਵੇਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਮਰੀਕਾ ਦੇ ਦਬਾਅ ਹੇਠ ਦੇਸ਼ ਚਲਾ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੇ ਕੀਤਾ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਤਬਾਹੀ ਦੀ ਕਗਾਰ 'ਤੇ ਖੜਾ ਕਰਕੇ ਹੁਣ 14 ਮਾਰਚ ਨੂੰ ਮਾਲਵੇ ਦੀ ਧੁੰਨੀ ਮੰਨੇ ਜਾਂਦੇ ਮੋਗਾ ਵਿੱਚ ਭਾਜਪਾ ਦੀ ਵਿਸ਼ਾਲ ਰੈਲੀ ਕਰਨ ਜਾ ਰਹੇ ਹਨ, ਜਿਸ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਇਲਾਵਾ ਭਾਜਪਾ ਦੇ ਹੋਰ ਵੀ ਵੱਡੇ ਨੇਤਾ ਸ਼ਾਮਲ ਹੋਣਗੇ।ਉਸ ਤੋਂ ਪਹਿਲਾਂ ਕਾਂਗਰਸ ਪਾਰਟੀ ਨੇ ਜੋ ਕੇਂਦਰ ਵੱਲੋਂ ਹੁਣ ਤੱਕ ਭਾਵੇਂ ਮਨਰੇਗਾ ਦੇ ਰੂਪ ਵਿੱਚ ਕਾਲਾ ਕਾਨੂੰਨ ਲੈ ਕੇ ਲਿਆਂਦਾ ਹੈ, ਭਾਵੇਂ ਅਮਰੀਕਾ ਨਾਲ ਕਿਸਾਨਾਂ ਨੂੰ ਮਾਰਨ ਵਾਸਤੇ ਟਰੇਡ ਡੀਲ ਕੀਤੀ ਹੈ।ਉਸ ਦਾ ਵਿਰੋਧ ਕਰਨ ਦੇ ਵਾਸਤੇ ਹਰ ਜ਼ਿਲ੍ਹੇ ਵਿੱਚ ਪੰਜਾਬੀਆਂ ਨੂੰ ਜਾਗਰੂਕ ਕਰ ਰਹੀ ਹੈ, ਤਾਂ ਜੋ ਪੰਜਾਬ ਦੇ ਲੋਕ ਦੇਸ਼ ਦੇ ਗ੍ਰਹਿ ਮੰਤਰੀ ਤੇ ਭਾਜਪਾ ਦੇ ਹੋਰ ਆਗੂਆਂ ਤੋਂ ਜਵਾਬ ਮੰਗ ਸਕਣ।ਧਰਮਸੋਤ ਨੇ ਕਿਹਾ ਕਿ ਕਿਸਾਨ ਤੇ ਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹਨ, ਜਿਨ੍ਹਾਂ ਬਗੈਰ ਕਦੇ ਵੀ ਗੁਜ਼ਾਰਾ ਨਹੀਂ ਹੋ ਸਕਦਾ, ਪਰ ਭਾਜਪਾ ਵੱਲੋਂ ਜਿੱਥੇ ਫੌਜ ਦੀ ਭਰਤੀ ਬੰਦ ਕਰਕੇ ਅਗਨੀ ਵੀਰ ਰੱਖੇ ਜਾ ਰਹੇ ਹਨ, ਉੱਥੇ ਹੀ ਕਿਸਾਨਾਂ ਨੂੰ ਤਬਾਹ ਕਰਨ ਲਈ ਪਹਿਲਾਂ ਕਾਲੇ ਕਾਨੂੰਨ ਲਿਆਂਦੇ ਗਏ, ਜਿਨ੍ਹਾਂ ਨੂੰ ਰੱਦ ਕਰਵਾਉਣ ਲਈ ਦੇਸ਼ ਭਰ ਦੇ ਕਿਸਾਨਾਂ ਨੇ ਦਿੱਲੀ ਦੀਆਂ ਬਰੂਹਾਂ 'ਤੇ ਸੰਘਰਸ਼ ਵਿੱਢਿਆ ਤੇ 800 ਤੋਂ ਵੀ ਵਧੇਰੇ ਕਿਸਾਨ ਸ਼ਹੀਦ ਹੋ ਗਏ, ਜਿਸ ਤੋਂ ਬਾਅਦ ਪ੍ਰਧਾਨ ਮੰਤਰੀ ਵੱਲੋਂ ਇਹ ਕਾਲੇ ਕਾਨੂੰਨ ਰੱਦ ਕੀਤੇ ਗਏ, ਪਰ ਹੁਣ ਫਿਰ ਕਿਸਾਨਾਂ ਨੂੰ ਸਰਮਾਏਦਾਰਾਂ ਦੇ ਗੁਲਾਮ ਬਣਾਉਣ ਲਈ ਅਮਰੀਕਾ ਨਾਲ ਸਮਝੌਤਾ ਕੀਤਾ ਗਿਆ ਹੈ, ਜਿਸ ਤਹਿਤ ਅਮਰੀਕਾ ਦੀ ਮੱਕੀ ਤੇ ਸੋਇਆਬੀਨ ਬਿਨਾਂ ਕਿਸੇ ਟੈਕਸ ਤੋਂ ਭਾਰਤ ਵਿੱਚ ਪ੍ਰਵੇਸ਼ ਕਰਨਗੀਆਂ, ਜਿਸ ਤੋਂ ਬਾਅਦ ਦੇਸ਼ ਦਾ ਕਿਸਾਨ ਦੀ ਮੱਕੀ ਤੇ ਸੋਇਆਬੀਨ ਕੌਣ ਖਰੀਦੇਗਾ? ਦੇਸ਼ 'ਤੇ ਕੋਈ ਸਮਾਂ ਅਜਿਹਾ ਵੀ ਆਇਆ ਕਿ ਦੇਸ਼ ਲੋਕਾਂ ਦੇ ਢਿੱਡ ਭਰਨ ਲਈ ਵਿਦੇਸ਼ਾਂ ਤੋਂ ਕਣਕ ਖਰੀਦ ਰਿਹਾ ਸੀ, ਪਰ ਇਕੱਲੇ ਪੰਜਾਬ ਨੇ ਹਰੀ ਕ੍ਰਾਂਤੀ ਲਿਆ ਕੇ ਦੇਸ਼ ਦਾ ਢਿੱਡ ਹੀ ਨਹੀਂ ਭਰਿਆ ਬਲਕਿ ਅੱਜ ਭਾਰਤ ਕੋਲ 15 ਸਾਲਾਂ ਤੱਕ ਦਾ ਅੰਨ ਭੰਡਾਰ ਹੈ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅਮਰੀਕਾ ਦੇ ਰਾਸ਼ਟਰਪਤੀ ਦਾ ਰਸ਼ੀਆ ਤੋਂ ਤੇਲ ਖ਼ਰੀਦਣ ਲਈ ਆਰਡਰ ਦੇਣਾ ਤੇ ਭਾਰਤ ਦੇ ਪ੍ਰਧਾਨ ਮੰਤਰੀ ਦੀ ਚੁੱਪੀ ਸਾਧਨ ਇਉਂ ਜਾਪਦਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਗਏ ਹਨ, ਜੋ ਸਮੁੱਚੇ ਦੇਸ਼ ਲਈ ਅਤਿਅੰਤ ਮੰਦਭਾਗਾ ਹੈ।ਭਾਜਪਾ ਸਰਕਾਰ ਵੱਲੋਂ ਜਿੱਥੇ ਘੱਟ ਗਿਣਤੀਆਂ ਨੂੰ ਲਤਾੜਿਆ ਜਾ ਰਿਹਾ ਹੈ, ਉੱਥੇ ਹੀ ਕਿਸਾਨਾਂ ਲਈ ਵੀ ਕਾਲੇ ਕਾਨੂੰਨ ਬਣਾ ਕੇ ਉਨ੍ਹਾਂ ਨੂੰ ਸਰਮਾਏਦਾਰਾਂ ਦੇ ਰਹਿਮੋ ਕਰਮ 'ਤੇ ਛੱਡਣ ਦੀਆਂ ਕੋਝੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਵਿਜੇ ਸਾਥੀ, ਮੋਗਾ ਦੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਮੋਗਾ ਹਲਕਾ ਦੀ ਇੰਚਾਰਜ ਮਾਲਵਿਕਾ ਸੂਦ, ਸ਼ਹਿਰੀ ਪ੍ਰਧਾਨ ਵਿਨੋਦ ਬਾਂਸਲ, ਇੰਦਰਜੀਤ ਸਿੰਘ ਬੀੜ ਚੜਿੱਕ, ਉਪਿੰਦਰ ਸਿੰਘ ਗਿੱਲ, ਮਨਜੀਤ ਸਿੰਘ ਮਾਨ, ਯੂਥ ਕਾਂਗਰਸ ਦੇ ਆਗੂ ਪਰਮਿੰਦਰ ਸਿੰਘ ਡਿੰਪਲ ਉਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

## ਵਿਧਾਨ ਸਭਾ ਦੇ ਬਾਹਰ ਕਾਂਗਰਸ ਨੇ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਨੂੰ ਘੇਰਿਆ : ਭੋਲਾ ਸਿੰਘ ਸਮਾਧ ਭਾਈ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਸੂਬੇ ਦੇ ਭਖਦੇ ਮੁੱਦਿਆਂ ਨੂੰ ਲੈ ਕੇ ਕਾਂਗਰਸ ਪਾਰਟੀ ਵਲੋਂ ਵਿਧਾਨ ਸਭਾ ਦੇ ਬਾਹਰ 'ਆਮ ਆਦਮੀ ਪਾਰਟੀ' ਦੀ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਧਰਨੇ ਦੌਰਾਨ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਲੋਕ ਮੁੱਦਿਆਂ ਨੂੰ ਉਠਾਇਆ ਅਤੇ ਮੰਗ ਕੀਤੀ ਕਿ ਸਰਕਾਰ ਆਪਣੇ ਵਾਅਦਿਆਂ 'ਤੇ ਖਰੀ ਉਤਰੇ। ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਭੋਲਾ ਸਿੰਘ ਸਮਾਧ ਭਾਈ ਨੇ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਦਾ ਮੁੱਖ ਮਕਸਦ ਸੱਤਾ ਦੇ ਨਸ਼ੇ ਵਿੱਚ ਗੂੜ੍ਹੀ ਨੀਂਦ ਸੁੱਤੀ ਹੋਈ ਸਰਕਾਰ ਨੂੰ ਜਗਾਉਣਾ ਤੇ ਲੋਕਾਂ ਨਾਲ ਕੀਤੇ ਗਏ ਉਨ੍ਹਾਂ ਵਾਅਦਿਆਂ ਦੀ ਯਾਦ ਦਿਵਾਉਣਾ ਸੀ, ਜਿਨ੍ਹਾਂ ਨੂੰ ਇਹ ਸਰਕਾਰ ਹੁਣ ਤੱਕ ਪੂਰਾ ਕਰਨ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ 'ਆਮ ਆਦਮੀ ਪਾਰਟੀ' ਨੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਸਰਕਾਰ ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਲੋਕਾਂ ਨੂੰ ਨਿਰਾਸ਼ ਕਰ ਰਹੀ ਹੈ।



ਭੋਲਾ ਸਿੰਘ ਸਮਾਧ ਭਾਈ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਖਰਾਬ ਹੋ ਰਹੀ ਹੈ, ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਨਹੀਂ ਮਿਲ ਰਹੇ ਅਤੇ ਕਿਸਾਨਾਂ ਤੇ ਵਪਾਰੀਆਂ ਨੂੰ ਵੀ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਹੀ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਦੀ ਆਈ ਹੈ ਤੇ ਅੱਗੇ ਵੀ ਕਰਦੀ ਰਹੇਗੀ।ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਇਸ ਰੋਸ ਪ੍ਰਦਰਸ਼ਨ ਰਾਹੀਂ ਪਾਰਟੀ ਨੇ ਇਹ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਪੰਜਾਬ ਦੀ ਜਨਤਾ ਦੇ ਹੱਕਾਂ ਦੀ ਰਾਖੀ ਲਈ ਸਮੁੱਚੀ ਕਾਂਗਰਸ ਪਾਰਟੀ ਪੂਰਨ ਤੌਰ 'ਤੇ ਵਚਨਬੱਧ ਹੈ।ਜੇਕਰ ਸਰਕਾਰ ਨੇ ਲੋਕ ਮੁੱਦਿਆਂ ਨੂੰ ਅਣਡਿੱਠਾ ਕੀਤਾ ਤਾਂ ਕਾਂਗਰਸ ਪਾਰਟੀ ਸੜਕਾਂ ਤੋਂ ਲੈ ਕੇ ਵਿਧਾਨ ਸਭਾ ਤੱਕ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਆਗੂ ਅਤੇ ਵਰਕਰ ਹਮੇਸ਼ਾਂ ਲੋਕਾਂ ਦੇ ਨਾਲ ਖੜੇ ਹਨ ਅਤੇ ਪੰਜਾਬ ਦੇ ਹਿੱਤਾਂ ਲਈ ਲੜਾਈ ਲੜਦੇ ਰਹਿਣਗੇ।

# ਅਮਨ ਅਰੋੜਾ ਨੇ 5.47 ਕਰੋੜ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ

### ਸ਼ਹਿਰ ਵਾਸੀਆਂ ਵੱਲੋਂ ਪ੍ਰੋਜੈਕਟਾਂ ਲਈ ਕੈਬਨਿਟ ਮੰਤਰੀ ਦਾ ਧੰਨਵਾਦ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਅਤੇ ਸ਼ਹਿਰਾਂ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸੇ ਤਹਿਤ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਸੁਨਾਮ ਸ਼ਹਿਰ ਵਿੱਚ ਕੁੱਲ 5 ਕਰੋੜ 47 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ।

ਇਸ ਮੌਕੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ 3 ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਰੇਲਵੇ ਫਾਟਕ ਬਾਬਾ ਭਾਈ ਮੂਲ ਚੰਦ ਸਾਹਿਬ ਨੇੜੇ ਮਾਇਆ ਗਾਰਡਨ ਤੋਂ ਨਹਿਰ ਤੱਕ ਨਵੀਂ ਸੜਕ ਦੀ ਉਸਾਰੀ ਕੀਤੀ ਜਾਵੇਗੀ।ਇਸ ਦੇ ਨਾਲ-ਨਾਲ ਜਾਖਲ ਰੋਡ ਤੇ ਇਲਾਕੇ ਦੀਆਂ ਹੋਰ ਅੰਦਰੂਨੀ ਸੜਕਾਂ ਦੀ ਵੀ ਕਾਇਆ ਕਲਪ ਕੀਤੀ ਜਾਵੇਗੀ ਤਾਂ ਜੋ ਇਲਾਕੇ ਦੇ ਵਸਨੀਕਾਂ ਨੂੰ ਸੁਚਾਰੂ ਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਮਿਲ ਸਕੇ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ 1 ਕਰੋੜ 87 ਲੱਖ ਰੁਪਏ ਦੀ ਲਾਗਤ ਨਾਲ ਸੁਨਾਮ-ਨੀਲੋਵਾਲ ਰੋਡ ਤੋਂ ਰੇਲਵੇ ਲਾਈਨ ਤੱਕ ਨਵੀਂ ਸੜਕ ਬਣਾਈ ਜਾਵੇਗੀ ਤੇ ਸਰਾਭਾ ਨਗਰ ਸਮੇਤ ਇਲਾਕੇ ਦੀਆਂ ਹੋਰ ਸੜਕਾਂ ਦੀ ਉਸਾਰੀ ਵੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਬਣਨ ਨਾਲ ਨਾ ਸਿਰਫ਼ ਆਵਾਜਾਈ ਹੋਰ ਸੁਖਾਲੀ ਹੋਵੇਗੀ, ਸਗੋਂ ਸਥਾਨਕ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ ਤੇ ਸ਼ਹਿਰ ਦੇ ਵਿਕਾਸ ਨੂੰ ਵੀ ਗਤੀ ਮਿਲੇਗੀ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਖੇਤਰ ਦੇ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਅਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਸ਼ਹਿਰ ਤੇ ਇਲਾਕੇ ਦੀਆਂ ਹੋਰ ਵਿਕਾਸੀ ਲੋੜਾਂ ਨੂੰ ਵੀ ਜਲਦੀ ਪੂਰਾ ਕੀਤਾ ਜਾਵੇਗਾ।ਇਸ ਮੌਕੇ ਮਾਇਆ ਗਾਰਡਨ ਵਾਸੀਆਂ, ਗਊਸ਼ਾਲਾ ਕਮੇਟੀ ਤੇ ਮੈਂਬਰਾਂ ਵੱਲੋਂ ਇਨ੍ਹਾਂ ਪ੍ਰੋਜੈਕਟਾਂ ਲਈ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਥਾਨਕ ਆਗੂ, ਵਰਕਰ, ਵੱਖ-ਵੱਖ ਅਹੁਦੇਦਾਰ, ਨਗਰ ਕੌਂਸਲ ਦੇ ਨੁਮਾਇੰਦੇ ਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਸਨ।

## ਸ੍ਰੀ ਵਾਮਨ ਅਵਤਾਰ ਮੰਦਰ ਦਾ ਨਿਰਮਾਣ ਕਾਰਜ ਜਲਦ ਹੋਵੇਗਾ ਸ਼ੁਰੂ : ਹਰਪਾਲ ਜੁਨੇਜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਇਤਿਹਾਸਕ ਸ੍ਰੀ ਵਾਮਨ ਅਵਤਾਰ ਮੰਦਰ ਤੇ ਸਰੋਵਰ ਦਾ ਦੌਰਾ ਕੀਤਾ ਅਤੇ ਧਰਨੇ 'ਤੇ ਬੈਠੇ ਲੋਕਾਂ ਨਾਲ ਗੱਲਬਾਤ ਕੀਤੀ।ਇਸ ਦੌਰਾਨ ਜੁਨੇਜਾ ਨੇ ਭਰੋਸਾ ਦਿੱਤਾ ਕਿ ਮੰਦਰ ਤੇ ਸਰੋਵਰ ਦੇ ਨਿਰਮਾਣ ਕਾਰਜ ਜਲਦ ਹੀ ਸ਼ੁਰੂ ਕਰਵਾਏ ਜਾਣਗੇ।ਹਰਪਾਲ ਜੁਨੇਜਾ ਮੁੱਖ ਮੰਤਰੀ ਭਗਵੰਤ ਮਾਨ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂ ਦੇ ਵਿਸ਼ੇਸ਼ ਨਿਰਦੇਸ਼ਾਂ 'ਤੇ ਮੰਦਰ ਵਿਖੇ ਪਹੁੰਚੇ।ਉੱਥੇ ਉਨ੍ਹਾਂ ਨੇ ਮੰਦਰ ਦੇ ਨਿਰਮਾਣ ਤੇ ਸਰੋਵਰ ਦੀ ਸਾਂਭ-ਸੰਭਾਲ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਿੰਦੂ ਭਾਈਚਾਰੇ ਦੇ ਨੁਮਾਇੰਦਿਆਂ ਤੇ ਸਥਾਨਕ ਲੋਕਾਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਚੇਅਰਮੈਨ ਜੁਨੇਜਾ ਨੇ ਸ਼ਰਧਾ ਸਹਿਤ ਮੰਦਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਵੀ ਲਿਆ।ਮੁਲਾਕਾਤ ਦੌਰਾਨ ਹਿੰਦੂ ਭਾਈਚਾਰੇ ਨੇ ਆਪਣੀਆਂ ਮੰਗਾਂ ਤੇ ਮੰਦਰ ਦੀ ਮੌਜੂਦਾ ਸਥਿਤੀ ਬਾਰੇ ਜੁਨੇਜਾ ਨੂੰ ਜਾਣੂ ਕਰਵਾਇਆ।ਚੇਅਰਮੈਨ ਨੇ ਬਹੁਤ ਹੀ ਸੰਜੀਦਗੀ ਨਾਲ ਸਾਰੀਆਂ ਗੱਲਾਂ ਸੁਣੀਆਂ ਤੇ ਭਾਈਚਾਰੇ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸ੍ਰੀ ਬਲਤੇਜ ਪੰਨੂ ਜੀ ਵੱਲੋਂ ਲਗਾਈ ਗਈ ਡਿਊਟੀ ਤਹਿਤ ਮੈਂ ਅੱਜ ਇੱਥੇ ਪਹੁੰਚਿਆ ਹਾਂ।ਮੰਦਰ ਦੇ ਹਾਲਾਤ ਤੇ ਨਿਰਮਾਣ ਕਾਰਜਾਂ ਵਿੱਚ ਆ ਰਹੀਆਂ ਰੁਕਾਵਟਾਂ ਬਾਰੇ ਇੱਕ ਵਿਸਤ੍ਰਿਤ ਰਿਪੋਰਟ ਤਿਆਰ ਕਰਕੇ ਸਿੱਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੱਕ ਪਹੁੰਚਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਧਾਰਮਿਕ ਅਕੀਦਿਆਂ ਦਾ ਸਤਿਕਾਰ ਕਰਦੀ ਹੈ ਤੇ ਇਸ ਮਸਲੇ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।ਇਸ ਮੌਕੇ ਹਾਜ਼ਰ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

## ਵਿੱਤ ਮੰਤਰੀ ਦੇ ਹਲਕੇ 'ਚ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ 26, 27 ਤੇ 28 ਨੂੰ ਕਰਨਗੇ ਝੰਡਾ ਮਾਰਚ ਪ੍ਰਦਰਸ਼ਨ : ਵਰਿੰਦਰ ਮੋਮੀ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**
ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸੀਨੀ. ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ ਨੇ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿਛਲੀਆਂ ਪੰਜਾਬ ਵਿਧਾਨ ਸਭਾ ਚੋਣਾਂ-2022 ਸਮੇਂ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਠੇਕਾ ਪ੍ਰਣਾਲੀ ਦਾ ਸੰਤਾਪ ਭੋਗ ਰਹੇ ਇਨਲਿਸਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦਾ ਪੱਕਾ ਰੁਜ਼ਗਾਰ ਕਰਨ ਵਾਲਾ ਵਾਅਦਾ ਪੂਰਾ ਕਰਨ ਦੀ ਬਜਾਏ ਬੀਤੇ 4 ਸਾਲਾਂ ਤੋਂ ਸਿਰਫ ਲਾਰਿਆਂ ਵਿੱਚ ਰੱਖਣ ਦੇ ਰੋਸ ਵਜੋਂ ਆਪਣੇ ਕੱਚੇ-ਪਿੱਲੇ ਰੁਜ਼ਗਾਰ ਨੂੰ ਪੱਕਾ ਰੁਜ਼ਗਾਰ ਕਰਨ ਦੀ ਮੰਗ ਲਈ ਤੇ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਵਾਲੀਆਂ ਮਾਰੂ ਨੀਤੀਆਂ ਲਾਗੂ ਕਰਨ ਲਈ ਬਜ਼ਿੱਦ ਪੰਜਾਬ ਸਰਕਾਰ ਵਿਰੁੱਧ 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ' ਦੇ ਪਲੇਟਫਾਰਮ ਤੋਂ ਉਲੀਕੇ ਸੰਘਰਸ਼ ਪ੍ਰੋਗਰਾਮ ਤਹਿਤ ਠੇਕਾ ਮੁਲਾਜ਼ਮਾਂ ਵੱਲੋਂ 22 ਮਾਰਚ 2026 ਤੋਂ 5 ਅਪ੍ਰੈਲ 2026 ਤੱਕ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਐਸੰਬਲੀ ਹਲਕੇ ਦਿੜ੍ਹਬਾ ਦੇ ਪਿੰਡਾਂ ਵਿਚ ਲਗਾਤਾਰ ਝੰਡਾ ਮਾਰਚ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸੰਘਰਸ਼ ਪ੍ਰੋਗਰਾਮ ਨੂੰ ਪੁਰਅਮਨ ਢੰਗ ਨਾਲ ਲਾਗੂ ਕਰਦੇ ਹੋਏ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ 26, 27 ਤੇ 28 ਮਾਰਚ 2026 ਨੂੰ ਲਗਾਤਾਰ 3 ਦਿਨ ਝੰਡਾ ਮਾਰਚ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਲੀਫ ਲੈਟਰ (ਹੱਥ ਪਰਚਾ) ਪੜ੍ਹਨ ਲਈ ਲੋਕਾਂ ਵਿੱਚ ਵੰਡ ਕੇ ਵਰਤਮਾਨ ਪੰਜਾਬ ਸਰਕਾਰ ਦੀਆਂ ਠੇਕਾ ਮੁਲਾਜ਼ਮ, ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਵਰਗ ਵਿਰੋਧੀ ਅਪਣਾਈਆਂ ਜਾ ਰਹੀਆਂ ਨੀਤੀਆਂ ਬਾਰੇ ਜਾਗਰੂਕ ਕੀਤਾ ਜਾਵੇਗਾ। ਸੂਬਾਈ ਆਗੂਆਂ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਤੇ ਦਫਤਰਾਂ ਵਿਚ ਵੱਖ-ਵੱਖ ਪੋਸਟਾਂ 'ਤੇ ਰੈਗੂਲਰ ਮੁਲਾਜ਼ਮਾਂ ਦੀ ਤਰ੍ਹਾਂ ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਵਰਕਰਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ 'ਚ ਮਰਜ ਕਰਕੇ 'ਪੱਕੇ ਰੁਜ਼ਗਾਰ' ਦਾ ਪ੍ਰਬੰਧ ਕਰਨ ਸਮੇਤ ਹੋਰ ਹੱਕੀ ਤੇ ਜਾਇਜ਼ ਮੰਗਾਂ ਦਾ ਹੱਲ ਕਰੇ। ਇਸ ਮੌਕੇ ਜਥੇਬੰਦੀ ਦੇ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾਈ ਆਗੂ ਹਾਕਮ ਸਿੰਘ ਧਨੇਠਾ, ਜਗਰੂਪ ਸਿੰਘ, ਭੁਪਿੰਦਰ ਸਿੰਘ ਕੁਤਬੇਵਾਲ, ਪ੍ਰਦੂਮਣ ਸਿੰਘ, ਰੁਪਿੰਦਰ ਸਿੰਘ, ਜਸਬੀਰ ਸਿੰਘ ਜਿੰਦਵੜੀ, ਗੁਰਵਿੰਦਰ ਸਿੰਘ ਪੰਜੋਲੀ, ਤੇਜਿੰਦਰ ਸਿੰਘ ਮਾਨ ,ਬਲਜੀਤ ਸਿੰਘ ਭੱਟੀ, ਮਨਪ੍ਰੀਤ ਸਿੰਘ, ਮੇਜਰ ਸਿੰਘ, ਗੁਰਵਿੰਦਰ ਸਿੰਘ ਬਾਠ, ਸੁਰਿੰਦਰ ਸਿੰਘ, ਉਂਕਾਰ ਸਿੰਘ, ਪ੍ਰੇਮਜੀਤ ਸਿੰਘ ਮੌਜੂਦ ਸਨ।

## ਐੱਸ ਕੇ ਐੱਮ ਦੀ ਬਰਨਾਲਾ ਰੈਲੀ 'ਚ ਸ਼ਾਮਲ ਹੋਣ ਦਾ ਐਲਾਨ



**ਜਗਰਾਉਂ (ਸੰਜੀਵ ਅਰੋੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਪ੍ਰਧਾਨਗੀ ਹੇਠ ਜਗਰਾਉਂ ਬਲਾਕ ਦੀ ਮੀਟਿੰਗ 'ਚ ਡੇਢ ਦਰਜਨ ਦੇ ਕਰੀਬ ਪਿੰਡਾਂ ਦੇ ਕਿਸਾਨਾਂ ਨੇ 10 ਮਾਰਚ ਦੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਸੱਦੀ ਬਰਨਾਲਾ ਰੈਲੀ 'ਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਤੇ ਬਲਾਕ ਸੱਕਤਰ ਰਛਪਾਲ ਸਿੰਘ ਨਵਾਂ ਡੱਲਾ ਨੇ ਦੱਸਿਆ ਕਿ ਅਮਰੀਕਾ ਨਾਲ ਵਪਾਰ ਸਮਝੌਤੇ ਖਿਲਾਫ, ਅਮਰੀਕਾ ਇਜ਼ਰਾਈਲ ਵੱਲੋਂ ਇਰਾਨ 'ਤੇ ਕੀਤੇ ਤਬਾਹਕੁੰਨ ਹਮਲੇ ਖਿਲਾਫ਼, ਇਕ ਦੋ ਦਿਨ 'ਚ ਪਾਰਲੀਮੈਂਟ 'ਚ ਪਾਸ ਹੋਣ ਜਾ ਰਹੇ ਬਿਜਲੀ ਐਕਟ ਤੇ ਬੀਜ ਐਕਟ ਨੂੰ ਰੱਦ ਕਰਾਉਣ ਲਈ, ਮਗਨਰੇਗਾ ਸਕੀਮ ਮੁੜ ਬਹਾਲ ਕਰਾਉਣ ਲਈ, ਕਿਰਤ ਕੋਡ ਰੱਦ ਕਰਵਾ ਕੇ ਪੁਰਾਣੇ ਕਿਰਤ ਕਨੂੰਨ ਬਹਾਲ ਕਰਾਉਣ ਲਈ, ਪੰਜਾਬ 'ਚ ਪਾਣੀ ਖ਼ਤਮ ਹੋਣ ਦੀ ਮਾੜੀ ਹਾਲਤ ਤੋਂ ਬਚਣ ਲਈ, ਦਿੱਲੀ ਅੰਦੋਲਨ ਦੌਰਾਨ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਰੱਖੀ ਇਸ ਰੈਲੀ ਰਾਹੀਂ ਮੋਦੀ ਤੇ ਮਾਨ ਹਕੂਮਤ ਦੇ ਕੰਨ ਖੋਲ੍ਹੇ ਜਾਣਗੇ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਬਠਿੰਡਾ ਵਿਖੇ ਕਿਸਾਨਾਂ ਮਜ਼ਦੂਰਾਂ ਦੀ ਸਾਂਝੀ ਲਲਕਾਰ ਰੈਲੀ ਨੇ ਬਠਿੰਡਾ ਪੁਲਸ ਨੂੰ ਜਬਰ ਦੇ ਰਾਹ ਤੋਂ ਪਿੱਛੇ ਹਟਣ ਲਈ ਮਜਬੂਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀਆਂ ਕੇਂਦਰ ਤੇ ਪੰਜਾਬ ਸਰਕਾਰਾਂ ਨੇ ਮਸਲੇ ਹੱਲ ਕਰਨ ਦੀ ਥਾਂ ਜਬਰ ਦਾ ਰਾਹ ਚੁਣਿਆ ਹੈ, ਜਿਸ ਦਾ ਖਮਿਆਜ਼ਾ ਦੋਹਾਂ ਪਾਰਟੀਆਂ ਨੂੰ ਭੁਗਤਣਾ ਪਵੇਗਾ। ਇਸ ਸਮੇਂ ਗੁਰਦਾਸਪੁਰ 'ਚ ਝੂਠੇ ਪੁਲਸ ਮੁਕਾਬਲੇ ਵਿੱਚ ਮਾਰੇ ਗਏ ਨੌਜਵਾਨ ਰਣਜੀਤ ਸਿੰਘ ਦੇ ਪੁਲਸ ਵੱਲੋਂ ਕੀਤੇ ਕਤਲ ਦੀ ਜ਼ੋਰਦਾਰ ਨਿੰਦਾ ਕਰਦਿਆਂ ਨਿਰਪੱਖ ਪੜਤਾਲ ਦੀ ਮੰਗ ਕੀਤੀ ਗਈ ਹੈ। ਇਸ ਸਮੇਂ ਨਿਰਮਲ ਸਿੰਘ ਭੰਮੀਪੁਰਾ, ਹਰਜਿੰਦਰ ਸਿੰਘ ਡੱਲਾ ਤੇ ਆਤਮਾ ਸਿੰਘ ਭੰਮੀਪੁਰਾ ਆਦਿ ਆਗੂ ਵਰਕਰ ਹਾਜ਼ਰ ਸਨ।

## ਕੌਮਾਂਤਰੀ ਮਹਿਲਾ ਦਿਵਸ ਮੌਕੇ ਨੀਤੂ ਸਿੰਘ ਨੂੰ ਕੀਤਾ ਸਨਮਾਨਤ



**ਦੋਰਾਹਾ (ਹਰਮਿੰਦਰ ਸੇਠ)**-ਆਧਾਰ ਦ ਫਾਊਂਡੇਸ਼ਨ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਮੌਕੇ ਨਾਰੀ ਸ਼ਕਤੀ ਸਨਮਾਨ ਸਮਾਗਮ ਏ. ਐੱਸ. ਕਾਲਜ ਫਾਰ ਵੂਮੈਨ ਅਮਲੋਹ ਰੋਡ ਖੰਨਾ ਵਿਖੇ ਕਰਵਾਇਆ ਗਿਆ।ਇਸ ਮੌਕੇ ਆਧਾਰ ਦਿ ਫਾਊਂਡੇਸ਼ਨ ਦੀ ਐਗਜ਼ੀਕਿਊਟਿਵ ਮੈਂਬਰ ਨੀਤੂ ਸਿੰਘ ਨੂੰ ਸਮਾਜ ਸੇਵਾ ਤੇ ਮਹਿਲਾ ਸਸ਼ਕਤੀਕਰਨ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਦੇ ਮੱਦੇਨਜ਼ਰ ਨਾਰੀ ਸ਼ਕਤੀ ਸਨਮਾਨ ਨਾਲ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਨੀਤੂ ਸਿੰਘ ਵੱਲੋਂ ਸਮਾਜਿਕ ਕਾਰਜਾਂ ਵਿੱਚ ਨਿਭਾਈ ਜਾ ਰਹੀ ਸਰਗਰਮ ਭੂਮਿਕਾ ਤੇ ਸੇਵਾ ਭਾਵਨਾ ਦੀ ਖੂਬ ਸਰਾਹਣਾ ਕੀਤੀ ਗਈ।ਸੰਸਥਾ ਦੇ ਪ੍ਰਬੰਧਕਾਂ ਮੁਤਾਬਕ ਇਹ ਸਮਾਗਮ ਸਮਾਜ ਵਿੱਚ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਨੂੰ ਸਨਮਾਨਤ ਕਰਨ ਤੇ ਮਹਿਲਾ ਸ਼ਕਤੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ।ਇਸ ਮੌਕੇ ਕਈ ਸਮਾਜ ਸੇਵੀ ਤੇ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

## ਏਡਿਡ ਸਕੂਲਾਂ ਦੇ ਅਧਿਆਪਕਾਂ ਤੇ ਪੈਨਸ਼ਨਰਾਂ ਵੱਲੋਂ ਸੂਬਾ ਪੱਧਰੀ ਰੋਸ ਧਰਨਾ ਤੇ ਮਾਰਚ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਏਡਿਡ ਸਕੂਲਾਂ ਵਿਚ ਕੰਮ ਕਰਦੇ ਅਧਿਆਪਕਾਂ ਤੇ ਪੈਨਸ਼ਨਰਾਂ ਵੱਲੋਂ 10 ਮਾਰਚ ਨੂੰ ਡੀ.ਪੀ.ਆਈ. ਦਫਤਰ ਮੁਹਾਲੀ ਵਿਖੇ ਸੂਬਾ ਪੱਧਰੀ ਰੋਸ ਧਰਨਾ ਤੇ ਮਾਰਚ ਕੱਢਣ ਦਾ ਐਲਾਨ ਕੀਤਾ ਹੈ। ਜਥੇਬੰਦੀ ਦੇ ਅਜੀਤ ਕੁਮਾਰ ਜ਼ਿਲ੍ਹਾ ਜਨਰਲ ਸਕੱਤਰ, ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ, ਸੂਬਾ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ, ਪੈਨਸ਼ਨਰ ਐਸੋ. ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਚਾਹਲ, ਮੈਨੇਜਮੈਂਟ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਐੱਸ. ਐੱਸ. ਚਾਵਲਾ ਨੇ ਕਿਹਾ ਕਿ ਪੰਜਾਬ ਦੀ ਸਿੱਖਿਆ ਕ੍ਰਾਂਤ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਵਾਰ ਏਡਿਡ ਸਕੂਲਾਂ ਦੇ ਅਧਿਆਪਕ ਤੇ ਪੈਨਸ਼ਨਰ ਮਾੜੇ ਦੌਰ ਵਿੱਚੋਂ ਗੁਜ਼ਰ ਰਹੇ ਹਨ। ਅਨੇਕਾਂ ਏਡਿਡ ਸਕੂਲ ਅਸਾਮੀਆਂ ਖਾਲੀ ਹੋਣ ਕਾਰਨ ਬੰਦ ਹੋ ਰਹੇ ਹਨ। ਯੂਨੀਅਨ ਆਗੂਆਂ ਨੇ ਕਿਹਾ ਕਿ ਗੁਆਂਢੀ ਸੂਬਿਆਂ ਨੇ ਏਡਿਡ ਸਕੂਲਾਂ ਦੇ ਸਟਾਫ ਨੂੰ ਸਰਕਾਰੀ ਸਕੂਲਾਂ ਵਿੱਚ ਮਰਜ਼ ਕਰਕੇ ਸਮੱਸਿਆਵਾਂ ਹੱਲ ਕਰ ਦਿੱਤੀਆਂ ਹਨ, ਪਰ ਪੰਜਾਬ ਦੀ ਆਪ ਸਰਕਾਰ ਆਪਣੇ ਚੋਣ ਮਨੋਰਥ ਪੱਤਰ ਤੋਂ ਵੀ ਹੁਣ ਪਾਸਾ ਵੱਟ ਰਹੀ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਉਕਤ ਮੰਗਾਂ ਨੂੰ ਲੈ ਕੇ ਪੰਜਾਬ ਦੇ ਸਮੁੱਚੇ ਏਡਿਡ ਸਟਾਫ, ਪੈਨਸ਼ਨਰ ਤੇ ਮੈਨੇਜਮੈਂਟਾਂ 10 ਮਾਰਚ ਨੂੰ ਡੀ.ਪੀ.ਆਈ (ਸੈ.) ਮੁਹਾਲੀ ਦੇ ਦਫਤਰ ਮੂਹਰੇ ਧਰਨਾ ਲਗਾਏਗੀ ਤੇ ਲੋੜ ਪਈ ਤਾਂ ਪੰਜਾਬ ਵਿਧਾਨ ਸਭਾ ਵੱਲ ਮਾਰਚ ਵੀ ਕੀਤਾ ਜਾਵੇਗਾ।

## ਹਰਨਾਮ ਸਿੰਘ ਰਾਸ਼ਟਰੀ ਲੋਕ ਦਲ ਦੇ ਚੋਣ ਮੈਨੀਫੈਸਟੋ ਕਮੇਟੀ ਦੇ ਮੈਂਬਰ ਨਿਯੁਕਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਰਾਸ਼ਟਰੀ ਲੋਕ ਦਲ ਪੰਜਾਬ ਦੇ ਪ੍ਰਧਾਨ ਮਨਜੀਤ ਸਿੰਘ ਮੋਹਾਲੀ ਦੀ ਅਗਵਾਈ 'ਚ ਪਾਤੜਾਂ ਵਿਖੇ ਮੀਟਿੰਗ ਹੋਈ, ਜਿਸ ਵਿੱਚ ਬਹੁਤ ਸਾਰੇ ਅਹੁਦੇਦਾਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਦੌਰਾਨ ਬਿਜਲੀ ਬੋਰਡ 'ਚੋਂ ਸੇਵਾ ਮੁਕਤ ਹੋਏ ਹਰਨਾਮ ਸਿੰਘ ਨੂੰ ਪਾਰਟੀ ਦੀ ਚੋਣ ਮੈਨੀਫੈਸਟੋ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ।ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਮੋਹਾਲੀ ਨੇ ਦੱਸਿਆ ਕਿ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਨੇ ਕਾਂਗਰਸ ਪਾਰਟੀ ਵੱਲੋਂ ਦੇਸ਼ ਵਿੱਚ ਲਾਈ ਗਈ ਐਮਰਜੈਂਸੀ ਸਮੇਂ ਇੱਕ ਸੰਘਰਸ਼ ਵਿੱਢਿਆ ਗਿਆ ਸੀ, ਜਿਸ ਵਿੱਚ ਦੇਸ਼ ਦੇ ਲੋਕਾਂ ਦੀ ਅਗਵਾਈ ਕਰਦਿਆਂ ਚੌਧਰੀ ਚਰਨ ਸਿੰਘ ਨੇ ਦੇਸ਼ ਵਿੱਚ ਲੱਗੀ ਐਮਰਜੈਂਸੀ ਤੋਂ ਲੋਕਾਂ ਨੂੰ ਮੁਕਤੀ ਦਿਵਾਈ ਸੀ ਤੇ ਇਹ ਸੰਘਰਸ਼ ਜਿੱਤ ਕੇ ਉਨ੍ਹਾਂ ਨੇ ਲੋਕਾਂ ਨੂੰ ਕਾਂਗਰਸ ਦੀਆਂ ਮਾੜੀਆਂ ਨੀਤੀਆਂ ਤੋਂ ਅਜ਼ਾਦ ਕਰਵਾਇਆ ਸੀ ਅਤੇ ਸੰਘਰਸ਼ ਦੌਰਾਨ ਉਨ੍ਹਾਂ ਦਾ ਸਾਥ ਦੇਣ ਵਾਲੇ ਲਾਲੂ ਯਾਦਵ, ਮੁਲਾਇਮ ਸਿੰਘ ਯਾਦਵ, ਨਿਤੀਸ਼ ਕੁਮਾਰ, ਚੌਧਰੀ ਦੇਵੀ ਲਾਲ ਵਰਗੇ ਮਹਾਂ ਨਾਇਕ ਆਗੂਆਂ ਨੇ ਵੀ ਲੋਕਾਂ ਦੀ ਅਗਵਾਈ ਕੀਤੀ।ਉਨ੍ਹਾਂ ਦੱਸਿਆ ਕਿ ਮੌਜੂਦਾ ਪ੍ਰਧਾਨ ਜੈ ਅੰਤ ਚੌਧਰੀ ਨੇ ਦੇਸ਼ ਨੂੰ ਨਵੀਂ ਦਿਸ਼ਾ ਦੇਣ ਲਈ ਸਕਿੱਲ ਡਿਵੈਲਪਮੈਂਟ ਮਹਿਕਮੇ ਵਿੱਚ ਬਹੁਤ ਹੀ ਪ੍ਰਭਾਵਸ਼ਾਲੀ ਕੰਮ ਕਰਕੇ ਨੌਜਵਾਨਾਂ ਦੇ ਭਵਿੱਖ ਸੁਧਾਰਨ ਦੇ ਯਤਨ ਕੀਤੇ ਹਨ।ਉਨ੍ਹਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਗੱਲ ਕਰਦਿਆਂ ਕਿਹਾ ਕਿ ਇਸ ਰਾਜ ਵਿੱਚ ਲੋਕਾਂ ਨਾਲ ਧੱਕੇਸ਼ਾਹੀਆਂ ਹੋ ਰਹੀਆਂ ਹਨ ਤੇ ਲੋਕਾਂ ਦੇ ਹੱਕ ਮਾਰੇ ਜਾ ਰਹੇ ਹਨ, ਇਸ ਤੋਂ ਪੰਜਾਬ ਦੇ ਲੋਕਾਂ ਨੂੰ ਬਚਾਉਣ ਲਈ ਇੱਕ ਸੁਲਝੀ ਹੋਈ ਲੀਡਰਸ਼ਿੱਪ ਕੌਮੀ ਪ੍ਰਧਾਨ ਵੱਲੋਂ ਦਿੱਤੀ ਗਈ ਹੈ।ਸਾਲ 2027 'ਚ ਪੰਜਾਬ ਦੇ ਲੋਕਾਂ ਨੂੰ ਆਪ ਦੀ ਸਰਕਾਰ ਤੋਂ ਮੁਕਤੀ ਦਿਵਾ ਕੇ ਇੱਕ ਲੋਕ-ਪੱਖੀ ਸਰਕਾਰ ਪੰਜਾਬ ਦੇ ਲੋਕਾਂ ਦੇ ਸਹਿਯੋਗ ਨਾਲ ਬਣਾਈ ਜਾਵੇਗੀ। ਇਸ ਮੀਟਿੰਗ ਦੌਰਾਨ ਮੁਹੰਮਦ ਸਦੀਕ ਮੁੱਖ ਬੁਲਾਰਾ ਲੋਕ ਦਲ, ਕੁਲਜੀਤ ਸਿੰਘ ਹਰਿਆਊ, ਸੁਖਵਿੰਦਰ ਸਿੰਘ, ਨਾਜ਼ਰ ਸਿੰਘ ਕਾਹਨਗੜ੍ਹ, ਬੀਬੀ ਬਲਜੀਤ ਕੌਰ, ਮਨਜੀਤ ਕੌਰ ਕਕਰਾਲਾ, ਸੰਦੀਪ ਸਿੰਘ, ਜਗਤਾਰ ਸਿੰਘ, ਹਰਪ੍ਰੀਤ ਸਿੰਘ ਆਦਿ ਮੌਜੂਦ ਸਨ।

## 60 ਪੇਟੀਆਂ ਨਜਾਇਜ਼ ਸ਼ਰਾਬ ਸਮੇਤ 2 ਕਾਬੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼ਰਾਬ ਦੀ ਨਜਾਇਜ਼ ਤਸਕਰੀ ਕਰਨ ਵਾਲਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਲੁਧਿਆਣਾ ਐਕਸਾਈਜ਼ ਵਿਭਾਗ ਵੱਲੋਂ ਪੁਲਸ ਦੇ ਸਹਿਯੋਗ ਨਾਲ 2 ਵਿਅਕਤੀਆਂ ਨੂੰ 60 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਅਮਿਤ ਗੋਇਲ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਤੇਜਿੰਦਰਪਾਲ ਸਿੰਘ ਵਾਸੀ ਰੋਡੇ ਬਾਘਾ ਪੁਰਾਣਾ, ਮੋਗਾ ਤੇ ਸੁਰਿੰਦਰ ਸਿੰਘ ਵਾਸੀ ਵਾੜਾ ਵਰਿਆਮ ਸਿੰਘ ਜ਼ਿਲ੍ਹਾ ਫਿਰੋਜ਼ਪੁਰ ਨਜਾਇਜ਼ ਸ਼ਰਾਬ ਵੇਚਣ ਦਾ ਧੰਦਾ ਕਰਦੇ ਹਨ, ਜੋ ਅੱਜ ਵੀ ਦੇਸੀ ਤੇ ਅੰਗਰੇਜ਼ੀ ਸ਼ਰਾਬ ਸਸਤੇ ਭਾਅ 'ਤੇ ਲਿਆ ਕੇ ਲੁਧਿਆਣਾ ਜ਼ਿਲ੍ਹਾ ਵਿੱਚ ਸਪਲਾਈ ਕਰਦੇ ਹਨ। ਇੰਸਪੈਕਟਰ ਅਮਿਤ ਗੋਇਲ ਨੇ ਦੱਸਿਆ ਕਿ ਪੁਲਸ ਦੀ ਮੱਦਦ ਨਾਲ ਨਾਕਾਬੰਦੀ ਕੀਤੀ ਗਈ ਤੇ ਇੱਕ ਇਨੋਵਾ ਕਾਰ ਨੂੰ ਜਾਂਚ ਲਈ ਰੋਕਿਆ, ਜਿਸ ਵਿੱਚੋਂ 60 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਹੋਈਆਂ ਅਤੇ ਕਾਰ ਵਿੱਚ ਸਵਾਰ ਵਿਅਕਤੀਆਂ ਦੀ ਪਹਿਚਾਣ ਤੇਜਿੰਦਰਪਾਲ ਸਿੰਘ ਤੇ ਸੁਰਿੰਦਰ ਸਿੰਘ ਵਜੋਂ ਹੋਈ। ਪੁਲਸ ਵੱਲੋਂ ਇਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਜਾਂਚ ਕੀਤੀ ਜਾ ਰਹੀ ਹੈ।

## ਵਿਧਾਇਕ ਦਹੀਆ ਵੱਲੋਂ ਵਕੀਲਾਂ ਦੇ ਹੱਕ 'ਚ ਫੈਸਲਾ ਲੈਣ 'ਤੇ ਪੰਜਾਬ ਸਰਕਾਰ ਦਾ ਧੰਨਵਾਦ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ, ਜੋ ਉਨ੍ਹਾਂ ਨੇ ਵਕੀਲ ਭਾਈਚਾਰੇ ਦੀ ਮੰਗ ਨੂੰ ਸਵੀਕਾਰ ਕੀਤਾ ਹੈ। ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਦੱਸਿਆ ਕਿ ਸਾਡੇ ਵਕੀਲ ਭਰਾਵਾਂ ਨੇ ਮੁੱਖ ਮੰਤਰੀ ਨੂੰ ਮਿਲ ਕਿ ਮੰਗ ਕੀਤੀ ਕਿ ਜਿਹੜੇ ਸਾਡੇ ਚੈਂਬਰ ਹਨ ਉਨ੍ਹਾਂ ਨੂੰ ਰੈਜ਼ੀਡੈਂਸ਼ੀਅਲ ਟੈਰਿਫ ਲੱਗਣਾ ਚਾਹੀਦਾ ਕਮਰਸ਼ੀਅਲ ਨਹੀਂ ਲੱਗਣਾ ਚਾਹੀਦਾ। ਵਕੀਲ ਭਾਈਚਾਰੇ ਦੀ ਇਸ ਮੰਗ ਨੂੰ ਪੰਜਾਬ ਸਰਕਾਰ ਵੱਲੋਂ ਮੰਨ ਲਿਆ ਗਿਆ ਹੈ ਤੇ ਉਹ ਰੈਜ਼ੀਡੈਂਸ਼ੀਅਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਬਿਜਲੀ ਦਰਾਂ ਵਿੱਚ ਵੀ ਕਟੌਤੀ ਕੀਤੀ ਗਈ ਹੈ, ਜਿਸ ਨਾਲ ਪੰਜਾਬ ਸੂਬੇ ਦੇ ਸਾਰੇ ਲੋਕਾਂ ਨੂੰ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਮੇਸ਼ਾ ਹੀ ਲੋਕ ਹਿੱਤ ਦੇ ਫੈਸਲੇ ਲੈਂਦੀ ਆ ਰਹੀ ਹੈ ਤੇ ਬਹੁਤ ਸਾਰੇ ਕੰਮ ਲੋਕ ਹਿੱਤ ਲਈ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉੱਤਰ ਰਹੀ ਹੈ ਤੇ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ।

## ਸ਼ਤਾਬਗੜ੍ਹ ਵਿਖੇ ਹੋਈ ਖ਼ੂਨੀ ਝੜਪ 'ਚ ਦੋਵਾਂ ਧਿਰਾਂ ਖਿਲਾਫ਼ ਮਾਮਲਾ ਦਰਜ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਸ਼ਤਾਬਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਤੇ 'ਆਪ' ਸਮਰਥਕਾਂ ਵਿਚਕਾਰ ਹੋਈ ਖ਼ੂਨੀ ਝੜਪ ਦੌਰਾਨ ਦੋਵਾਂ ਧਿਰਾਂ ਦੇ ਬਿਆਨ ਦਰਜ ਕਰ 15 ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਹਸਪਤਾਲ ਵਿੱਚ ਜ਼ਖ਼ਮੀ ਪਿੰਡ ਦੇ ਸਰਪੰਚ ਮਨਜੀਤ ਸਿੰਘ ਨੇ ਬਿਆਨ ਦਰਜ ਕਰਵਾਏ ਕਿ ਉਹ ਆਪਣੀ ਗੱਡੀ 'ਤੇ ਸਵਾਰ ਹੋ ਕੇ ਜਾ ਰਿਹਾ ਸੀ ਕਿ ਪਿੰਡ ਦੇ ਹੀ ਮਹਿੰਗਾ ਸਿੰਘ, ਜਿਸ ਨੇ ਕਿ ਮੇਰੇ ਵਾਹਨ ਅੱਗੇ ਆਪਣੀ ਗੱਡੀ ਲਗਾ ਕੇ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਮੇਰੀ ਗੱਡੀ ਦਾ ਸਾਈਡ ਵਾਲਾ ਸ਼ੀਸ਼ਾ ਟੁੱਟ ਗਿਆ ਤੇ ਉਪਰੋਂ ਉੱਥੇ ਖੜੇ ਮਹਿੰਗਾ ਸਿੰਘ ਤੇ ਲਾਭ ਸਿੰਘ ਜੋ ਕਿ ਮੈਨੂੰ ਗਾਲੀ ਗਲੋਚ ਕਰਨ ਲੱਗ ਪਏ। ਜਦੋਂ ਤਕਰਾਰਬਾਜ਼ੀ ਵਧੀ ਤਾਂ ਮਹਿੰਗਾ ਸਿੰਘ ਨੇ ਗੱਡੀ 'ਚੋਂ ਲੋਹੇ ਵਾਲਾ ਖੰਜਰ ਕੱਢ ਮੈਨੂੰ ਮਾਰਨ ਲੱਗਾ, ਪਰ ਉਸ ਦੌਰਾਨ ਇਕੱਠੇ ਲੋਕਾਂ ਨੇ ਹਟਾ ਦਿੱਤਾ। ਝਗੜੇ ਦੀ ਸੂਚਨਾ ਮਿਲਣ 'ਤੇ ਸਰਪੰਚ ਮਨਜੀਤ ਸਿੰਘ ਦਾ ਲੜਕਾ ਗੁਰਨੂਰ ਸਿੰਘ, ਭਰਾ ਜੋਰਾ ਸਿੰਘ ਤੇ ਮਲਕੀਤ ਸਿੰਘ ਵੀ ਪੁੱਜ ਗਏ, ਜਿਨ੍ਹਾਂ ਦੂਜੀ ਧਿਰ ਨੂੰ ਪੁੱਛਿਆ ਕਿ ਉਹ ਗਾਲੀ-ਗਲੋਚ ਕਿਉਂ ਕਰ ਰਹੇ ਹਨ? ਇਸ ਦੌਰਾਨ ਦੂਜੀ ਧਿਰ ਦੇ ਆਸ਼ਾ ਕੌਰ, ਸਵਰਨ ਕੌਰ, ਮਲਕੀਤ ਸਿੰਘ, ਸੁਰਜੀਤ ਸਿੰਘ, ਮਹਿੰਗਾ ਸਿੰਘ, ਸੁਖਚੈਨ ਸਿੰਘ ਤੇ ਕੁਝ ਹੋਰ ਅਣਪਛਾਤੇ ਨੌਜਵਾਨ ਆਏ, ਜਿਨ੍ਹਾਂ ਨੇ ਹਥਿਆਰਾਂ ਸਮੇਤ ਉਨ੍ਹਾਂ ਉੱਪਰ ਹਮਲਾ ਕਰ ਦਿੱਤਾ। ਇਸ ਖ਼ੂਨੀ ਝੜਪ ਵਿੱਚ ਉਹ ਸਾਰੇ ਜ਼ਖ਼ਮੀ ਹੋ ਗਏ ਤੇ ਵਿਰੋਧੀ ਧਿਰ ਧਮਕੀਆਂ ਦਿੰਦੀ ਫਰਾਰ ਹੋ ਗਈ। ਮਾਛੀਵਾੜਾ ਪੁਲਸ ਨੇ ਮਨਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਮਹਿੰਗਾ ਸਿੰਘ, ਕਰਨੈਲ ਸਿੰਘ, ਆਸ਼ਾ ਕੌਰ, ਸਵਰਨ ਕੌਰ, ਮਲਕੀਤ ਸਿੰਘ, ਸੁਰਜੀਤ ਸਿੰਘ, ਸੁਖਚੈਨ ਸਿੰਘ, ਲਾਭ ਸਿੰਘ ਤੇ ਇੱਕ ਹੋਰ ਅਣਪਛਾਤੇ ਵਿਅਕਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਦੂਜੀ ਧਿਰ ਦੇ ਸੁਰਜੀਤ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਸਾਡੇ ਮਕਾਨ ਨੇੜੇ ਹੀ ਪ੍ਰਾਈਵੇਟ ਡਾਕਟਰ ਦਾ ਕਲੀਨਿਕ ਹੈ, ਜਿੱਥੇ ਉਸ ਨੇ ਆਪਣੀ ਕਾਰ ਖੜੀ ਕੀਤੀ ਸੀ। ਪਿੰਡ ਦਾ ਸਰਪੰਚ ਮਨਜੀਤ ਸਿੰਘ ਆਪਣੀ ਕਾਰ ਲੈ ਕੇ ਆਇਆ, ਜਿਸ ਨੇ ਉਸ ਦੀ ਗੱਡੀ ਨਾਲ ਟਕਰਾ ਕੇ ਸ਼ੀਸ਼ਾ ਤੋੜ ਦਿੱਤਾ ਤੇ ਫਿਰ ਗਾਲੀ-ਗਲੋਚ ਕਰਦਿਆਂ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਮੌਕੇ 'ਤੇ ਲੋਕਾਂ ਨੇ ਇਹ ਝਗੜਾ ਛੁਡਵਾ ਦਿੱਤਾ, ਪਰ ਇਸ ਦੌਰਾਨ ਸਰਪੰਚ ਮਨਜੀਤ ਸਿੰਘ ਦਾ ਲੜਕਾ ਤੇ ਉਸ ਦੇ ਭਰਾ ਆ ਗਏ, ਜਿਸ ਨੇ ਮਕਾਨ ਅੰਦਰ ਦਾਖਲ ਹੋ ਕੇ ਹੱਥ ਵਿੱਚ ਫੜੇ ਹਥਿਆਰਾਂ ਨਾਲ ਹਮਲਾ ਕੀਤਾ। ਇਸ ਝਗੜੇ ਵਿੱਚ ਉਹ ਖੁਦ ਜ਼ਖ਼ਮੀ ਹੋ ਗਿਆ ਤੇ ਉਸ ਦੀ ਪਤਨੀ ਆਸ਼ਾ ਦੇ ਵੀ ਸੱਟਾਂ ਲੱਗੀਆਂ। ਦੋਵਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਪੁਲਸ ਨੇ ਇਸ ਮਾਮਲੇ ਵਿਚ ਮਨਜੀਤ ਸਿੰਘ, ਮਲਕੀਤ ਸਿੰਘ, ਗੁਰਨੂਰ ਸਿੰਘ, ਜਪਨੂਰ ਸਿੰਘ, ਹਨੀ ਸਿੰਘ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਦੋਵੇਂ ਧਿਰਾਂ ਇਲਾਜ ਅਧੀਨ ਹਨ ਤੇ ਹਸਪਤਾਲ ਤੋਂ ਛੁੱਟੀ ਹੋਣ ਉਪਰੰਤ ਇਨ੍ਹਾਂ ਦੀ ਗ੍ਰਿਫ਼ਤਾਰੀ ਦੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ ਜਾਵੇਗੀ।

## ਮਹਿਲਾ ਦਿਵਸ ਮੌਕੇ ਹੈੱਡ ਕਾਂਸਟੇਬਲ ਜੋਤੀ ਸ਼ਰਮਾ ਸਨਮਾਨਤ




**ਦੋਰਾਹਾ (ਹਰਮਿੰਦਰ ਸੇਠ)**-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 6 ਮਾਰਚ ਨੂੰ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਸਾਂਝ ਕੇਂਦਰ ਸੈਂਟਰਲ ਜਲੰਧਰ ਵਿੱਚ ਤਾਇਨਾਤ ਹੈੱਡ ਕਾਂਸਟੇਬਲ ਜੋਤੀ ਸ਼ਰਮਾ ਨੂੰ ਐਵਾਰਡ ਆਫ ਐਪ੍ਰੀਸੀਏਸ਼ਨ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਟ੍ਰਿਨਿਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਜੈਂਡਰ ਇਕਵਿਟੀ ਫੋਰਮ ਵੱਲੋਂ ਉਨ੍ਹਾਂ ਦੀ ਸਮਰਪਤ ਸੇਵਾ, ਮਹਿਲਾ ਸਸ਼ਕਤੀਕਰਨ ਨੂੰ ਪ੍ਰੋਤਸਾਹਿਤ ਕਰਨ ਤੇ ਸਮਾਜਿਕ ਜਾਗਰੂਕਤਾ ਫੈਲਾਉਣ ਵਿੱਚ ਪਾਏ ਯੋਗਦਾਨ ਦੇ ਮੱਦੇਨਜ਼ਰ ਦਿੱਤਾ ਗਿਆ।ਇਹ ਸਨਮਾਨ ਇਕ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ, ਜੋ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਮਹਿਲਾਵਾਂ ਦੀਆਂ ਉਪਲਬਧੀਆਂ ਤੇ ਯੋਗਦਾਨਾਂ ਨੂੰ ਮਾਨਤਾ ਦੇਣ ਲਈ ਆਯੋਜਿਤ ਕੀਤਾ ਗਿਆ ਸੀ।ਸਮਾਗਮ ਦੌਰਾਨ ਲਿੰਗ ਸਮਾਨਤਾ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ ਤੇ ਉਨ੍ਹਾਂ ਵਿਅਕਤੀਆਂ ਨੂੰ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੇ ਸਮਾਜ ਵਿੱਚ ਮਹਿਲਾਵਾਂ ਨੂੰ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੇ ਉਥਾਨ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਸਨਮਾਨ ਪ੍ਰਾਪਤ ਕਰਨ ਉਪਰੰਤ ਹੈੱਡ ਕਾਂਸਟੇਬਲ ਜੋਤੀ ਸ਼ਰਮਾ ਨੇ ਆਯੋਜਕਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਤਰ੍ਹਾਂ ਦੀ ਪਛਾਣ ਲੋਕਾਂ ਨੂੰ ਸਮਾਜ ਦੀ ਭਲਾਈ ਤੇ ਮਹਿਲਾ ਸਸ਼ਕਤੀਕਰਨ ਲਈ ਹੋਰ ਜ਼ਿਆਦਾ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ।

## ਏ.ਡੀ ਐੱਫ ਵੱਲੋਂ ਗਰਗ ਹਸਪਤਾਲ ਵਿਖੇ ਖ਼ੂਨਦਾਨ ਕੈਂਪ ਲਾਇਆ



**ਜਗਰਾਉਂ (ਸੰਜੀਵ ਅਰੋੜਾ)**-ਏ. ਡੀ. ਐੱਫ. ਸਰਕਲ ਜਗਰਾਉਂ ਵੱਲੋਂ ਗਰਗ ਹਸਪਤਾਲ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਸੁਖਵਿੰਦਰ ਸਿੰਘ ਸਿੱਧੂ ਪੱਤਰਕਾਰ ਲੋਕ ਨਾਦ ਤੇ ਹਲਕਾ ਯੂਥ ਪ੍ਰਧਾਨ ਮਨੀ ਗਰਗ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਉਕਤ ਆਗੂਆਂ ਨੇ ਏ. ਡੀ. ਐੱਫ. ਟੀਮ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਏ. ਡੀ. ਐੱਫ. ਟੀਮ ਹਮੇਸ਼ਾ ਭਲੇ ਦੇ ਕੰਮ ਕਰਦੀ ਹੈ ਅਤੇ ਕਈ ਥਾਵਾਂ 'ਤੇ ਖ਼ੂਨਦਾਨ ਕੈਂਪ ਲਗਾ ਕੇ ਲੋਕਾਂ ਦੀ ਜਾਨ ਬਚਾਉਂਦੀ ਹੈ। ਇਸ ਮੌਕੇ 20 ਖ਼ੂਨਦਾਨੀਆਂ ਨੇ ਆਪਣਾ ਖ਼ੂਨ ਦਾਨ ਕੀਤਾ। ਇਸ ਮੌਕੇ ਕੌਂਸਲਰ ਰਵਿੰਦਰਪਾਲ ਰਾਜੂ ਕਾਮਰੇਡ, ਡਾਕਟਰ ਗੌਰਵ ਗਰਗ, ਬਿੰਨੀ ਭਾਜੀ, ਏ. ਡੀ. ਐੱਫ. ਦੇ ਪ੍ਰਧਾਨ ਤੇ ਪੰਚ ਅਮਨਦੀਪ ਸਿੰਘ ਦੇਹੜਕਾ ਤੇ ਵਾਈਸ ਪ੍ਰਧਾਨ ਦਲਜੀਤ ਸਿੰਘ, ਸੁਰਿੰਦਰ ਸਿੰਘ, ਪਿਰਤਾ ਮਾਨ ਹਰਮਨ ਜਗਰਾਉਂ, ਪਰਮਵੀਰ ਸਿੰਘ ਮੋਤੀ, ਗਗਨ ਜਗਰਾਉਂ, ਰਣਜੀਤ ਸਿੰਘ ਤਲਵੰਡੀ ਆਦਿ ਹਾਜ਼ਰ ਸਨ।

## ਸ਼ਾਇਰ ਪ੍ਰੀਤ ਦੀ ਪੁਸਤਕ 'ਧੁੱਪ ਛਾਂ ਦਾ ਅਨੁਪਾਤ' ਲੋਕ ਅਰਪਣ

**ਮੋਗਾ (ਇਕਬਾਲ ਸਿੰਘ ਖਹਿਰਾ)**
ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋਂ ਸਰਪ੍ਰਸਤ ਗੁਰਮੀਤ ਕੜਿਆਲਵੀ ਦੇ ਨਵੇਂ ਬਣੇ ਘਰ ਕਰਵਾਈ ਸਾਹਿਤਕ ਸ਼ਾਮ ਵਿੱਚ ਕੈਨੇਡਾ ਰਹਿੰਦੇ ਸ਼ਾਇਰ ਪ੍ਰੀਤ ਮਨਪ੍ਰੀਤ ਦੀ ਪੁਸਤਕ 'ਧੁੱਪ ਛਾਂ ਦਾ ਅਨੁਪਾਤ' ਲੋਕ ਅਰਪਣ ਕੀਤੀ ਗਈ।ਪੁਸਤਕ ਨੂੰ ਲੋਕ ਅਰਪਣ ਕਰਨ ਦੀ ਰਸਮ ਮੰਚ ਦੇ ਪ੍ਰਧਾਨ ਨਵਨੀਤ ਸਿੰਘ ਸੇਖਾ, ਸੀਨੀਅਰ ਮੀਤ ਪ੍ਰਧਾਨ ਅਮਰਪ੍ਰੀਤ ਕੌਰ ਸੰਘਾ, ਜਨਰਲ ਸਕੱਤਰ ਗੁਰਪ੍ਰੀਤ ਧਰਮਕੋਟ, ਮੀਤ ਪ੍ਰਧਾਨ ਧਾਮੀ ਗਿੱਲ, ਕਾਰਜ ਕਰਨੀ ਮੈਂਬਰ ਜਸਵਿੰਦਰ ਸੋਨੀ ਮੋਗਾ, ਜਸਵਿੰਦਰ ਰੱਤੀਆਂ, ਸਿਮਰਜੀਤ ਸਿੰਮੀ ਤੇ ਹਾਜ਼ਰ ਸਾਹਿਤਕਾਰਾਂ ਨੇ ਨਿਭਾਈ।ਪੁਸਤਕ ਬਾਰੇ ਬੋਲਦਿਆਂ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਕਿਹਾ ਕਿ ਪ੍ਰੀਤ ਮਨਪ੍ਰੀਤ ਜ਼ਮੀਨ ਨਾਲ ਜੁੜਿਆ ਸ਼ਾਇਰ ਹੈ।ਉਸ ਦੀ ਸ਼ਾਇਰੀ ਵਿੱਚ ਸੰਗੀਤ, ਸੋਹਜ ਤੇ ਸੂਖ਼ਮਤਾ ਹੈ।ਮਨਪ੍ਰੀਤ ਦੀ ਗਜ਼ਲ ਜਿੱਥੇ ਹੁਨਰੀ ਤੇ ਕਲਾਮਈ ਪਾਬੰਦੀਆਂ ਦਾ ਬਰੀਕੀਆਂ ਨਾਲ ਪਾਲਣ ਕਰਦੀ ਹੈ, ਉੱਥੇ ਵਿਚਾਰ ਨੂੰ ਵੀ ਪ੍ਰਮੁੱਖਤਾ ਨਾਲ ਪੇਸ਼ ਕਰਦੀ ਹੈ।ਮੈਲਾਨਿਨ ਵਰਗੀ ਚਰਚਿਤ ਪੁਸਤਕ ਦੇ ਰਚੇਤਾ ਜਸਵਿੰਦਰ ਧਰਮਕੋਟ ਨੇ ਕਿਹਾ ਕਿ ਮਨਪ੍ਰੀਤ ਦੀ ਸ਼ਾਇਰੀ ਵਿੱਚ ਮਾਨਵੀ ਸਰੋਕਾਰਾਂ ਦੀ ਕਲਾਤਮਕ ਪੇਸ਼ਕਾਰੀ ਹੋਈ ਹੈ।ਗੁਰਪ੍ਰੀਤ ਧਰਮਕੋਟ ਨੇ ਕਿਹਾ ਕਿ ਪ੍ਰੀਤ ਮਨਪ੍ਰੀਤ ਦੀ ਕਾਵਿ-ਪੁਸਤਕ ਪੰਜਾਬੀ ਸਾਹਿਤ ਦੇ ਖ਼ਜ਼ਾਨੇ ਵਿੱਚ ਜ਼ਿਕਰਯੋਗ ਵਾਧਾ ਕਰਦੀ ਹੈ। ਧਾਮੀ ਗਿੱਲ ਪ੍ਰੀਤ ਮਨਪ੍ਰੀਤ ਦੀ ਸ਼ਾਇਰੀ ਨੂੰ ਪੰਜਾਬੀ ਮਾਂ ਬੋਲੀ ਦਾ ਸੁਹੱਪਣ ਤੇ ਮੁਹਾਂਦਰਾ ਸੰਵਾਰਨ ਵਾਲੀ ਸ਼ਾਇਰੀ ਕਿਹਾ।ਨਵਨੀਤ ਸਿੰਘ ਸੇਖਾ ਨੇ ਆਏ ਸਾਹਿਤਕਾਰਾਂ ਨੂੰ ਜੀ ਆਇਆਂ ਕਿਹਾ।ਰਚਨਾਵਾਂ ਦੇ ਦੌਰ ਵਿੱਚ ਮਹਿਮਾਨ ਸ਼ਾਇਰਾਂ ਪ੍ਰੀਤ ਮਨਪ੍ਰੀਤ ਤੇ ਆਸਟਰੇਲੀਆ ਰਹਿੰਦੇ ਜੱਗੀ ਜੌਹਲ ਨੇ ਭਾਵਪੂਰਤ ਤੇ ਸੋਹਜ ਭਰਪੂਰ ਸ਼ਾਇਰੀ ਨਾਲ ਸ਼ਾਮ ਨੂੰ ਸੁਹਾਵਣਾ ਬਣਾ ਦਿੱਤਾ।ਇੰਗਲੈਂਡ ਰਹਿੰਦੇ ਨਾਵਲਕਾਰ ਕਹਾਣੀਕਾਰ ਜਸਵਿੰਦਰ ਰੱਤੀਆਂ ਨੇ ਪਰਵਾਸ ਦੇ ਆਪਣੇ ਅਨੁਭਵ ਸਾਂਝੇ ਕੀਤੇ।ਜਸਵਿੰਦਰ ਸੋਨੀ ਮੋਗਾ, ਅਮਰਪ੍ਰੀਤ ਕੌਰ ਸੰਘਾ, ਧਾਮੀ ਗਿੱਲ ਤੇ ਦਰਸ਼ਨ ਦੁਸਾਂਝ ਨੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ।ਮੰਚ ਵੱਲੋਂ ਪ੍ਰਵਾਸੀ ਲੇਖਕਾਂ ਜਸਵਿੰਦਰ ਰੱਤੀਆਂ (ਇੰਗਲੈਂਡ), ਪ੍ਰੀਤ ਮਨਪ੍ਰੀਤ (ਕੈਨੇਡਾ) ਤੇ ਜੱਗੀ ਜੌਹਲ (ਆਸਟ੍ਰੇਲੀਆ) ਦਾ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਆਪਣੇ ਵਿਆਹ ਦੀ ਸਿਲਵਰ ਜੁਬਲੀ ਮਨਾ ਰਹੀ ਮੰਚ ਦੀ ਸੀਨੀਅਰ ਮੀਤ ਪ੍ਰਧਾਨ ਅਮਰਪ੍ਰੀਤ ਕੌਰ ਸੰਘਾ ਤੇ ਉਸ ਦੇ ਪਤੀ ਜਗਜੀਤ ਸਿੰਘ ਸੰਘਾ ਨੂੰ ਵੀ ਸਨਮਾਨ ਕੀਤਾ ਗਿਆ।ਕਰਵ ਪਲੱਸ ਇਮੀਗ੍ਰੇਸ਼ਨ ਦੇ ਡਾਇਰੈਕਟਰ ਅਮਨਦੀਪ ਤੇ ਉੱਘੇ ਸਮਾਜ ਸੇਵੀ ਡਾ. ਹਰਨੇਕ ਰੋਡੇ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਜਸਵਿੰਦਰ ਧਰਮਕੋਟ ਨੇ ਆਪਣੀ ਪੁਸਤਕ 'ਮੈਲਾਨਿਨ' ਪ੍ਰਵਾਸੀ ਲੇਖਕਾਂ ਨੂੰ ਭੇਟ ਕੀਤੀ।

■ ਸਾਥੀ ਮੰਚ ਵੱਲੋਂ ਪ੍ਰਵਾਸੀ ਲੇਖਕਾਂ ਮਨਪ੍ਰੀਤ ਰੱਤੀਆਂ ਤੇ ਜੱਗੀ ਜੌਹਲ ਦਾ ਸਨਮਾਨ



## ਗੁਰੂ ਗੋਬਿੰਦ ਸਿੰਘ ਕਾਲਜ ਆਫ ਐਜੂਕੇਸ਼ਨ ਵਿਖੇ ਐਥਲੈਟਿਕ ਮੀਟ ਕਰਵਾਈ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗੁਰੂ ਗੋਬਿੰਦ ਸਿੰਘ ਕਾਲਜ ਆਫ ਐਜੂਕੇਸ਼ਨ ਗਿੱਦੜਬਾਹਾ ਵਿਖੇ ਪ੍ਰਿੰ. ਗੁਰਮੇਲ ਸਿੰਘ ਦੀ ਅਗਵਾਈ ਹੇਠ ਕਾਲਜ ਦੀ 20ਵੀਂ ਐਥਲੈਟਿਕ ਮੀਟ ਕਰਵਾਈ ਗਈ।ਐਥਲੈਟਿਕ ਮੀਟ ਦੀ ਸ਼ੁਰੂਆਤ ਪ੍ਰਿੰ. ਗੁਰਮੇਲ ਸਿੰਘ ਵੱਲੋਂ ਫਲੈਗ ਹੋਸਟਿੰਗ ਨਾਲ ਕੀਤੀ ਗਈ।ਇਸ ਮੌਕੇ ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ ਤੇ ਖੇਡਾਂ ਦੀ ਜੀਵਨ ਵਿੱਚ ਮਹੱਤਤਾ 'ਤੇ ਚਾਨਣਾ ਪਾਇਆ।ਇਸ ਮੌਕੇ ਵੱਖ-ਵੱਖ ਖੇਡ ਮੁਕਾਬਲਿਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਈਵੈਂਟ ਸੰਚਾਲਕ ਡਾ. ਅਮਨਦੀਪ ਕੌਰ ਢਿੱਲੋਂ ਨੇ ਦੱਸਿਆ ਕਿ ਲੜਕੀਆਂ ਦੀ 100 ਤੇ 200 ਮੀਟਰ ਦੌੜ ਵਿਚ ਅਸਮਤ ਨੇ ਪਹਿਲਾ ਸਥਾਨ ਤੇ ਲੜਕਿਆਂ ਦੇ ਵਰਗ ਵਿੱਚ ਪ੍ਰਗਟ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ।ਲੜਕੀਆਂ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਅਸਮਤ ਤੇ ਲੜਕਿਆਂ ਦੇ ਵਰਗ ਵਿੱਚ ਪ੍ਰਗਟ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ।ਲੜਕਿਆਂ ਦੇ ਜੈਵਲਿਨ ਥਰੋ ਦੇ ਮੁਕਾਬਲਿਆਂ ਵਿੱਚ ਪਵਨਪ੍ਰੀਤ ਸਿੰਘ ਨੇ ਪਹਿਲਾ ਤੇ ਲੜਕੀਆਂ ਦੇ ਵਰਗ ਵਿੱਚ ਅਸਮਤ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਦੇ ਡਿਸਕਸ ਥਰੋ ਮੁਕਾਬਲਿਆਂ ਵਿੱਚ ਅਸਮਤ ਨੇ ਪਹਿਲਾਂ ਤੇ ਲੜਕਿਆਂ ਦੇ ਵਰਗ ਵਿੱਚ ਪ੍ਰਗਟ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਲੰਬੀ ਛਾਲ ਦੇ ਲੜਕਿਆਂ ਦੇ ਮੁਕਾਬਲਿਆਂ ਵਿੱਚ ਪ੍ਰਗਟ ਸਿੰਘ ਤੇ ਲੜਕੀਆਂ 'ਚੋਂ ਰਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਰੀਕ੍ਰੀਏਸ਼ਨ ਮੁਕਾਬਲਿਆਂ ਦੌਰਾਨ ਥ੍ਰੀ ਲੈੱਗ ਰੇਸ ਦੇ ਲੜਕੀਆਂ ਦੇ ਵਰਗ ਵਿੱਚ ਮਨਪ੍ਰੀਤ ਕੌਰ ਤੇ ਸਮਨਦੀਪ ਕੌਰ ਨੇ ਪਹਿਲਾ ਤੇ ਸਪੂਨ ਰੇਸ ਵਿੱਚ ਸੋਨੀਆ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਰੱਸਾਕਸੀ ਦੇ ਮੁਕਾਬਲਿਆਂ ਵਿੱਚ ਚੌਥੇ ਸਮੈਸਟਰ ਦੇ ਵਿਦਿਆਰਥੀਆਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਐਥਲੈਟਿਕ ਮੀਟ ਦੌਰਾਨ ਲੜਕੀਆਂ ਦੇ ਵਰਗ ਵਿੱਚ ਅਸਮਤ ਤੇ ਲੜਕਿਆਂ ਦੇ ਵਰਗ ਵਿੱਚ ਪ੍ਰਗਟ ਸਿੰਘ ਬੈਸਟ ਐਥਲੀਟ ਚੁਣੇ ਗਏ।ਐਥਲੈਟਿਕ ਮੀਟ ਵਿੱਚ ਜੇਤੂ ਰਹੇ ਖਿਡਾਰੀਆਂ ਨੂੰ ਪ੍ਰਬੰਧਕਾਂ ਵੱਲੋਂ ਇਨਾਮ ਤਕਸੀਮ ਕੀਤੇ ਗਏ।ਇਸ ਐਥਲੈਟਿਕ ਮੀਟ ਦੇ ਆਯੋਜਨ ਵਿੱਚ ਡਾ. ਸੁਨੀਤਾ ਗੋਇਲ ਤੇ ਈਵੈਂਟ ਸੰਚਾਲਕ ਡਾ. ਅਮਨਦੀਪ ਕੌਰ ਢਿੱਲੋਂ ਨੇ ਵਿਸ਼ੇਸ਼ ਯੋਗਦਾਨ ਦਿੱਤਾ।ਇਸ ਮੌਕੇ ਕਾਲਜ ਦਾ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਮੌਜੂਦ ਸੀ।

## ਮਲੋਟ ਸ਼ਹਿਰ 'ਚ ਵਿਕਾਸ ਕੰਮਾਂ ਦਾ ਸਿਲਸਿਲਾ ਲਗਾਤਾਰ ਜਾਰੀ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਹੁਕਮਾਂ ਨਾਲ ਸਰਾਭਾ ਨਗਰ ਦੀਆਂ ਵੱਖ-ਵੱਖ ਗਲੀਆਂ ਦਾ ਇੰਟਰਲਾਕ ਟਾਇਲਾਂ ਦਾ ਕੰਮ ਸ਼ੁਰੂ ਕਰਵਾਇਆ ਗਿਆ।ਸ਼ਹਿਰੀ ਪ੍ਰਧਾਨ ਜਸਮੀਤ ਬਰਾੜ, ਸ਼ਹਿਰੀ ਪ੍ਰਧਾਨ ਬੱਬੂ ਰਾਜੀਵ ਉੱਪਲ ਵੋਮੈਨ ਵਿੰਗ ਬਲਾਕ ਪ੍ਰਧਾਨ ਆਸ਼ਾ ਰਾਣੀ, ਵੋਮੈਨ ਵਿੰਗ ਬਲਾਕ ਪ੍ਰਧਾਨ ਪਰਮਜੀਤ ਕੌਰ ਤੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਦੇ ਦਫ਼ਤਰ ਇੰਚਾਰਜ ਵਿਕਰਾਂਤ ਖੁਰਾਣਾ ਨੇ ਸਮੂਹ ਵਰਕਰ ਸਾਹਿਬਾਨਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਟੱਕ ਲਾ ਕੇ ਆਦਰਸ਼ ਨਗਰ ਮੇਨ ਗਲੀ, ਪਿੰਦੀ ਵਾਲੀ ਗਲੀ ਸਿੱਧੀ ਮਿਮਿਟ ਤੱਕ ਤੇ ਗੋਬਿੰਦ ਨਗਰੀ ਦੀਆਂ ਦੋ ਗਲੀਆ ਦੇ ਇੰਟਰਲਾਕ ਟਾਇਲਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਮੀਡੀਆ ਕੋਆਰਡੀਨੇਟਰ ਗਗਨ ਔਲਖ, ਸਿਟੀਜਨ ਕਲੱਬ ਪ੍ਰਧਾਨ ਲਵ ਬਤਰਾ, ਆੜ੍ਹਤੀਆ ਯੂਨੀਅਨ ਵਾਇਸ ਪ੍ਰਧਾਨ ਹਰਪ੍ਰੀਤ ਸਿੰਘ, ਯੂਥ ਵਾਰਡ ਪ੍ਰਧਾਨ ਨਵਦੀਪ ਔਲਖ, ਆਪ ਆਗੂ ਕਰਮਜੀਤ ਸ਼ਰਮਾ, ਆੜਤੀਆ ਯੂਨੀਅਨ ਸੈਕਟਰੀ ਰਮਨ ਸਪਰਾ, ਆਪ ਆਗੂ ਸਤਪਾਲ ਗਿਰਧਰ, ਸਵਰਨਕਾਰ ਸੰਗ ਪ੍ਰਧਾਨ ਇੰਦਰਜੀਤ ਸਿੰਘ, ਯੂਥ ਬਲਾਕ ਪ੍ਰਧਾਨ ਅਮਨਦੀਪ ਸ਼ਰਮਾ, ਗੁਰਪ੍ਰੀਤ ਵਿਰਦੀ, ਕਾਲੀ ਸੰਧੂ ਵੋਮੇਨ ਵਿੰਗ ਟੀਮ ਤੋਂ ਬਲਜੀਤ ਕੌਰ ਡਿੰਪਲ, ਦੀਕਸ਼ਾ ਧੁੜੀਆ, ਗੀਤਾ ਚੋਪੜਾ, ਸਮੂਹ ਮੁਹੱਲਾ ਨਿਵਾਸੀ ਤੇ ਨਗਰ ਕੌਂਸਲ ਮੁਲਾਜ਼ਮ ਹਾਜ਼ਰ ਸਨ।

## ਡੀ ਬੀ ਯੂ ਦੀਆਂ ਵੁੱਡਬਾਲ ਟੀਮਾਂ ਦਾ ਏ ਆਈ ਯੂ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੀਆਂ ਵੁੱਡਬਾਲ ਟੀਮਾਂ ਨੇ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ (ਏਆਈਯੂ) ਦੀ ਅਗਵਾਈ ਹੇਠ ਭੋਪਾਲ ਦੀ ਮੱਧਯੰਚਲ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਯੋਜਿਤ ਵੁੱਡਬਾਲ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਯੂਨੀਵਰਸਿਟੀ ਨੇ ਕੁੱਲ 14 ਤਮਗੇ ਪ੍ਰਾਪਤ ਕਰਕੇ ਰਾਸ਼ਟਰੀ ਪੱਧਰ 'ਤੇ ਇੱਕ ਸ਼ਾਨਦਾਰ ਪ੍ਰਾਪਤੀ ਕੀਤੀ।ਟੂਰਨਾਮੈਂਟ ਦੇ ਪੂਰੇ ਮੁਕਾਬਲੇ ਦੌਰਾਨ ਬੇਮਿਸਾਲ ਹੁਨਰ, ਟੀਮ ਵਰਕ ਤੇ ਦ੍ਰਿੜ੍ਹਤਾ ਦਾ ਪ੍ਰਦਰਸ਼ਨ ਕਰਕੇ ਮਹਿਲਾ ਵੁੱਡਬਾਲ ਟੀਮ ਨੇ ਸਟਰੋਕ ਈਵੈਂਟ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਦੌਰਾਨ, ਪੁਰਸ਼ਾਂ ਦੀ ਵੁੱਡਬਾਲ ਟੀਮ ਨੇ ਸਟਰੋਕ ਈਵੈਂਟ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਯੂਨੀਵਰਸਿਟੀ ਦੀ ਸਫਲਤਾ ਵਿੱਚ ਵਾਧਾ ਕਰਦੇ ਹੋਏ, ਦੋ ਪੁਰਸ਼ ਖਿਡਾਰੀਆਂ ਨੇ ਡਬਲ ਫੇਅਰਵੇਅ ਈਵੈਂਟ ਵਿੱਚ ਕਾਂਸੀ ਦੇ ਤਮਗੇ ਆਪਣੇ ਨਾਮ ਕੀਤੇ, ਜਿਸ ਵਿੱਚ ਮਜ਼ਬੂਤ ਤਕਨੀਕੀ ਯੋਗਤਾ ਤੇ ਮੁਕਾਬਲੇ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ ਗਿਆ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਅਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਖਿਡਾਰੀਆਂ, ਕੋਚਾਂ ਤੇ ਸਹਾਇਕ ਸਟਾਫ਼ ਨੂੰ ਉਨ੍ਹਾਂ ਦੇ ਸਮਰਪਣ ਤੇ ਟੀਮ ਵਰਕ ਲਈ ਵਧਾਈ ਦਿੱਤੀ, ਜਿਸ ਨੇ ਸੰਸਥਾ ਨੂੰ ਮਾਣ ਤੇ ਮਾਨਤਾ ਦਿੱਤੀ।ਇਹ ਪ੍ਰਾਪਤੀ ਦੇਸ਼ ਭਗਤ ਯੂਨੀਵਰਸਿਟੀ ਦੀ ਅਕਾਦਮਿਕ ਵਿਕਾਸ ਦੇ ਨਾਲ-ਨਾਲ ਖੇਡ ਉੱਤਮਤਾ ਨੂੰ ਉਤਸ਼ਾਹਤ ਕਰਨ ਦੀ ਵਚਨਬੱਧਤਾ ਨੂੰ ਵੀ ਉਜਾਗਰ ਕਰਦੀ ਹੈ।

## 16ਵਾਂ ਟੌਹੜਾ ਕਬੱਡੀ ਕੱਪ ਇਤਿਹਾਸਕ ਹੋ ਨਿੱਬੜਿਆ

■ ਮਾਲਵਾ ਟੀਮ ਨੇ 2 ਲੱਖ ਦਾ ਪਹਿਲਾ ਇਨਾਮ ਜਿੱਤਿਆ



**ਨਾਭਾ (ਵਰਿੰਦਰ ਵਰਮਾ)**-ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ ਵਿੱਚ ਪੰਜਾਬ ਦਾ ਸਭ ਤੋਂ ਮਸ਼ਹੂਰ ਤੇ ਨਾਮੀ 16ਵਾਂ ਟੌਹੜਾ ਕਬੱਡੀ ਕਰਵਾਇਆ ਗਿਆ, ਜਿਸ ਵਿੱਚ ਕਬੱਡੀ ਦੀਆਂ ਚੋਟੀ ਦੀਆਂ 8 ਅਕੈਡਮੀਆਂ ਤੇ 4 ਇੰਟਰਨੈਸ਼ਨਲ ਟੀਮਾਂ ਮਾਝਾ, ਮਾਲਵਾ, ਦੁਆਬਾ ਤੇ ਹਰਿਆਣਾ ਦੀਆਂ ਟੀਮਾਂ ਨੇ ਭਾਗ ਲਿਆ।ਟੌਹੜਾ ਕਬੱਡੀ ਕੱਪ ਦੇ ਸਰਪ੍ਰਸਤ ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਇਹ ਇਕੱਲਾ ਕਬੱਡੀ ਕੱਪ ਹੈ, ਜੋ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ ਵਿੱਚ ਹਰ ਸਾਲ ਕਰਵਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਹਰ ਸਾਲ ਇਸ ਕਬੱਡੀ ਕੱਪ ਵਿਖੇ ਵੱਖ ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਸ਼ਖ਼ਸੀਅਤਾਂ ਨੇ ਪਹੁੰਚ ਕੇ ਟੂਰਨਾਮੈਂਟ ਦੀ ਸ਼ਾਨ ਵਿੱਚ ਵਾਧਾ ਕਰਦੀਆਂ ਹਨ। ਟੌਹੜਾ ਕਬੱਡੀ ਕੱਪ ਦੇ ਸੀਨੀਅਰ ਮੈਂਬਰ ਸ੍ਰ. ਰਣਧੀਰ ਸਿੰਘ ਢੀਂਡਸਾ ਨੇ ਕਿਹਾ ਕਿ ਅੱਜ ਦੇ ਮੁਕਾਬਲਿਆਂ ਦੀ ਸ਼ੁਰੂਆਤ ਅਰਦਾਸ ਨਾਲ ਕੀਤੀ ਗਈ।ਸਾਰੀਆਂ ਪਹੁੰਚੀਆਂ ਟੀਮਾਂ ਨੇ ਪੂਰੇ ਦਮ-ਖਮ ਨਾਲ ਖੇਡ ਮੈਦਾਨ ਵਿੱਚ ਆਪਣੇ ਜੌਹਰ ਦਿਖਾਏ।ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੇ ਇੰਟਰਨੈਸ਼ਨਲ ਕਬੱਡੀ ਕੱਪ ਦੇ ਖਿਡਾਰੀਆਂ ਦੀ ਖੇਡ ਦਾ ਅਨੰਦ ਮਾਣਿਆ।ਉਨ੍ਹਾਂ ਕਿਹਾ ਕਿ ਅੱਜ ਦੇ ਕਬੱਡੀ ਕੱਪ ਦਾ ਪਹਿਲਾ ਇਨਾਮ ਸਾਡੇ ਫਾਊਂਡਰ ਮੈਂਬਰ ਸਵਰਗਵਾਸੀ ਸ੍ਰ. ਹਰਿੰਦਰ ਸਿੰਘ ਟਿਵਾਣਾ ਦੀ ਯਾਦ ਵਿੱਚ ਦਿੱਤਾ ਗਿਆ ਹੈ, ਜਿਨ੍ਹਾਂ ਦਾ ਹਰ ਕਬੱਡੀ ਕੱਪ ਵਿੱਚ ਹਮੇਸ਼ਾ ਵੱਡਾ ਯੋਗਦਾਨ ਰਿਹਾ ਹੈ।ਕਬੱਡੀ ਕੱਪ ਦੇ ਪ੍ਰਧਾਨ ਅਮਰੀਕ ਸਿੰਘ ਮੈਨੇਜਰ, ਜਰਨਲ ਸਕੱਤਰ ਰਾਜਵਿੰਦਰ ਸਿੰਘ ਭੰਗੂ ਨੇ ਕਿਹਾ ਕਿ ਅੱਜ ਦੇ ਮੁਕਾਬਲਿਆਂ ਵਿੱਚੋਂ ਜੇਤੂ ਟੀਮ ਨੂੰ 2 ਲੱਖ ਰੁਪਏ ਤੇ ਦੂਜੇ ਨੰਬਰ 'ਤੇ ਰਹੀ ਟੀਮ ਨੂੰ 1.5 ਲੱਖ ਰੁਪਏ ਨਕਦ ਇਨਾਮ ਦਿੱਤੇ ਗਏ। ਜਦਕਿ 31-31 ਹਜ਼ਾਰ ਰੁਪਏ ਬੈਸਟ ਰੇਡਰ ਤੇ ਬੈਸਟ ਜਾਫੀ ਨੂੰ ਵੀ ਦਿੱਤੇ ਗਏ।ਟੌਹੜਾ ਕਬੱਡੀ ਕੱਪ ਦੇ ਪ੍ਰਧਾਨ ਮੈਨੇਜਰ ਅਮਰੀਕ ਸਿੰਘ ਨੇ ਕਿਹਾ ਕਿ 8 ਅਕੈਡਮੀਆਂ ਵਿੱਚੋਂ ਜੇਤੂ ਟੀਮ ਨੂੰ 31 ਹਜ਼ਾਰ ਰੁਪਏ ਤੇ ਦੂਜੇ ਨੰਬਰ 'ਤੇ ਰਹੀ ਟੀਮ ਨੂੰ 25 ਹਜ਼ਾਰ ਰੁਪਏ ਨਕਦ ਇਨਾਮ ਦਿੱਤੇ ਗਏ।ਇਸ ਤੋਂ ਇਲਾਵਾ ਬੈਸਟ ਰੇਡਰ, ਬੈਸਟ ਜਾਫੀ ਤੇ ਪਹੁੰਚੀ ਹਰ ਟੀਮ ਨੂੰ ਨਕਦ ਇਨਾਮ ਦਿੱਤੇ ਗਏ।ਇਸ ਮੌਕੇ ਅਸੀਸਾਂ ਦੇਣ ਲਈ ਸੰਤ ਬਾਬਾ ਕਸ਼ਮੀਰਾ ਸਿੰਘ, ਸੰਤ ਰੋਸ਼ਨ ਸਿੰਘ ਧਬਲਾਨ, ਸੰਤ ਗੁਰਮੁਖ ਸਿੰਘ ਆਲੋਵਾਲ, ਸੰਤ ਇੰਦਰ ਸਿੰਘ ਕਾਰ ਸੇਵਾ ਵਾਲੇ ਪਹੁੰਚੇ।ਇਸ ਮੌਕੇ ਇਨਾਮਾਂ ਦੀ ਵੰਡ ਸਰਬੱਤ ਦਾ ਭਲਾ ਟਰੱਸਟ ਵੱਲੋਂ ਸ੍ਰ. ਜੱਸਾ ਸਿੰਘ ਸੰਧੂ ਤੇ ਐੱਸ. ਡੀ. ਐੱਮ. ਮਨਜੀਤ ਸਿੰਘ ਰਾਜਲਾ ਨੇ ਕੀਤੀ।

ਇਸ ਮੌਕੇ ਦਲਮੇਘ ਸਿੰਘ ਖਟੜਾ, ਐੱਸ.ਪੀ. ਹੰਸ ਰਾਜ ਸਿੰਘ, ਚਰਨ ਸਿੰਘ ਮਲਕੀਤ ਗਰੁਪ, ਮਨਪ੍ਰੀਤ ਸਿੰਘ ਲੋਟੇ ਕਰਤਾਰ ਗਰੁੱਪ, ਸੁਰਜੀਤ ਸਿੰਘ ਜ਼ੀਰਕਪੁਰ ਸਮਾਜ ਸੇਵੀ, ਅਮਰਜੀਤ ਸਿੰਘ ਗੱਗੀ ਚਹਿਲ, ਪ੍ਰਿੰ. ਬਰਜਿੰਦਰ ਸਿੰਘ ਟੌਹੜਾ, ਐਡ. ਐੱਸ ਸੀ ਜਸਤੇਜ ਸਿੰਘ ਟਿਵਾਣਾ, ਜਸਪਾਲ ਸਿੰਘ ਕਲਿਆਣ ਸਾਬਕਾ ਚੇਅਰਮੈਨ ਜ਼ਿਲਾ ਪ੍ਰੀਸ਼ਦ ਪਟਿਆਲਾ, ਪ੍ਰਿੰ ਨਰਪਿੰਦਰ ਸਿੰਘ ਢਿੱਲੋਂ ਆਦਿ ਸ਼ਖ਼ਸੀਅਤਾਂ ਨੇ ਕਬੱਡੀ ਕੱਪ ਵਿੱਚ ਹਾਜ਼ਰੀ ਭਰੀ ਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।

## ਸ਼ਾਨਦਾਰ ਕਾਰਗੁਜ਼ਾਰੀ ਲਈ ਐੱਸ ਐੱਚ ਓ ਪਾਇਲ ਦਾ ਸਨਮਾਨ



**ਦੋਰਾਹਾ (ਹਰਮਿੰਦਰ ਸੇਠ)**-ਮਾਨਯੋਗ ਡੀ ਆਈ ਜੀ ਸ੍ਰ. ਇੰਦਰਬੀਰ ਸਿੰਘ, ਐੱਸ ਐੱਸ ਪੀ ਡਾ. ਦਰਪਨ ਕੌਰ ਆਹਲੂਵਾਲੀਆ ਤੇ ਐੱਸ ਪੀ ਹੈੱਡਕੁਆਰਟਰ ਖੰਨਾ ਹਰਪਿੰਦਰ ਕੌਰ ਗਿੱਲ ਵੱਲੋਂ ਥਾਣਾ ਪਾਇਲ ਦੇ ਐੱਸ ਐੱਚ ਓ ਸ੍ਰੀ ਤਰਵਿੰਦਰ ਕੁਮਾਰ ਬੇਦੀ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ, ਲਗਨ ਤੇ ਫਰਜ਼ ਪ੍ਰਤੀ ਨਿਭਾਈ ਜਾ ਰਹੀ ਵਚਨਬੱਧਤਾ ਲਈ ਸਨਮਾਨਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਵੱਲੋਂ ਆਪਣੀ ਡਿਊਟੀ ਦੌਰਾਨ ਦਿੱਤੀਆਂ ਗਈਆਂ ਕਾਬਿਲ-ਏ-ਤਾਰੀਫ਼ ਸੇਵਾਵਾਂ ਤੇ ਇਲਾਕੇ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਕੀਤੀਆਂ ਸੱਚੀਆਂ ਕੋਸ਼ਿਸ਼ਾਂ ਦੇ ਮੱਦੇਨਜ਼ਰ ਪ੍ਰਦਾਨ ਕੀਤਾ ਗਿਆ।ਉੱਚ ਅਧਿਕਾਰੀਆਂ ਨੇ ਐੱਸ ਐੱਚ ਓ ਤਰਵਿੰਦਰ ਕੁਮਾਰ ਬੇਦੀ ਵੱਲੋਂ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਦਿਖਾਈ ਗਈ ਪੇਸ਼ੇਵਰ ਕਾਬਲੀਅਤ, ਮਿਹਨਤ ਤੇ ਇਮਾਨਦਾਰੀ ਦੀ ਭਰਪੂਰ ਪ੍ਰਸੰਸਾ ਕੀਤੀ।ਇਸ ਮੌਕੇ ਬੋਲਦਿਆਂ ਅਧਿਕਾਰੀਆਂ ਨੇ ਕਿਹਾ ਕਿ ਪੁਲਸ ਵਿਭਾਗ ਵਿੱਚ ਸਮਰਪਤ ਤੇ ਜ਼ਿੰਮੇਵਾਰ ਅਧਿਕਾਰੀ ਲੋਕਾਂ ਦੇ ਪੁਲਸ 'ਤੇ ਭਰੋਸੇ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਐੱਸ.ਐੱਚ.ਓ. ਬੇਦੀ ਆਪਣੀਆਂ ਡਿਊਟੀਆਂ ਨੂੰ ਪੂਰੀ ਇਮਾਨਦਾਰੀ, ਲਗਨ ਤੇ ਜ਼ਿੰਮੇਵਾਰੀ ਨਾਲ ਨਿਭਾਅ ਰਹੇ ਹਨ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਤੇ ਸੁਰੱਖਿਆ ਬਣਾਈ ਰੱਖਣ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ।ਇਸ ਮੌਕੇ ਹੋਰ ਪੁਲਸ ਅਧਿਕਾਰੀਆਂ ਵੱਲੋਂ ਵੀ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਗਈਆਂ ਤੇ ਉਨ੍ਹਾਂ ਦੀਆਂ ਸਰਾਹੁਣਯੋਗ ਸੇਵਾਵਾਂ ਦੀ ਪ੍ਰਸੰਸਾ ਕੀਤੀ ਗਈ।

# ਵਰਲਡ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਚੋਲਟੀ ਖੇੜੀ ਪਿੰਡ ਦਾ ਵਿੱਦਿਅਕ ਦੌਰਾ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਵੱਲੋਂ ਵਿਦਿਆਰਥੀਆਂ ਲਈ ਇੱਕ ਵਿੱਦਿਅਕ ਦੌਰਾ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਨਿੱਕੇ ਜਿਹੇ ਪਿੰਡ ਚੋਲਟੀ ਖੇੜੀ ਵਿਖੇ ਕੀਤਾ ਗਿਆ।ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਕੰਦਰ ਸਿੰਘ ਨੇ ਦੌਰੇ ਨੂੰ ਰਵਾਨਾ ਕੀਤਾ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੰਜਾਬ ਦੇ ਇਤਿਹਾਸਕ ਤੇ ਸੱਭਿਆਚਾਰਕ ਵਿਰਸੇ ਨਾਲ ਜਾਣੂ ਕਰਵਾਉਣਾ ਸੀ।ਪਿੰਡ ਚੋਲਟੀ ਖੇੜੀ ਦੇ ਦੌਰੇ ਦੀ ਮਹੱਤਤਾ ਇਥੇ ਸਦੀਆਂ ਤੋਂ ਆਪਣੀਆਂ ਮਜ਼ਬੂਤ ਜੜ੍ਹਾਂ ਜਮਾਈ ਖੜ੍ਹਾ ਵਿਸ਼ਾਲ ਬੋਹੜ ਦਾ ਦਰੱਖ਼ਤ ਹੈ। ਇਹ ਬੋਹੜ ਲਗਭਗ 300 ਸਾਲਾਂ ਦੀ ਉਮਰ ਵਾਲਾ ਹੈ ਤੇ ਕਰੀਬ ਸਾਢੇ ਤਿੰਨ ਏਕੜ ਵਿੱਚ ਫੈਲਿਆ ਹੋਇਆ ਹੈ।ਇਸ ਨੂੰ ਪੰਜਾਬ ਦਾ ਸਭ ਤੋਂ ਵੱਡਾ ਰੁੱਖ ਮੰਨਿਆ ਜਾਂਦਾ ਹੈ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਵਾਤਾਵਰਣ ਦੀ ਸਾਂਝ ਨੂੰ ਸਮਝਿਆ।ਇਸ ਵਿੱਦਿਅਕ ਦੌਰੇ ਵਿੱਚ ਸਾਹਿਤ ਸਭਾ ਦੇ ਇੰਚਾਰਜ ਡਾ. ਹਰਪ੍ਰੀਤ ਕੌਰ ਤੇ ਵਿਭਾਗ ਦੇ ਅਧਿਆਪਕ ਬੀਬਾ ਨਰਿੰਦਰ ਕੌਰ, ਡਾ. ਚਰਨਜੀਤ ਕੌਰ ਤੇ ਬੀਬਾ ਕਵਿਤਾ ਵਿਦਿਆਰਥੀਆਂ ਨਾਲ ਸ਼ਾਮਲ ਹੋਏ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਪੰਜਾਬੀ ਲੋਕ ਜੀਵਨ ਵਿੱਚ ਰੁੱਖਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਪੰਜਾਬੀ ਵਿਭਾਗ ਦੀ ਇਸ ਪਹਿਲ ਦੀ ਸਰਾਹਨਾ ਕੀਤੀ ਤੇ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਨੂੰ ਕਲਾਸਰੂਮ ਸਿੱਖਿਆ ਨੂੰ ਸੱਭਿਆਚਾਰਕ ਤੇ ਵਾਤਾਵਰਣਕ ਹਕੀਕਤਾਂ ਨਾਲ ਜੋੜਨ ਵਿੱਚ ਮਦਦ ਕਰਦੇ ਹਨ।

# ਕਿਸਾਨ ਆਗੂ ਨੂੰ ਝੂਠੇ ਕੇਸ 'ਚ ਫਸਾਉਣ ਦੀ ਕੋਸ਼ਿਸ਼ ਖ਼ਿਲਾਫ਼ ਕਿਸਾਨ ਸਟੂਡੈਂਟ ਯੂਨੀਅਨ ਭੜਕੀ



ਗੁਰੂਹਰਸਹਾਏ/ਫ਼ਿਰੋਜ਼ਪੁਰ (ਮਨਦੀਪ ਸਿੰਘ ਸੋਢੀ) ਕਿਸਾਨ ਸਟੂਡੈਂਟ ਯੂਨੀਅਨ ਦੀ ਮਹੱਤਵਪੂਰਨ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ ਭੁੱਲਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਮਹਿਮਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਖ਼ਿਲਾਫ਼ ਪੁਲਸ ਵੱਲੋਂ ਦਰਜ ਕੀਤੇ ਗਏ ਕੇਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਮੀਟਿੰਗ ਦੌਰਾਨ ਦੋਸ਼ ਲਾਇਆ ਕਿ ਇਹ ਪਰਚਾ ਪੂਰੀ ਤਰ੍ਹਾਂ ਬੇਬੁਨਿਆਦ, ਤੱਥਾਂ ਤੋਂ ਖਾਲੀ ਤੇ ਇੱਕ ਜੁਝਾਰੂ ਨੌਜਵਾਨ ਕਿਸਾਨ ਆਗੂ ਨੂੰ ਸਾਜ਼ਿਸ਼ ਤਹਿਤ ਫਸਾਉਣ ਦੀ ਕੋਸ਼ਿਸ਼ ਹੈ।ਆਗੂਆਂ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਥਾਣਾ ਅਮੀਰ ਖਾਸ, ਜ਼ਿਲ੍ਹਾ ਫਾਜ਼ਿਲਕਾ ਵਿੱਚ ਦਰਜ ਕੀਤੇ ਗਏ ਇਸ ਮਾਮਲੇ ਨੂੰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਵੀ ਗੰਭੀਰਤਾ ਨਾਲ ਲਿਆ ਗਿਆ ਹੈ।

ਜਥੇਬੰਦੀ ਦੇ ਆਗੂਆਂ ਮੁਤਾਬਕ ਅਸਲ ਮਾਮਲਾ ਸੁਖਚੈਨ ਸਿੰਘ ਤੇ ਸ਼ੁਬੇਗ ਸਿੰਘ ਦਰਮਿਆਨ ਪੈਸਿਆਂ ਦੇ ਲੈਣ-ਦੇਣ ਨਾਲ ਸੰਬੰਧਿਤ ਸੀ, ਜਿਸ ਦੌਰਾਨ ਸੁਖਚੈਨ ਸਿੰਘ ਦਾ ਪੁੱਤਰ ਨਵਜੋਤ ਸਿੰਘ ਆਪਣੇ ਕੁਝ ਸਾਥੀਆਂ ਸਮੇਤ ਸ਼ੁਬੇਗ ਸਿੰਘ ਦੇ ਘਰੋਂ ਮੋਟਰਸਾਈਕਲ ਜ਼ਬਰਦਸਤੀ ਚੁੱਕ ਕੇ ਲੈ ਗਿਆ ਸੀ।ਇਸ ਸਬੰਧੀ ਥਾਣਾ ਸਿਟੀ ਫ਼ਿਰੋਜ਼ਪੁਰ ਵਿੱਚ ਦਿੱਤੀ ਗਈ ਦਰਖ਼ਾਸਤ ਉੱਤੇ ਕਾਰਵਾਈ ਕਰਦਿਆਂ ਪੁਲਸ ਨੇ ਮੋਟਰਸਾਈਕਲ ਬਰਾਮਦ ਵੀ ਕਰ ਲਿਆ ਸੀ ਤੇ ਇਸ ਮਾਮਲੇ ਵਿੱਚ ਨਵਜੋਤ ਸਿੰਘ ਖ਼ਿਲਾਫ਼ ਚੋਰੀ ਦਾ ਪਰਚਾ ਵੀ ਦਰਜ ਕੀਤਾ ਗਿਆ ਸੀ।ਆਗੂਆਂ ਨੇ ਦੱਸਿਆ ਕਿ ਇਸ ਤੋਂ ਬਾਅਦ ਸੁਖਚੈਨ ਸਿੰਘ ਵੱਲੋਂ ਐੱਸਐੱਸਪੀ ਫਾਜ਼ਿਲਕਾ ਕੋਲ ਸ਼ਿਕਾਇਤ ਦਿੱਤੀ ਗਈ, ਜਿਸਦੀ ਜਾਂਚ ਡੀਐੱਸਪੀ ਜਲਾਲਾਬਾਦ ਨੂੰ ਸੌਂਪੀ ਗਈ ਸੀ।ਜਾਂਚ ਦੌਰਾਨ ਅਵਤਾਰ ਸਿੰਘ ਮਹਿਮਾ ਨੇ ਆਪਣੇ ਤੇ ਪਰਵਾਰ ਨਾਲ ਸੰਬੰਧਿਤ ਸਾਰੇ ਤੱਥ ਤੇ ਸਬੂਤ ਪੇਸ਼ ਕੀਤੇ ਸਨ ਅਤੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਸਾਹਮਣੇ ਸੁਖਚੈਨ ਸਿੰਘ ਨੇ ਖੁਦ ਮੰਨਿਆ ਸੀ ਕਿ ਉਨ੍ਹਾਂ ਦਾ ਵਿਵਾਦ ਸਿਰਫ਼ ਸ਼ੁਬੇਗ ਸਿੰਘ ਨਾਲ ਹੈ ਤੇ ਬਾਕੀ ਕਿਸੇ ਨਾਲ ਕੋਈ ਟਕਰਾਅ ਨਹੀਂ।ਇਸ ਦੇ ਬਾਵਜੂਦ ਫ਼ਾਜ਼ਿਲਕਾ ਪੁਲਿਸ ਵੱਲੋਂ ਘਰ ਦੀਆਂ ਔਰਤਾਂ, ਬਜ਼ੁਰਗਾਂ ਤੇ ਕਿਸਾਨ ਆਗੂ ਅਵਤਾਰ ਸਿੰਘ ਮਹਿਮਾਂ ਨੂੰ ਹੀ ਨਿਸ਼ਾਨਾ ਬਣਾਉਂਦਿਆਂ ਉਨ੍ਹਾਂ ਉੱਪਰ ਝੂਠਾ ਮਾਮਲਾ ਦਰਜ ਕਰ ਦੇਣਾ ਨਾਇਨਸਾਫ਼ੀ ਤੇ ਪ੍ਰਸ਼ਾਸਕੀ ਧੱਕੇਸ਼ਾਹੀ ਦੀ ਮਿਸਾਲ ਹੈ।

ਕਿਸਾਨ ਸਟੂਡੈਂਟ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਕਿਸਾਨ ਤੇ ਲੋਕਪੱਖੀ ਆਗੂਆਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਦਬਾਉਣ ਦੀ ਕੋਸ਼ਿਸ਼ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਇਸ ਨਾਲ ਆਮ ਲੋਕਾਂ ਵਿੱਚ ਭਾਰੀ ਰੋਸ ਪੈਦਾ ਹੋ ਰਿਹਾ ਹੈ।

ਜਥੇਬੰਦੀ ਨੇ ਮੰਗ ਕੀਤੀ ਕਿ ਅਵਤਾਰ ਸਿੰਘ ਮਹਿਮਾ ਤੇ ਉਨ੍ਹਾਂ ਦੇ ਪਰਵਾਰ ਉੱਪਰ ਦਰਜ ਕੀਤਾ ਗਿਆ ਇਹ ਝੂਠਾ ਕੇਸ ਤੁਰੰਤ ਰੱਦ ਕੀਤਾ ਜਾਵੇ ਤੇ ਨਿਰਪੱਖ ਜਾਂਚ ਕਰਕੇ ਅਸਲ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਨਾਮਧਾਰੀ ਸਮਾਜ ਦਾ ਇਤਿਹਾਸ ਤਿਆਗ, ਬਲਿਦਾਨ ਤੇ ਦੇਸ਼ਭਗਤੀ ਦੀ ਪ੍ਰੇਰਣਾਦਾਇਕ ਗਾਥਾ : ਮੁੱਖ ਮੰਤਰੀ



ਚੰਡੀਗੜ੍ਹ, (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿਰਸਾ ਜ਼ਿਲ੍ਹੇ ਦੇ ਨਾਮਧਾਰੀ ਗੁਰੂਦੁਆਰਾ ਸ੍ਰੀ ਜੀਵਨ ਨਗਰ ਵਿੱਚ ਆਯੋਜਿਤ ਸ਼ਾਨਦਾਰ ਹੋਲਾ ਮੋਹੱਲਾ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਤੇ ਸੰਤ ਸਮਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ 'ਤੇ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਆਈ ਨਾਮਧਾਰੀ ਗੌਰਵਸ਼ਾਲੀ ਪਰਵ ਹੋਲਾ ਮੋਹੱਲਾ ਦੇ ਮੌਕੇ 'ਤੇ ਆਪ ਸਭ ਦੇ ਵਿਚਕਾਰ ਆ ਕੇ ਉਨ੍ਹਾਂ ਨੂੰ ਬਹੁਤਾ ਖੁਸ਼ੀ ਦਾ ਅਨੁਭਵ ਹੋ ਰਿਹਾ ਹੈ। ਉਨ੍ਹਾਂ ਨੇ ਸੰਤ ਦਲੀਪ ਸਿੰਘ ਮਹਾਰਾਜ ਦੇ ਚਰਣਾਂ ਵਿੱਚ ਨਮਨ ਕਰਦੇ ਹੋਏ ਕਿਹਾ ਕਿ ਸੰਤ ਸਮਾਜ ਪ੍ਰੇਮ, ਭਾਈਚਾਰੇ ਅਤੇ ਅਧਿਆਤਮਿਕਤਾ ਰਾਹੀਂ ਸਮਾਜ ਨੂੰ ਜੋੜਨ ਦਾ ਮਹਾਨ ਕੰਮ ਕਰ ਰਿਹਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਿਰਸਾ ਦੀ ਪਵਿੱਤਰ ਭੂਮੀ ਸੰਤਾਂ ਤੇ ਮਹਾਂਪੁਰਖਾਂ ਦੀ ਭੂਮੀ ਰਹੀ ਹੈ। ਸਾਲ 1507 ਵਿੱਚ ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਉਣ ਨਾਲ ਇਹ ਭੂਮੀ ਪਵਿੱਤਰ ਹੋ ਗਈ। ਉਨ੍ਹਾਂ ਦੀ ਸਿੱਖਿਆਵਾਂ ਨੂੰ ਅੱਗੇ ਵਧਾਉਣ ਲਈ ਇੱਥੇ ਗੁਰੂਦੁਆਰਾ ਸ੍ਰੀ ਚਿੱਲਾ ਸਾਹਿਬ ਦੀ ਸਥਾਪਨਾ ਕੀਤੀ ਗਈ।ਉਨ੍ਹਾਂ ਨੇ ਕਿਹਾ ਕਿ ਬਾਬਾ ਸਰਸਾਈ ਨਾਥ, ਬਾਬਾ ਭੂਮਣ ਸ਼ਾਹ ਜਿਹੇ ਕਈ ਸੰਤਾਂ ਨੇ ਇਸੇ ਭੂਮੀ ਤੋਂ ਸਮਾਜ ਨੂੰ ਅਧਿਆਤਮਕਤਾ, ਸੇਵਾ ਅਤੇ ਮਨੁੱਖਤਾ ਦਾ ਸੰਦੇਸ਼ ਦਿੱਤਾ। ਇਨ੍ਹਾਂ ਸੰਤਾਂ ਦੀ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਪ੍ਰਦਾਨ ਕਰ ਰਹੀਆਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਹੋਲਾ ਮੋਹੱਲਾ ਸਿਰਫ ਇੱਕ ਉਤਸਵ ਨਹੀਂ ਸਗੋਂ ਸਾਡੀ ਖੁਸ਼ਹਾਲ ਭਾਰਤੀ ਸੰਸਕ੍ਰਿਤੀ, ਵੀਰਤਾ ਅਤੇ ਅਧਿਆਤਮਕ ਪਰੰਪਰਾ ਦਾ ਜਿਉਂਦਾ ਜਾਗਦਾ ਪ੍ਰਤੀਕ ਹੈ। ਇਹ ਤਿਉਹਾਰ ਸਾਨੂੰ ਜੀਵਨ ਵਿੱਚ ਹਿੰਮਤ ਅਤੇ ਭਗਤੀ ਦੋਹਾਂ ਦੇ ਸੰਤੁਲਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਉਤਸਵ ਸਿਰਫ ਰੰਗਾਂ ਦਾ ਤਿਉਹਾਰ ਨਹੀਂ ਹੈ ਸਗੋਂ ਅਨਿਆਂ ਵਿਰੁਧ ਖੜੇ ਹੋਣ ਦੇ ਸੰਕਲਪ ਦਾ ਪ੍ਰਤੀਕ ਹੈ। ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਹੋਲੀ ਦੇ ਉਤਸਾਹ ਨਾਲ ਖਾਲਸਾ ਪਰੰਪਰਾਵਾਂ ਨੂੰ ਮਜਬੂਤ ਕਰਨ ਅਤੇ ਸਮਾਜ ਵਿੱਚ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਨੂੰ ਵਾਧਾ ਦੇਣ ਲਈ ਹੋਲਾ ਮੋਹੱਲਾ ਮਨਾਉਣ ਦੀ ਪਰੰਪਰਾ ਸ਼ੁਰੂ ਕੀਤੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਨਾਮਧਾਰੀ ਸਮਾਜ ਦਾ ਇਤਿਹਾਸ ਤਿਆਗ, ਬਲਿਦਾਨ ਨਾਲ ਭਰਿਆ ਹੋਇਆ ਹੈ। ਸਤਿਗੁਰੂ ਰਾਮ ਸਿੰਘ ਜੀ ਮਹਾਰਾਜ ਵੱਲੋਂ ਸ਼ੁਰੂ ਕੀਤਾ ਗਿਆ ਕੂਕਾ ਅੰਦੋਲਨ ਭਾਰਤ ਦੇ ਸੁਤੰਤਰਤਾ ਸੰਗ੍ਰਾਮ ਦਾ ਇੱਕ ਮਹੱਤਵਪੂਰਨ ਅਧਿਆਏ ਹੈ।

# ਮਾਨ ਸਰਕਾਰ ਨੇ 48000 ਰੁਪਏ ਬਕਾਇਆ ਦੇਣ ਦਾ ਵਾਅਦਾ ਪੂਰਾ ਨਹੀਂ ਕੀਤਾ : ਕੱਕੜ

ਅੰਮ੍ਰਿਤਸਰ 8 ਮਾਰਚ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਹਿਲਾ ਦਿਵਸ ਮੌਕੇ ਮਾਨ ਸਰਕਾਰ ਨੇ ਪੰਜਾਬ ਦੀਆਂ ਮਹਿਲਾਵਾਂ ਨਾਲ ਆਪਣੇ ਆਖ਼ਰੀ ਬਜਟ ਵਿੱਚ ਮਜ਼ਾਕ ਕੀਤਾ ਹੈ।2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਆਪ ਸਰਕਾਰ ਨੇ ਔਰਤਾਂ ਨੂੰ 1000 ਰੁਪਿਆ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ, ਪਰ ਚਾਰ ਸਾਲ ਔਰਤਾਂ ਨੂੰ ਕੋਈ ਰੁਪਿਆ ਨਹੀਂ ਦਿੱਤਾ ਗਿਆ।ਹੁਣ ਆਪਣੀ ਸਰਕਾਰ ਜਾਂਦਿਆਂ ਵੇਖ ਕੇ ਮਾਨ ਸਰਕਾਰ ਨੂੰ ਔਰਤਾਂ ਨੂੰ ਦੇਣ ਦਾ 1000 ਰੁਪਿਆ ਮਹੀਨਾ ਦੇਣ ਦਾ ਵਾਅਦਾ ਯਾਦ ਆਇਆ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵਾਕਿਆ ਹੀ ਆਪਣਾਂ ਵਾਅਦਾ ਪੂਰਾ ਕਰਨਾ ਚਾਹੁੰਦੀ ਹੈ ਤਾਂ ਉਸਨੂੰ ਔਰਤਾਂ ਨੂੰ ਪਿਛਲਾ ਬਕਾਇਆ ਵੀ ਦੇਣਾ ਚਾਹੀਦਾ ਹੈ ਜੋ 48000 ਪ੍ਰਤੀ ਔਰਤ ਬਣਦਾ ਹੈ।ਕੱਕੜ ਨੇ ਕਿਹਾ ਕਿ ਆਪਣੇ ਆਖ਼ਰੀ ਬਜਟ ਵਿੱਚ ਔਰਤਾਂ ਨੂੰ 1000 ਰੁਪਿਆ ਦੇਣ ਤੇ ਸ਼ਰਤਾਂ ਲਗਾ ਦਿੱਤੀਆਂ, ਇਨਕਮ ਟੈਕਸ ਭਰਨ ਵਾਲੀਆਂ ਨੂੰ, ਪੈਨਸ਼ਨ ਲੈਣ ਵਾਲੀਆਂ ਔਰਤਾਂ ਨੂੰ 1000 ਰੁਪਿਆ ਮਹੀਨਾ ਨਹੀਂ ਦਿੱਤਾ ਜਾਵੇਗਾ।ਇਹ ਮਹਿਲਾ ਦਿਵਸ ਮੌਕੇ ਔਰਤਾਂ ਨਾਲ ਭੱਦਾ ਮਜ਼ਾਕ ਨਹੀਂ ਤਾਂ ਹੋਰ ਕੀ ਹੈ?

ਕੱਕੜ ਨੇ ਕਿਹਾ ਕਿ ਮਾਨ ਸਰਕਾਰ ਦੇ ਕੁੱਝ ਮਹੀਨੇ ਹੀ ਬਚੇ ਹਨ, ਇਸ ਸਰਕਾਰ ਨੇ ਇਹ ਨਹੀਂ ਦੱਸਿਆ ਕਿ ਪੈਸੇ ਕਦੋਂ ਤੋਂ ਮਿਲਣੇ ਸ਼ੁਰੂ ਹੋਣਗੇ। ਕੱਕੜ ਨੇ ਸ਼ੱਕ ਜ਼ਾਹਰ ਕਰਦਿਆਂ ਕਿਹਾ ਕਿ ਔਰਤਾਂ ਨੂੰ ਪੈਸਾ ਦੇਣ ਦੀ ਬਜਾਏ ਇਸ ਐਲਾਨ ਦੀ ਇਸ਼ਤਿਹਾਰਬਾਜ਼ੀ ਤੇ ਹੀ ਵੱਧ ਪੈਸਾ ਨਾ ਖਰਚ ਕਰ ਦੇਵੇ।ਕੱਕੜ ਨੇ ਕਿਹਾ ਕਿ ਇਹ ਐਲਾਨ ਵੀ 10 ਲੱਖ ਰੁਪਏ ਦੇ ਸਿਹਤ ਬੀਮਾ ਯੋਜਨਾ ਵਾਂਗ ਹੀ ਅੰਜਾਮ ਤੱਕ ਨਹੀਂ ਪਹੁੰਚੇਗਾ, ਜੋ ਸਿਰਫ਼ ਰਜਿਸਟ੍ਰੇਸ਼ਨ ਅਤੇ ਪਛਾਣ ਦੀਆਂ ਕਾਰਵਾਈਆਂ ਵਿੱਚ ਫੱਸ ਕੇ ਰਹਿ ਜਾਵੇਗਾ।

# ਵਿਧਾਇਕ ਪੰਡੋਰੀ ਨੇ ਧਾਲੀਵਾਲ ਨੂੰ ਨਿੱਜੀ ਸਲਾਹਕਾਰ ਬਣਾਇਆ



ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਆ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਰਗਰਮੀਆਂ ਨੂੰ ਤੇਜ਼ ਕਰਨ ਹਿਤ ਮੈਂਬਰ ਬਲਾਕ ਸੰਮਤੀ ਉੱਦਮੀ ਨੌਜਵਾਨ ਆਗੂ ਗੁਰਜੀਤ ਸਿੰਘ ਧਾਲੀਵਾਲ ਨੂੰ ਆਪਣਾ ਨਿੱਜੀ ਸਲਾਹਕਾਰ ਨਿਯੁਕਤ ਕੀਤਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ।ਇਥੇ ਪਾਰਟੀ ਲਈ ਸਮਰਪਤ ਭਾਵਨਾ ਨਾਲ ਕੰਮ ਕਰਨ ਵਾਲੇ ਵਰਕਰਾਂ ਨੂੰ ਢੁੱਕਵਾਂ ਮਾਣ ਸਨਮਾਨ ਦਿੱਤਾ ਜਾ ਰਿਹਾ ਹੈ।ਨਵ-ਨਿਯੁਕਤ ਨਿੱਜੀ ਸਲਾਹਕਾਰ ਗੁਰਜੀਤ ਧਾਲੀਵਾਲ ਨੇ ਪਾਰਟੀ ਹਾਈਕਮਾਂਡ ਵਿਧਾਇਕ ਪੰਡੋਰੀ ਸਮੇਤ ਸਮੂਹ ਪਾਰਟੀ ਆਗੂਆਂ, ਵਰਕਰਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਵਧੇਰੇ ਲਗਨ ਮਿਹਨਤ ਤੇ ਈਮਾਨਦਾਰੀ ਨਾਲ ਨਿਭਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।

# ਔਰਤਾਂ ਨੂੰ 1000 ਤੋਂ 1500 ਰੁਪਏ ਤੱਕ ਦੇਣ ਦਾ ਫ਼ੈਸਲਾ ਨਿਰੋਲ ਚੋਣ ਸਟੰਟ: ਬਖਤਪੁਰਾ



ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਦੀ ਮਾਨ ਸਰਕਾਰ ਵੱਲੋਂ ਆਪਣੇ ਆਖਰੀ ਬਜਟ ਵਿੱਚ ਔਰਤਾਂ ਨੂੰ 1000 ਤੋਂ 1500 ਰੁਪਏ ਤੱਕ ਦੇਣ ਦੇ ਫੈਸਲੇ ਨੂੰ ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਨਿਰੋਲ ਚੋਣ ਸਟੰਟ ਦਾ ਨਾਂ ਦਿੱਤਾ ਹੈ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਜੇਕਰ ਸਰਕਾਰ ਆਪਣੇ ਵਾਇਦਿਆ ਪ੍ਰਤੀ ਇਮਾਨਦਾਰ ਹੈ ਤਾਂ ਉਸਨੂੰ ਬੀਤੇ ਚਾਰ ਸਾਲ ਤੋਂ ਪ੍ਰਤੀ ਔਰਤ ਨੂੰ 48, 48 ਹਜ਼ਾਰ ਰੁਪਏ ਦਾ ਬਕਾਇਆ ਵੀ ਉਨ੍ਹਾਂ ਦੇ ਖਾਤਿਆਂ ਵਿੱਚ ਪਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਬੀਤੇ ਸਾਲ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਨੇ ਬਿਹਾਰ ਦੀਆਂ ਚੋਣਾਂ ਜਿੱਤਣ ਲਈ ਕਰੀਬ ਡੇਢ ਕਰੋੜ ਪਰਿਵਾਰਾਂ ਨੂੰ 10-10 ਹਜ਼ਾਰ ਰੁਪਏ ਉਨ੍ਹਾਂ ਦੇ ਖਾਤਿਆਂ ਵਿੱਚ ਭੇਜ ਕੇ ਚੋਣ ਜਿੱਤੀ ਸੀ, ਉਸ ਰਾਹ ਤੇ ਚੱਲਦਿਆਂ ਹੀ ਪੰਜਾਬ ਦੀ ਮਾਨ ਸਰਕਾਰ ਨੇ ਕਰੀਬ ਪੰਜਾਬ ਦੀਆਂ ਇਕ ਕਰੋੜ ਔਰਤਾਂ ਨੂੰ ਇੱਕ ਸਾਲ ਦੌਰਾਨ 12- 12 ਹਜਾਰ ਰੁਪਏ ਦੇਣਾ ਤੈਅ ਕਰ ਲਿਆ ਹੈ।ਬਖਤਪੁਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਮੇਤ ਹਰ ਰਾਜ ਕਰਨ ਵਾਲੀ ਪਾਰਟੀ ਨੂੰ ਜੇਕਰ ਲੋਕਾ ਨਾਲ ਹਿਤ ਹੈ ਤਾਂ ਵੋਟਾਂ ਖਰੀਦਣ ਦੀ ਰਾਜਨੀਤੀ ਕਰਨ ਦੀ ਬਜਾਏ ਪੰਜਾਬ ਦੀਆਂ ਔਰਤਾਂ, ਨੌਜਵਾਨਾਂ ਅਤੇ ਹਰ ਵਰਗ ਤੇ ਲੋਕਾਂ ਨੂੰ ਪਕਾ ਰੁਜ਼ਗਾਰ ਦੇਣ ਦੀ ਨੀਤੀ ਅਖਤਿਆਰ ਕਰਨੀ ਚਾਹੀਦੀ ਹੈ, ਜਿਸ ਰੁਜ਼ਗਾਰ ਨਾਲ ਆਮ ਜਨਤਾ ਆਪਣੇ ਪਰੀਵਾਰਾ ਦੀ ਆਰਥਿਕਤਾ ਨੂੰ ਦਰੁਸਤ ਢੰਗ ਨਾਲ ਚਲਾ ਸਕੇ।ਉਨ੍ਹਾਂ ਕਿਹਾ ਕਿ ਇਸ ਐਲਾਨ ਦੇ ਬਾਵਜੂਦ ਵੀ ਮਾਨ ਸਰਕਾਰ ਦੁਬਾਰਾ ਸੱਤਾ ਵਿੱਚ ਨਹੀਂ ਆ ਸਕੇਗੀ ਕਿਉਂਕਿ ਸਰਕਾਰ ਅਮਨ ਕਾਨੂੰਨ, ਭਰਿਸ਼ਟਾਚਾਰ, ਨਸ਼ੇ ਅਤੇ ਸਿਹਤ ਸਿੱਖਿਆ ਦੇ ਅਮਲ ਵਿੱਚ ਕੋਈ ਸੁਧਾਰ ਨਹੀਂ ਲਿਆ ਸਕੀ ਬਲਕਿ ਪੰਜਾਬ ਪੂਰੀ ਤਰ੍ਹਾਂ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਭਰਿਸ਼ਟ ਲਾਣੇ ਦੀ ਗ੍ਰਿਫਤ ਵਿੱਚ ਚਲਾ ਗਿਆ ਹੈ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਨੂੰ ਵੱਡੀ ਸੌਗਾਤ : ਰਣਜੀਤ ਕੌਰ ਕਾਕੜ



ਮਹਿਤਪੁਰ (ਰਾਜਾ)-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸ਼ੁਭ ਮੌਕੇ ਤੇ ਪੰਜਾਬ ਸਰਕਾਰ ਨੇ ਪੰਜਾਬ ਵੱਸਦੀਆਂ ਆਪਣੀਆਂ ਮਾਵਾਂ, ਭੈਣਾਂ ਤੇ ਬੱਚੀਆਂ ਲਈ ਇੱਕ ਬਹੁਤ ਅਹਿਮ ਫੈਸਲਾ ਲੈਂਦੇ ਹੋਏ ਪੰਜਾਬ ਦੀਆਂ ਮਹਿਲਾਵਾਂ ਨੂੰ 1000 ਰੁਪਏ ਕਰਮਵਾਰ 1500 ਰੁਪਏ ਮਹੀਨਾ ਦੇਣ ਦਾ ਐਲਾਨ ਕਰਕੇ ਉਹਨਾਂ ਨੂੰ ਮਹਿਲਾ ਦਿਵਸ ਦੇ ਮੌਕੇ ਤੇ ਇੱਕ ਬਹੁਤ ਹੀ ਖੂਬਸੂਰਤ ਤੋਹਫਾ ਦਿੱਤਾ ਹੈ, ਇਸ ਨਾਲ ਪੰਜਾਬ ਦੀਆਂ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਆਮ ਹੀ ਵੇਖੀ ਜਾ ਸਕਦੀ ਹੈ। ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਤੇ ਬਜਟ ਪੇਸ਼ ਕਰਕੇ ਜਿੱਥੇ ਪੰਜਾਬ ਵਾਸੀਆਂ ਲਈ ਲੋਕ ਪੱਖੀ ਐਲਾਨ ਕੀਤੇ ਹਨ ਉੱਥੇ ਹੀ ਹਰ ਵਰਗ ਦਾ ਵੀ ਬੜੀ ਹੀ ਬਰੀਕੀ ਨਾਲ ਵੀ ਧਿਆਨ ਰੱਖਿਆ ਹੈ। ਉਕਤ ਵਿਚਾਰਾਂ ਦਾ ਪ੍ਰਗਟ ਕਰਦੇ ਹੋਏ ਬੀਬੀ ਰਣਜੀਤ ਕੌਰ ਕਾਕੜ ਡਾਇਰੈਕਟਰ ਇਨਫੋਟੈਕ ਪੰਜਾਬ ਅਤੇ ਵਾਈਸ ਪ੍ਰਧਾਨ ਮਹਿਲਾ ਵਿੰਗ ਪੰਜਾਬ ਨੇ ਖੁਸ਼ੀ ਜਾਹਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਇੱਕ ਬਹੁਤ ਵੱਡੀ ਸੌਗਾਤ ਪੰਜਾਬ ਦੀਆਂ ਮਹਿਲਾਵਾਂ ਨੂੰ ਦਿੱਤੀ ਹੈ। ਇਸ ਨਾਲ ਮੇਰੀਆਂ ਬਜ਼ੁਰਗ ਮਾਤਾਵਾਂ ਮੇਰੀਆਂ ਭੈਣਾਂ ਅਤੇ ਮੇਰੀਆਂ ਬੱਚੀਆਂ ਵਿੱਚ ਖੁਸ਼ੀ ਸਾਫ ਹੀ ਵੇਖੀ ਜਾ ਸਕਦੀ ਹੈ। ਪੰਜਾਬ ਸਰਕਾਰ ਦੇ ਇਸ ਬਜਟ ਵਿੱਚ ਸ਼ਾਮਿਲ ਫੈਸਲੇ ਦਾ ਪੰਜਾਬ ਵਾਸੀ ਸਲਾਗਾਯੋਗ ਫੈਸਲਾ ਦੱਸਦੇ ਹੋਏ ਫਖਰ ਮਹਿਸੂਸ ਕਰਦੇ ਹਨ, ਕਿ ਪੰਜਾਬ ਸਰਕਾਰ ਨੇ ਜੋ ਵੀ ਵਾਅਦੇ ਕੀਤੇ ਸੀ ਕਰਮਵਾਰ ਪੂਰੇ ਕੀਤੇ ਗਏ ਹਨ। ਇਸ ਗੱਲ ਦਾ ਆਮ ਆਦਮੀ ਪਾਰਟੀ ਦੇ ਹਰੇਕ ਵਰਕਰ ਵਿੱਚ ਬੇਹਦ ਉਤਸ਼ਾਹ ਹੈ ਜਿੱਥੇ 1000 ਰੁਪਏ ਕਰਮਵਾਰ 1500 ਰੁਪਏ ਦਾ ਪੰਜਾਬ ਸਰਕਾਰ ਨੇ ਐਲਾਨ ਕੀਤਾ ਹੈ ਉੱਥੇ ਹੀ ਵਿਰੋਧੀ ਪਾਰਟੀਆਂ ਵੱਲੋਂ ਕੀਤੀਆਂ ਜਾਂਦੀਆਂ ਟਿੱਪਣੀਆਂ ਤੇ ਵੀ ਪੰਜਾਬ ਸਰਕਾਰ ਨੇ ਫੁਲ ਸਟੋਪ ਲਗਾ ਦਿੱਤਾ ਹੈ।

# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਹੋਣ ਨਾਲ ਔਰਤਾਂ 'ਚ ਖੁਸ਼ੀ ਦੀ ਲਹਿਰ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਰਾਜ ਦੀਆਂ ਔਰਤਾਂ ਨੂੰ ਮੁੱਖ ਮੰਤਰੀ ਮਾਂਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ 1000 ਤੇ 1500 ਰੁਪਏ ਮਹੀਨਾ ਦੇਣ ਦਾ ਐਲਾਨ ਸ਼ਲਾਘਾਯੋਗ ਕਦਮ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਲਖਬੀਰ ਸਿੰਘ ਰਾਏ, ਗੁਰਿੰਦਰ ਸਿੰਘ ਗੈਰੀ ਵੜਿੰਗ ਤੇ ਰੁਪਿੰਦਰ ਸਿੰਘ ਹੈਪੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕੀਤਾ।

ਵਿਧਾਇਕ ਰਾਏ, ਗੈਰੀ ਵੜਿੰਗ ਤੇ ਰੁਪਿੰਦਰ ਹੈਪੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਨੂੰ ਪੂਰਾ ਕੀਤਾ ਹੈ, ਜਿਸ ਤੋਂ ਰਾਜ ਦੇ ਲੋਕ ਭਲੀ ਭਾਂਤ ਜਾਣੂ ਹਨ।ਉਨ੍ਹਾਂ ਕਿਹਾ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਵੇਗਾ।

ਉਨ੍ਹਾਂ ਬਜ਼ਟ ਸੈਸ਼ਨ ਦੌਰਾਨ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਸੂਬੇ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਪੇਸ਼ ਕੀਤੇ ਬਜ਼ਟ ਦੀ ਜਿਥੇ ਸ਼ਲਾਘਾ ਕੀਤੀ, ਉਥੇ ਰਾਜ ਦੇ ਲੋਕਾਂ ਨੂੰ ਵੱਡੀਆਂ ਸੌਗਾਤਾਂ ਦੇਣ ਵਾਲੇ ਬੱਜਟ ਲਈ ਵਿੱਤ ਮੰਤਰੀ ਦਾ ਉਚੇਚਾ ਤੌਰ 'ਤੇ ਧੰਨਵਾਦ ਕੀਤਾ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਐਥਲੈਟਿਕ ਮੀਟ



ਐਸ.ਏ.ਐਸ. ਨਗਰ, (ਗੁਰਜੀਤ ਬਿੱਲਾ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮੇਰਾ ਯੁਵਾ ਭਾਰਤ, ਐੱਸ ਏ ਐੱਸ ਨਗਰ ਵੱਲੋਂ ਜ਼ਿਲ੍ਹਾ ਖੇਡ ਅਧਿਕਾਰੀ, ਸਪੋਰਟਸ ਅਥਾਰਟੀ ਆਫ ਇੰਡੀਆ ਤੇ ਖੇਲੋ ਇੰਡੀਆ ਦੇ ਸਹਿਯੋਗ ਨਾਲ ਰੱਤਨ ਗਰੁੱਪ ਆਫ ਪ੍ਰੋਫੈਸ਼ਨਲ ਇੰਸਟੀਚਿਊਸ਼ਨਜ਼, ਸੋਹਾਣਾ (ਸੈਕਟਰ-77) ਵਿੱਚ ਐਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ।

ਇਹ ਮੁਕਾਬਲੇ ਅਸਮਿਤਾ ਲੀਗ (ਖੇਲੋ ਇੰਡੀਆ ਵੁਮੈਨਜ਼ ਲੀਗ) ਤਹਿਤ ਕਰਵਾਏ ਗਏ, ਜਿਨ੍ਹਾਂ ਵਿੱਚ 100 ਮੀਟਰ, 200 ਮੀਟਰ ਤੇ 400 ਮੀਟਰ ਦੌੜਾਂ ਅੰਡਰ-13, ਅੰਡਰ-18 ਅਤੇ 18 ਸਾਲ ਤੋਂ ਉੱਪਰ ਵਰਗਾਂ ਵਿੱਚ ਕਰਵਾਈਆਂ ਗਈਆਂ।ਇਸ ਸਮਾਗਮ ਵਿੱਚ ਜ਼ਿਲ੍ਹੇ ਭਰ ਤੋਂ ਕਰੀਬ 250 ਤੋਂ ਵੱਧ ਲੜਕੀਆਂ ਤੇ ਮਹਿਲਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ।

ਇਸ ਤੋਂ ਇਲਾਵਾ ਮਨੋਰੰਜਕ ਗਤੀਵਿਧੀ ਵਜੋਂ ਟੱਗ ਆਫ ਵਾਰ (ਰੱਸਾਕਸ਼ੀ) ਵੀ ਕਰਵਾਈ ਗਈ, ਜਿਸ ਵਿੱਚ ਭਾਗੀਦਾਰਾਂ ਨੇ ਵੱਡੇ ਜੋਸ਼ ਨਾਲ ਹਿੱਸਾ ਲਿਆ।ਮੁਕਾਬਲਿਆਂ ਦੇ ਜੇਤੂਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ, ਜਦਕਿ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਵੀ ਵੰਡੇ ਗਏ।ਕਾਲਜ ਦੇ ਚੇਅਰਮੈਨ ਐੱਸ ਐੱਲ ਅਗਰਵਾਲ ਅਤੇ ਸਮਾਜ ਸੇਵਕਾ ਮਿਲੀ ਗਰਗ ਵੀ ਹਾਜ਼ਰ ਰਹੇ ਤੇ ਉਨ੍ਹਾਂ ਨੇ ਮਹਿਲਾਵਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕੀਤੀ।

# ਫਰੀ ਮੈਡੀਕਲ ਕੈਂਪ ਲਗਾਇਆ



ਸੁਲਤਾਨਪੁਰ ਲੋਧੀ,(ਹਨੀ)-ਸਨਾਤਨ ਧਰਮ ਸਭਾ ਵਲੋਂ ਐੱਸ ਡੀ ਚੈਰੀਟੇਬਲ ਹਸਪਤਾਲ ਵਿਖੇ ਪ੍ਰਧਾਨ ਰਾਕੇਸ਼ ਧੀਰ ਦੀ ਅਗਵਾਈ ਵਿਚ ਅੱਖਾਂ ਦਾ ਅਤੇ ਹੋਰ ਬਿਮਾਰੀਆਂ ਦਾ ਫਰੀ ਚੈੱਕਅਪ ਕੈਂਪ ਲਗਾਇਆ ਗਿਆ। ਡਾ. ਅਵਿਨਾਸ਼ ਚੌਹਾਨ ਐੱਮ ਸੀ ਐੱਚ, ਡਾ. ਨਿਤਨ ਪੁਰੀ ਆਈ ਸਪੈਸਿਲਿਸਟ ਅਤੇ ਡਾ. ਧਮਨ ਕਾਲੀਆ ਨੇ ਵੱਡੀ ਗਿਣਤੀ ਵਿਚ ਪਹੁੰਚੇ ਮਰੀਜਾਂ ਦਾ ਚੈਕਅਪ ਕੀਤਾ। ਸਭਾ ਦੇ ਪ੍ਰਧਾਨ ਰਾਕੇਸ਼ ਧੀਰ ਨੇ ਦੱਸਿਆ ਕਿ ਵੱਖ ਵੱਖ ਬਿਮਾਰੀਆਂ ਨਾਲ ਸਬੰਧਤ ਪਹੁੰਚੇ ਮਰੀਜਾਂ ਦਾ ਡਾਕਟਰਾਂ ਦੀ ਟੀਮ ਨੇ ਬਹੁਤ ਹੀ ਸਹਿਜਤਾ ਨਾਲ ਚੈੱਕਅਪ ਕੀਤਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਅੱਖਾਂ ਨਾਲ ਸਬੰਧਤ 21 ਮਰੀਜਾਂ ਦੇ ਅਪ੍ਰੇਸ਼ਨ ਕੀਤੇ ਗਏ ਅਤੇ ਫਰੀ ਲੈਂਜ਼ ਵੀ ਪਾਏ ਗਏ। ਇਸ ਮੌਕੇ ਦਿਨੇਸ਼ ਧੀਰ ਸਾਬਕਾ ਪ੍ਰਧਾਨ ਨਗਰ ਕੌਂਸਲ, ਉਮਾਦੱਤ, ਰਵਿੰਦਰ ਠਾਕੁਰ, ਬਲਦੇਵ ਰਾਜ, ਰਜਿਤ ਕੋਛੜ, ਕਮਲ ਚਾਵਲਾ, ਰਾਜੀਵ ਸ਼ਰਮਾ ਆਦਿ ਹਾਜ਼ਰ ਸਨ।

# ਚੰਡੀਗੜ੍ਹ ਐਕਸ਼ਨ 'ਚ ਲੁਧਿਆਣਾ ਜ਼ਿਲ੍ਹੇ ਤੋਂ ਭਰਵੀਂ ਸ਼ਮੂਲੀਅਤ ਹੋਵੇਗੀ-ਡੀ ਐੱਮ ਐੱਫ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਅਤੇ ਯੂਟੀ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਚੰਡੀਗੜ੍ਹ ਵਿਖੇ ਹੋਣ ਵਾਲੇ ਰੋਸ ਮੁਜ਼ਾਹਰੇ ਤੇ ਰੋਸ ਮਾਰਚ 'ਚ 10 ਮਾਰਚ ਨੂੰ ਲੁਧਿਆਣਾ ਜ਼ਿਲ੍ਹੇ ਤੋਂ ਮੁਲਾਜ਼ਮਾਂ ਦੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ ਨੇ ਦੱਸਿਆ ਕਿ ਸੂਬਾ ਪੱਧਰੀ ਰੋਸ ਮੁਜ਼ਾਹਰੇ ਤੇ ਮਾਰਚ ਵਿੱਚ ਭਾਗ ਲੈਣ ਲਈ ਲੁਧਿਆਣਾ ਜ਼ਿਲ੍ਹਾ ਦੇ ਵੱਖ-ਵੱਖ ਮਹਿਕਮਿਆਂ ਦੇ ਦਰਜਨਾਂ ਮੁਲਾਜ਼ਮ ਭਾਗ ਲੈਣਗੇ।ਇਸ ਮੌਕੇ ਹਾਜ਼ਰ ਡੀਟੀਐੱਫ ਦੇ ਜ਼ਿਲ੍ਹਾ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ ਨੇ ਦੱਸਿਆ ਕਿ ਮੁਲਾਜ਼ਮਾਂ ਦੇ ਕੱਟੇ ਗਏ ਭੱਤੇ ਬਹਾਲ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਾਉਣ, ਮੁਲਾਜ਼ਮ ਉੱਤੇ ਥੋਪੇ ਗਏ ਲੰਗੜੇ ਪੇਅ ਸਕੇਲ ਰੱਦ ਕਰਾ ਕੇ ਪੁਰਾਣੇ ਸਕੇਲ ਬਹਾਲ ਕਰਾਉਣ ਤੇ 16% ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਾਉਣ ਸਮੇਤ ਮੁਲਾਜ਼ਮਾਂ ਦੀਆਂ ਦਰਜਨਾਂ ਮੰਗਾਂ ਦੀ ਪ੍ਰਾਪਤੀ ਲਈ ਇਹ 4 ਦਿਨਾਂ ਪ੍ਰਦਰਸ਼ਨ ਚੰਡੀਗੜ੍ਹ ਵਿਖੇ ਕੀਤੇ ਜਾ ਰਹੇ ਹਨ, ਜੋ ਕਿ 8 ਮਾਰਚ ਤੋਂ 11 ਮਾਰਚ ਤੱਕ ਕੀਤੇ ਜਾਣੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮਨਜੀਤ ਸੰਧੂ, ਜੰਗਪਾਲ ਸਿੰਘ ਰਾਏਕੋਟ, ਨਰਿੰਦਰ ਸਿੰਘ ਰਾਏਕੋਟ, ਯਾਦਵਿੰਦਰ ਸਿੰਘ, ਰਾਜਨ ਸਿੰਘ, ਪ੍ਰਭਜੋਤ ਸਿੰਘ ਤਲਵੰਡੀ ਆਦਿ ਹਾਜ਼ਰ ਸਨ।

# ਅਮਰੀਕਾ ਨਾਲ ਵਪਾਰਕ ਸਮਝੌਤਾ ਕਰਕੇ ਕਿਸਾਨਾਂ ਨੂੰ ਆਰਥਿਕ ਮੰਦਹਾਲੀ ਦੇ ਕੰਢੇ ਖੜ੍ਹਾ ਕੀਤਾ : ਬਹਿਰੂ



ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ) ਤਾਕਤਵਰ ਦੇਸ਼ ਅਮਰੀਕਾ ਦੇ ਦਬਾਅ ਥੱਲੇ ਆ ਕੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਗੋਡੇ ਟੇਕ ਕੇ ਵਪਾਰਕ ਸਮਝੌਤਾ ਕਰਨ ਤੋਂ ਬਾਅਦ ਦੇਸ਼ ਦੇ ਕਿਸ਼ਾਨਾ ਮਜਦੂਰਾਂ, ਛੋਟੇ ਕਾਰੋਬਾਰੀਆਂ ਵਿੱਚ ਖਲਬਲੀ ਪਾਈ ਜਾ ਰਹੀ ਹੈ।

ਕਿਸਾਨ-ਮਜ਼ਦੂਰ ਮਾਰੂ ਹੋਏ ਫੈਸਲੇ ਖਿਲਾਫ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਦੇ ਕਨਵੀਨਰ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਹੇਠ ਦੇਸ਼ ਦੇ ਕਿਸਾਨਾਂ ਵਲੋਂ 7 ਫਰਵਰੀ ਤੋਂ ਕਿਸਾਨ ਜਾਗਰਿਤੀ ਮਾਰਚ ਕੰਨਿਆ ਕੁਮਾਰੀ ਤੋਂ ਸ਼ੁਰੂ ਕਰਕੇ ਜੰਮੂ ਕਸ਼ਮੀਰ ਤੱਕ ਜਾ ਰਿਹਾ ਹੈ।ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਬਹਿਰੂ ਨੇ ਦੱਸਿਆ ਕਿ ਇਸ ਸ਼ੁਰੂ ਹੋਏ ਕਿਸਾਨ ਜਾਗ੍ਰਿਤੀ ਮਾਰਚ ਭਾਰਤ ਦੇ ਦੱਖਣੀ ਸੂਬਿਆਂ ਦੇ ਕਿਸਾਨਾਂ ਮਜ਼ਦੂਰਾਂ ਤੇ ਛੋਟੇ ਕਾਰੋਬਾਰੀਆਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲਣ ਤੋਂ ਬਾਅਦ ਹਰਿਆਣਾ, ਰਾਜਸਥਾਨ ਦੇ ਕਿਸਾਨਾਂ ਵੱਲੋਂ ਰਾਤ ਦੇ 12 ਵਜੇ ਤੱਕ ਇਸ ਦੇਸ਼ ਵਿਆਪਕ ਕਿਸਾਨ ਮਾਰਚ ਦੇ ਆਗੂਆਂ ਨੂੰ ਵਿਸ਼ਵਾਸ਼ ਦਿਵਾ ਰਹੇ ਹਨ ਕਿ 19 ਮਾਰਚ ਨੂੰ ਦਿੱਲੀ ਵਿੱਚ ਰਾਮਲੀਲਾ ਗਰਾਉਂਡ ਵਿਖੇ ਹੋਣ ਵਾਲੀ ਕੌਮੀ ਮਹਾਂਪੰਚਾਇਤ ਵਿੱਚ ਆਪਣੇ ਬੱਚਿਆਂ ਦਾ ਭਵਿੱਖ ਬਚਾਉਣ ਲਈ ਸ਼ਾਮਲ ਹੋਣਗੇ।

ਬਹਿਰੂ ਨੇ ਦੱਸਿਆ ਕਿ ਜੋ ਅਮਰੀਕਾ ਭਾਰਤ ਵਿਚਕਾਰ ਵਪਾਰਿਕ ਸਮਝੌਤਾ ਹੋਇਆ ਹੈ, ਉਸ ਨੂੰ ਦੇਸ਼ ਦੇ ਕਿਸਾਨ, ਮਜਦੂਰ ਤੇ ਛੋਟੇ ਕਾਰੋਬਾਰੀ ਵਾਲੇ ਲੋਕ ਭਲੀ ਭਾਂਤ ਸਮਝ ਚੁੱਕੇ ਹਨ ਕਿ ਜੇਕਰ ਦੇਸ਼ ਵਿਰੋਧੀ ਫੈਸਲੇ ਨੂੰ ਰੋਕਣ ਲਈ ਵੱਡਾ ਜਲ ਅੰਦੋਲਨ ਨਾ ਕੀਤਾ ਗਿਆ ਤਾਂ ਵੱਡੀਆਂ ਕੁਰਬਾਨੀਆਂ ਦੇ ਕੇ ਦੇਸ਼ ਨੂੰ ਅਜ਼ਾਦ ਕਰਾਇਆ ਸੀ।ਦੁਬਾਰਾ ਫਿਰ ਅਮਰੀਕ ਵਲੋਂ ਗੁਲਾਮ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਲਈ ਲੋਕ ਰਾਜਸੀ ਵਿਚਾਰਾਂ ਤੋਂ ਉਪਰ ਉਠ ਕੇ ਕਿਸਾਨ ਜਾਗ੍ਰਿਤੀ ਮੰਚ ਦਾ ਹਿਸਾ ਬਣ ਰਹੇ ਹਨ।

ਬਹਿਰੂ ਨੇ ਅੱਗੇ ਦੱਸਿਆ ਕਿ 6 ਮਾਰਚ ਨੂੰ ਗੰਗਾ ਨਗਰ ਨਾਲ ਲਗਦੇ ਅਬੋਹਰ ਫਾਜ਼ਿਲਕਾ ਦੇ ਰਸਤੇ ਹਜਾਰਾਂ ਕਿਸਾਨ ਟਰੈਕਟਰਾਂ, ਕਾਰਾਂ ਤੇ ਮੋਟਰ ਸਾਇਕਲਾਂ ਰਾਹੀਂ ਸਵੇਰੇ 8:00 ਵਜੇ ਕਿਸਾਨ ਜਾਗ੍ਰਿਤੀ ਮਾਰਚ ਪੰਜਾਬ ਵਿੱਚ ਸ਼ਾਮਲ ਹੋ ਜਾਵੇਗਾ।ਉਸ ਦਿਨ ਜ਼ਿਲ੍ਹਾ ਮੁਕਤਸਰ ਤੇ ਫਰੀਦਕੋਟ ਵਿਖੇ ਵੱਡੀਆਂ ਕਿਸਾਨ ਪੰਚਾਇਤਾਂ ਹੋ ਰਹੀਆਂ ਹਨ।ਉਨ੍ਹਾਂ ਦੱਸਿਆ ਕਿ 7 ਫਰਵਰੀ ਤੋਂ ਸ਼ੁਰੂ ਹੋਵੇ ਕਿਸਾਨਾਂ ਜਾਗ੍ਰਿਤੀ ਮਾਰਚ ਵਿੱਚ ਤਾਮਿਲਨਾਡੂ, ਆਂਧਰਾ, ਤੇਲੰਗਾਨਾ, ਮੱਧ ਪ੍ਰਦੇਸ਼, ਯੂ.ਪੀ., ਹਰਿਆਣਾ, ਪੰਜਾਬ ਤੇ ਹੋਰ ਸੂਬਿਆਂ ਦੇ ਕਿਸਾਨ ਆਪਣੇ-ਆਪਣੇ ਵਹਿਕਲਾ ਰਾਹੀਂ ਜੰਮੂ ਕਸ਼ਮੀਰ ਤੱਕ ਜਾਣਗੇ।


**Court Notice**
(U/o 5 Rule 20 CPC)
IN THE COURT OF
**Sh. Amandeep Singh**
Civil Judge (Senior Division),Tarn Taran
Next Date, Purpose of case, Orders and Judgments as well as other case information is available on http://districts.ecourts.gov.in
CNR No. PBTT02-000178-2025
Next Date:- 27-03-2026
Punjab National Bank
Vs.
Gurwinder Kaur
Publication Issued To: 1. Gurwinder Kaur Spouse: -Randeep Singh, 2. Randeep Singh Father: -Harpal Singh, 3. Kulwant Singh Father: :- Kala Singh All R/O Vpo Naushehra Pannuan, District Tarn Taran
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-03-2026 at 10:00 a.m.
For details logon to https://highcourtchd.gov.in/?trs-district notice&district=Tarn Taran
Civil Judge (Senior Division) Tarn Taran
Dated, this day of 23-02-2026

**Court Notice**
(U/o 5 Rule 20 CPC)
IN THE COURT OF
**Dr. Mandeep Mittal**
Additional District and Sessions Judge, Hoshiarpur
CNR No. PBHO01-004188-2025
MACP/124/2025
Next Date:- 10-04-2026
Parminder Kaur Wd/o Makhan Singh R/o VPO Torowal, Police Station Pojewal, Tehsil Balachaur, Distt.Nawanshahr (SBS Nagar) and others.
...Claimant(s)/Applicant(s)
Vs.
Rahim Ali S/o Ilamdeen, R/o Vill. Champal, Post Office Jakyas, Tehsil Gandoh, Distt. Doda, Jammu and Kashmir at present R/oVPO Chabbewal, Teh. and Distt. Hoshiarpur, Punjab and others. Respondent(s)
Claim Petition U/s 166 of Motor Vehicle Act
PUBLICATION ISSUED TO: 2. Husain Ali S/o Sher Ali R/o Village Sudha Majra (also known and called as Fatehgarh), Teh. Balachaur, Distt. Nawanshahr (SBS Nagar), Pb., (registered owner of offending Bolero Pik-Up bearing Registration no. PB-07-CD-8614).
In above titled case, the defendant(s)/Respondent(s) could not be served. It is ordered that defendant(s)Vrespondent(s) should appear in person or through counsel on 10-04-2026 at 10:00 a.m. For details logon to https:/highcourtchd.gov.in/?trs=district notice&district=Hoshiarpur
Additional District and Sessions Judge, Hoshiarpur
Dated, this day of 06-03-2026

**Court Notice**
(U/o 5 Rule 20 CPC)
IN THE COURT OF
**Sh. Jagmohan Singh Sanghe**
Principal Judge, Family Court Jalandhar
GW/21/2026
CNR No. PBJL01-001566-2026
Next Date:- 20-04-2026
Baljit Kaur W/o Kamaldeep Singh D/o Joginder Singh
Address :B14 Golden Avenue Phase 2 Jalandhar
vs.
(1) KAMALDEEP SINGH S/O TARSEM SINGH ADDRESS: SAIDKHERI ROAD PEER COLONY RAJPURA SUHRON PATIALA
(2) GENERAL PUBLIC
Address : GENERAL PUBLIC
Petition Under Guardian and Wards Act
PUBLICATION ISSUED TO: GENERAL PUBLIC, ADDRESS:- GENERAL PUBLIC
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-04-2026 at 10:00 a.m.
For details logon to https://highcourtchd.gov.in/?mod=district notice& district=Jalandhar
Principal Judge, Family Court, Jalandhar
Dated, this day of 06-03-2026

**Court Notice**
(U/o 5 Rule 20 CPC)
In The Court of
**Sh. Ram Pal**
Civil Judge (Junior Division)-5, Jalandhar
CS/241/2026
CNR No. PBJL-000418-2026
Next Date : 07-04-2026
Mohinder Singh Bhatti
Vs.
Geeta Rani
Suit for grant of decree for specific performance of agreement to sell Suit for grant of decree of permanent injunction ar prayed for
Publication issued to: Geeta Rani Spouse : Sh. Pappu Yadav R/o Vill. & P.O. Lidhran, Tehsil & Distt. Jalandhar
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-04-2026 at 10:00 a.m.
For details logon to https://highcourtchd.gov.in/?mod-district notice&district= Jalandhar
Civil Judge (Junior Division)-5, Jalandhar
Dated, this day of 07-03-2026

**Court Notice**
(U/o 5 Rule 20 CPC)
In The Court of
**Sh. Sudhir Kumar**
Additional Civil Judge (Senior Division), Barnala
GW-06-2026
CNR No. PBBR02-000257-2026
Next Date:- 08-05-2026
Gurmeet Kaur
Vs.
General Public
Publication issued to : General Public, Distt. Barnala
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 08-05-2026 at 10:00 a.m.
For details logon to https://highcourtchd.gov.in/?mod=district_notice&district=Barnala
Additional Civil Judge (Senior Division), Barnala
Dated, this day of 07-03-2026

**Court Notice**
(U/o 5 Rule 20 CPC)
In The Court of
**Sh. Aman Sharma**
Additional Principal Judge Family Court, Amritsar
CNR No. PBAS01-013130-2024
Next Date:- 13-05-2026
Kirandeep Kaur
Vs.
Kuldip Singh
Publication issued to : Kuldip Singh, Father : Lal Singh Plot No. 14/15, Tarn taran Road, Sub Urban Abadi, Amritsar,
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 13-05-2026 at 10:00 a.m.
For details logon to https://highcourtchd.gov.in/?trs=district_notice&district=Amritsar
Additional Principal Judge Family Court, Amritsar
Dated, this day of 26-02-2026

**pnb Punjab National Bank**
Branch Office:- Rahon Road, DISTT. LUDHIANA
ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾਂ ਨੋਟਿਸ)
ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)
ਸੇਵਾ 'ਚ | 10.02.2026
(ਕਰਜ਼ਦਾਰ/ਕਰਜ਼ਦਾਰਾਂ) : 1. ਸ੍ਰੀ ਸਤਿੰਦਰ ਸਿੰਘ ਪੁੱਤਰ ਸ੍ਰੀ ਮਦਨ ਸਿੰਘ # ਮਕਾਨ ਨੰ. 1179, ਨੇੜੇ ਗੁਰਦੁਆਰਾ ਭਟ ਸਿੰਘ, ਇਸਲਾਮ ਗੰਜ, ਤਹਿ. ਤੇ ਜ਼ਿਲ੍ਹਾ ਲੁਧਿਆਣਾ | 2 ਸ੍ਰੀ ਜਸਵਿੰਦਰ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ # ਮਕਾਨ ਨੰ. 1179, ਨੇੜੇ ਗੁਰਦੁਆਰਾ ਭਟ ਸਿੰਘ, ਇਸਲਾਮ ਗੰਜ, ਤਹਿ. ਤੇ ਜ਼ਿਲ੍ਹਾ ਲੁਧਿਆਣਾ
ਸ੍ਰੀਮਾਨ/ਸ੍ਰੀਮਤੀ
ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ
ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ 1 ਸ੍ਰੀ ਸਤਿੰਦਰ ਸਿੰਘ ਪੁੱਤਰ ਸ੍ਰੀ ਮਦਨ ਸਿੰਘ # ਮਕਾਨ ਨੰ. 1179, ਨੇੜੇ ਗੁਰਦੁਆਰਾ ਭਟ ਸਿੰਘ, ਇਸਲਾਮ ਗੰਜ, ਤਹਿ. ਤੇ ਜ਼ਿਲ੍ਹਾ ਲੁਧਿਆਣਾ, 2 ਸ੍ਰੀ ਜਸਵਿੰਦਰ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ # ਮਕਾਨ ਨੰ. 1179, ਨੇੜੇ ਗੁਰਦੁਆਰਾ ਭਟ ਸਿੰਘ, ਇਸਲਾਮ ਗੰਜ, ਤਹਿ. ਤੇ ਜ਼ਿਲ੍ਹਾ ਲੁਧਿਆਣਾ ਤੋਂ ਬਕਾਇਆ ਰਕਮ ਰੁ. 16,07,498.45/- (ਸੋਲਾਂ ਲੱਖ ਸੱਤ ਹਜ਼ਾਰ ਚਾਰ ਸੌ ਅਠਾਨਵੇਂ ਰੁਪਏ ਅਤੇ ਪੰਤਾਲੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ ਸਰਫੇਸੀ ਐਕਟ ਦੇ ਸੈਕਸ਼ਨ 13(2) ਤਹਿਤ 27.08.2025 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।
ਰਿਹਾਇਸ਼ੀ ਅਚੱਲ ਜਾਇਦਾਦ ਦਾ ਅਟੁੱਟ ਹਿੱਸਾ ਰਕਬਾ (50-1/2+50-1/2 ਵਰਗ ਗਜ਼) ਕੁਲ ਜਾਇਦਾਦ ਰਕਬਾ 101 ਵਰਗ ਗਜ਼, ਮਕਾਨ ਨੰ. ਐੱਮ ਸੀ-ਬੀ-14-1179 ਅਤੇ ਐੱਮ ਸੀ-ਬੀ-14-1179/ਸੀ, ਪਤਾ ਇਸਲਾਮ ਗੰਜ, ਤਹਿ. ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਅਨੁਸਾਰ ਵਸੀਕਾ ਨੰ. 25946 ਮਿਤੀ 11.10.1999 ਅਤੇ ਬੈਨਾਮਾ 2805 ਮਿਤੀ 23.05.2003 ਜੋ ਕਿ ਸ੍ਰੀ ਸਤਿੰਦਰ ਸਿੰਘ ਪੁੱਤਰ ਸ੍ਰੀ ਮਦਾਨ ਸਿੰਘ ਤੇ ਸ੍ਰੀ ਜਸਵਿੰਦਰ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ ਦੇ ਨਾਂਅ ਹੈ।
ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਉਕਤ ਸਕਿਉਰਡ ਐੱਸਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-
"ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐੱਸਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।
ਸਕਿਉਰਡ ਕ੍ਰੈਡਿਟਰ ਵੱਲੋਂ (i) ਸਕਿਉਰਡ ਐੱਸਟਸ ਲੀਜ਼, ਇਕਰਾਰਨਾਮੇ ਜਾਣਕਾਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ (ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਉਰਡ ਐੱਸਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"
ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13(8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ ਮੌਜੂਦਾ ਬਕਾਇਆ ਰਕਮ ਰੁ. 16,07,498.45/- (ਸੋਲਾਂ ਲੱਖ ਸੱਤ ਹਜ਼ਾਰ ਚਾਰ ਸੌ ਅਠਾਨਵੇਂ ਰੁਪਏ ਅਤੇ ਪੰਤਾਲੀ ਪੈਸੇ ਕੇਵਲ) ਸਮੇਤ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ ਅਦਾ ਕਰਕੇ ਉਕਤ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਡ ਐੱਸਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 9(1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।
ਮਿਤੀ : 10.02.2026 | ਅਧਿਕਾਰਤ ਅਫਸਰ
ਸਥਾਨ : ਲੁਧਿਆਣਾ | ਪੰਜਾਬ ਨੈਸ਼ਨਲ ਬੈਂਕ | ਸਕਿਉਰਡ ਕ੍ਰੈਡਿਟਰ

## ਕਲਾਸੀਫਾਈਡ ਇਸ਼ਤਿਹਾਰ

**ਆਮ ਸੂਚਨਾ**
ਮੈਂ, ਉਰਮੀ ਸਾਹੀ ਪਤਨੀ ਤੇਜਿੰਦਰ ਸਿੰਘ ਸਾਹੀ ਵਾਸੀ ਪਿੰਡ ਤੇ ਡਾਕਖਾਨਾ ਘੁਮਾਣ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਵਾਕਿਆ ਸਰਸਵਤੀ ਵਿਹਾਰ ਜਲੰਧਰ ਵਿੱਚ ਐਚ.ਆਈ. ਜੀ. ਫਲੈਟ ਨੰ: 21, ਐਸ. ਐਫ ਹੈ ਜੋ ਮੇਰੇ ਨਾਮ ਤੇ ਬਰੂਏ ਬੈਨਾਮਾ ਨੰ: 2537 ਮਿਤੀ 05-06-2015 ਹੈ ਅਤੇ ਜਰੂਰੀ ਦਸਤਾਵੇਜ ਸਨ ਜੋ ਕਿ ਮਿਤੀ 19-01-2016 ਨੂੰ ਕਿੱਧਰੇ ਗੁੰਮ ਹੋ ਗਿਆ ਹੈ। ਜੇਕਰ ਉਕਤ ਬੈਨਾਮਾ ਅਤੇ ਦਸਤਾਵੇਜ ਕਿਸੇ ਨੂੰ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ। ਸਬੰਧਿਤ ਨੋਟ ਕਰਨ।

**ਬੇਦਖ਼ਲੀ ਨੋਟਿਸ**
ਮੈਂ ਅਮਰਜੀਤ ਪੁੱਤਰ ਸ਼ਾਮ ਲਾਲ, ਵਾਸੀ 141, ਸਲੇਮਪੁਰ ਰੋਡ, ਵੀਨਸ ਵੈਲੀ , ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੀ ਲੜਕੀਆਂ ਸੁਮਨ ਅਤੇ ਸ਼ਕਤੀ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

**ਨਾਂਅ ਦੀ ਬਦਲੀ**
ਮੈਂ, ਅਮਰੀਕ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਮਕਾਨ ਨੰ. 242, ਵਾਰਡ ਨੰ. 07, ਗਲੀ ਨੰਬਰ 4, ਬੇਦੀ ਨਗਰ ਜ਼ਿਲ੍ਹਾ ਮੋਗਾ ਨੇ ਆਪਣੇ ਨਾਬਾਲਿਗ ਬੇਟੇ ਦਾ ਨਾਂਅ ਰਣਜੋਤ ਸਿੰਘ ਤੋਂ ਰਣਜੋਤ ਸਿੰਘ ਸੰਧੂ ਰਖ ਲਿਆ ਹੈ। ਸੰਬੰਧਤ ਨੋਟ ਕਰਨ।

**Change of Name**
I Radika alias Kalpana Sharma W/o Om Parkash , R/o H.no 20, New Shital Nagar Jalandhar have changed my name from Radika alias Kalpana Sharma to Kalpana Sharma

I, Amarjeet Kaur W/o Opinder Singh R/o Vill. Gandhowal, P.O. Miani, Distt. Hoshiarpur, Punjab have changed my minor son's name from Samardeep Singh to given name is Samardeep and Surname as Singh.

I Amarjeet Kaur W/o Opinder Singh R/o Vill. Gandhowal, P.O. Miani,Distt. Hoshiarpur, Punjab have changed my minor son's name from Gurjot Singh to given name is Gurjot and Surname is Singh.

I, Michael Puri S/O Subash Puri, R/o House Number E.F.428, Krishan Nagar,k Jalandhar-I, Jalandhar City, Jalandhar, Punjab-144001, have changed my name and shall hereafter be Known as Michel Puri.

I, Mohinder Kaur W/O Jamail Singh, R/o Ward No-3, Balachaur, Nawanshahr, Punjab- 144521. have changed my name and shall hereafter be Known as Maninder Kaur.

**Change of Name**
I, Charanjit Kaur Alias Charan Kaur w/o Paramjit Singh r/o BX-1403, Lamba Pind Byepass, Suchi Pind Mod, Jalandhar have changed my name to Charanjit Kaur. All Please Note.

I, Paramjit Singh Alias Balbir Singh s/o Bhagat Singh r/o BX-1403, Lamba Pind Byepass, Suchi Pind Mod, Jalandhar have changed my name to Paramjit Singh. All Please Note.

I, Ravneet Kaur alias Raj Kumari D/o Narain Dass W/o Virender Kumar R/o H.No. 54, Near Secular Public School, Guru Amar Dass Nagar-Extention, Jalandhar, Punjab, 144008 changed my name to Ravneet Kaur. All Please Note.

I Kamaljit W/O Mohan Lal Suman R/O H.no. 326 New Abadi Jallowal, Jalandhar-144003, Punjab, India, Have Changed My Name From Kamaljit To Kamaljeet Suman. All Please Note.

I, Ishween daughter of Sukhjinder Singh resident of H. No. 190A/8, Krishna Nagar, Near Adarsh Nagar, Jalandhar-144001 Punjab, India have changed my name and shall hereafter be known as Ishween Kaur.

I, Daljeet Kaur W/o Shani Kumar resident of V. Jagpalpur, P.O. Ranipur, Distt. Kapurthala, Punjab, India, have changed my name from Daljeet Kaur to DALJIT KAUR. All concerned please note.

I, Amarjit S/o Malkit Ram, R/o V. Karari, P.O. Kishangarh, Distt. Jalandhar, Punjab, India, now R/o Brangay Tamag City Vigan Provinc Llocos Sur Philippines, Pin. 2700, have changed my name from Amarjit to AMARJIT SINGH. All concerned please note.

I, Gurbinderjit W/O Baldev Lal R/O Village Sadha Chak, District Jalandhar, Punjab-144201 Have Changed My Name From Gurbinderjit To Gurvinderjit. All Concerned Please Note.

I, Ranjodh Singh Son of Balwinder Pal Singh resident of Vill. Mohablipur, Po Fauji Colony, Tehsil Sultanpur Lodhi, District Kapurthala, Punjab-144620 have changed my name from Ranjodh Singh to Given Name Ranjodh & Surname as Singh. All concerned please note.

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**
'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੈਨਸ਼ਨਰ ਸਾਂਝਾ ਫਰੰਟ ਦੀ ਮੋਹਾਲੀ ਰੈਲੀ ਵਿੱਚ ਹੋਏ ਸ਼ਾਮਲ

## ਮੁਲਾਜ਼ਮ ਤੇ ਪੈਨਸ਼ਨਰ ਵਿਧਾਨ ਸਭਾ ਵੱਲ ਕਰਨਗੇ ਰੋਹ ਭਰਪੂਰ ਮਾਰਚ

**ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਕਾਰ ਨੇ ਪਿਛਲੇ ਚਾਰ ਸਾਲਾਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਸਾਜ਼ਿਸ਼ੀ ਚੁੱਪ ਧਾਰੀ ਹੋਈ ਹੈ। ਸਾਂਝਾ ਫਰੰਟ ਪੰਜਾਬ ਵਲੋਂ ਲਗਾਤਾਰ ਸੰਘਰਸ਼ ਕਰਨ ਦੇ ਦਬਾਅ ਅਧੀਨ ਗੱਲਬਾਤ ਕਰਨ ਲਈ ਮੀਟਿੰਗ ਤਾਂ ਦਿੱਤੀ ਜਾਂਦੀ ਰਹੀ ਹੈ ਪਰ ਵਾਰ ਵਾਰ ਮੀਟਿੰਗਾਂ ਦੀਆਂ ਮਿਤੀਆਂ ਨੂੰ ਰੱਦ ਕੀਤਾ ਹੈ।ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਬਜਟ ਸੈਸ਼ਨ ਦੇ ਦੌਰਾਨ 8 ਤੋਂ 11 ਮਾਰਚ ਤੱਕ ਰੈਲੀਆਂ ਕਰਕੇ ਵਿਧਾਨ ਸਭਾ ਵੱਲ ਰੋਹ ਭਰਪੂਰ ਮਾਰਚ ਕਰਨ ਦੇ ਕੀਤੇ ਗਏ ਐਲਾਨ ਅਨੁਸਾਰ 8 ਮਾਰਚ ਦੀ ਪਹਿਲੇ ਦਿਨ ਦੀ ਰੈਲੀ ਵਿੱਚ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਪੈਨਸ਼ਨਰਾਂ ਨੇ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਅਗਵਾਈ ਵਿੱਚ ਮੋਹਾਲੀ ਸੂਬਾਈ ਰੈਲੀ ਤੇ ਮਾਰਚ ਵਿੱਚ ਸ਼ਮੂਲੀਅਤ ਕੀਤੀ।ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਹਾਲੀ ਸੂਬਾਈ ਰੈਲੀ ਤੇ ਰੋਸ ਮਾਰਚ ਵਿੱਚ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਪ੍ਰਧਾਨ ਕਰਮ ਸਿੰਘ ਧਨੋਆ ਅਤੇ ਜਨਰਲ ਸਕੱਤਰ ਕੁਲਵਰਨ ਸਿੰਘ ਦੀ ਅਗਵਾਈ ਵਿੱਚ ਪੰਜਾਬ ਭਰ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਪੈਨਸ਼ਨਰ ਸ਼ਾਮਲ ਹੋਏ।ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਵਲੋਂ ਪ੍ਰਧਾਨ ਮੋਹਣ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ,ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ,ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਜਥੇਬੰਦਕ ਸਕੱਤਰ ਨਿਰਮੋਲਕ ਸਿੰਘ ਹੀਰਾ, ਕੇ.ਕੇ.ਪਾਂਡੇ, ਰਤਨ ਸਿੰਘ ਗੁਰਾਇਆ, ਬਲਵਿੰਦਰ ਕੁਮਾਰ, ਮਾਸਟਰ ਜੋਗਿੰਦਰ ਸਿੰਘ, ਬਲਬੀਰ ਸਿੰਘ ਕੂਨਰ, ਹਰੀ ਰਾਮ ਚੋਟ ਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।



# ਬਾਬਾ ਬਲਰਾਜ ਕਾਲਜ ’ਚ ਅੰਤਰਰਾਸ਼ਟਰੀ ਮਹਿਲਾ ਦਿਵਸ ਸਮਾਰੋਹ ਦਾ ਆਯੋਜਨ



**ਬਲਾਚੌਰ (ਜਸਵਿੰਦਰ ਬੈਂਸ)**- ਸਥਾਨਕ ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਟ ਕਾਲਜ ਵਿਖੇ ਪ੍ਰਿੰਸੀਪਲ ਪ੍ਰੋਫੈਸਰ (ਡਾ.) ਸਤੀਸ਼ ਕੁਮਾਰ ਧੀਮਾਨ ਦੇ ਕੁਸ਼ਲ ਮਾਰਗਦਰਸ਼ਨ ਹੇਠ ਐਨ ਐਸ ਐਸ ਯੂਨਿਟ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਐਨ ਐਸ ਐਸ ਪ੍ਰੋਗਰਾਮ ਅਫ਼ਸਰ ਡਾ. ਅੰਜਲੀ ਪਾਠਕ ਅਤੇ ਡਾ. ਹਰੀ ਨਾਥ ਦੀ ਅਗਵਾਈ ਵਿੱਚ ਇਹ ਸਮਾਗਮ ਸਫਲਤਾਪੂਰਵਕ ਨੇਪਰੇ ਚੜ੍ਹਿਆ, ਜਿਸ ਨੇ ਸਮਾਜ ਵਿੱਚ ਮਹਿਲਾ ਸਸ਼ਕਤੀਕਰਨ ਦਾ ਇੱਕ ਜ਼ੋਰਦਾਰ ਸੰਦੇਸ਼ ਦਿੱਤਾ। 8 ਮਾਰਚ ਨੂੰ ਐਤਵਾਰ ਦੀ ਛੁੱਟੀ ਹੋਣ ਕਾਰਨ ਇਹ ਵਿਸ਼ੇਸ਼ ਪ੍ਰੋਗਰਾਮ 7 ਮਾਰਚ ਨੂੰ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਨਾ ਸਿਰਫ਼ ਆਪਣੀ ਪ੍ਰਭਾਵਸ਼ਾਲੀ ਭਾਸ਼ਣਬਾਜ਼ੀ ਨਾਲ ਸਰੋਤਿਆਂ ਨੂੰ ਕੀਲਿਆ, ਸਗੋਂ ਪੋਸਟਰ ਮੇਕਿੰਗ, ਰੰਗੋਲੀ ਅਤੇ ਮਹਿੰਦੀ ਮੁਕਾਬਲਿਆਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੇ ਨਾਰੀ ਸ਼ਕਤੀ ਅਤੇ ਪ੍ਰਸੰਗਿਕ ਸਮਾਜਿਕ ਵਿਸ਼ਿਆਂ ਨੂੰ ਆਪਣੀ ਕਲਾ ਰਾਹੀਂ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਪੇਸ਼ ਕੀਤਾ।ਸਮਾਗਮ ਦੌਰਾਨ ਅੰਗਰੇਜ਼ੀ ਵਿਭਾਗ ਦੇ ਪ੍ਰੋਫੈਸਰ ਡਾ. ਪੂਨਮ ਦਿਵੇਦੀ ਤੇ ਪ੍ਰੋਫੈਸਰ ਨੰਦਨੀ ਮੋਦਗਿਲ ਅਤੇ ਪੰਜਾਬੀ ਵਿਭਾਗ ਦੇ ਪ੍ਰੋਫੈਸਰ ਜਗਵਿੰਦਰ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਮਜ਼ਬੂਤ ਸਮਾਜ ਦੀ ਸਿਰਜਣਾ ਵਿੱਚ ਔਰਤਾਂ ਦੀ ਅਹਿਮ ਭੂਮਿਕਾ ਬਾਰੇ ਪ੍ਰੇਰਿਤ ਕੀਤਾ।ਇਸ ਪੂਰੇ ਆਯੋਜਨ ਨੂੰ ਸਫਲ ਬਣਾਉਣ ਵਿੱਚ ਐਨ ਐਨ ਐਸ ਵਿਭਾਗ ਦੇ ਮੈਂਬਰ ਪ੍ਰੋਫੈਸਰ ਦਾਕਸ਼ੀ ਜੈਨ ਅਤੇ ਪ੍ਰੋਫੈਸਰ ਰਮਨ ਨਾਹਰ ਨੇ ਬਹੁਤ ਹੀ ਮਹੱਤਵਪੂਰਨ ਭੂਮਿਕਾ ਨਿਭਾਈ। ਪ੍ਰੋਗਰਾਮ ਵਿੱਚ ਕਾਲਜ ਦੇ ਹੋਰ ਅਧਿਆਪਕ ਡਾ. ਹਰਨਾਮ ਸਿੰਘ, ਪ੍ਰੋਫੈਸਰ ਰੂਬੀ, ਪ੍ਰੋਫੈਸਰ ਦੀਪਕ, ਪ੍ਰੋਫੈਸਰ ਸ਼ਾਇਨਾ ਅਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ। ਮੰਚ ਸੰਚਾਲਨ ਡਾ. ਹਰੀ ਨਾਥ ਸ਼ਰਮਾ ਨੇ ਕੀਤਾ।

# ਲੱਖਵਿੰਦਰ ਸਿੰਘ ਧਨੋਆ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਮੈਂਬਰਾਂ ਦੀ ਇਕੱਤਰਤਾ ਸਵਰਨ ਸਿੰਘ ਢੰਗਰਾਲੀ ਜ਼ਿਲ੍ਹਾ ਪ੍ਰਧਾਨ ਰੋਪੜ ਦੀ ਪ੍ਰਧਾਨਗੀ ਹੇਠ ਪਿੰਡ ਦਾਤਾਰਪੁਰ ਵਿੱਖੇ ਹੋਈ। ਜਿਸ ਵਿੱਚ ਸਰਬ ਸੰਮਤੀ ਨਾਲ ਦਾਤਾਰਪੁਰ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੁਰਿੰਦਰ ਸਿੰਘ ਧਨੋਆ ਨੇ ਦੱਸਿਆ ਕਿ ਸਰਬ ਸੰਮਤੀ ਨਾਲ ਹੋਈ ਚੋਣ ਵਿੱਚ ਲਖਵਿੰਦਰ ਸਿੰਘ ਧਨੋਆ ਨੂੰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦਾਤਾਰਪੁਰ ਦਾ ਪ੍ਰਧਾਨ ਚੁਣਿਆ ਗਿਆ ਹੈ। ਇਸੇ ਤਰ੍ਹਾਂ ਹਰਮਿੰਦਰ ਸਿੰਘ ਨੂੰ ਮੀਤ ਪ੍ਰਧਾਨ, ਸੁਰਿੰਦਰ ਸਿੰਘ ਧਨੋਆ ਨੂੰ ਸਕੱਤਰ ਅਤੇ ਸੁਖਵਿੰਦਰ ਸਿੰਘ ਨੂੰ ਖ਼ਜ਼ਾਨਚੀ ਚੁੱਣਿਆ ਗਿਆ ਹੈ। ਇਸੇ ਤਰ੍ਹਾਂ ਗੁਰਚਰਨ ਸਿੰਘ ਅਤੇ ਕੁਲਦੀਪ ਸਿੰਘ ਨੂੰ ਕਾਰਜਕਾਰਨੀ ਦੇ ਮੈਂਬਰ ਚੁਣਿਆ ਗਿਆ। ਇਸ ਮੌਕੇ ਸਰਬ ਸੰਮਤੀ ਨਾਲ ਕਈ ਮਤੇ ਪਾਸ ਕੀਤੇ ਗਏ।ਜਿਵੇਂ ਬਿਜਲੀ ਸੋਧ ਬਿਲ 2025 ਨੂੰ ਰੱਦ ਕਰਨਾ, ਜੀ ਰਾਮ ਜੀ ਬਿਲ ਨੂੰ ਰੱਦ ਕਰਕੇ ਮਨਰੇਗਾ ਸਕੀਮ ਨੂੰ ਬਹਾਲ ਕਰਨਾ, ਖੇਤੀ ਬੀਜ ਬਿੱਲ ਤੇ ਅਮਰੀਕਾ-ਭਾਰਤ ਕਰ ਮੁਕਤ ਸਮਝੌਤਾ ਰੱਦ ਕਰਨਾ ਆਦਿ। ਸਵਰਨ ਸਿੰਘ ਢੰਗਰਾਲੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਬੂਤ ਕਿਸਾਨ ਅਤੇ ਮਜ਼ਦੂਰ ਸ਼ਕਤੀ ਹੀ ਕਿਸਾਨੀ ਨੂੰ ਬਚਾਅ ਸਕਦੀ ਹੈ।ਮਜ਼ਦੂਰਾਂ ਦੇ ਚੁੱਲ੍ਹੇ ਬਲਦੇ ਰੱਖ ਸਕਦੀ ਹੈ। ਪੰਜਾਬ ਸਰਕਾਰ ਪੁਲਸ ਰਾਜ ਦੀ ਥਾਂ ਲੋਕਤੰਤਰ ਹੱਕ ਬਹਾਲ ਕਰੇ। ਉਨ੍ਹਾਂ ਪੰਜਾਬ ਵਿੱਚ ਝੂਠੇ ਪੁਲਸ ਮੁਕਾਬਲਿਆਂ ਦੀ ਨਿਖੇਧੀ ਕੀਤੀ। ਰਣਜੀਤ ਸਿੰਘ ਦੇ ਝੂਠੇ ਪੁਲਸ ਮੁਕਾਬਲੇ ਦੀ ਹਾਈਕੋਰਟ ਦੇ ਸਿਟਿੰਗ ਜੱਜ ਤੋਂ ਜਾਂਚ ਪੜਤਾਲ ਕਰਵਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜਥੇਬੰਦੀ ਤੇ ਕਿਸਾਨ ਸੰਘਰਸ਼ ਦੀ ਮਜ਼ਬੂਤੀ ਲਈ ਹੋਰਨਾਂ ਪਿੰਡਾਂ ਵਿੱਚ ਵੀ ਇਕਾਈਆਂ ਸਥਾਪਿਤ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਸਵੀਰ ਸਿੰਘ, ਨਿਰਮਲ ਸਿੰਘ, ਲੱਖਵਿੰਦਰ ਸਿੰਘ ਬਡਵਾਲੀ, ਸੱਜਣ ਸਿੰਘ ਬਡਵਾਲੀ, ਕੁਲਵੀਰ ਸਿੰਘ, ਅਰਸ਼ਪ੍ਰੀਤ ਸਿੰਘ ਬਾਠ, ਰਣਜੋਧ ਸਿੰਘ ਬਾਠ ਆਦਿ ਕਿਸਾਨ ਆਗੂ ਹਾਜ਼ਰ ਸਨ।



# ਬਿਜਲੀ ਦਰਾਂ ’ਚ ਕਮੀ ਆਮ ਲੋਕਾਂ, ਕਾਰੋਬਾਰਾਂ ਤੇ ਉਦਯੋਗਾਂ ਲਈ ਇੱਕ ਵੱਡੀ ਰਾਹਤ : ਕਰਮਜੀਤ ਕੌਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪ੍ਰਭਾਵਸ਼ਾਲੀ ਯਤਨਾਂ ਸਦਕਾ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਏ+ ਰੇਟਿੰਗ ਪ੍ਰਾਪਤ ਕੀਤੀ ਹੈ ਅਤੇ ਵਿੱਤੀ ਸਾਲ 2024-25 ਵਿੱਚ 2,634 ਕਰੋੜ ਰੁਪਏ ਦਾ ਮੁਨਾਫਾ ਕਮਾਇਆ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਦਰਸਾਉਂਦੀ ਹੈ ਕਿ ਮਾਨ ਸਰਕਾਰ ਦੇ ਕੁਸ਼ਲ ਪ੍ਰਬੰਧਨ ਕਾਰਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਪਹਿਲੀ ਵਾਰ ਇੱਕ ਮਜ਼ਬੂਤ, ਕੁਸ਼ਲ ਅਤੇ ਲਾਭਕਾਰੀ ਕੰਪਨੀ ਵਜੋਂ ਉਭਰੀ ਹੈ। ਕਰਮਜੀਤ ਕੌਰ ਨੇ ਕਿਹਾ ਕਿ ਇਸ ਸਕਾਰਾਤਮਕ ਵਿੱਤੀ ਸਥਿਤੀ ਦੇ ਕਾਰਨ ਪੰਜਾਬ ਸਰਕਾਰ ਨੇ ਬਿਜਲੀ ਦਰਾਂ ਵਿੱਚ ਇਤਿਹਾਸਕ ਕਟੌਤੀ ਲਾਗੂ ਕਰਕੇ ਸੂਬੇ ਦੇ ਲੋਕਾਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਨਵੇਂ ਟੈਰਿਫ ਆਰਡਰ ਦੇ ਅਨੁਸਾਰ ਘਰੇਲੂ ਖਪਤਕਾਰਾਂ ਲਈ ਬਿਜਲੀ ਦਰਾਂ ਵਿੱਚ 1.5 ਰੁਪਏ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਕੀਤੀ ਗਈ ਹੈ, ਜਿਸ ਨਾਲ ਲੱਖਾਂ ਪਰਵਾਰਾਂ ਨੂੰ ਸਿੱਧੇ ਤੌਰ ’ਤੇ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਵਪਾਰਕ ਦੁਕਾਨਾਂ ਅਤੇ ਵਪਾਰਕ ਇਕਾਈਆਂ ਲਈ ਬਿਜਲੀ ਦਰਾਂ ਵਿੱਚ 79 ਪੈਸੇ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਕੀਤੀ ਗਈ ਹੈ, ਜਦੋਂ ਕਿ ਉਦਯੋਗਿਕ ਇਕਾਈਆਂ ਲਈ 74 ਪੈਸੇ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਕੀਤੀ ਗਈ ਹੈ। ਇਸ ਨਾਲ ਸੂਬੇ ਵਿੱਚ ਉਦਯੋਗ ਅਤੇ ਵਪਾਰ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਕਰਮਜੀਤ ਕੌਰ ਨੇ ਕਿਹਾ ਕਿ ਇਲੈਕਟ੍ਰਿਕ ਵਾਹਨ ਚਾਰਜਿੰਗ ਸਟੇਸ਼ਨਾਂ ਲਈ ਬਿਜਲੀ ਦਰ 5 ਰੁਪਏ ਪ੍ਰਤੀ ਯੂਨਿਟ ਕਰ ਦਿੱਤੀ ਗਈ ਹੈ, ਜੋ ਕਿ ਭਾਰਤ ਵਿੱਚ ਸਭ ਤੋਂ ਘੱਟ ਹੈ। ਇਸ ਨਾਲ ਸੂਬੇ ਵਿੱਚ ਇਲੈਕਟ੍ਰਿਕ ਵਾਹਨਾਂ ਦੀ ਵਰਤੋਂ ਵਿਚ ਬੜ੍ਹਾਵਾ ਮਿਲੇਗਾ ਅਤੇ ਵਾਤਾਵਰਣ ਸੁਰੱਖਿਆ ਨੂੰ ਵੀ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਬਿਜਲੀ ਦਰਾਂ ਵਿੱਚ ਇਹ ਰਿਕਾਰਡ ਕਮੀ ਆਮ ਲੋਕਾਂ, ਕਾਰੋਬਾਰਾਂ ਅਤੇ ਉਦਯੋਗਾਂ ਲਈ ਇੱਕ ਵੱਡੀ ਰਾਹਤ ਸਾਬਤ ਹੋਵੇਗੀ ਅਤੇ ਪੰਜਾਬ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰੇਗੀ।



# ਵਧੇਰੇ ਪੈਦਾਵਾਰ ਲਈ ਢੁੱਕਵੀਂ ਵਿਉਂਤਬੰਦੀ ਗੰਨੇ ਦੀ ਬਿਜਾਈ ਤੋਂ ਪਹਿਲਾਂ ਹੀ ਕਰਨ ਦੀ ਲੋੜ : ਕੇਨ ਕਮਿਸ਼ਨਰ

**ਜਲੰਧਰ, (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵਲੋਂ ਚਾਲੂ ਬਹਾਰ ਰੁੱਤ ਦੇ ਗੰਨੇ ਦੀ ਬਿਜਾਈ ਹੇਠ ਰਕਬਾ ਵਧਾਉਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਪੈਦਾਵਾਰ ਦੇ ਨਾਲ ਨਾਲ ਖੰਡ ਦੀ ਰਿਕਵਰੀ ਵਿੱਚ ਵਾਧਾ ਕੀਤਾ ਸਕੇ। ਇਸੇ ਤਹਿਤ ਸਹਿਕਾਰੀ ਤੇ ਨਿੱਜੀ ਖੰਡ ਮਿੱਲਾਂ ਦੇ ਫੀਲਡ ਸਟਾਫ਼ ਵੱਲੋਂ ਪਿੰਡਾਂ ਵਿੱਚ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਭੋਗਪੁਰ ਸਹਿਕਾਰੀ ਖੰਡ ਮਿੱਲ ਲਿਮਟਿਡ ਵੱਲੋਂ ਪਿੰਡ ਕਿਸ਼ਨਪੁਰਾ ਵਿੱਚ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਕੇਨ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਵਿਸ਼ੇਸ਼ ਤੌਰ ’ਤੇ ਪਹੁੰਚੇ। ਇਸ ਮੌਕੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਗੰਨੇ ਦੀ ਕਾਸ਼ਤ ਵਿਚ ਬਿਜਾਈ ਤੋਂ ਲੈ ਕੇ ਕਟਾਈ ਤੱਕ ਵਧੇਰੇ ਮਜ਼ਦੂਰਾਂ ਦੀ ਜ਼ਰੂਰਤ ਪੈਂਦੀ ਹੈ ਪਰ ਸਮੇਂ ਦੇ ਹਾਲਾਤ ਕਾਰਨ ਮਜ਼ਦੂਰਾਂ ਦੀ ਕਮੀ ਆ ਰਹੀ ਹੈ। ਉਨ੍ਹਾਂ ਕਿਹਾ ਮਜ਼ਦੂਰਾਂ ਦੀ ਘਾਟ ਕਾਰਨ ਗੰਨਾ ਕਾਸ਼ਤਕਾਰਾਂ ਵਿਚ ਗੰਨੇ ਦੀ ਕਟਾਈ ਕਰਨ ਵਾਲੀ ਮਸ਼ੀਨ ਦੀ ਵਰਤੋਂ ਦਾ ਰੁਝਾਨ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਦੇਖਿਆ ਗਿਆ ਹੈ ਕਿ ਢਾਈ ਫੁੱਟ ਦੀ ਦੂਰੀ ’ਤੇ ਬਿਜਾਈ ਕਰਨ ਨਾਲ ਮਸ਼ੀਨ ਨਾਲ ਕਟਾਈ ਕਰਨ ਵਿਚ ਮੁਸ਼ਕਲ ਪੇਸ਼ ਆਉਂਦੀ ਹੈ, ਜਿਸ ਕਰਕੇ ਗੰਨਾ ਕਾਸ਼ਤਕਾਰਾਂ ਅਤੇ ਮਿੱਲ ਪ੍ਰਬੰਧਕਾਂ ਨੂੰ ਆਰਥਿਕ ਪੱਖੋਂ ਨੁਕਸਾਨ ਹੁੰਦਾ ਹੈ।



# ਸ਼੍ਰੋਮਣੀ ਅਕਾਲੀ ਦਲ ਇੱਕ ਅਜਿਹੀ ਪਾਰਟੀ ਜੋ ਹਰ ਵਰਗ ਦੀ ਲੜਾਈ ਲੜ ਰਹੀ : ਪ੍ਰਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇਸ ਵੇਲੇ ਸਿਆਸੀ ਤੌਰ ’ਤੇ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਅੱਗੇ ਵਧ ਰਿਹਾ ਹੈ ਅਤੇ ਪੰਜਾਬ ਦੀ ਪ੍ਰਮੁੱਖ ਸਿਆਸੀ ਧਿਰ ਵਜੋਂ ਉੱਭਰ ਰਿਹਾ ਹੈ ਕਿਉਂਕਿ ਪੰਜਾਬ ਦੇ ਵੱਖ-ਵੱਖ ਹਲਕਿਆਂ ’ਚ ਪਾਰਟੀ ਨੂੰ ਕਿਸਾਨਾਂ, ਮਜ਼ਦੂਰਾਂ, ਐਸ ਸੀ ਸਮਾਜ, ਮੁਲਾਜ਼ਮਾਂ ਅਤੇ ਵਪਾਰੀਆਂ ਵਲੋਂ ਭਰਵਾਂ ਸਮਰਥਨ ਮਿਲ ਰਿਹਾ ਹੈ। ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਰਿੰਦਰ ਸਿੰਘ ਪ੍ਰਮਾਰ ਨੇ ਪ੍ਰੈਸ ਵਾਰਤਾ ਦੌਰਾਨ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਸ ਵੇਲੇ ਸਿਧਾਂਤਕ ਤੌਰ ’ਤੇ ਇਕ ਅਜਿਹੀ ਲੜਾਈ ਲੜ ਰਿਹਾ ਹੈ, ਜੋ ਕਿ ਸਿੱਧੇ ਤੌਰ ’ਤੇ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਦੀ ਰਾਖੀ ਲਈ ਹੈ। ਉਨ੍ਹਾਂ ਦੂਜੀਆਂ ਸਿਆਸੀ ਪਾਰਟੀਆਂ ’ਤੇ ਤੰਜ਼ ਕੱਸਦਿਆਂ ਕਿਹਾ ਕਿ ਜਦੋਂ ਪੰਜਾਬ ਦੇ ਮਸਲਿਆਂ ਦੀ ਗੱਲ ਆਉਂਦੀ ਹੈ ਤਾਂ ਵਿਰੋਧੀ ਧਿਰਾਂ ਸੁੱਤੀਆਂ ਪ੍ਰਤੀਤ ਹੁੰਦੀਆਂ ਹਨ। ਉਹਨਾਂ ਪੰਜਾਬ ਦੇ ਸਾਰੇ ਪਿੰਡਾਂ ਦੇ ਵਰਕਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਸਿਆਸੀ ਕਾਨਫਰੰਸਾਂ ਅਤੇ ਹੋਰ ਸਰਗਰਮੀਆਂ ’ਚ ਵੱਧ-ਚੜ੍ਹ ਕੇ ਹਿੱਸਾ ਲੈਣ ਤਾਂ ਜੋ ਪਾਰਟੀ ਦਾ ਝੰਡਾ ਹੋਰ ਬੁਲੰਦ ਹੋ ਸਕੇ। ਉਨ੍ਹਾਂ ਪੰਜਾਬ ਦੇ ਤਮਾਮ ਵਰਕਰਾਂ ਨੂੰ ਅਪੀਲ ਕੀਤੀ ਕਿ ਪਾਰਟੀ ਦੀ ਮਜ਼ਬੂਤੀ ਲਈ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ ਅਤੇ ਆਪੋ-ਆਪਣੇ ਹਲਕਿਆਂ ਵਿੱਚ ਸਰਗਰਮ ਹੋ ਕੇ ਕੰਮ ਕਰਨ। ਉਹਨਾਂ ਭਰੋਸਾ ਪ੍ਰਗਟਾਇਆ ਕਿ ਸ਼੍ਰੋਮਣੀ ਅਕਾਲੀ ਦਲ ਹੁਣ ਲਗਾਤਾਰ ਸੱਤਾ ਵੱਲ ਵੱਧ ਰਿਹਾ ਹੈ ਕਿਉਂਕਿ ਇਸ ਵੇਲੇ ਸ਼੍ਰੋਮਣੀ ਅਕਾਲੀ ਦਲ ਇਕ ਅਜਿਹੀ ਪਾਰਟੀ ਹੈ ਜੋ ਹਰ ਵਰਗ ਦੀ ਲੜਾਈ ਅਤੇ ਲੜ ਰਹੀ ਹੈ।



## ਯੂਰਪੀਅਨ ਸਿੱਖ ਕੌਂਸਲ ਬਾਬਾ ਬੰਦਾ ਸਿੰਘ ਬਹਾਦਰ ਐਨ ਜੀ ਓ ਜਰਮਨੀ ਦੀ ਅਹਿਮ ਮੀਟਿੰਗ

**ਨਕੋਦਰ (ਮਨਜੀਤ ਮਾਨ)**- ਯੂਰਪੀਅਨ ਸਿੱਖ ਕੌਂਸਲ ਬਾਬਾ ਬੰਦਾ ਸਿੰਘ ਬਹਾਦਰ ਐਨ ਜੀ ਓ ਦੇ ਸਰਪ੍ਰਸਤ ਜਸਬੀਰ ਸਿੰਘ ਸ਼ਾਹਕੋਟ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਉਪਰੰਤ ਕਰਮਜੀਤ ਸਿੰਘ, ਜਸਵੀਰ ਸਿੰਘ ਸ਼ੀਰਾ ਤੇ ਗੁਰਮੁਖ ਸਿੰਘ ਨਾਲ ਪੰਜਾਬ ਦੇ ਮੌਜੂਦਾ ਹਲਾਤ ਵਾਰੇ ਵਿਚਾਰ ਚਰਚਾ ਕਰਦਿਆਂ ਵਿਗੜਦੀ ਸਥਿਤੀ ਵਾਰੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਮਿਲ ਕੇ ਪੰਜਾਬ ਦੀ ਹੋ ਰਹੀ ਲੁੱਟ ਨੂੰ ਬਚਾਉਣ ਤੇ ਗੁਰੂਆਂ ਦੇ ਦਰਸਾਏ ਹੋਏ ਮਾਰਗ ਤੇ ਚੱਲਣ ਮਨੁੱਖਤਾ ਦੀ ਸੇਵਾ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਲਈ ਉੱਦਮ ਉਪਰਾਲੇ ਕਰਨੇ ਚਾਹੀਦੇ ਹਨ,ਸਮਾਜ ਵਿੱਚ ਫੈਲੀ ਫਿਰਕਾਪ੍ਰਸਤੀ ਨੂੰ ਖਤਮ ਕਰਕੇ ਸਾਂਝੀਵਾਲਤਾ ਦਾ ਸੰਦੇਸ਼ ਦੇਕੇ ਗ਼ਰੀਬਾਂ ਤੇ ਦੱਬੇ ਕੁੱਚਲੇ ਲੋਕਾਂ ਦੀ ਮਦਦ ਲਈ ਯੂਰਪੀਅਨ ਸਿੱਖ ਕੌਂਸਲ ਬਾਬਾ ਬੰਦਾ ਸਿੰਘ ਬਹਾਦਰ ਐਨ.ਜੀ.ਓ ਜਰਮਨੀ ਬਿਨਾਂ ਕਿਸੇ ਪੱਖਪਾਤ ਤੋਂ ਪੰਜਾਬ ਦੇ ਲੋਕਾਂ ਦੀ ਸੇਵਾ ਲਈ ਬਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਜ਼ਰੂਰਤ ਮੰਦ ਨੂੰ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਜ਼ਰੂਰਤ ਹੈ ਉਹ ਸਾਡੇ ਨਾਲ ਸੰਪਰਕ ਕਰ ਸਕਦਾ ਹੈ। ਐਨ ਜੀ ਓ ਪੰਜਾਬ ਦੇ ਲੋਕਾਂ ਲਈ ਪਹਿਲਕਦਮੀ ਕਰਦੀ ਹੈ।ਇਸ ਤੋਂ ਇਲਾਵਾ ਕਰਮਜੀਤ ਸਿੰਘ, ਜਸਵੀਰ ਸਿੰਘ ਸ਼ੀਰਾ ਤੇ ਗੁਰਮੁਖ ਨੇ ਐਨ ਜੀ ਓ ਨਾਲ ਪੰਜਾਬ ਦੇ ਹਲਾਤ ਵਾਰੇ ਆਪਣੇ ਵਿਚਾਰ ਸਾਂਝੇ ਕੀਤੇ।



## ਮੇਹਰ ਚੰਦ ਪੌਲੀਟੈਕਨਿਕ ਸੰਗਠਨਾਂ ’ਚ ਰਾਸ਼ਟਰੀ ਫਾਰਮੇਸੀ ਸਿੱਖਿਆ ਦਿਵਸ ’ਤੇ ਪੋਸਟਰ ਮੇਕਿੰਗ ਮੁਕਾਬਲੇ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਗਤੀਸ਼ੀਲ ਅਗਵਾਈ ਅਤੇ ਐੱਚ ਓ ਡੀ ਡਾ. ਸੰਜੇ ਬਾਂਸਲ ਦੀ ਯੋਗ ਅਗਵਾਈ ਹੇਠ, ਮੇਹਰ ਚੰਦ ਪੌਲੀਟੈਕਨਿਕ ਦੇ ਫਾਰਮੇਸੀ ਵਿਭਾਗ ਨੇ ਰਾਸ਼ਟਰੀ ਫਾਰਮੇਸੀ ਸਿੱਖਿਆ ਦਿਵਸ ਮਨਾਇਆ ਅਤੇ ਰਾਸ਼ਟਰੀ ਫਾਰਮੇਸੀ ਸਿੱਖਿਆ ਦਿਵਸ ’ਤੇ ਇੱਕ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ। ਪ੍ਰੋ. ਮੀਨਾ ਬਾਂਸਲ ਨੇ ਦੱਸਿਆ ਕਿ ਇਹ ਦਿਨ ਫਾਰਮੇਸੀ ਸਿੱਖਿਆ ਦੇ ਖੇਤਰ ਵਿੱਚ ਪ੍ਰੋ. ਐਮ.ਐਲ. ਸ਼ਰਾਫ ਦੇ ਸ਼ਾਨਦਾਰ ਯੋਗਦਾਨ ਨੂੰ ਯਾਦ ਕਰਨ ਲਈ ਮਨਾਇਆ ਜਾਂਦਾ ਹੈ। ਉਨ੍ਹਾਂ ਨੂੰ ਭਾਰਤੀ ਫਾਰਮੇਸੀ ਸਿੱਖਿਆ ਦੇ ਪਿਤਾਮਾ ਵਜੋਂ ਜਾਣਿਆ ਜਾਂਦਾ ਹੈ, ਇਸ ਲਈ ਉਨ੍ਹਾਂ ਦੀ ਜਨਮ ਫਾਰਮੇਸੀ ਸਿੱਖਿਆ ਦਿਵਸ ਵਜੋਂ ਮਨਾਈ ਜਾਂਦੀ ਹੈ। ਮੁਕਾਬਲੇ ਵਿੱਚ ਸਿਮਰਨ ਨੂੰ ਪਹਿਲਾ, ਮੁਸਕਾਨ ਨੂੰ ਦੂਜਾ ਇਨਾਮ ਦਿੱਤਾ ਗਿਆ ਜੋ ਕਿ ਡੀ. ਫਾਰਮੇਸੀ ਪਹਿਲੇ ਸਾਲ ਦੀ ਵਿਦਿਆਰਥਣ ਹਨ। ਇਸ ਮੌਕੇ ਸੰਦੀਪ ਕੁਮਾਰ, ਪੰਕਜ ਗੁਪਤਾ, ਸਵਿਤਾ ਕੁਮਾਰੀ ਅਤੇ ਅਭਿਸ਼ੇਕ ਵੀ ਮੌਜੂਦ ਸਨ।



# ਦੂਜਿਆਂ ’ਤੇ ਨਿਰਭਰ ਬਣਾਉਣ ਲਈ ਮੋਦੀ ਨੂੰ ਦੇਸ਼ ਕਦੇ ਮੁਆਫ਼ ਨਹੀਂ ਕਰੇਗਾ : ਸੰਦੀਪ ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੈਂਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਇੱਥੇ ਜਾਰੀ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਗਲਤ ਨੀਤੀਆਂ ਕਾਰਨ ਅੱਜ ਦੁਨੀਆ ਵਿੱਚ ਦੇਸ਼ ਦੇ ਅਕਸ ਨੂੰ ਹੋਏ ਨੁਕਸਾਨ ਦੀ ਭਰਪਾਈ ਕਦੇ ਨਹੀਂ ਕੀਤੀ ਜਾ ਸਕਦੀ। ਇੱਕ ਵੱਡਾ ਦੇਸ਼ ਅਤੇ ਇੱਕ ਮਹਾਨ ਲੋਕਤੰਤਰੀ ਸ਼ਕਤੀ ਹੋਣ ਦੇ ਬਾਵਜੂਦ ਸਾਨੂੰ ਅਜੇ ਵੀ ਰੂਸ ਤੋਂ ਤੇਲ ਆਯਾਤ ਕਰਨ ਲਈ ਅਮਰੀਕਾ ਦੀ ਇਜਾਜ਼ਤ ਲੈਣੀ ਪੈਂਦੀ ਹੈ ਅਤੇ ਅਮਰੀਕਾ ਸਾਨੂੰ ਇਜਾਜ਼ਤ ਦੇ ਰਿਹਾ ਹੈ। ਇਹ ਬਹੁਤ ਸ਼ਰਮ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਕੀ ਸਾਡੀ ਸਥਿਤੀ ਇਸ ਮੁਕਾਮ ’ਤੇ ਪਹੁੰਚ ਗਈ ਹੈ ਕਿ ਸਾਨੂੰ ਕਿਸੇ ਵੀ ਚੀਜ਼ ਲਈ ਅਮਰੀਕਾ ਦੀ ਇਜਾਜ਼ਤ ਲੈਣੀ ਪਵੇਗੀ? ਇਹ ਸਥਿਤੀ ਜੰਗ ਹਾਰਨ ਨਾਲੋਂ ਵੀ ਮਾੜੀ ਹੈ। ਇਸ ਨੇ ਪੂਰੇ ਦੇਸ਼ ਨੂੰ ਸ਼ਰਮਿੰਦਗੀ ਦਿੱਤੀ ਹੈ। ਸੈਣੀ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੁਕਸਦਾਰ ਵਿਦੇਸ਼ ਨੀਤੀਆਂ ਅਤੇ ਕਮਜ਼ੋਰ ਇੱਛਾ ਸ਼ਕਤੀ ਕਾਰਨ ਦੇਸ਼ ਇੱਕ ਅਜਿਹੇ ਮੁਕਾਮ ’ਤੇ ਪਹੁੰਚ ਗਿਆ ਹੈ ਜਿੱਥੇ ਸਾਨੂੰ ਫੈਸਲੇ ਲੈਣ ਤੋਂ ਪਹਿਲਾਂ ਅਮਰੀਕਾ ਨਾਲ ਸਲਾਹ-ਮਸ਼ਵਰਾ ਕਰਨਾ ਪੈਂਦਾ ਹੈ। ਦੇਸ਼ ਨੂੰ ਦੂਜਿਆਂ ਦੇ ਫੈਸਲਿਆਂ ’ਤੇ ਨਿਰਭਰ ਬਣਾਉਣ ਲਈ ਦੇਸ਼ ਮੋਦੀ ਨੂੰ ਕਦੇ ਮਾਫ਼ ਨਹੀਂ ਕਰੇਗਾ।



# ਅਕਾਲੀ ਦਲ ਨੇ ਹਮੇਸ਼ਾ ਔਰਤਾਂ ਦਾ ਸਤਿਕਾਰ ਕੀਤਾ : ਐੱਨ ਕੇ ਸ਼ਰਮਾ



**ਜੀਰਕਪੁਰ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਦੌਰਾਨ ਔਰਤਾਂ ਨੂੰ ਹਮੇਸ਼ਾ ਬਣਦਾ ਸਤਿਕਾਰ ਦਿੱਤਾ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਵਿੱਚ ਨਵੀਂ ਸਰਕਾਰ ਬਣਨ ’ਤੇ ਔਰਤਾਂ ਲਈ ਕਈ ਭਲਾਈ ਸਕੀਮਾਂ ਪਹਿਲੇ ਦਿਨ ਤੋਂ ਹੀ ਲਾਗੂ ਕੀਤੀਆਂ ਜਾਣਗੀਆਂ। ਮਹਿਲਾ ਦਿਵਸ ਮਹਿਲਾ ਦਿਵਸ ਦੇ ਮੌਕੇ ’ਤੇ ਐਨ.ਕੇ. ਸ਼ਰਮਾ ਨੇ ਪਾਰਟੀ ਦੇ ਮਹਿਲਾ ਵਿੰਗ ਵੱਲੋਂ ਆਯੋਜਿਤ ਪ੍ਰੋਗਰਾਮ ਵਿੱਚ ਹਿੱਸਾ ਲੈਂਦੇ ਹੋਏ ਔਰਤਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਹਰ ਖੇਤਰ ਵਿੱਚ ਔਰਤਾਂ ਦੀ ਢੁਕਵੀਂ ਪ੍ਰਤੀਨਿਧਤਾ ਦੀ ਵਕਾਲਤ ਕੀਤੀ ਹੈ। ਸ਼ਰਮਾ ਨੇ ਮਹਿਲਾ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਔਰਤਾਂ ਨੂੰ ਪਾਰਟੀ ਨਾਲ ਜੋੜਨ ਤੇ ਅਕਾਲੀ ਦਲ ਦੀਆਂ ਨੀਤੀਆਂ ਨੂੰ ਹਰ ਘਰ ਤੱਕ ਪਹੁੰਚਾਉਣ।ਇਸ ਮੌਕੇ ਮਹਿਲਾ ਅਕਾਲੀ ਆਗੂ ਬਲਜਿੰਦਰ ਕੌਰ, ਹਰਵਿੰਦਰ ਕੌਰ, ਗੁਰਪ੍ਰੀਤ ਕੌਰ, ਮਲਕੀਤ ਕੌਰ, ਦਵਿੰਦਰ ਸੰਧੂ, ਮਨੀਸ਼ਾ ਮਲਿਕ, ਗੁਰਜਿੰਦਰ ਕੌਰ, ਐਡਵੋਕੇਟ ਪਰਮਜੀਤ ਕੌਰ, ਅਨੀਤਾ ਕਟਾਰੀਆ, ਗੁਰਦਿੱਤ ਕੌਰ, ਨਿਰਮਲ ਕੌਰ ਸਮੇਤ ਕਈ ਮਹਿਲਾ ਵਰਕਰ ਮੌਜੂਦ ਸਨ।

# ਸਤਿੰਦਰ ਕੌਰ ਕਲੇਰ ਨਿਰਵਿਰੋਧ ਬਣੇ ਬਲਾਕ ਸੰਮਤੀ ਬੰਗਾ ਦੇ ਚੇਅਰਪਰਸਨ

**ਬੰਗਾ (ਅਵਤਾਰ ਕਲੇਰ)**- ਬਲਾਕ ਸੰਮਤੀ ਦਫਤਰ ਬੰਗਾ ਵਿਖੇ ਐਸ ਡੀ ਐਮ ਵਿਪਨ ਭੰਡਾਰੀ ਦੀ ਅਗਵਾਈ ਵਿੱਚ ਬਲਾਕ ਸੰਮਤੀ ਦੇ ਚੇਅਰਪਰਸਨ ਅਤੇ ਵਾਈਸ ਚੇਅਰ ਪਰਸਨ ਦੀ ਚੋਣ ਸਰਬਸੰਮਤੀ ਨਾਲ ਹੋਈ। ਜਿਸ ਵਿੱਚ ਸਤਿੰਦਰ ਕੌਰ ਕਲੇਰ ਬਲਾਕ ਸੰਮਤੀ ਦੇ ਚੇਅਰਪਰਸਨ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਵਾਈਸ ਚੇਅਰਪਰਸਨ ਦੀ ਚੋਣ ਲਈ ਤਿੰਨ ਦਾਅਵੇਦਾਰਾਂ ਵਜੋਂ ਦਾਵੇਦਾਰੀ ਪੇਸ਼ ਕੀਤੀ ਗਈ ਉਪਰੰਤ ਪਰਚੀ ਸਿਸਟਮ ਨਾਲ ਚੋਣ ਕੀਤੀ ਗਈ ਜਿਸ ਵਿੱਚੋਂ ਮੀਨਾ ਕੁਮਾਰੀ ਮੁਕੰਦਪੁਰ ਨੂੰ ਵਾਈਸ ਚੇਅਰਪਰਸਨ ਨਿਯੁਕਤ ਕੀਤਾ ਗਿਆ। ਇਸ ਮੌਕੇ ਕਲੇਰ ਮੈਡਮ ਨੇ ਕਿਹਾ ਕਿ ਜੋ ਵੀ ਜਿੰਮੇਵਾਰੀ ਸਰਕਾਰ ਵੱਲੋਂ ਦਿੱਤੀ ਗਈ ਹੈ ਉਸ ਨੂੰ ਇਮਾਨਦਾਰੀ ਅਤੇ ਲਗਨ ਨਾਲ ਨਿਭਾਵਾਂਗੀ। ਉਹਨਾਂ ਕਿਹਾ ਕਿ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਹਲਕੇ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾਵੇਗੀ। ਡਾ ਸੁਖਵਿੰਦਰ ਕੁਮਾਰ ਸੁੱਖੀ ਹਲਕਾ ਵਿਧਾਇਕ ਬੰਗਾ ਨੇ ਕਿਹਾ ਕਿ ਚੇਅਰਪਰਸਨ ਦੀ ਚੋਣ ਨਿਰਵਿਰੋਧ ਹੋਈ ਹੈ ਜਿਸ ਵਿੱਚ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਮੈਂਬਰਾਂ ਨੇ ਵੀ ਸਹਿਯੋਗ ਕੀਤਾ। ਇਸ ਮੌਕੇ ਤੇ ਰਵੀ ਕੁਮਾਰ, ਮਹਿੰਦਰ ਪਾਲ ਬਹਿਰਾਮ, ਗੁਰਦੀਪ ਕੌਰ, ਸਵਰਨ ਸਿੰਘ ਲਾਦੀਆਂ, ਕਮਲਾ ਦੇਵੀ, ਜਗਤਾਰ ਚੱਕ ਕਲਾਲ, ਰਾਹੁਲ ਕਪਲ, ਗੁਰਨੇਕ ਸਿੰਘ, ਕੁਲਦੀਪ ਸਿੰਘ, ਪਰਮਿੰਦਰ ਕੌਰ, ਰਛਪਾਲ ਸਿੰਘ, ਨੀਲਮ ਕੁਮਾਰੀ, ਹਰੀ ਚੰਦ, ਦੇਸਰਾਜ, ਵਕੀਲ ਚੰਦ, ਸ਼ਿਵਰਾਜ ਮੈਂਬਰ ਨਿਯੁਕਤ ਕੀਤੇ ਗਏ। ਇਸ ਮੌਕੇ ਤੇ ਮੈਡਮ ਹਰਜੋਤ ਕੌਰ ਲੋਹਟੀਆ ਵਾਈਸ ਚੇਅਰਮੈਨ ਐਸ ਸੀ ਕਮਿਸ਼ਨ ਪੰਜਾਬ, ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੱਧੂ ਗੁਣਾਚੌਰ, ਆਦੇਸ਼ ਕੁਮਾਰ ਬੀ ਡੀ ਪੀ ਓ ਬੰਗਾ, ਬਲਵੀਰ ਕਰਨਾਣਾ ਚੇਅਰਮੈਨ ਮਾਰਕਿਟ ਕਮੇਟੀ ਬੰਗਾ, ਇੰਦਰਜੀਤ ਸਿੰਘ ਮਾਨ ਨੰਬਰਦਾਰ, ਅਵਤਾਰ ਸਿੰਘ ਪਠਲਾਵਾ ਸਾਬਕਾ ਸਰਪੰਚ ਆਦਿ ਹਾਜ਼ਰ ਸਨ।



# ਵਿਸ਼ਾਲ ਖ਼ੂਨਦਾਨ ਕੈਂਪ 14 ਨੂੰ

**ਫਿਲੌਰ (ਨਿਰਮਲ)** ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਉਤਸਵ ਦੇ ਸ਼ਤਾਬਦੀ ਵਰ੍ਹੇ ਦੀ ਸ਼ੁਰੂਆਤ ਨੂੰ ਸਮਰਪਿਤ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਅਤੇ ਸਾਹਿਬ ਕਾਂਸ਼ੀ ਰਾਮ ਦੇ ਜਨਮ ਦਿਵਸ ਨੂੰ ਸਮਰਪਿਤ ਵਿਸ਼ਾਲ ਖ਼ੂਨਦਾਨ ਕੈਂਪ 14 ਮਾਰਚ ਨੂੰ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਬਾਬਾ ਬ੍ਰਹਮਦਾਸ ਕਮਿਊਨਿਟੀ ਹਾਲ ਅਕਲਪੁਰ ਰੋਡ ਫਿਲੌਰ ਵਿਖੇ ਲਗਾਇਆ ਜਾਵੇਗਾ। ਸਮੂਹ ਖ਼ੂਨ ਦਾਨੀਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਜਾਵੇਗਾ। ਦੁਪਹਿਰ ਦੇ ਭੋਜਨ ਦਾ ਖਾਸ ਪ੍ਰਬੰਧ ਹੈ।

## ਰੰਧਾਵਾ ਵੱਲੋਂ ਡੇਰਾਬੱਸੀ ਦੇ ਗ੍ਰੀਨ ਇਸਟੇਟ ਵਿੱਚ ਨਵੇਂ ਲੱਗੇ ਟਿਊਬਵੈੱਲ ਦਾ ਉਦਘਾਟਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਨਗਰ ਕੌਂਸਲ ਡੇਰਾਬੱਸੀ ਦੀ ਹੱਦ ਅੰਦਰ ਆਉਂਦੇ ਵਾਰਡ ਨੰਬਰ 6, ਗ੍ਰੀਨ ਇਸਟੇਟ ਵਿੱਚ 40.09 ਲੱਖ ਰੁਪਏ ਦੀ ਲਾਗਤ ਨਾਲ ਲੱਗੇ ਨਵੇਂ ਟਿਊਬਵੈੱਲ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵੱਖ-ਵੱਖ ਵਿਕਾਸ ਕਾਰਜ ਜ਼ਮੀਨੀ ਪੱਧਰ ’ਤੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਦੇ ਹਰ ਇਲਾਕੇ ਵਿੱਚ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਦੱਸਿਆ ਕਿ ਇਸ ਨਵੇਂ ਟਿਊਬਵੈੱਲ ਦੇ ਲੱਗਣ ਨਾਲ ਗ੍ਰੀਨ ਇਸਟੇਟ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਸਾਫ਼ ਪੀਣਯੋਗ ਪਾਣੀ ਦੀ ਵੱਡੀ ਸਹੂਲਤ ਮਿਲੀ ਹੈ।ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਪ੍ਰਧਾਨ, ਬਲਾਕ ਪ੍ਰਧਾਨ, ਪਾਰਟੀ ਦੇ ਆਗੂ ਅਤੇ ਵਰਕਰਾਂ ਤੋਂ ਇਲਾਵਾ ਸਥਾਨਕ ਨਿਵਾਸੀ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ, ਆਂਗਣਵਾੜੀ ਸੈਂਟਰਾਂ ਤੇ ਰਾਸ਼ਨ ਡਿਪੂਆਂ ਦਾ ਦੌਰਾ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਸਟੇਟ ਫੂਡ ਕਮਿਸ਼ਨ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ, ਮੈਂਬਰ ਵਲੋਂ ਜ਼ਿਲ੍ਹਾ ਜ਼ਲੰਧਰ ਦਾ ਅਚਨਚੇਤ ਦੌਰੇ ਦੌਰਾਨ ਉਹਨਾਂ ਵਲੋਂ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ। ਇਸ ਦੌਰੇ ਦੌਰਾਨ ਪਿੰਡ ਲਕਸੀਆਂ,ਮੱਲੀਵਾਲ ਦੇ ਸਰਕਾਰੀ ਸਕੂਲਾਂ, ਆਂਗਣਵਾੜੀ ਸੈਂਟਰ ਡਬਰੀ ਕਲੋਨੀ ਮਲਸੀਆਂ, ਮੱਲੀਵਾਲ, ਲਕਸੀਆਂ, ਸਾਹਲਾ ਨਗਰ-2 ਮਲਸੀਆਂ ਅਤੇ ਰਾਸ਼ਨ ਡੀਪੂ ਕੋਟਲੀ ਗਾਂਜਰਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਸਰਕਾਰੀ ਐਲੀਮੈਂਟਰੀ ਸਕੂਲ, ਲਕਸੀਆਂ ਅਤੇ ਮੱਲੀਵਾਲ ਵਿੱਚ ਚੱਲ ਰਹੀ ਮਿਡ ਡੇ ਮੀਲ ਸਕੀਮ ਦੀ ਚੈਕਿੰਗ ਕੀਤੀ ਗਈ ਅਤੇ ਮਿਡ ਡੇ ਮੀਲ, ਅਨਾਜ ਭੰਡਾਰ ਘਰ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਵੱਲੋਂ ਦੇਖਿਆ ਗਿਆ ਕੀ ਬੱਚਿਆ ਨੂੰ ਮਿਡ ਡੇ ਮੀਲ ਬਹੁਤ ਵਧਿਆ ਤਰੀਕੇ ਨਾਲ ਦਿੱਤਾ ਜਾ ਰਿਹਾ ਸੀ ਸਕੂਲਾ ਪ੍ਰਬੰਧਾਂ ਤੇ ਮੈਂਬਰ ਸਾਹਿਬਾਨ ਵਲੋਂ ਸੁਤੰਸ਼ਟੀ ਪ੍ਰਗਟ ਕੀਤੀ ਗਈ। ਇਸ ਤੋਂ ਉਪਰੰਤ ਆਂਗਣਵਾੜੀ ਸੈਂਟਰ ਲਕਸੀਆ ਦਾ ਨਿਰੀਖਣ ਕੀਤਾ ਗਿਆ। ਲਕਸੀਆਂ ਵਿਖੇ ਦੋ ਸੈਂਟਰ ਚੱਲ ਰਹੇ ਸਨ। ਸਕੂਲਾਂ ਅਤੇ ਆਂਗਣਵਾੜੀ ਸੈਂਟਰਾਂ ਦਾ ਦੌਰਾ ਕਰਨ ਉਪਰੰਤ ਰਾਸ਼ਨ ਡਿਪੂਆ ਵਿਖੇ ਚਲ ਰਹੀ ਕਣਕ ਦੀ ਵੰਡ ਦਾ ਜਾਇਜ਼ਾ ਲਿਆ ਅਤੇ ਲੋਕਾਂ ਨੂੰ ਸੂਚਿਤ ਕੀਤਾ ਗਿਆ ਕਿ ਰਾਸ਼ਨ ਡਿਪੂ ਪੀਡੀਐਸ ਨੰ. 597, ਕੋਟਲੀ ਗਾਂਜਰਾ ਵਿਖੇ ਕਣਕ ਅਲਾਟ ਹੋ ਚੁੱਕੀ ਹੈ ਤੇ ਕਣਕ ਦੀਆਂ ਪਰਚਿਆ ਕੱਟਣ ਦਾ ਕੰਮ ਚੱਲ ਰਿਹਾ ਹੈ। ਇਸ ਮੌਕੇ ਚੇਤਨ ਪ੍ਰਕਾਸ਼ ਧਾਲੀਵਾਲ ਵਲੋਂ ਜਲਦ ਤੋਂ ਜਲਦ ਲਾਭਪਾਤਰੀਆ ਨੂੰ ਕਣਕ ਵੰਡਣ ਦੀ ਹਦਾਇਤ ਕੀਤੀ ਗਈ ਅਤੇ ਮੌਕੇ ਤੇ ਮੌਜੂਦ ਲਾਭਪਾਤਰੀਆ ਨੂੰ ਕਮਿਸ਼ਨ ਦੇ ਹੈਲਪਲਾਈਨ ਨੰਬਰ 9876764545 ਦੀ ਜਾਣਕਾਰੀ ਵੀ ਦਿੱਤੀ ਗਈ ਤੇ ਨਾਲ ਹੀ ਦੱਸਿਆ ਕੀ ਉਹ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆ ਸਕੀਮਾਂ ਸਬੰਧੀ ਸ਼ਿਕਾਇਤ ਜਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨ(ਵਿਕਾਸ), ਜ਼ਲੰਧਰ ਕੋਲ ਦਰਜ ਵੀ ਕਰਵਾ ਸਕਦੇ ਹਨ।



# ਲਾਇਨਜ਼ ਕਲੱਬ ਆਦਮਪੁਰ ਵੱਲੋਂ 46ਵਾਂ ਅੱਖਾਂ ਦਾ ਮੁਫ਼ਤ ਅਪਰੇਸ਼ਨ ਕੈਂਪ ਸ਼ੁਰੂ

**ਆਦਮਪੁਰ (ਪਰਮਜੀਤ ਸਿੰਘ)**- ਲਾਇਨਜ਼ ਕਲੱਬ ਆਦਮਪੁਰ ਦੋਆਬਾ ਵੱਲੋਂ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੁਸਾਇਟੀ ਦੀ ਦੇਖ ਰੇਖ ਹੇਠ ਲਾਇਨਜ਼ ਕਲੱਬ ਵਾਰਵਿਕਸ਼ਾਇਰ ਵੈਸਟਵੁੱਡ ਯੂਕੇ ਦੇ ਸਹਿਯੋਗ ਨਾਲ 46ਵਾਂ ਅੱਖਾਂ ਦਾ ਮੁਫ਼ਤ ਅਪਰੇਸ਼ਨ ਕੈਂਪ ਸ਼ੁਰੂ ਹੋਇਆ। ਹਸਪਤਾਲ ਦੇ ਚੇਅਰਮੈਨ ਦਸ਼ਵਿੰਦਰ ਚਾਂਦ ਨੇ ਦੱਸਿਆ ਕਿ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 1910 ਮਰੀਜ਼ਾਂ ਦੀ ਜਾਂਚ ਕਰ 1000 ਮਰੀਜ਼ਾਂ ਨੂੰ ਅਪਰੇਸ਼ਨ ਲਈ ਚੁਣਿਆ ਅਤੇ ਸਮੂਹ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ, ਜਿਨ੍ਹਾਂ ਦੇ ਅਪਰੇਸ਼ਨ ਚੁਣੇ ਗਏ ਉਹ ਲਗਾਤਾਰ ਅਲਟਰਾ ਮਾਡਰਨ ਫੀਕੋ ਵਿਧੀ ਨਾਲ ਕੀਤੇ ਜਾਣਗੇ, ਜਿੱਥੇ ਮਰੀਜ਼ਾਂ ਦੇ ਰਹਿਣ ਸਹਿਣ ਖਾਣ ਪੀਣ ਦੇ ਸਾਰੇ ਇੰਤਜਾਮ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਕੈਂਪ ਦੌਰਾਨ 20 ਬੱਚਿਆਂ ਦੇ ਭੈਂਗਾਪਨ ਦੇ ਸਕਿੰਟ ਅਪਰੇਸ਼ਨ ਵੀ ਮੁਫ਼ਤ ਕੀਤਾ ਜਾਣਗੇ ਅਤੇ 15 ਜ਼ਰੂਰਤਮੰਦਾਂ ਨੂੰ ਟ੍ਰਾਈ ਸਾਈਕਲ ਅਤੇ 5 ਨੂੰ ਵ੍ਹੀਲ ਚੇਅਰਾਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ।ਇਸ ਮੌਕੇ ਵਿਸ਼ੇਸ਼ ਤੌਰ ਤੇ ਇਸ ਕੈਂਪ ਵਿੱਚ ਸ਼ਾਮਲ ਹੋਣ ਆਏ ਲਾਇਨਜ਼ ਕਲੱਬ ਵਾਰਵਿਕਸ਼ਾਇਰ ਵੈਸਟਵੁੱਡ ਯੂਕੇ ਵੱਲੋਂ ਮਨਜੀਤ ਰਾਏ, ਲਾਇਨ ਤਰਲੋਚਨ ਸਿੰਘ, ਦਰਸ਼ਨਾਂ ਕੌਰ ਨੇ ਕਿਹਾ ਕਿ ਉਹ ਅੱਖਾਂ ਦੇ ਖੇਤਰ ਅੰਦਰ ਆਦਮਪੁਰ ਕਲੱਬ ਨਾਲ ਕਈ ਸਾਲਾਂ ਤੋਂ ਕੰਮ ਕਰ ਰਹੇ ਹਨ ਅਤੇ ਸਾਲ ਦਰ ਸਾਲ ਲੋਕਾਂ ਦੀ ਅਥਾਹ ਸੇਵਾ ਨੂੰ ਵੇਖਦਿਆਂ ਉਨ੍ਹਾਂ ਵੱਲੋਂ ਆਪਣੇ ਸਹਿਯੋਗੀਆਂ ਨਾਲ ਮਿਲ ਹਰ ਸਾਲ ਕੈਂਪ ਅੰਦਰ ਲੋਕਾਂ ਲਈ ਹੋਰ ਵੀ ਸਹੂਲਤਾਂ ਲਿਆਂਦੀਆਂ ਜਾ ਰਹੀਆਂ ਹਨ ਜੋ ਉਸ ਤਰ੍ਹਾਂ ਸੇਵਾ ਕਾਰਜ ਲਗਾਤਾਰ ਜਾਰੀ ਰਹਿਣਗੇ।ਇਸ ਮੌਕੇ ਵਿਸ਼ੇਸ਼ ਤੌਰ ’ਤੇ ਮੋਹਿੰਦਰ ਸਿੰਘ ਸਮਰਾ ਕੈਨੇਡਾ, ਪਰਮਿੰਦਰ ਕੌਰ ਸਮਰਾ ਹਾਜ਼ਰ ਰਹੇ।ਅਖੀਰ ਕਲੱਬ ਦੇ ਪ੍ਰਧਾਨ ਰਾਕੇਸ਼ ਚੋਢਾ ਨੇ ਸਭਨਾਂ ਦਾ ਧੰਨਵਾਦ ਵੀ ਕੀਤਾ।ਕੈਂਪ ਦੇ ਸ਼ੁਰੂਆਤੀ ਸਮਾਗਮ ਮੌਕੇ ਹਸਪਤਾਲ ਦੇ ਵਾਈਸ ਚੇਅਰਮੈਨ ਅਮਰਜੀਤ ਸਿੰਘ ਭੋਗਪੁਰੀਆ, ਰਘਵੀਰ ਸਿੰਘ ਵਿਰਦੀ, ਕਲ ਮੋਹਨ ਲਾਲ ਸ਼ਾਰਦਾ, ਅੰਮ੍ਰਿਤ ਪਾਲ ਸਿੰਘ, ਸੁਸ਼ੀਲ ਡੋਗਰਾ, ਵਿਨੋਦ ਟੰਡਨ, ਹਰਵਿੰਦਰ ਸਿੰਘ ਪਰਹਾਰ, ਅਕਸ਼ਰਦੀਪ ਸ਼ਰਮਾ, ਕੁਲਵੀਰ ਸਿੰਘ, ਬਲਰਾਮ ਵਰਮਾ, ਐਸ.ਐਲ. ਭਾਟੀਆ, ਖੜਕ ਸਿੰਘ,ਵਿਕਰਮ ਟੰਡਨ ਅਤੇ ਹੋਰ ਮੈਂਬਰ ਹਾਜਰ ਸਨ।




## ਏ ਜੀ ਆਈ ਗਲੋਬਲ ਸਕੂਲ ਨੇ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ, ਖੁਸ਼ੀ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਾਰੇ ਸਟਾਫ ਨੇ ਮਹਿਲਾਵਾਂ ਦੀ ਤਾਕਤ, ਸਮਰਪਣ ਅਤੇ ਸਮਾਜ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਸਤਿਕਾਰ ਦਿੱਤਾ।ਇਸ ਸਮਾਗਮ ਵਿੱਚ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਵਿਸ਼ੇਸ਼ ਤੌਰ ’ਤੇ ਮੌਜੂਦ ਰਹੀ। ਉਨ੍ਹਾਂ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਹਨ ਅਤੇ ਉਨ੍ਹਾਂ ਦੇ ਯੋਗਦਾਨ ਤੋਂ ਬਿਨਾਂ ਕਿਸੇ ਵੀ ਸਮਾਜ ਦੀ ਤਰੱਕੀ ਸੰਭਵ ਨਹੀਂ। ਉਨ੍ਹਾਂ ਨੇ ਸਭ ਮਹਿਲਾਵਾਂ ਨੂੰ ਉਨ੍ਹਾਂ ਦੀ ਮਿਹਨਤ, ਹੌਸਲੇ ਅਤੇ ਸਮਰਪਣ ਲਈ ਵਧਾਈ ਦਿੱਤੀ।ਇਸ ਮੌਕੇ ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਮਹਿਲਾ ਸਸ਼ਕਤੀਕਰਨ ਬਾਰੇ ਪ੍ਰੇਰਣਾਦਾਇਕ ਵਿਚਾਰ ਸਾਂਝੇ ਕੀਤੇ।ਸਕੂਲ ਦੀ ਪ੍ਰਿੰਸੀਪਲ ਆਰਤੀ ਸ਼ਰਮਾ ਨੇ ਸਕੂਲ ਦੀਆਂ ਸਾਰੀਆਂ ਮਹਿਲਾ ਸਟਾਫ ਮੈਂਬਰਾਂ ਦੀ ਮਿਹਨਤ, ਲਗਨ ਅਤੇ ਸਮਰਪਣ ਦੀ ਸਰਾਹਨਾ ਕੀਤੀ। ਸਾਰੇ ਸਟਾਫ ਨੇ ਇਕੱਠੇ ਨੱਚ-ਗਾ ਕੇ ਅਤੇ ਖੁਸ਼ੀ ਸਾਂਝੀ ਕਰਕੇ ਇਸ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ।ਇਸ ਸਮਾਗਮ ਦਾ ਮਕਸਦ ਸਮਾਜ ਵਿੱਚ ਮਹਿਲਾਵਾਂ ਦੀ ਤਾਕਤ, ਉਪਲਬਧੀਆਂ ਅਤੇ ਯੋਗਦਾਨ ਨੂੰ ਸਲਾਮ ਕਰਨਾ ਸੀ।




# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ‘ਆਪਣਾ ਕਾਰੋਬਾਰ, ਆਪਣੀ ਪਛਾਣ’ ਤਹਿਤ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿੱਚ ਬੀ ਡੀ ਪੀ ਓ ਦਫਤਰ ਨਡਾਲਾ ਵਿਖੇ ਪੰਚਾਇਤ ਅਫਸਰ ਕੁਲਵਿੰਦਰ ਸਿੰਘ ਰੰਧਾਵਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਮਿਹਨਤ ਕਰਕੇ ਆਪਣੀ ਪਛਾਣ ਬਣਾਉਣ ਵਾਲੀਆਂ 100 ਉੱਦਮੀ ਮਹਿਲਾਵਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਭੁਲੱਥ ਤੋ ਆਪ ਦੇ ਹਲਕਾ ਇੰਚਾਰਜ਼ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਆਖਿਆ ਕਿ ਮਹਿਲਾਵਾਂ ਸਮਾਜ ਦੇ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਅਤੇ ਆਪਣੇ ਹੌਸਲੇ ਅਤੇ ਮਿਹਨਤ ਨਾਲ ਨਵੀਆਂ ਮਿਸਾਲਾਂ ਕਾਇਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਹਿਲਾਵਾਂ ਨੂੰ ਖੁਦਮੁਖਤਿਆਰ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਲਾਭ ਲੈ ਕੇ ਮਹਿਲਾਵਾਂ ਆਪਣਾ ਰੋਜ਼ਗਾਰ ਸ਼ੁਰੂ ਕਰ ਸਕਦੀਆਂ ਹਨ।ਸਮਾਗਮ ਦੌਰਾਨ ਮਹਿਲਾ ਉਦਮੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ,ਬੀ.ਡੀ.ਪੀ.ਓ ਕੁਲਵਿੰਦਰ ਸਿੰਘ ਰੰਧਾਵਾ, ਐੱਸ ਈ ਪੀ ਓ ਜਸਵਿੰਦਰ ਸਿੰਘ ਵਾਲੀਆ, ਬਲਾਕ ਸੰਮਤੀ ਮੈਂਬਰ ਹੈਪੀ ਖੱਦਰ, ਜ਼ਿਲਾ ਪ੍ਰੀਸ਼ਦ ਮੈਂਬਰ ਰਾਜ ਕੌਰ, ਸੈਕਟਰੀ ਗੁਰਪਾਲ ਸਿੰਘ, ਗੀਟਾ ਕਸ਼ਯਪ, ਪ੍ਰਭਜੋਤ ਕੌਰ, ਸਰਲ ਫੈਲਪ ਗਰੁੱਪ ਦੇ 200 ਮੈਂਬਰਾਂ ਤੋ ਇਲਾਵਾ ਯੂਥ ਕੋਆਰਡੀਨੇਟਰ ਸੰਦੀਪ ਕੁਮਾਰ ਤੇ ਲੱਖਾ ਲਹੋਰੀਆ, ਬਲਾਕ ਪ੍ਰਧਾਨ ਸੰਨੀ ਨਡਾਲਾ ਤੇ ਹੈਪੀ ਖੱਖ, ਪ੍ਰਿੰਸ ਨਡਾਲਾ, ਸ਼ਵੀ ਪਸ਼ਰੀਚਾ ਤੇ ਹੋਰ ਪਤਵੰਤੇ ਹਾਜ਼ਰ ਸਨ।



# ਸਰਕਾਰੀ ਸਕੂਲ ਧਨੌਰੀ ਨੇ ਦਾਖਲਾ ਜਾਗਰੂਕ ਰੈਲੀ ਕੱਢੀ




**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸਰਕਾਰੀ ਪ੍ਰਾਇਮਰੀ ਸਕੂਲ ਧਨੌਰੀ ਬਲਾਕ ਮੋਰਿੰਡਾ ਦੇ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਦਾਖਲਾ ਰੈਲੀ ਕੱਢੀ ਗਈ। ਇਸ ਸਬੰਧੀ ਸਕੂਲ ਦੇ ਮੁੱਖ ਅਧਿਆਪਕਾ ਜਸਵਿੰਦਰ ਕੌਰ ਨੇ ਦੱਸਿਆ ਕਿ ਸਰਕਾਰੀ ਸਕੂਲ ਧਨੌਰੀ ਦੇ ਵਿਦਿਆਰਥੀਆਂ ਦੀਆਂ ਪਿਛਲੇ ਕੁਝ ਸਾਲਾਂ ਵਿੱਚ ਵਿੱਦਿਅਕ ਖੇਤਰ ਦੇ ਨਾਲ ਨਾਲ ਖੇਡਾਂ ਤੇ ਸੱਭਿਆਚਾਰ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਰਹੀਆਂ ਹਨ। ਇਨ੍ਹਾਂ ਨੂੰ ਮੁੱਖ ਰੱਖਦਿਆਂ ਸਕੂਲ ਵੱਲੋਂ ਦਾਖਲਾ ਰੈਲੀ ਕੱਢੀ ਗਈ ਤੇ ਪਿੰਡ ਵਾਸੀਆਂ ਨੂੰ ਬੱਚਿਆਂ ਦਾ ਦਾਖਲਾ ਸਰਕਾਰੀ ਪ੍ਰਾਇਮਰੀ ਸਕੂਲ ਧਨੌਰੀ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਅਧਿਆਪਕਾ ਨੇ ਦੱਸਿਆ ਕਿ ਸਰਕਾਰੀ ਸਕੂਲ ਵਿੱਚ ਸਰਕਾਰ ਵੱਲੋਂ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਆਪਣੇ ਬੱਚਿਆਂ ਦੇ ਵਧੀਆ ਭਵਿੱਖ ਲਈ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਾਉਣੇ ਚਾਹੀਦੇ ਹਨ ਕਿਉਂਕਿ ਜਿੱਥੇ ਸਰਕਾਰੀ ਸਕੂਲਾਂ ਵਿੱਚ ਮੁਫ਼ਤ ਸਿੱਖਿਆ ਦਿੱਤੀ ਜਾਂਦੀ, ਉੱਥੇ ਬੱਚਿਆਂ ਨੂੰ ਪੜ੍ਹਾਉਣ ਲਈ ਵੱਧ ਤੋਂ ਵੱਧ ਪੜ੍ਹਿਆ- ਲਿਖਿਆ ਸਟਾਫ ਹੁੰਦਾ ਹੈ। ਇਸ ਮੌਕੇ ਅਧਿਆਪਕਾ ਇੰਦਰਜੀਤ ਕੌਰ, ਪ੍ਰਤਿਭਾ ਗੋਪਾਲ ਅਤੇ ਹਾਈ ਸਕੂਲ ਦੇ ਅਧਿਆਪਕ ਮਨਦੀਪ ਕੌਰ, ਬਲਜੀਤ ਕੌਰ, ਗੁਰਪ੍ਰੀਤ ਕੌਰ ਮਿਡ-ਡੇ-ਮੀਲ ਵਰਕਰ ਕਰਮਜੀਤ ਕੌਰ, ਕੁਲਵਿੰਦਰ ਕੌਰ ਅਤੇ ਰਮਨਦੀਪ ਕੌਰ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਮੌਜੂਦ ਸਨ।

# 15 ਨੂੰ ‘ਸਤਾ ਪ੍ਰਾਪਤ ਕਰੋ’ ਰੈਲੀ ਹੋਵੇਗੀ ਇਤਿਹਾਸਕ : ਐਡਵੋਕੇਟ ਭੱਟੀ/ਖਲਵਾੜਾ

**ਫਗਵਾੜਾ (ਡਾ. ਰਮਨ)**- ਬਹੁਜਨ ਸਮਾਜ ਪਾਰਟੀ ਪੰਜਾਬ ਵਲੋਂ ਪੰਜਾਬ ਸੰਭਾਲੋ ਮੁਹਿੰਮ ਤਹਿਤ ਬਸਪਾ ਦੇ ਬਾਨੀ ਸਾਹਿਬ ਕਾਂਸ਼ੀ ਰਾਮ ਦੇ ਜਨਮ ਦਿਨ ’ਤੇ 15 ਮਾਰਚ ਨੂੰ ਬਹਿਰਾਮ ਦੀ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਸੱਤਾ ਪ੍ਰਾਪਤ ਕਰੋ ਰੈਲੀ ਨੂੰ ਲੈ ਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਬਸਪਾ ਦੇ ਸੀਨੀਅਰ ਆਗੂ ਐਡਵੋਕੇਟ ਕੁਲਦੀਪ ਭੱਟੀ ਤੇ ਪਰਮਜੀਤ ਖਲਵਾੜਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ।

ਭੱਟੀ ਤੇ ਖਲਵਾੜਾ ਨੇ ਕਿਹਾ ਕਿ ਪੰਜਾਬ ਸੰਭਾਲੋ ਮੁਹਿੰਮ ਤਹਿਤ 15 ਮਾਰਚ ਨੂੰ ਕੀਤੀ ਜਾ ਰਹੀ ਸੱਤਾ ਪ੍ਰਾਪਤ ਕਰੋ ਰੈਲੀ ਇਤਿਹਾਸਕ ਹੋਵੇਗੀ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬਸਪਾ ਦੀ ਇਤਿਹਾਸਕ ਜਿੱਤ ਦਾ ਮੁੱਢ ਬੰਨ੍ਹੇਗੀ। ਐਡਵੋਕੇਟ ਕੁਲਦੀਪ ਭੱਟੀ ਅਤੇ ਪਰਮਜੀਤ ਖਲਵਾੜਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਫਗਵਾੜਾ ਤੋਂ ਵੱਡੀ ਗਿਣਤੀ ਵਿੱਚ ਵਰਕਰਾਂ ਦਾ ਜਥਾ ਬਹਿਰਾਮ ਦੀ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਸੱਤਾ ਪ੍ਰਾਪਤ ਕਰੋ ਰੈਲੀ ਸ਼ਮੂਲੀਅਤ ਕਰੇਗਾ। ਭੱਟੀ ਅਤੇ ਪਰਮਜੀਤ ਖਲਵਾੜਾ ਨੇ ਵਰਕਰਾਂ ਨੂੰ ਅਪੀਲ ਕੀਤੀ ਆਪਣੇ ਆਪਣੇ ਪਿੰਡ ਅਤੇ ਮੁਹੱਲੇ ਤੋਂ ਵਰਕਰਾਂ ਅਤੇ ਸਮਰਥਕਾਂ ਨੂੰ ਨਾਲ ਲੈ ਕੇ ਵੱਡੀ ਗਿਣਤੀ ਵਿੱਚ ਬਹਿਰਾਮ ਦੀ ਦਾਣਾ ਵਿਖੇ ਰੈਲੀ ਵਿੱਚ ਪਹੁੰਚਣ।

# ਸਕੂਲ ਨੂੰ ਜਨਰੇਟਰ ਭੇਟ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਪਿੰਡ ਹਰੀਪੁਰ ਵਿਖੇ ਸਥਿਤ ਬੱਬਰ ਕਰਮ ਸਿੰਘ ਸ਼ਹੀਦ ਸਰਕਾਰੀ ਕੋ-ਐਜੂਕੇਸ਼ਨ ਸੈਕੰਡਰੀ ਵਿੱਚ ਗਰਮੀ ਦੇ ਮੌਸਮ ਦੌਰਾਨ ਬਿਜਲੀ ਦੀ ਸਪਲਾਈ ਦੀ ਸਮੱਸਿਆ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ ਪਿੰਡ ਹਰੀਪੁਰ ਨਿਵਾਸੀ ਸਵਰਗਵਾਸੀ ਚੌਧਰੀ ਪਰਮਜੀਤ ਸਿੰਘ ਯਾਦ ਨੂੰ ਸਮਰਪਿਤ ਉਨਾਂ ਦੇ ਪਰਵਾਰ ਵੱਲੋਂ ਉਹਨਾਂ ਦੇ ਸਪੁੱਤਰ ਦਿਲਾਵਰ ਸਿੰਘ ਗੁਰਾਇਆ ਅਤੇ ਲਾਲੀ ਗੁਰਾਇਆ ਵੱਲੋਂ 15 ਕਿਲੋਵਾਟ ਦਾ ਆਵਾਜ਼ ਰਹਿਤ ਆਧੁਨਿਕ ਜਨਰੇਟਰ ਸਕੂਲ ਨੂੰ ਖਰੀਦ ਕੇ ਦਿੱਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਡਾਕਟਰ ਨਿਰਮਲ ਕੌਲ ਅਤੇ ਸਕੂਲ ਮੁਖੀ ਮੈਡਮ ਮੀਨਾਕਸ਼ੀ ਅਤੇ ਸਮੂਹ ਸਕੂਲ ਸਟਾਫ ਨੇ ਸਮੂਹ ਗੁਰਾਇਆ ਪਰਵਾਰ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਇਸ ਸਕੂਲ ਅਤੇ ਪਿੰਡ ਦੇ ਸਮੁੱਚੇ ਵਿਕਾਸ ਵਿੱਚ ਪਿੰਡ ਦੀ ਗ੍ਰਾਮ ਪੰਚਾਇਤ, ਐਨ.ਆਰ.ਆਈ ਵੀਰਾਂ ਅਤੇ ਪਿੰਡ ਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਪਿੰਡ ਦੇ ਦਾਨੀ ਸੱਜਣਾਂ ਦਾ ਵਡਮੁੱਲਾ ਯੋਗਦਾਨ ਰਹਿੰਦਾ ਹੈ। ਇਸ ਮੌਕੇ ਉਹਨਾਂ ਤੋਂ ਇਲਾਵਾ ਡਾਕਟਰ ਨਿਰਮਲ ਕੌਲ ਸਰਪੰਚ ਹਰੀਪੁਰ, ਮੈਡਮ ਮਿਨਾਕਸ਼ੀ, ਦਵਿੰਦਰ ਸਿੰਘ, ਅੰਕੁਰ ਅਰੋੜਾ, ਵਿਸ਼ਕਰਨ, ਰਣਵੀਰ ਸਿੰਘ ਸੇਠੀ ਪ੍ਰਧਾਨ ਨੌਜਵਾਨ ਸਭਾ ਹਰੀਪੁਰ, ਹਰਵਿੰਦਰ ਸਿੰਘ ਸੋਨੀ ਅਤੇ ਹੋਰ ਹਾਜ਼ਰ ਸਨ।



# ਦੋ ਟਰੈਕਟਰਾਂ ਦੀ ਟੱਕਰ, ਤਿੰਨ ਨੌਜਵਾਨ ਜ਼ਖ਼ਮੀ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ-ਰੋਪੜ ਮੁੱਖ ਮਾਰਗ 'ਤੇ ਪੈਂਦੇ ਪਿੰਡ ਪਨਆਲੀ ਖੁਰਦ ਦੇ ਨਜ਼ਦੀਕ ਦੋ ਟਰੈਕਟਰਾਂ ਦੀ ਆਪਸੀ ਟੱਕਰ ਹੋਣ ਕਾਰਨ ਇੱਕ ਵੱਡਾ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਵਿੱਚ ਦੋਵੇਂ ਟਰੈਕਟਰ ਬੁਰੀ ਤਰ੍ਹਾਂ ਨੁਕਸਾਨੇ ਗਏ ਅਤੇ ਸਵਾਰ ਵਿਅਕਤੀ ਜ਼ਖ਼ਮੀ ਹੋ ਗਏ। ਜਾਣਕਾਰੀ ਅਨੁਸਾਰ, ਬਲਾਚੌਰ ਤੋਂ ਰੋਪੜ ਹੈੱਡ 'ਤੇ ਤਾਇਨਾਤ ਸੜਕ ਸੁਰੱਖਿਆ ਫੋਰਸ ਦੀ ਟੀਮ ਨੂੰ ਰਾਹਗੀਰਾਂ ਪਾਸੋਂ ਸੂਚਨਾ ਮਿਲੀ ਸੀ ਕਿ ਪਨਆਲੀ ਖੁਰਦ ਕੋਲ ਹਾਦਸਾ ਵਾਪਰਿਆ ਹੈ। ਮੌਕੇ 'ਤੇ ਪਹੁੰਚ ਕੇ ਦੇਖਿਆ ਗਿਆ ਕਿ ਦੋ ਟਰੈਕਟਰਾਂ ਦੀ ਆਪਸੀ ਟੱਕਰ ਹੋਈ ਸੀ ਜਿਸ ਨੂੰ ਰਣਜੀਤ ਸਿੰਘ ਵਾਸੀ ਭਦੌੜ ਚਲਾ ਰਿਹਾ ਸੀ। ਉਸ ਦੇ ਨਾਲ ਸੋਨੀ ਸਿੰਘ ਤੇ ਹਨੀ ਸਿੰਘ ਵਾਸੀ ਭਦੌੜ ਵੀ ਸਵਾਰ ਸਨ।?ਦੂਜਾ ਟਰੈਕਟਰ ਜਿਸ ਨੂੰ ਜਗੀਰਾਂ ਵਾਸੀ ਰੋਪੜ ਚਲਾ ਰਿਹਾ ਸੀ।?ਹਾਦਸੇ ਤੋਂ ਤੁਰੰਤ ਬਾਅਦ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਹਰਕਤ ਵਿੱਚ ਆਉਂਦਿਆਂ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਬਲਾਚੌਰ ਵਿਖੇ ਦਾਖ਼ਲ ਕਰਵਾਇਆ। ਹਾਦਸੇ ਕਾਰਨ ਸੜਕ 'ਤੇ ਜਾਮ ਦੀ ਸਥਿਤੀ ਬਣੀ ਹੋਈ ਸੀ, ਜਿਸ ਨੂੰ ਦੇਖਦੇ ਹੋਏ ਤੁਰੰਤ ਰਿਕਵਰੀ ਵੈਨ ਬੁਲਾਈ ਗਈ। ਦੋਵਾਂ ਨੁਕਸਾਨੇ ਗਏ ਟਰੈਕਟਰਾਂ ਨੂੰ ਸੜਕ ਤੋਂ ਪਾਸੇ ਕਰਵਾ ਕੇ ਆਵਾਜਾਈ ਨੂੰ ਸੁਚਾਰੂ ਰੂਪ ਵਿੱਚ ਚਾਲੂ ਕਰਵਾਇਆ ਗਿਆ।



# ਮੁੱਖਲਿਆਣਾ 16ਵਾਂ ਕ੍ਰਿਕਟ ਕੱਪ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੁੱਖਲਿਆਣਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕ੍ਰਿਕਟ ਸਪੋਰਟਸ ਕਲੱਬ ਰਜਿ. ਵੱਲੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਲਾਨਾ 16ਵਾਂ ਸ਼ਾਨਦਾਰ ਕ੍ਰਿਕਟ ਕੱਪ ਟੂਰਨਾਮੈਂਟ 7 ਤੋਂ 15 ਮਾਰਚ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਮੁੱਖ ਪ੍ਰਬੰਧਕ ਕਲੱਬ ਦੇ ਪ੍ਰਧਾਨ ਤਰਨਜੀਤ ਸਿੰਘ ਪੰਜਾਬ ਪੁਲਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਈ ਮਨਦੀਪ ਸਿੰਘ ਮੁੱਖ ਗ੍ਰੰਥੀ ਮੁੱਖਲਿਆਣਾ ਨੇ ਅਰਦਾਸ ਬੇਨਤੀ ਕੀਤੀ। ਉਨ੍ਹਾਂ ਦੱਸਿਆ ਕਿ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਬਾਬਾ ਜਸਵਿੰਦਰ ਸਿੰਘ ਮੁੱਖਲਿਆਣਾ, ਉਂਕਾਰ ਸਿੰਘ ਮੁੱਖਲਿਆਣਾ ਪਿੰਡ ਦੇ ਪੱਤਵੰਤੇ ਅਤੇ ਗ੍ਰਾਮ ਪੰਚਾਇਤ ਵੱਲੋਂ ਰੀਬਨ ਕੱਟ ਕੇ ਸਾਂਝੇ ਤੌਰ 'ਤੇ ਕੀਤਾ ਗਿਆ ਅਤੇ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਤੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਉਨ੍ਹਾਂ ਦੱਸਿਆ ਕਿ ਉਦਘਾਟਨੀ ਮੈਚ ਪਿੰਡ ਹਾਰਟਾ ਅਤੇ ਨਾਰੰਗਾਬਾਦ ਵਿਚਕਾਰ ਕਰਵਾਇਆ ਗਿਆ।ਜਿਸ ਵਿੱਚ ਪਿੰਡ ਹਾਰਟਾ ਦੀ ਟੀਮ ਜੇਤੂ ਰਹੀ।ਕਲੱਬ ਪ੍ਰਧਾਨ ਤਰਨਜੀਤ ਸਿੰਘ ਪੰਜਾਬ ਪੁਲਸ ਨੇ ਦੱਸਿਆ ਕਿ ਕ੍ਰਿਕਟ ਕੱਪ ਟੂਰਨਾਮੈਂਟ ਦੌਰਾਨ 15 ਮਾਰਚ ਨੂੰ ਫਾਈਨਲ ਵਾਲੇ ਦਿਨ ਪਿੰਡ ਦੇ ਪਤਵੰਤੇ ਸੱਜਣ ਅਤੇ ਗ੍ਰਾਮ ਪੰਚਾਇਤ ਵੱਲੋਂ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਦਿਲਖਿੱਚਵੇ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 41 ਹਜ਼ਾਰ ਰੁਪਏ ਅਤੇ ਸ਼ਾਨਦਾਰ ਟਰਾਫੀ ਅਤੇ ਦੂਜੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 25 ਹਜ਼ਾਰ ਰੁਪਏ ਅਤੇ ਸ਼ਾਨਦਾਰ ਟਰਾਫੀ ਦੇ ਸਨਮਾਨਿਤ ਕੀਤਾ ਜਾਵੇਗਾ। ਤੀਜੇ ਅਤੇ ਚੌਥੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 51 ਸੌ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਜਸਵਿੰਦਰ ਸਿੰਘ, ਓਂਕਾਰ ਸਿੰਘ, ਕਲੱਬ ਪ੍ਰਧਾਨ ਤਰਨਜੀਤ ਸਿੰਘ ਪੰਜਾਬ ਪੁਲਸ, ਜਸਵਿੰਦਰ ਸਿੰਘ ਜੇਈ, ਰਮਨਦੀਪ ਸਿੰਘ ਗਰੀਸ, ਨਰੇਸ਼ ਕੁਮਾਰ, ਸਨੀ ਕਨੇਡਾ ਪੰਡੋਰੀ ਕੱਦ, ਸੁਖਦੇਵ ਸਿੰਘ ਪੰਡੋਰੀ ਕੱਦ, ਸਰਪੰਚ ਅੰਮ੍ਰਿਤਪਾਲ ਸਿੰਘ ਪੰਡੋਰੀ ਕੱਦ, ਸਰਪੰਚ ਉਕਾਰ ਸਿੰਘ, ਇੰਦਰਜੀਤ ਸਿੰਘ, ਮਨਦੀਪ ਸਿੰਘ ਹੈਡ ਗ੍ਰੰਥੀ, ਜੱਗੀ ਪੰਡੋਰੀ ਕੱਦ, ਗੁਰਪ੍ਰੀਤ ਸਿੰਘ ਗਰੀਸ ਤੋਂ ਇਲਾਵਾ ਵੱਡੀ ਗਿਣਤੀ 'ਚ ਖੇਡ ਪ੍ਰੇਮੀ ਹਾਜ਼ਰ ਸਨ।



# ਪੀ ਐਸ ਐਮ ਐਸ ਯੂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫਤਰ ਦੇ ਗੇਟ ਅੱਗੇ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਤੇ ਸੂਬਾ ਕਮੇਟੀ ਦੀ ਕਾਲ 'ਤੇ ਵੀਰਵਾਰ ਪੰਜਾਬ ਭਰ ਦੇ ਦਫਤਰਾਂ ਅਤੇ ਚੰਡੀਗੜ੍ਹ ਸਥਿਤ ਡਾਇਰਕਟੋਰੇਟ ਦੇ ਦਫਤਰਾਂ ਦੇ ਮੁਲਾਜ਼ਮਾਂ ਵੱਲੋਂ ਜ਼ਿਲ੍ਹਾ ਹੈਡਕੁਆਟਰਾਂ 'ਤੇ ਗੇਟ ਰੈਲੀਆਂ ਕੀਤੀਆ ਗਈਆਂ । ਇਸ ਜ਼ਿਲ੍ਹੇ ਵਿੱਚ ਇਹ ਰੈਲੀ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਦੇ ਬਾਹਰ ਕੀਤੀ ਗਈ। ਇਹ ਰੈਲੀ ਅਨੀਰੁਧ ਮੋਦਗਿੱਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਵਿੱਚ ਕੀਤੀ ਗਈ। ਇਹ ਰੈਲੀ ਦੁਪਹਿਰ ਇੱਕ ਵਜੇ ਤੋਂ ਦੋ ਵਜੇ ਦੌਰਾਨ ਕੀਤੀ ਗਈ। ਜਿਸ ਰੈਲੀ ਵਿੱਚ ਮਨਿਸਟਰੀਅਲ ਆਗੂਆਂ ਸਮੇਤ ਪੈਨਸ਼ਨਰ ਆਗੂ ਵੀ ਸ਼ਾਮਲ ਹੋਏ। ਇਸ ਵਿੱਚ ਸਰਕਾਰ ਦੇ ਮੁਲਾਜ਼ਮਾਂ ਪ੍ਰਤੀ ਮਾਰੂ ਫੈਸਲਿਆਂ ਦੀ ਨਿਖੇਧੀ ਅਧੀਨ ਕੀਤੀ। ਜਿਸ ਵਿੱਚ 16 ਪ੍ਰਤੀਸ਼ਤ ਡੀ.ਏ. ਨੂੰ ਤੁਰੰਤ ਲਾਗੂ ਕਰਨਾ, ਪੁਰਾਣੀ ਪੈਨਸ਼ਨ ਬਹਾਲੀ ਕਰਨਾ, ਮਿਤੀ 15-01-2015 ਨੂੰ



ਤੇ ਮਿਤੀ 17-07-2020 ਪੱਤਰ ਨੂੰ ਰੱਦ ਕਰਨਾ, ਟਾਈਪ ਟੈਸਟ ਨੂੰ ਕੰਪਿਊਟਰ ਟ੍ਰੇਨਿੰਗ ਵਿੱਚ ਤਬਦੀਲ ਕਰਨਾ ਆਦਿ ਸ਼ਾਮਲ ਹੈ। ਰੈਲੀ ਨੂੰ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਜ਼ਿਲ੍ਹਾ ਪ੍ਰਧਾਨ ਅਨੀਰੁਧ ਮੋਦਗਿੱਲ, ਜਸਵੀਰ ਸਿੰਘ ਧਾਮੀ ਜਿਲ੍ਹਾ ਜਨਰਲ ਸਕੱਤਰ, ਦੀਪਕ ਤੇਹਣ ਡੀ.ਸੀ. ਦਫਤਰ, ਵਰਿਆਮ ਸਿੰਘ ਮਿਨਹਾਸ ਜਿਲਾ ਪ੍ਰਧਾਨ ਪੈਨਸ਼ਨਰਜ਼ ਮਨਿਸਟੀਰੀਅਲ ਸਟਾਫ ਐਸੋਸੀਏਸ਼ਨ, ਪਰਮਜੀਤ ਸਿੰਘ ਪੀ.ਡਬਲਯੂ ਡੀ, ਨਿਤਿਨ ਮਹਿਰਾ, ਇੰਦਰਜੀਤ ਵਿਰਦੀ, ਰਵਿੰਦਰ ਸਿੰਘ ਟਾਂਡਾ, ਬਿਕਰਮਜੀਤ ਸਿੰਘ ਆਹਲੂਵਾਲੀਆਂ, ਮੋਤੀ ਲਾਲ ਸੁਪਰਡੰਟ ਵੱਲੋਂ ਸਰਕਾਰ ਦੇ ਮੁਲਾਜ਼ਮਾਂ ਪ੍ਰਤੀ ਮਾਰੂ ਫੈਸਲਿਆਂ ਦੀ ਨਿਖੇਧੀ ਕੀਤੀ ਗਈ। ਮੋਦਗਿੱਲ ਨੇ ਕਿਹਾ ਕਿ 8 ਮਾਰਚ ਨੂੰ ਸਾਰੀਆਂ ਮਨਿਸਟਰੀਅਲ ਜਥੇਬੰਦੀਆਂ ਤੇ ਹੋਰ ਭਰਾਤਰੀ ਜਥੇਬੰਦੀਆਂ ਸਮੇਤ ਕਰਮਚਾਰੀ ਵਾਈ. ਪੀ. ਐਚ ਚੌਕ ਤੋਂ ਵਿਧਾਨ ਸਭਾ ਵੱਲ ਨੂੰ ਮਾਰਚ ਕਰਨ ਲਈ ਵੀ ਸ਼ਾਮਲ ਹੋਣਗੇ।

## 14 ਸਾਲ ਤੱਕ ਦੀਆਂ ਲੜਕੀਆਂ ਨੂੰ ਐਚ ਪੀ ਵੀ ਦੀ ਵੈਕਸੀਨ ਜ਼ਰੂਰ ਲਗਵਾਓ : ਐੱਸ ਐੱਮ ਓ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਸਰਕਾਰ ਵੱਲੋਂ ਐਚ ਪੀ ਵੀ ਵੈਕਸਨ ਵਾਇਰਸ ਵੈਕਸੀਨ ਸ਼ੁਰੂ ਕੀਤੀ ਗਈ ਹੈ ਐਚ ਪੀ ਵੀ ਵੈਕਸੀਨ ਔਰਤਾਂ ਦੇ ਵਿੱਚ ਵੱਧ ਰਹੇ ਬੱਚੇਦਾਨੀ ਦੇ ਵਿੱਚ ਮੂੰਹ ਦੇ ਵਿੱਚ ਕੈਂਸਰ ਦਾ ਇੱਕ ਵੱਡਾ ਕਾਰਨ ਔਰਤਾਂ ਵਿੱਚ ਪਾਏ ਜਾਣ ਵਾਲੇ ਲੱਛਣਾਂ ਵਿੱਚੋਂ ਦੋ ਨੰਬਰ ਤੇ ਹੈ। ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਐਚ ਪੀ ਵੀ ਵੈਕਸੀਨ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਨੂੰ ਰੋਕਨ ਲਈ ਮਹੱਤਵਪੂਰਨ ਨਿਭਾਉਂਦੀ ਹੈ। ਐਚ ਪੀ ਵੀ ਵੈਕਸੀਨ 14 ਤੋਂ 15 ਸਾਲ ਦੀਆਂ ਕੁੜੀਆਂ ਨੂੰ ਨੇੜਲੇ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਲਗਾਏ ਜਾਂਦੇ ਹਨ। ਡਾਕਟਰ ਭੁਪਿੰਦਰਜੀਤ ਕੌਰ ਐੱਸ ਐੱਮ ਓ ਨੇ ਕਿਹਾ ਕਿ ਸਰਕਾਰ ਵੱਲੋਂ ਚੁਕਿਆ ਗਿਆ ਕਦਮ ਇੱਕ ਸ਼ਲਾਘਾਯੋਗ ਹੈ ਐਚ ਪੀ ਵੀ ਵੈਕਸੀਨ ਸੁਰੱਖਿਅਤ ਪ੍ਰਭਾਵਸ਼ਾਲੀ ਕੱਦਮ ਹੈ ਇਸ ਦਾ ਕੋਈ ਵੀ ਨੁਕਸਾਨ ਨਹੀਂ ਹੈ ਬਲਕਿ ਇਹ ਵੈਕਸੀਨ ਲੜਕੀਆਂ ਨੂੰ ਸੁਰੱਖਿਅਤ ਅਤੇ ਜੀਵਨ ਬਚਾਉਣ ਲਈ ਹੈ। ਐੱਸ ਐੱਮ ਓ ਭੁਪਿੰਦਰਜੀਤ ਕੌਰ ਨੇ ਲੜਕੀਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿਹਾ ਲੜਕੀਆਂ ਦੇ ਮਾਪਿਆ ਨੂੰ ਸੀ ਐਚ ਸੀ ਕਾਲਾ ਸੰਘਿਆਂ ਜਾ ਨੇੜਲੇ ਸਰਕਾਰੀ ਹਸਪਤਾਲਾਂ ਵਿੱਚ ਇਹ ਵੈਕਸੀਨ ਟੀਕਾਕਰਨ ਮੁਫ਼ਤ ਲਗਾਇਆ ਜਾਂਦਾ ਹੈ।



## ਮੜੌਲੀ ਕਲਾਂ ਵਿਖੇ ਪੰਜ ਰੋਜ਼ਾ ਧਾਰਮਿਕ ਸਮਾਗਮ ਦਾ ਪੋਸਟਰ ਜਾਰੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਮੜੌਲੀ ਕਲਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਪੰਜ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸਿੱਖ ਪੰਥ ਦੇ ਪ੍ਰਚਾਰਕ ਕਥਾ ਵਾਚਕ ਅਤੇ ਕੀਰਤਨੀ ਜਥੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ।

ਇਸ ਸਬੰਧੀ ਸਮਾਗਮ ਦੇ ਮੁੱਖ ਪ੍ਰਬੰਧਕ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲਿਆਂ ਨੇ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਲਈ ਇਲਾਕਾ ਨਿਵਾਸੀ ਸੰਗਤਾਂ ਵਿੱਚ ਬੜਾ ਉਤਸ਼ਾਹ ਪਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 1 ਅਪ੍ਰੈਲ ਤੋਂ 5 ਅਪ੍ਰੈਲ ਤੱਕ ਰੋਜ਼ਾਨਾ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਦੀਵਾਨ ਸਜਾਏ ਜਾਣਗੇ। ਇਸ ਮੌਕੇ ਨਗਰ ਪੰਚਾਇਤ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਵਲੋਂ ਇਸ ਧਾਰਮਿਕ ਸਮਾਗਮ ਸਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਬਾਰੂ, ਜਥੇਦਾਰ ਸ਼ਮਸ਼ੇਰ ਸਿੰਘ ਮਾਨ, ਓਂਕਾਰ ਸਿੰਘ ਪੰਨੂ, ਪਰਮਿੰਦਰ ਸਿੰਘ ਟੋਨਾ, ਮਾਸਟਰ ਜਸਪਾਲ ਸਿੰਘ, ਸੁਦਾਗਰ ਸਿੰਘ ਮਾਨ, ਪਰਮਜੀਤ ਸਿੰਘ ਪੰਮਾ, ਤਰਲੋਚਨ ਸਿੰਘ, ਪ੍ਰਧਾਨ ਹਰਪ੍ਰੀਤ ਸਿੰਘ ਮਾਨ ਆਦਿ ਹਾਜ਼ਰ ਸਨ।

## ਜੁਝਾਰੂ ਤੇ ਮਿਹਨਤੀ ਵਰਕਰਾਂ ਨੂੰ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਸਨਮਾਨ ਦਿੰਦਾ : ਲੱਖੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਆਪਣੇ ਜੁਝਾਰੂ ਅਤੇ ਮਿਹਨਤੀ ਵਰਕਰਾਂ ਦਾ ਸਨਮਾਨ ਕਰਦਾ ਆਇਆ ਹੈ ਤੇ ਅੱਗੇ ਵੀ ਕਰਦਾ ਰਹੇਗਾ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇਹਾਤੀ ਦੇ ਜ਼ਿਲ੍ਹਾ ਪ੍ਰਧਾਨ ਨੇ ਸਰਕਲ ਜਹਾਨ ਖੇਲਾਂ ਅਤੇ ਸਦਰ ਵਿੱਚੋਂ ਨਵੇਂ ਚੁਣੇ ਗਏ ਜ਼ਿਲ੍ਹੇ ਦੇ ਅਹੁਦੇਦਾਰਾਂ ਦੇ ਸਨਮਾਨ ਵਿੱਚ ਰੱਖੇ ਹੋਏ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਹੇ। ਲੱਖੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਹੀ ਉਸ ਦੀ ਮੁੱਖ ਤਾਕਤ ਹਨ ਅਤੇ ਉਨ੍ਹਾਂ ਦੀ ਮਿਹਨਤ ਸਦਕਾ ਹੀ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਜਾਵੇਗੀ।

ਇਸ ਮੌਕੇ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਹਰ ਪਿੰਡ ਹਰ ਗਲੀ ਹਰ ਨੁੱਕਰ 'ਤੇ ਜੋ ਵਿਕਾਸ ਦੇ ਕੰਮ ਹੋਏ ਹਨ ਉਹ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੇਲੇ ਹੀ ਹੋਏ ਹਨ। ਉਹਨਾਂ ਨੇ ਕਿਹਾ ਮੌਜੂਦਾ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਹਨਾਂ ਵਿਕਾਸ ਦੇ ਕੰਮਾਂ ਨੂੰ ਝੁਠਲਾ ਨਹੀਂ ਸਕਦਾ, ਇਸ ਲਈ ਸਾਡੇ ਵਰਕਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੀਤੇ ਗਏ ਕੰਮਾਂ ਦੇ ਚਲਦੇ ਵੱਧ ਤੋਂ ਵੱਧ ਲੋਕਾਂ ਨਾਲ ਸੰਪਰਕ ਕਰਨ। ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਅਤੇ ਵਪਾਰ ਸੈਲ ਕੋਰ ਕਮੇਟੀ ਦੇ ਮੈਂਬਰ ਸੰਜੀਵ ਤਲਵਾੜ ਨੇ ਕਿਹਾ ਬੂਥ ਉੱਪਰ ਬੈਠਾ ਹਰ ਇੱਕ ਵਰਕਰ ਆਪਣੇ ਆਪ ਨੂੰ ਸੁਖਬੀਰ ਸਿੰਘ ਬਾਦਲ ਸਮਝ ਕੇ ਕੰਮ ਕਰਨਾ ਸ਼ੁਰੂ ਕਰੇ ਤਾਂ ਯਕੀਨਨ ਜਿੱਤ ਤੁਹਾਡੀ ਝੋਲੀ ਵਿੱਚ ਹੋਵੇਗੀ। ਉਨ੍ਹਾਂ ਕਿਹਾ ਵਰਕਰਾਂ ਦੇ ਮਾਨ ਸਨਮਾਨ ਦੀ ਲੜਾਈ ਅਸੀਂ ਲੜਾਂਗੇ ਤੇ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਉਣ ਦੀ ਲੜਾਈ ਵਰਕਰ ਇੱਕਮੁੱਠ ਹੋ ਕੇ ਲੜਨ। ਇਸ ਮੌਕੇ ਸਰਕਲ ਜਹਾਨ ਖੇਲਾਂ ਦੇ ਪ੍ਰਧਾਨ ਜਗਤਾਰ ਸਿੰਘ ਅਤੇ ਸਰਕਲ ਸਦਰ ਦੇ ਪ੍ਰਧਾਨ ਪਰਮਜੀਤ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ। ਮੀਟਿੰਗ ਵਿੱਚ ਸੰਤੋਖ ਸਿੰਘ, ਪਰਵੀਨ ਸੈਣੀ, ਦਿਲਬਾਗ ਸਿੰਘ, ਵਿਜੇ ਕੁਮਾਰ, ਜਰਨੈਲ ਸਿੰਘ, ਹਰਚਰਨ ਸਿੰਘ, ਪਿਆਰਾ ਸਿੰਘ, ਕੁਲਵੰਤ ਸਿੰਘ, ਕਰਨੈਲ ਸਿੰਘ, ਸੁਖਦੇਵ ਸਿੰਘ, ਕਰਨੈਲ ਸਿੰਘ, ਅਸ਼ੋਕ ਕਲਿਆਣ, ਹਰਜੀਤ ਸਿੰਘ ਨੂੰ ਨਵੀਂ ਮਿਲੀ ਜ਼ਿੰਮੇਵਾਰੀ ਕਾਰਨ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਹੋਰ ਸੀਨੀਅਰ ਲੀਡਰ ਵੀ ਮੌਜੂਦ ਸਨ।



## ਗੁਰਮਤਿ ਸਮਾਗਮ 14 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾਂ ਨੇੜੇ ਫਗਵਾੜਾ ਵਿਖੇ ਹੋਲੇ ਮਹੱਲੇ ਅਤੇ ਸੰਗਰਾਂਦ ਦੇ ਪਵਿੱਤਰ ਦਿਹਾੜੇ ਦੇ ਸੰਬੰਧ ਵਿੱਚ ਗੁਰਮਤਿ ਸਮਾਗਮ 14 ਮਾਰਚ ਦਿਨ ਸ਼ਨੀਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਸਥਾਨ ਦੇ ਮੁੱਖ ਸੇਵਾਦਾਰ ਸੰਤ ਗੁਰਚਰਨ ਸਿੰਘ ਨੇ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਪਾਠ ਦੇ ਭੋਗ ਪਾਏ ਜਾਣਗੇ, ਉਸ ਤੋਂ ਬਾਅਦ ਬਾਬਾ ਲਵਪ੍ਰੀਤ ਸਿੰਘ ਜੀ ਖਾਲਸਾ ਪੰਜਗਰਾਈ ਕਲਾਂ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ਤੇ ਸੰਗਤਾਂ ਨੂੰ ਇਸ ਦਿਨ ਦੀ ਮਹੱਤਤਾ ਤੋਂ ਜਾਣੂ ਕਰਵਾਉਣਗੇ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ।



## ਦੋਆਬਾ ਪਬਲਿਕ ਸਕੂਲ 'ਚ ਮਹਿਲਾ ਦਿਵਸ ਮਨਾਇਆ

**ਮਾਹਿਲਪੁਰ (ਸ.ਫਰੀ)**- ਦੋਆਬਾ ਪਬਲਿਕ ਸਕੂਲ ਦੋਹਲਰੋ (ਮਾਹਿਲਪੁਰ) ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ । ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਨੇ ਅਧਿਆਪਕਾਵਾਂ ਤੇ ਸਫਾਈ ਸੇਵਕਾਵਾਂ ਨੂੰ ਵਧਾਈ ਦਿੱਤੀ । ਇਸ ਮੌਕੇ ਇਸ ਦਿਨ ਦੀ ਮਹੱਤਤਾ ਬਾਰੇ ਦੱਸਦਿਆਂ ਸਕੂਲ ਦੇ ਸੰਸਥਾਪਕ ਬਲਵਿੰਦਰ ਕੌਰ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ । ਸੈਕਰੇਟਰੀ ਸੁਖਵਿੰਦਰ ਕੌਰ ਗਿੱਲ ਵਲੋਂ ਸਹਿਯੋਗੀ ਸਟਾਫ ਤੇ ਅਧਿਆਪਕਾਵਾਂ ਨੂੰ ਤੋਹਫ਼ੇ ਦਿੱਤੇ ਗਏ । ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ । ਮੈਨੇਜਮੈਂਟ ਦਾ ਸਮੂਹ ਸਟਾਫ ਵਲੋਂ ਧੰਨਵਾਦ ਕੀਤਾ ਗਿਆ ।



## ਪਹਿਲੀ ਵਾਰ ਬਲਾਕ ਸੰਮਤੀ ਡੇਰਾਬੱਸੀ 'ਤੇ ਆਮ ਆਦਮੀ ਪਾਰਟੀ ਦਾ ਕਬਜ਼ਾ

**ਡੇਰਾਬੱਸੀ, (ਵਿਨੈ ਕੁਮਾਰ ਜੈਨ)** ਡੇਰਾਬੱਸੀ ਬਲਾਕ ਸੰਮਤੀ 'ਤੇ ਪਹਿਲੀ ਵਾਰ ਆਮ ਆਦਮੀ ਪਾਰਟੀ ਨੇ ਕਬਜ਼ਾ ਕੀਤਾ ਹੈ। ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਮੌਜੂਦਗੀ ਵਿੱਚ ਹੋਈ ਚੋਣ ਦੌਰਾਨ ਪ੍ਰਦੀਪ ਸਚਦੇਵਾ ਨੂੰ ਬਲਾਕ ਸੰਮਤੀ ਡੇਰਾਬੱਸੀ ਦਾ ਚੈਅਰਮੈਨ ਅਤੇ ਸ਼੍ਰੀਮਤੀ ਗੀਤਾ ਰਾਣੀ ਨੂੰ ਵਾਈਸ ਚੇਅਰਪਰਸਨ ਚੁਣਿਆ ਗਿਆ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਦੋਵਾਂ ਨਵੇਂ ਚੁਣੇ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਦੋਵੇਂ ਹੀ ਆਗੂ ਡੇਰਾਬੱਸੀ ਹਲਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਣਗੇ।ਇਸ ਮੌਕੇ ਐਸ.ਡੀ.ਐਮ ਡੇਰਾਬੱਸੀ, ਬੀ.ਡੀ.ਪੀ.ਓ ਡੇਰਾਬੱਸੀ ਸਮੇਤ ਹੋਰ ਅਧਿਕਾਰੀ ਅਤੇ ਬਲਾਕ ਸੰਮਤੀ ਮੈਂਬਰ ਵੀ ਮੌਜੂਦ ਸਨ।ਅੰਤ ਵਿੱਚ ਵਿਧਾਇਕ ਰੰਧਾਵਾ ਨੇ ਚੁਣੇ ਗਏ ਚੈਅਰਮੈਨ, ਵਾਈਸ ਚੇਅਰਪਰਸਨ ਅਤੇ ਸਾਰੇ ਮੈਂਬਰਾਂ ਨੂੰ ਬਹੁਤ-ਬਹੁਤ ਮੁਬਾਰਕਬਾਦ ਦਿੱਤੀ।



## 245 ਲੈਕਚਰਾਰਾਂ ਨੂੰ ਰਿਵਰਟ ਕਰਨਾ ਵਿਭਾਗ ਦਾ ਵੱਡਾ ਧੱਕਾ : ਚੌਟਾਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕਾਮਰਸ ਵਿਸ਼ੇ ਦੇ 245 ਲੈਕਚਰਰਾਂ ਨੂੰ ਸਿੱਖਿਆ ਵਿਭਾਗ ਵਲੋਂ ਰਿਵਰਟ ਕੀਤੇ ਜਾਣ 'ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਨਿੰਦਿਆ ਕਰਦਿਆਂ ਕਿਹਾ ਕਿ ਇਸ ਧੱਕੇ ਨੂੰ ਕਿਸੇ ਵੀ ਹਾਲਤ 'ਚ ਸਹਿਣ ਨਹੀਂ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ 10-10 ਸਾਲ ਤੋਂ ਬਤੌਰ ਲੈਕਚਰਾਰ ਵਜੋਂ ਸੇਵਾਵਾਂ ਦੇ ਕਾਮਰਸ ਵਿਸ਼ੇ ਦੇ ਲੈਕਚਰਾਰਾਂ ਨੂੰ ਇਸ ਤਰ੍ਹਾਂ ਰਿਵਰਟ ਕਰਨਾ ਨਿਯਮਾਂ ਦੇ ਉਲਟ ਹੈ। ਵਿਭਾਗ ਨੇ ਨਿਯਮਾਂ ਦੇ ਉਲਟ ਜਾ ਕੇ ਇਹ ਫ਼ੈਸਲਾ ਕੀਤਾ ਹੈ, ਪਰ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਸ ਦਾ ਡਟ ਕੇ ਵਿਰੋਧ ਕਰੇਗੀ। ਆਗੂਆਂ ਨੇ ਕਿਹਾ ਕਿ ਰਿਵਰਟ ਕੀਤੇ ਜਾ ਰਹੇ ਲੈਕਚਰਾਰਾਂ ਨੂੰ ਹਰ ਹਾਲਤ ਵਿਚ ਇਨਸਾਫ਼ ਦਿਵਾਇਆ ਜਾਵੇਗਾ। ਮੀਟਿੰਗਾਂ ਦਾ ਸਮਾਂ ਦੇ ਕੇ ਸਰਕਾਰ ਭੱਜ ਰਹੀ ਹੈ। ਗੁਆਂਢੀ ਸੂਬਿਆਂ ਦੀਆਂ ਸਰਕਾਰਾਂ ਵਲੋਂ ਆਪਣੇ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਦਾ ਲਾਭ ਦਿੱਤਾ ਗਿਆ ਹੈ ਜਦ ਕਿ ਸਰਕਾਰ ਨੇ ਚੁੱਪੀ ਧਾਰੀ ਹੋਈ ਹੈ। ਡੀ ਏ ਦਾ 16 ਫ਼ੀਸਦੀ ਬਕਾਇਆ ਨਹੀਂ ਦਿੱਤਾ ਜਾ ਰਿਹਾ।



## ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕੌਮਾਂਤਰੀ ਮਹਿਲਾ ਦਿਵਸ ਤੇ ਸੈਮੀਨਾਰ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਵਾਈਸ ਚਾਂਸਲਰ ਪ੍ਰੋਫ਼ੈਸਰ (ਡਾ.) ਕਰਮਜੀਤ ਸਿੰਘ ਦੀ ਯੋਗ ਅਗਵਾਈ ਅਧੀਨ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋਫ਼ੈਸਰ (ਡਾ.) ਸਰੋਜ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੌਮਾਂਤਰੀ ਮਹਿਲਾ ਦਿਵਸ ਮੌਕੇ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਕਵਿਤਾ, ਭਾਸ਼ਣ, ਸਲੋਗਨ ਅਤੇ ਗੀਤ ਆਦਿ ਰਾਹੀਂ ਇਸ ਵਿਸ਼ੇਸ਼ ਮੌਕੇ ਸੰਸਾਰ ਭਰ ਦੇ ਵਿਕਾਸ ਵਿੱਚ ਇਸਤਰੀਆਂ ਦੇ ਆਦਿ ਕਾਲ ਤੋਂ ਲੈ ਕੇ ਹੁਣ ਤੱਕ ਦੇ ਚੁਣੌਤੀਆਂ ਭਰਪੂਰ ਤੇ ਸੰਘਰਸ਼ਮਈ ਜੀਵਨ ਤੋਂ ਸਭ ਨੂੰ ਜਾਣੂ ਕਰਵਾਇਆ। ਇਸ ਮੌਕੇ ਡਾ. ਸੁਮਨੀਤ ਕੌਰ (ਐਸੋਸੀਏਟ ਪ੍ਰੋਫ਼ੈਸਰ, ਅੰਗਰੇਜ਼ੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮਿਸ ਸੁਨਵਯਾ ਕੌਰ ਪਾਹਵਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਹਾਜ਼ਰ ਮਹਿਮਾਨ ਦਾ ਸਵਾਗਤ ਕਾਲਜ ਇੰਚਾਰਜ ਜੌਹਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਕੀਤਾ ਗਿਆ। ਮੁੱਖ ਮਹਿਮਾਨ ਡਾ. ਸੁਮਨੀਤ ਕੌਰ ਨੇ ਮਹਿਲਾਵਾਂ ਦੀ ਸਮਾਨਤਾ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਦੀ ਮਹੱਤਤਾ 'ਤੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਮਹਿਲਾਵਾਂ ਦੀ ਭੂਮਿਕਾ, ਹੱਕਾਂ ਅਤੇ ਉਨ੍ਹਾਂ ਦੀ ਅੱਗੇ ਵਧਣ ਦੀ ਮਹੱਤਤਾ 'ਤੇ ਚਰਚਾ ਕੀਤੀ। ਵਿਸ਼ੇਸ਼ ਮਹਿਮਾਨ ਮਿਸ ਸੁਨਵਯਾ ਕੌਰ ਪਾਹਵਾ ਨੇ ਆਪਣੇ ਜੀਵਨ ਤਜਰਬਿਆਂ ਅਤੇ ਲੇਖਕ ਬਣਨ ਤੱਕ ਦੀਆਂ ਔਕੜਾਂ ਅਤੇ ਸਫ਼ਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਉਹਨਾਂ ਨੇ ਵਿਦਿਆਰਥੀਆਂ ਨੂੰ ਮਹਿਲਾਵਾਂ ਦੇ ਕਾਨੂੰਨੀ ਹੱਕਾਂ ਤੋਂ ਜਾਗਰੂਕ ਕੀਤਾ ਉਥੇ ਹੀ ਆਪਣੇ ਨਿੱਜੀ ਤਜਰਬਿਆਂ ਨੂੰ ਸਾਂਝਾ ਕਰਦਿਆਂ ਜੀਵਨ ਵਿੱਚ ਹਮੇਸ਼ਾ ਅੱਗੇ ਵਧਣ ਲਈ ਪ੍ਰੇਰਿਆ।ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਦੀਆਂ ਸਾਰਿਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਕਿਸੇ ਦੇਸ਼ ਦੀ ਤਰੱਕੀ ਦਾ ਅਨੁਮਾਨ ਉਸ ਦੇਸ਼ ਦੀਆਂ ਔਰਤਾਂ ਦੀ ਸਮਾਜਿਕ ਸਥਿਤੀ ਤੋਂ ਲਾਇਆ ਜਾਂਦਾ ਹੈ ਉਸ ਨੂੰ ਕਿਹੜੇ ਅਧਿਕਾਰ ਪ੍ਰਾਪਤ ਹਨ ਤੇ ਉਹ ਕਿੱਥੋਂ ਤੱਕ ਉਸ ਦੇ ਸਰਬਪੱਖੀ ਵਿਕਾਸ ਵਿੱਚ ਸਹਾਇਕ ਸਿੱਧ ਹੁੰਦੇ ਹਨ। ਉਨ੍ਹਾਂ ਨੇ ਦੱਸਿਆ ਕਿ ਸਾਡੇ ਕਾਲਜ ਵਿੱਚ ਵਿਦਿਆਰਥਣਾਂ ਨੂੰ ਹਮੇਸ਼ਾ ਆਤਮ ਨਿਰਭਰ ਬਣਨ ਅਤੇ ਹਰੇਕ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਇਸ ਦੌਰਾਨ ਕਾਲਜ ਦੇ ਸਮੂਹ ਵਿਭਾਗਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ।



## ਭਾਜਪਾ ਦੀ ਬਦਲਾਅ ਰੈਲੀ ਲਈ ਲੋਕ ਪੱਬਾਂ ਭਾਰ



**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਗੜ੍ਹੀ ਸਰਕਲ ਦੇ ਸੀਨੀਅਰ ਆਗੂਆਂ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਭਾਜਪਾ ਨਵਾਂਸ਼ਹਿਰ ਸ੍ਰੀ ਰਾਜਵਿੰਦਰ ਸਿੰਘ ਲੱਕੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਆਉਣ ਵਾਲੀ 14 ਮਾਰਚ ਨੂੰ ਮੋਗਾ ਵਿਖੇ ਭਾਜਪਾ ਪੰਜਾਬ ਵੱਲੋਂ ਹੋਣ ਵਾਲੀ ਬਦਲਾਵ ਰੈਲੀ, ਜਿਸ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ, ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣਾ ਸੀ।ਮੀਟਿੰਗ ਦੌਰਾਨ ਰੈਲੀ ਦੀਆਂ ਤਿਆਰੀਆਂ, ਸੰਗਠਨਕ ਪ੍ਰਬੰਧ, ਬੂਥ ਅਤੇ ਮੰਡਲ ਪੱਧਰ 'ਤੇ ਵਰਕਰਾਂ ਦੀ ਮੋਬਿਲਾਈਜ਼ੇਸ਼ਨ ਅਤੇ ਹੋਰ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਇਹ ਬਦਲਾਵ ਰੈਲੀ ਪੰਜਾਬ ਵਿੱਚ ਭਾਜਪਾ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਤੱਕ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸ ਦੇ ਵਿਜ਼ਨ ਨੂੰ ਪਹੁੰਚਾਉਣ ਲਈ ਮਹੱਤਵਪੂਰਨ ਹੈ। ਉਨ੍ਹਾਂ ਨੇ ਸਾਰੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਕਜੁੱਟ ਹੋ ਕੇ ਇਸ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਜਪਾ ਬਲਾਚੌਰ ਸ਼ਹਿਰੀ ਸਰਕਲ ਦੇ ਜਸਵੰਤ ਸਿੰਘ ਕੰਗਣਾ, ਦਫ਼ਤਰ ਇੰਚਾਰਜ ਨਰਿੰਦਰ ਨਾਥ ਸੂਦਨ, ਪੰਕਜ਼ ਕੁਮਾਰ, ਹਰਮੇਸ਼ ਸ਼ਰਮਾ, ਕਸ਼ਮੀਰੀ ਲਾਲ, ਸੰਜੀਵ ਜੱਤਪੁਰ, ਪਰਮਜੀਤ ਸੁਧੇਰਾ, ਚੰਦਨ ਰਾਣਾ, ਸਰਵਣ ਕੁਮਾਰ ਹੇਡੋਂ, ਪਰਵੀਨ ਕਟਾਰੀਆ, ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਇਨਕਲਾਬੀ ਰਵਾਇਤਾਂ ਨਾਲ 6ਵੀਂ ਸੂਬਾ ਕਾਨਫ਼ਰੰਸ ਆਰੰਭ

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਧਾਰਮਿਕ ਕੱਟੜਤਾ ਨੂੰ ਕਿਸੇ ਵੀ ਤਰ੍ਹਾਂ ਵਾਜਬ ਨਹੀਂ ਠਹਿਰਾਇਆ ਜਾ ਸਕਦਾ ਪਰ ਕਿਸੇ ਨੂੰ ਕੋਈ ਹੱਕ ਨਹੀਂ ਕਿ ਉਸ ਨੂੰ ਮਾਰ ਦਿੱਤਾ ਜਾਵੇ। ਅਮਰੀਕਨ ਸਾਮਰਾਜ ਵਲੋਂ ਜਿਸ ਢੰਗ ਨਾਲ ਤੇਲ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਦੁਨੀਆ ਭਰ 'ਚ ਜੰਗ ਥੋਪੀ ਜਾ ਰਹੀ ਹੈ, ਇਸ ਦੀ ਤਾਜ਼ਾ ਮਿਸਾਲ ਇਰਾਨ ਦੀ ਹੈ। ਇਸ ਤੋਂ ਪਹਿਲਾ ਅਮਰੀਕਰਨ ਸਾਮਰਾਜ ਵੈਂਜ਼ੂਏਲਾ ਦੇ ਰਾਸ਼ਟਰਪਤੀ ਨੂੰ ਕਾਬੂ ਕਰਕੇ ਆਪਣੇ ਦੇਸ਼ ਲੈ ਗਿਆ। ਗਰੀਨਲੈਂਡ 'ਤੇ ਵੀ ਕਬਜ਼ੇ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਇਹ ਸ਼ਬਦ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਇਥੇ ਆਰੰਭ ਹੋਏ ਛੇਵੇਂ ਸੂਬਾ ਜਥੇਬੰਦਕ ਇਜਲਾਸ ਦੇ ਪਹਿਲੇ ਦਿਨ ਉਦਘਾਟਨ ਕਰਦਿਆਂ ਸਭਾ ਦੇ ਫਾਊਂਡਰ ਜਨਰਲ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਹੇ। ਉਨ੍ਹਾ ਕਿਹਾ ਕਿ ਅਮਰੀਕਾ ਟੈਰਿਫ ਲਾਉਂਦਿਆਂ ਸਾਡੇ ਦੇਸ਼ ਦੇ 'ਤੇ ਵੀ ਟੈਕਸ ਲਾ ਰਿਹਾ ਹੈ, ਸਾਡੇ ਦੇਸ਼ ਦੇ ਹਾਕਮ ਚੁੱਪ ਕਰਕੇ ਬੈਠੇ ਹਨ। ਭਾਰਤ ਆਪਣੀ ਜ਼ਰੂਰਤ ਲਈ ਤੇਲ ਰੂਸ ਤੋਂ ਲਵੇ ਕਿ ਨਾ ਲਵੇ, ਇਸ ਦਾ ਫ਼ੈਸਲਾ ਅਮਰੀਕਾ ਕਰ ਰਿਹਾ ਹੈ। ਜਾਮਾਰਾਏ ਨੇ ਕਿਹਾ ਦੇਸ਼ ਦੇ ਅੰਦਰ ਘੱਟ ਗਿਣਤੀਆਂ 'ਤੇ ਹਮਲੇ ਪਹਿਲਾ ਨਾਲੋ ਵਧੇ ਹਨ। ਇਸ ਅਰਸੇ ਦੌਰਾਨ ਦਲਿਤਾਂ ਉਪਰ ਵੀ ਅੱਤਿਆਚਾਰ ਵਧੇ ਹਨ। ਸਾਥੀ ਜਾਮਾਰਾਏ ਨੇ ਨੌਜਵਾਨਾਂ ਨੂੰ ਸਾਮਰਾਜ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੰਦਿਆਂ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਇਸ ਤੋਂ ਪਹਿਲਾ ਇਸ ਇਜਲਾਸ ਨੂੰ ਕਾਮਯਾਬ ਕਰਨ ਲਈ ਬਣਾਈ ਸਵਾਗਤੀ ਕਮੇਟੀ ਵਲੋਂ ਸਾਥੀ ਸ਼ਿਵ ਤਲਵਾੜਾ ਨੇ ਪ੍ਰਾਂਤ ਭਰ 'ਚੋਂ ਆਏ ਡੈਲੀਗੇਟਾਂ ਨੂੰ ਜੀ ਆਇਆਂ ਆਖਦਿਆਂ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਵਾਲੀ ਜਥੇਬੰਦੀ ਬਣਾਉਣ ਦਾ ਸੱਦਾ ਦਿੱਤਾ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਇਸ ਇਜਲਾਸ ਲਈ ਵਸਾਏ ਨਗਰ ਦਾ ਨਾਂ ਮਹਾਨ ਦੇਸ਼ ਭਗਤ ਪੰਡਤ ਕਿਸ਼ੋਰੀ ਲਾਲ ਦੀ ਯਾਦ 'ਚ ਰੱਖਿਆ ਗਿਆ ਅਤੇ ਹਾਲ ਦਾ ਨਾਮ ਸੋਹਣ ਸਿੰਘ ਢੇਸੀ ਦੇ ਨਾਮ 'ਤੇ ਰੱਖਿਆ ਗਿਆ। ਇਜਲਾਸ ਦੀ ਪ੍ਰਧਾਨਗੀ ਸਾਥੀ ਮਨਜਿੰਦਰ ਸਿੰਘ ਢੇਸੀ, ਜਤਿੰਦਰ ਫਰੀਦਕੋਟ, ਸੁਲੱਖਣ ਸਿੰਘ ਤੁੜ, ਜੱਗਾ ਸਿੰਘ ਅਜਨਾਲਾ, ਰਵਿੰਦਰ ਲੋਹਗੜ੍ਹ ਨੇ ਕੀਤੀ। ਸੰਚਾਲਨ ਕਮੇਟੀ ਵਜੋਂ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ, ਐਡਵੋਕੇਟ ਅਜੈ ਫਿਲੌਰ, ਗਗਨਦੀਪ, ਲਾਜਲ ਲਾਖਣਾ, ਮਨਪ੍ਰੀਤ ਜੌਸ ਮੁਹਾਰ ਮੰਚ 'ਤੇ ਸ਼ਸ਼ੋਭਿਤ ਸਨ। ਆਰੰਭ 'ਚ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦਿਆ ਝੰਡਾ ਲਹਿਰਾਉਣ ਦੀ ਰਸਮ ਸੂਬਾ ਪ੍ਰਧਾਨ ਮਨਜਿੰਦਰ ਢੇਸੀ ਨੇ ਨਿਭਾਈ। ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ ਨੇ ਪਿਛਲੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ।



# ਡੀ ਸੀ ਵੱਲੋਂ ਨਹਿਰਾਂ, ਡਰੇਨਾਂ ਦੀ ਸਫਾਈ ਦੇ ਨਿਰਦੇਸ਼

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਆਉਣ ਵਾਲੇ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹੇ ਵਿੱਚ ਕੀਤੇ ਜਾ ਰਹੇ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਸਬੰਧੀ ਇਥੇ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਬਰਸਾਤ ਤੋਂ ਪਹਿਲਾਂ-ਪਹਿਲਾਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਮਾਨਸੂਨ ਦੌਰਾਨ ਜੇਕਰ ਕੋਈ ਸੰਕਟ ਵਰਗੀ ਸਥਿਤੀ ਪੈਦਾ ਹੁੰਦੀ ਹੈ ਤਾਂ ਉਸ ਨਾਲ ਸਹੀ ਢੰਗ ਨਾਲ ਨਿਪਟਿਆ ਜਾ ਸਕੇ। ਉਨ੍ਹਾਂ ਨਹਿਰਾਂ, ਡਰੇਨਾਂ ਦੀ ਸਾਫ-ਸਫਾਈ, ਗਾਰ ਕੱਢਣ ਅਤੇ ਨਹਿਰਾਂ ਦੇ ਨਾਜ਼ੁਕ ਕਿਨਾਰਿਆਂ ਨੂੰ ਮਜ਼ਬੂਤ ਕਰਨ ਦੇ ਕੰਮ ਨੂੰ ਤਰਜੀਹ ਦੇ ਆਧਾਰ 'ਤੇ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਕੀਤੀਆਂ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਧੁੱਸੀ ਬੰਨ੍ਹ ਦੇ ਨਾਲ ਲੱਗਦੇ ਸੰਵੇਦਨਸ਼ੀਲ ਤੇ ਨਾਜ਼ੁਕ ਇਲਾਕਿਆਂ ਦੀ ਪਛਾਣ ਕੀਤੀ ਜਾਵੇ, ਖ਼ਾਸ ਕਰ ਕੇ ਪਿਛਲੇ ਸਾਲ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ, ਤਾਂ ਜੋ ਅਜਿਹੇ ਖੇਤਰਾਂ ਵਿੱਚ ਹੜ੍ਹਾਂ ਤੋਂ ਬਚਾਅ ਸਬੰਧੀ ਲੋੜੀਂਦੇ ਬੰਦੋਬਸਤ ਸਮਾਂ ਰਹਿੰਦੇ ਹੀ ਕੀਤੇ ਜਾ ਸਕਣ। ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਹੁਰਾਉਂਦਿਆਂ ਡਾ. ਅਗਰਵਾਲ ਨੇ ਪਹਿਲਾਂ ਤੋਂ ਪੁਖ਼ਤਾ ਪ੍ਰਬੰਧ ਮੁਕੰਮਲ ਕਰਨ 'ਤੇ ਜ਼ੋਰ ਦਿੱਤਾ। ਡਿਪਟੀ ਕਮਿਸ਼ਨਰ ਨੇ ਵੇਈਂ ਦੀ ਸਫਾਈ ਤੇ ਸੰਵੇਦਨਸ਼ੀਲ ਕਿਨਾਰਿਆਂ ਦੀ ਮਜ਼ਬੂਤੀ 'ਤੇ ਵੀ ਜ਼ੋਰ ਦਿੱਤਾ ਤਾਂ ਜੋ ਮਾਨਸੂਨ ਦੌਰਾਨ ਵੇਈਂ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਪਾਣੀ ਭਰਨ ਵਰਗੀ ਕੋਈ ਸਥਿਤੀ ਪੈਦਾ ਨਾ ਹੋਵੇ।

## ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦਾ ਐਲਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਬਜਟ ਸੈਸ਼ਨ ਦੌਰਾਨ ਪੰਜਾਬ ਸਰਕਾਰ ਵੱਲੋਂ ਵੱਡਾ ਐਲਾਨ ਕਰਦਿਆਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦੇ ਤਹਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਐਲਾਨ ਨਾਲ ਸੂਬੇ ਭਰ ਦੀਆਂ ਮਹਿਲਾਵਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ, ਜਦਕਿ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿੱਚ ਇਸ ਮੌਕੇ ਦਾ ਮਾਹੌਲ ਪੂਰੀ ਤਰ੍ਹਾਂ ਜਸ਼ਨ ਵਿੱਚ ਤਬਦੀਲ ਹੋ ਗਿਆ।ਸੁਲਤਾਨਪੁਰ ਲੋਧੀ ਦੇ ਵੱਖ-ਵੱਖ ਇਲਾਕਿਆਂ ਵਿੱਚ ਮਹਿਲਾਵਾਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਲੱਡੂ ਵੰਡੇ ਗਏ ਅਤੇ ਢੋਲ ਦੀ ਥਾਪ 'ਤੇ ਨੱਚ ਕੇ ਜਸ਼ਨ ਮਨਾਇਆ ਗਿਆ। ਮਹਿਲਾਵਾਂ ਨੇ ਇਕ ਦੂਜੇ ਨੂੰ ਮਿਠਾਈ ਖਿਲਾ ਕੇ ਆਪਣੀ ਖ਼ੁਸ਼ੀ ਸਾਂਝੀ ਕੀਤੀ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਮਹਿਲਾਵਾਂ ਨੇ ਕਿਹਾ ਕਿ ਇਹ ਯੋਜਨਾ ਘਰੇਲੂ ਆਰਥਿਕ ਹਾਲਾਤਾਂ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ ਤੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਕੀਤਾ ਗਿਆ ਇਹ ਫੈਸਲਾ ਬਹੁਤ ਸਰਾਹਣਯੋਗ ਹੈ। ਮਹਿਲਾਵਾਂ ਨੇ ਢੋਲ ਦੀਆਂ ਧੁਨਾਂ 'ਤੇ ਨੱਚਦੇ ਹੋਏ ਅਤੇ ਲੱਡੂ ਵੰਡਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਅਤੇ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸ਼ਹਿਰ ਵਿੱਚ ਕਈ ਥਾਵਾਂ 'ਤੇ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਮਹਿਲਾਵਾਂ ਨੇ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੀ ਇੱਜ਼ਤ ਅਤੇ ਸਤਿਕਾਰ ਨੂੰ ਹੋਰ ਮਜ਼ਬੂਤ ਕਰੇਗੀ।

## ਆਓ ਕਾਮਨ ਸਕੂਲ ਪ੍ਰਣਾਲੀ ਲਾਗੂ ਕਰਵਾਉਣ ..... (ਸਫ਼ਾ 4 ਦਾ ਬਾਕੀ)

ਸਰਕਾਰਾਂ ਨੇ ਸਥਾਪਤ ਸਿੱਖਿਆ ਪ੍ਰਣਾਲੀ ਲਈ ਬਜਟਾਂ ਵਿੱਚ ਕੱਟਾਂ ਲਾਈਆਂ, ਲੋੜ ਤੋਂ ਘੱਟ ਫੰਡ ਪ੍ਰਦਾਨ ਕੀਤੇ।

28 ਨਵੰਬਰ 2001, ਭਾਰਤ ਦੇ ਇਤਿਹਾਸ ਦਾ ਮਨਹੂਸ ਦਿਨ ਹੋ ਨਿਬੜਿਆ, ਜਦੋਂ ਸਿੱਖਿਆ ਸੰਬੰਧੀ 93ਵਾਂ ਵਿਧਾਨਕ ਸੋਧ-ਬਿਲ ਪਾਸ ਕੀਤਾ ਗਿਆ, ਜਿਸ ਵਿੱਚ ਇੱਕ ਪਾਸੇ ਦੇਸ਼ ਦੇ 6-14 ਆਯੂ ਗੁੱਟ ਦੇ ਬੱਚਿਆਂ ਲਈ ਐਲੀਮੈਂਟਰੀ ਸਿੱਖਿਆ ਮੁਢਲਾ ਵਿਧਾਨਕ ਹੱਕ ਬਣਾਇਆ ਗਿਆ, ਦੂਜੇ ਪਾਸੇ ਇਸ ਬਿੱਲ ਦੀ ਧਾਰਾ 51.ਕੇ ਅਧੀਨ ਬੱਚਿਆਂ ਨੂੰ ਸਿੱਖਿਆ ਦੇਣ ਦੇ ਅਵਸਰ ਪ੍ਰਦਾਨ ਕਰਨ ਦੀ ਜ਼ਿੰਮੇਵਾਰੀ ਮਾਪਿਆਂ ਉੱਪਰ ਪਾਈ ਗਈ।ਇਸੇ ਵਿਧਾਨਕ ਸੋਧ ਦੀ ਧਾਰਾ 21.ਏ 'ਤੇ ਅਮਲ ਕਰਦਿਆਂ ਕੇਂਦਰ ਸਰਕਾਰ ਨੇ ਵਿਦੇਸ਼ੀ ਦਾਨ ਜਾਂ ਸ਼ਰਤਾਂ ਅਧੀਨ ਅਖੌਤੀ ਸਸਤੀ ਸਹਾਇਤਾ ਉਪਰ ਅਧਾਰਤ ਸਕੀਮਾਂ ਅਧੀਨ ਡੀ.ਪੀ.ਈ.ਪੀ ਸਿੱਖਿਆ ਕਰਮੀ ਸਕੀਮ ਆਦਿ ਨੂੰ ਇਕੱਠਿਆਂ ਕਰਕੇ ਇੱਕ ਪ੍ਰੋਜੈਕਟ ਸਰਬ ਸਿੱਖਿਆ ਅਭਿਆਨ ਦੇ ਨਾਂਅ 'ਤੇ ਬਣਾ ਦਿੱਤਾ ਅਤੇ ਪੂਰੇ ਜ਼ੋਰ ਦੇ ਪ੍ਰਚਾਰ ਉਪਰੰਤ ਇਸ ਨੂੰ ਦਸਵੀਂ ਪੰਜ ਸਾਲਾ ਯੋਜਨਾ ਵਿੱਚ ਸ਼ਾਮਲ ਕਰ ਲਿਆ ਗਿਆ।

ਸਰਬ-ਸਿੱਖਿਆ ਅਭਿਆਨ ਸਾਖਰਤਾ ਵਧਾਉਣ ਦਾ 2010-2014 ਤੱਕ ਦਾ ਪ੍ਰੋਜੈਕਟ ਮਿੱਥਿਆ ਗਿਆ ਸੀ, ਜਿਸ ਅਧੀਨ ਗੈਰ-ਰਸਮੀ ਸਕੂਲੀ ਵਿੱਦਿਆ ਨੂੰ ਪਹਿਲ ਦਿੱਤੀ ਗਈ ਹੈ ਅਤੇ ਅਧਿਆਪਕਾਂ ਦੀ ਭਰਤੀ ਠੇਕੇ 'ਤੇ ਹੀ ਕੀਤੀ ਜਾਣੀ ਹੈ।

ਇਸ ਤੋਂ ਪਹਿਲਾਂ 1996-97 ਵਿੱਚ ਕੇਂਦਰੀ ਸਰਕਾਰ ਵੱਲੋਂ 6-14 ਆਯੂ ਗੁੱਟ ਦੇ ਦੇਸ਼ ਦੇ ਸਾਰੇ ਬੱਚਿਆਂ ਲਈ ਮੁਢਲੀ, ਜ਼ਰੂਰੀ ਅਤੇ ਚੰਗੀ ਸਿੱਖਿਆ ਦੇਣ ਲਈ ਲੋੜੀਂਦੇ ਖਰਚਿਆਂ ਦੇ ਅਨੁਮਾਨ ਲਈ ਬਣਾਈ ਮਾਜੂਮਦਾਰ ਕਮੇਟੀ ਨੇ ਸਿਫਾਰਸ਼ ਕੀਤੀ ਸੀ ਕਿ ਦੇਸ਼ ਦੇ ਸਕੂਲਾਂ ਤੋਂ ਬਾਹਰ ਰਹਿ ਗਏ ਜਾਂ ਸਕੂਲ ਛੱਡ ਗਏ 6-14 ਸਾਲ ਆਯੂ ਗੁੱਟ ਦੇ 8 ਕਰੋੜ ਬੱਚਿਆਂ ਲਈ ਆਉਂਦੇ ਦਸ ਸਾਲ ਤੱਕ 14000 ਕਰੋੜ ਰੁਪਏ ਪ੍ਰਤੀ ਸਾਲ ਦੀ ਲੋੜ ਹੋਵੇਗੀ। ਇਹ ਖਰਚੇ ਦੇਸ਼ ਦੀ ਕੁਲ ਜੀ.ਡੀ.ਪੀ ਦਾ ਕੇਵਲ 0.78 ਫੀਸਦੀ ਭਾਵ ਕਿ ਇੱਕ ਸੌ ਰੁਪਏ ਪਿੱਛੇ ਕੇਵਲ 78 ਪੈਸੇ ਬਣਦੀ ਸੀ, ਵੀ ਦੇਣ ਲਈ ਕੇਂਦਰ ਸਰਕਾਰ ਤਿਆਰ ਨਾ ਹੋਈ, ਸਗੋਂ ਉਨ੍ਹਾਂ ਲਈ ਸਥਾਪਤ ਪ੍ਰਾਇਮਰੀ/ਐਲੀਮੈਂਟਰੀ ਸਕੂਲਾਂ ਦੀ ਥਾਂ ਸਰਬ-ਸਿੱਖਿਆ-ਅਭਿਆਨ ਰਾਹੀਂ ਸਸਤੀ ਅਤੇ ਨੀਵੇਂ ਪੱਧਰ ਦੀ ਕੇਵਲ ਸਾਖਰਤਾ, ਜਿਸ ਰਾਹੀਂ ਉਹ ਕੇਵਲ ਆਪਣਾ ਨਾਂਅ ਆਦਿ ਲਿਖ ਅਤੇ ਪੜ੍ਹ ਸਕਣਗੇ, ਧਾਰਨ ਕਰਨ ਦੇ ਰਾਹ ਪੈ ਗਈ ਤਾਂ ਜੋ ਸੰਸਾਰ ਬੈਂਕ ਤੋਂ ਸ਼ਾਬਾਸ਼ ਲਈ ਜਾ ਸਕੇ।

ਭਾਰਤ ਦੇ ਚੇਤੰਨ ਸ਼ਹਿਰੀਆਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਨੁੱਖੀ ਵਿਕਾਸ ਨੂੰ ਪ੍ਰਣਾਏ ਬੁੱਧੀਜੀਵੀਆਂ ਵੱਲੋਂ ਜ਼ੋਰਦਾਰ ਢੰਗ ਨਾਲ ਆਵਾਜ਼ ਬੁਲੰਦ ਕਰਨ ਦੀ ਲੋੜ ਹੈ ਕਿ ਦੇਸ਼ ਦੇ ਕਰੋੜਾਂ ਬੱਚਿਆਂ ਦੀ ਮੁੱਢਲੀ ਜ਼ਰੂਰੀ ਸਿੱਖਿਆ ਇੱਕ ਵਾਰ ਫਿਰ ਸਾਬੋਤਾਜ ਹੋ ਗਈ ਹੈ।ਇਹ ਆਵਾਜ਼ ਵੀ ਬੁਲੰਦ ਕਰਨੀ ਪਵੇਗੀ ਕਿ ਅਗਾਮੀ ਸਰਕਾਰ ਚੋਣ ਮੈਨੀਫੈਸਟੋ ਵਿੱਚ 18 ਸਾਲ ਦੀ ਉਮਰ ਗੁੱਟ ਦੇ ਬੱਚਿਆਂ ਲਈ ਚੋਣ ਮੈਨੀਫੈਸਟੋ ਅਤੇ ਸਾਂਝੇ ਘੱਟੋ-ਘੱਟ ਪ੍ਰੋਗਰਾਮ ਲਾਗੂ ਕਰਨ ਲਈ ਸੰਜੀਦਾ ਹੋਵੇ।

ਇੱਕ ਅਧਿਆਪਕ ਸਕੂਲਾਂ ਨੂੰ ਇੱਕ ਤੋਂ ਵੱਧ ਅਧਿਆਪਕ ਵਾਲੇ ਸਕੂਲ ਵਿੱਚ ਰਲੇਵਾਂ ਕਰਨ ਦੀ ਬਜਾਏ ਸਰਕਾਰ ਨੂੰ ਚਾਹੀਦਾ ਹੈ ਕਿ ਇੱਕ ਅਧਿਆਪਕ ਸਕੂਲਾਂ ਵਿੱਚ ਹੋਰ ਅਧਿਆਪਕ ਭਰਤੀ ਕਰਕੇ ਅਧਿਆਪਕਾਂ ਦੀ ਘਾਟ ਪੂਰੀ ਕੀਤੀ ਜਾਵੇ, ਨਾ ਕਿ ਅਧਿਆਪਕਾਂ ਦੀ ਘਾਟ ਕਾਰਨ ਸਕੂਲ ਘੱਟ ਕੀਤੇ ਜਾਣ ।

ਜਦੋਂ ਵੋਟ 18 ਸਾਲ ਦੀ ਉਮਰ ਪ੍ਰਾਪਤ ਕਰਨ ਉਪਰੰਤ ਬਣਦੀ ਹੈ ਅਤੇ ਬਾਲਗ 18 ਸਾਲ ਦੀ ਉਮਰ ਪ੍ਰਾਪਤ ਕਰਨ ਉਪਰੰਤ ਮੰਨਿਆ ਜਾਂਦਾ ਹੈ ਤਾਂ ਮੁਫਤ ਲਾਜ਼ਮੀ ਤੇ ਮਿਆਰੀ ਸਿੱਖਿਆ ਗ੍ਰਹਿਣ ਕਰਨ ਦੀ ਉਮਰ 06 ਤੋਂ 18 ਸਾਲ ਦੀ ਹੋਣੀ ਚਾਹੀਦੀ ਹੈ।

ਮੁਲਕ ਆਜ਼ਾਦੀ ਪ੍ਰਾਪਤੀ ਉਪਰੰਤ ਵਿੱਦਿਆ ਦੀ ਨੀਤੀ ਦਾ ਆਗਾਜ਼ ਬਹੁਤ ਸ਼ਾਨਦਾਰ ਸੀ, ਪ੍ਰੰਤੂ ਜਿਵੇਂ ਹੀ ਹੁਕਮਰਾਨ ਸਰਮਾਏਦਾਰਾਂ ਦੇ ਹੱਥਾਂ ਦੀਆਂ ਕਠਪੁਤਲੀਆਂ ਬਣ ਗਏ ਤਾਂ ਸ਼ਾਨਦਾਰ ਵਿੱਦਿਆ ਨੀਤੀ ਤੋਂ ਸਰਮਾਏਦਾਰਾ ਪੱਖੀ ਵਿੱਦਿਆ ਨੀਤੀਆਂ ਵਿੱਚ ਤਬਦੀਲ ਹੋਣੀਆਂ ਸ਼ੁਰੂ ਹੋ ਗਈਆਂ।ਵਿੱਦਿਆ ਨੀਤੀਆਂ ਵਿੱਚ ਆਦਰਸ਼ ਸਕੂਲ, ਪ੍ਰਾਈਵੇਟਕਰਨ, ਵਪਾਰੀਕਰਨ, ਵਿਸ਼ਿਸ਼ਟ ਵਰਗ ਦੇ ਵੱਖ ਸਕੂਲ ਰਮਸਾ ਸਕੂਲ, ਪੀ.ਐਮ. ਸ਼੍ਰੀ. ਸਕੂਲ, ਜਵਾਹਰ ਨਵੋਦਿਆ ਸਕੂਲ, ਐਮੀਨੈਂਸ ਸਕੂਲ, ਧਾਰਮਿਕ ਸਕੂਲ, ਪਬਲਿਕ ਸਕੂਲ, ਏਅਰਟੈੱਲ ਦੇ ਸਕੂਲ ਆਦਿ ਕਿੰਨੇ ਹੀ ਤਰ੍ਹਾਂ ਦੇ ਸਕੂਲ ਬਣਾ ਦਿੱਤੇ ਗਏ ਹਨ, ਪ੍ਰੰਤੂ ਜਿੱਥੇ ਹਰ ਵਰਗ ਨੂੰ ਸੰਤੁਸ਼ਟੀਜਨਕ ਸਿੱਖਿਆ ਪ੍ਰਾਪਤ ਹੋ ਸਕੇ, ਉਹ ਸਕੂਲ ਨਹੀਂ ਮਿਲਦੇ। ਸਰਕਾਰ ਨੂੰ ਚਾਹੀਦਾ ਹੈ ਕਿ ਇੱਕੋ ਹੀ ਤਰ੍ਹਾਂ ਦੇ ਸਭ ਸਰਕਾਰੀ ਸਕੂਲ ਹੋਣੇ ਚਾਹੀਦੇ ਹਨ, ਜਿੱਥੇ ਇੱਕ ਗਰੀਬ ਮਜ਼ਦੂਰ ਦੇ ਬੱਚੇ ਤੋਂ ਲੈ ਕੇ ਮੁਲਾਜ਼ਮ, ਆਈ.ਏ.ਐੱਸ. ਆਫਸਰ, ਵਿਧਾਇਕ, ਸਾਂਸਦ, ਮੁੱਖ ਮੰਤਰੀ, ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਤੱਕ ਦੇ ਬੱਚੇ ਇਹਨਾਂ ਸਕੂਲਾਂ ਵਿੱਚ ਵਿੱਦਿਆ ਗ੍ਰਹਿਣ ਕਰਨ ਤਾਂ ਹੀ ਇੱਕਸਾਰਤਾ ਲਿਆਂਦੀ ਜਾ ਸਕਦੀ ਹੈ।

ਸਿੱਖਿਆ ਉਹ ਜੋ ਸਿਖਿਆਰਥੀਆਂ ਨੂੰ ਸਮਾਜ ਦੀਆਂ ਅਸਲ ਲੋੜਾਂ ਨਾਲ ਜੋੜੇ, ਵਿੱਦਿਆ ਉਹ, ਜੋ ਵਿਦਿਆਰਥੀਆਂ ਨੂੰ ਦੇਸ਼ ਚਲਾਉਣ ਵਾਲੇ ਸ਼ਾਨਦਾਰ ਚਮਕਦੇ ਮੱਥਿਆਂ ਵਾਲੇ ਮਨੁੱਖ ਅਤੇ ਦਾਰਸ਼ਨਿਕ ਦੇਵੇ।

# ਸੰਪਰਕ: 96464-14464

## ਕਰੰਟ ਲੱਗਣ ਕਾਰਨ ਅਪਾਹਜ ਹੋਏ ਨੌਜਵਾਨ ਨੂੰ ਆਰਟੀਫਿਸ਼ਲ ਹੱਥਾਂ ਦੀ ਸੇਵਾ ਕਰਵਾਈ

**ਕਾਲਾ ਸੰਘਿਆਂ (ਮਨਜੀਤ ਮਾਨ)** ਜ਼ਿਲ੍ਹਾ ਕਪੂਰਥਲਾ ਦੇ ਕਸਬਾ ਕਾਲਾ ਸੰਘਿਆਂ ਦੇ ਵਾਸੀ ਮੰਗਾਂ ਜਿਸ ਨੂੰ ਪਿਛਲੇ ਦਿਨਾਂ ਵਿੱਚ ਬਿਜਲੀ ਦਾ ਕਰੰਟ ਲੱਗਣ ਕਾਰਨ ਬੁਰੀ ਤਰ੍ਹਾਂ ਝੁਲਸ ਗਿਆ ਸੀ ਜਿਸ ਦੀਆਂ ਦੋਨੇ ਬਾਹਾਂ ਕੱਟਣੀਆਂ ਪਈਆਂ ਜਿਨ੍ਹਾਂ ਨੇ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲੇ ਗ੍ਰੰਥੀ ਸਿੰਘ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਨੂੰ ਬੇਨਤੀ ਕੀਤੀ ਸੀ ਜਿਸ ਨੂੰ ਪ੍ਰਵਾਨ ਕਰਦਿਆਂ ਕਰਦਿਆਂ ਉੱਘੇ ਸਮਾਜ ਸੇਵਕ ਪਰਮਜੀਤ ਸਿੰਘ ਸਿੱਧੂ ਸਿੱਧਵਾਂ ਦੋਨਾ ਯੂ ਐਸ ਏ ਵਾਲਿਆ ਨੂੰ ਬੇਨਤੀ ਕੀਤੀ ਸੀ ਜਿਨ੍ਹਾਂ ਨੇ ਬੇਨਤੀ ਨੂੰ ਪ੍ਰਵਾਨ ਕਰਦਿਆਂ ਨੌਜਵਾਨ ਮੰਗਾਂ ਨੂੰ ਆਰਟੀਫਿਸ਼ਲ ਬਾਹਾਂ ਬਣਾ ਕੇ ਦਿਤੀਆਂ। ਮੀਡੀਆ ਨਾਲ ਗੱਲਬਾਤ ਕਰਦਿਆਂ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਨੇ ਕਿਹਾ ਕਿ ਐਨ ਆਰ ਆਈਜ਼ ਦੇ ਸਹਿਯੋਗ ਨਾਲ ਪਿਛਲੇ ਇੱਕ ਸਾਲ ਦੇ ਵਿੱਚ 125 ਦੇ ਕਰੀਬ ਜ਼ਰੂਰਤਮੰਦ ਪਰਿਵਾਰਾਂ ਦੀ ਆਰਥਿਕ ਮੱਦਦ ਰਾਸ਼ਨ , ਬੱਚਿਆਂ ਦੀਆਂ ਸਕੂਲ ਦੀਆਂ ਫੀਸਾਂ, ਲੜਕੀਆਂ ਦੇ ਵਿਆਹਾ ਤੇ ਸ਼ਗਨ ਦੀ ਸੇਵਾ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਈ ਜਾਂਦੀ ਹੈ ਜੋ ਨਿਰੰਤਰ ਜਾਰੀ ਰਹੇਗੀ। ਇਸ ਮੌਕੇ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਦੇ ਹੈੱਡ ਗ੍ਰੰਥੀ ਸੁਰਜੀਤ ਸਿੰਘ ਸੋਹਲ, ਗੁਰਪ੍ਰੀਤ ਸਿੰਘ ਭੰਵਰਾ, ਪਾਠੀ ਜੋਗਾ ਸਿੰਘ ਸਿੱਧਵਾਂ ਦੋਨਾਂ,ਪਾਠੀ ਦਰਸ਼ਨ ਸਿੰਘ ਆਮਪੁਰ,ਪਾਠੀ ਨਾਜ਼ਰ ਸਿੰਘ ਮਾਨੀਖੇੜਾ, ਰਮਨਪ੍ਰੀਤ ਕੌਰ ਪਤਨੀ ਮੰਗਾਂ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਤੇ ਹਾਜ਼ਰ ਸਨ।



## ਵਿਧਾਇਕ ਕੁਲਵੰਤ ਸਿੰਘ ਵੱਲੋਂ 100 ਸਵੈ-ਉਦਮੀ ਔਰਤਾਂ ਦਾ ਸਨਮਾਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)** ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਪੰਜਾਬ ਸਰਕਾਰ ਦੀ ਤਰਫ਼ੋਂ ਸੈਲਫ ਹੈਲਪ ਗਰੁੱਪਾਂ ਰਾਹੀਂ ਸਵੈ-ਰੋਜ਼ਗਾਰ ਨਾਲ ਜੁੜੀਆਂ ਔਰਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਤਹਿਤ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੋਹਾਲੀ ਵਿੱਚ ਹਲਕਾ ਪੱਧਰ 'ਤੇ 100 ਸਵੈ-ਉਦਮੀ ਔਰਤਾਂ ਨੂੰ ਸਨਮਾਨਤ ਕੀਤਾ ਗਿਆ।ਵਿਧਾਇਕ ਕੁਲਵੰਤ ਸਿੰਘ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ ਕਰਵਾਏ ਗਏ ਸਮਾਗਮ ਤੋਂ ਬਾਅਦ ਦੱਸਿਆ ਕਿ ਇਸ ਤੋਂ ਬਾਅਦ ਹਰ ਜ਼ਿਲ੍ਹੇ ਵਿੱਚ ਪੈਂਦੇ ਵਿਧਾਨ ਸਭਾ ਹਲਕਿਆਂ ਵਿੱਚੋਂ ਚੁਣੀਆਂ ਗਈਆਂ 100-100 ਔਰਤਾਂ ਨੂੰ ਜ਼ਿਲ੍ਹਾ ਪੱਧਰ 'ਤੇ ਵੀ ਸਨਮਾਨਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਸਾਰੇ ਜ਼ਿਲ੍ਹਿਆਂ ਵਿੱਚੋਂ 100-100 ਔਰਤਾਂ ਨੂੰ 'ਆਪਣਾ ਕਾਰੋਬਾਰ : ਆਪਣੀ ਪਹਿਚਾਣ' ਤਹਿਤ ਸੂਬਾ ਪੱਧਰੀ ਪ੍ਰੋਗਰਾਮ ਲਈ ਚੁਣਿਆ ਜਾਵੇਗਾ, ਜਿਨ੍ਹਾਂ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ 25-25 ਹਜ਼ਾਰ ਰੁਪਏ ਦੀ ਰਕਮ ਦੇ ਕੇ ਸਨਮਾਨਤ ਕੀਤਾ ਜਾਵੇਗਾ।ਵਿਧਾਇਕ ਨੇ ਕਿਹਾ ਕਿ ਸੈਲਫ ਹੈਲਪ ਗਰੁੱਪਾਂ ਦਾ ਮੁੱਖ ਮਕਸਦ ਪਿੰਡਾਂ ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਔਰਤਾਂ ਨੂੰ ਆਪਣਾ ਕੰਮ ਕਰਨ ਲਈ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਸਵੈ-ਨਿਰਭਰ ਬਣਾਉਣਾ ਹੈ। ਉਨ੍ਹਾਂ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਸੈਲਫ ਹੈਲਪ ਗਰੁੱਪਾਂ ਨਾਲ ਜੁੜਨ ਤਾਂ ਜੋ ਉਹ ਆਪਣੇ ਅਤੇ ਆਪਣੇ ਪਰਵਾਰ ਦਾ ਪਾਲਣ-ਪੋਸ਼ਣ ਆਤਮਨਿਰਭਰ ਹੋ ਕੇ ਕਰ ਸਕਣ।ਉਨ੍ਹਾ ਦੱਸਿਆ ਕਿ ਸੈਲਫ ਹੈਲਪ ਗਰੁੱਪਾਂ ਰਾਹੀਂ ਔਰਤਾਂ ਸਿਲਾਈ-ਕਢਾਈ, ਬਿਊਟੀ ਪਾਰਲਰ, ਕੋਚਿੰਗ ਸੈਂਟਰ, ਸਿਹਤ ਸੇਵਾਵਾਂ, ਹੈਂਡੀਕ੍ਰਾਫਟ, ਖਾਣ-ਪੀਣ ਦੀਆਂ ਵਸਤੂਆਂ ਅਤੇ ਕੇਟਰਿੰਗ ਵਰਗੇ ਕਈ ਕਾਰੋਬਾਰ ਸ਼ੁਰੂ ਕਰ ਸਕਦੀਆਂ ਹਨ।ਇਸ ਮੌਕੇ ਕੌਂਸਲਰ ਅਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਨੇਤਾ ਰਮਨਪ੍ਰੀਤ ਕੌਰ ਕੁੰਭੜਾ (ਹਲਕਾ ਕੋਆਰਡੀਨੇਟਰ ਮਹਿਲਾ ਵਿੰਗ, ਮੋਹਾਲੀ), ਵਿਕਾਸ ਸਿੰਗਲਾ (ਡੀ.ਪੀ.ਐਮ.), ਸੋਮਾ ਦੇਵੀ (ਕਲਸਟਰ ਕੋਆਰਡੀਨੇਟਰ), ਰਾਧਿਕਾ (ਕਲਸਟਰ ਕੋਆਰਡੀਨੇਟਰ), ਸੋਨੀਆ ਐਕਟਿਵ ਵੂਮਨ, ਹਰਮੇਸ਼ ਸਿੰਘ (ਬਲਾਕ ਪ੍ਰਧਾਨ), ਫੂਲਰਾਜ ਸਿੰਘ (ਹਲਕਾ ਕੋਆਰਡੀਨੇਟਰ), ਅਮਰੀਕ ਸਿੰਘ, ਕੈਪਟਨ ਗੁਲਜ਼ਾਰ ਸਿੰਘ, ਪਰਮਜੀਤ ਸਿੰਘ ਚੌਹਾਨ (ਡਾਇਰੈਕਟਰ ਜੇ.ਐਲ.ਪੀ.ਐਲ.), ਕੁਲਦੀਪ ਸਿੰਘ ਸਮਾਣਾ, ਦਲਵੀਰ ਕੌਰ, ਮੋਨਿਕਾ ਠਾਕੁਰ, ਕੁਲਵੰਤ ਕੌਰ, ਸਰਬਜੀਤ ਕੌਰ, ਨੇਹਾ ਬਜਾਜ, ਰੇਨੂੰ ਸੂਦ, ਰਜਨੀ ਗੋਇਲ, ਗੁਰਵਿੰਦਰ ਕੌਰ, ਗੋਗਾ ਦੇਵੀ, ਆਰਤੀ, ਦਵਿੰਦਰ ਕੌਰ ਸੰਧੂ ਅਤੇ ਮੀਨੂ ਤ੍ਰੇਹਨ ਵੀ ਹਾਜ਼ਰ ਸਨ।



## ਬੂਟਾ ਮੌਲਵੀਵਾਲਾ ਨੇ ਕੇਂਦਰੀ ਆਗੂਆਂ ਨਾਲ ਹੋਲੀ ਖੇਡੀ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਹੋਲੀ ਦੇ ਤਿਉਹਾਰ ਮੌਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਰਪੰਚ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਕੇਂਦਰੀ ਆਗੂਆਂ ਨਾਲ ਹੋਲੀ ਦਾ ਤਿਉਹਾਰ ਮਨਾਉਂਦੇ ਹੋਏ ਹੋਲੀ ਖੇਡੀ।ਕਾਂਗਰਸੀ ਆਗੂ ਬੂਟਾ ਮੌਲਵੀਵਾਲਾ ਨੇ ਦੱਸਿਆ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਆਗੂਆਂ ਵੱਲੋਂ ਪਾਰਟੀ ਹੈੱਡਕੁਆਰਟਰ ਵਿਖੇ ਹੋਲੀ ਦਾ ਤਿਉਹਾਰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਦੌਰਾਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਨੌਜਵਾਨ ਕਾਂਗਰਸੀ ਆਗੂਆਂ ਵੱਲੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਸ੍ਰੀ ਰਾਹੁਲ ਗਾਂਧੀ, ਪੰਜਾਬ ਦੇ ਸਾਬਕਾ ਇੰਚਾਰਜ ਤੇ ਦਿੱਲੀ ਦੇ ਪ੍ਰਦੇਸ਼ ਪ੍ਰਧਾਨ ਦਵਿੰਦਰ ਯਾਦਵ, ਸਚਿਨ ਪਾਇਲਟ, ਪੰਜਾਬ ਦੇ ਸਹਾਇਕ ਇੰਚਾਰਜ ਰਵਿੰਦਰ ਡਾਲਵੀ ਆਦਿ ਨਾਲ ਹੋਲੀ ਖੇਡੀ ਗਈ।ਉਨ੍ਹਾਂ ਕਿਹਾ ਕਿ ਹੋਲੀ ਦਾ ਤਿਉਹਾਰ ਸਾਨੂੰ ਰਲ ਮਿਲ ਕੇ ਰੰਗ ਬਰੰਗੀਆਂ ਖੁਸ਼ੀਆਂ ਆਪਸ ਵਿੱਚ ਸਾਂਝੀਆਂ ਕਰਨ ਦਾ ਸੰਦੇਸ਼ ਦਿੰਦਾ ਹੈ, ਪਰ ਬਦਕਿਸਮਤੀ ਦੀ ਗੱਲ ਹੈ ਕਿ ਦੇਸ਼ ਦੀ ਸੱਤਾ ਉੱਤੇ ਕਾਬਜ਼ ਧਿਰ ਵੰਡਣ ਦੀ ਰਾਜਨੀਤੀ ਉੱਤੇ ਕੰਮ ਕਰ ਰਹੀ ਹੈ।

## ਵਿਧਾਇਕ ਰਾਏ ਨੇ ਚੁੰਨੀ-ਸਰਹਿੰਦ ਸੜਕ ਦਾ ਨੀਂਹ ਪੱਥਰ ਰੱਖਿਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਲਖਬੀਰ ਸਿੰਘ ਰਾਏ ਨੇ ਕਰੀਬ 23.70 ਲੱਖ ਰੁਪਏ ਦੀ ਲਾਗਤ ਨਾਲ ਲਗਭਗ 23 ਕਿਲੋਮੀਟਰ ਲੰਬੀ ਬਣਨ ਵਾਲੀ ਚੁੰਨੀ, ਸਰਹਿੰਦ ਰੋਡ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ।ਇਸ ਸੜਕ ਦੇ ਨਵੀਨੀਕਰਨ ਨਾਲ ਜਿੱਥੇ ਆਵਾਜਾਈ ਸੁਚਾਰੂ ਢੰਗ ਨਾਲ ਚੱਲੇਗੀ, ਉਥੇ ਮੋਹਾਲੀ ਚੰਡੀਗੜ੍ਹ ਤੱਕ ਜਾਣ ਵਾਲੇ ਲੋਕ ਹੋਰ ਵਧੇਰੇ ਸੁਖਾਵੇਂ ਮਾਹੌਲ ਵਿੱਚ ਸਫ਼ਰ ਦਾ ਅਨੰਦ ਮਾਣ ਸਕਣਗੇ।ਵਿਧਾਇਕ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਪਿੰਡਾਂ ਤੇ ਸ਼ਹਿਰ ਦੀਆਂ ਸੜਕਾਂ ਦੇ ਵਿਕਾਸ ਲਈ ਬਿਨਾਂ ਕਿਸੇ ਵਿਤਕਰੇ ਤੋਂ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ, ਜਿਸ ਨਾਲ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।ਉਨ੍ਹਾਂ ਕਿਹਾ ਇਨ੍ਹਾਂ ਕਾਰਜਾਂ ਨਾਲ ਨਾ ਸਿਰਫ ਟ੍ਰੈਫਿਕ ਪ੍ਰਬੰਧਨ ਸੁਧਰੇਗਾ, ਸਗੋਂ ਇਲਾਕੇ ਦੀ ਸੂਰਤ ਵੀ ਨਿਖਰੇਗੀ।ਵਿਧਾਇਕ ਨੇ ਹਲਕੇ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਦਰਸ਼ੀ ਪ੍ਰਸ਼ਾਸਨ ਤੇ ਤੇਜ਼ ਗਤੀ ਨਾਲ ਵਿਕਾਸ ਕਾਰਜ ਜਾਰੀ ਰਹਿਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਪ੍ਰੀਤ ਭੱਟੀ, ਕੁਲਵਿੰਦਰ ਡੇਰਾ, ਐਡਵੋਕੇਟ ਕੰਵਰਵੀਰ ਰਾਏ, ਗੁਰਬੀਰ ਜੱਲਾ, ਸਤਵੀਰ ਜੱਲਾ, ਬੰਟੀ ਸੈਣੀ, ਹਿਤੇਸ਼ ਉੱਪਲ, ਵਿਕਰਮ ਸਿੰਘ ਆਦਿ ਹਾਜ਼ਰ ਸਨ।

## ਹੋਲੇ-ਮਹੱਲੇ ਮੌਕੇ ਰੱਸਾਕਸ਼ੀ ਦੇ ਦਿਲਚਸਪ ਮੁਕਾਬਲੇ

### ਸਿੱਖ ਨੌਜਵਾਨਾਂ ਦਾ ਖੇਡਾਂ 'ਚ ਚੰਗਾ ਪ੍ਰਦਰਸ਼ਨ ਕਰਨ 'ਤੇ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ : ਇਮਾਨ ਸਿੰਘ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਹੋਲੇ-ਮਹੱਲੇ ਦੇ ਸ਼ੁਭ ਅਵਸਰ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਨੌਜਵਾਨੀ ਨੂੰ ਆਪਣੀ ਅਮੀਰ ਵਿਰਾਸਤ ਤੇ ਖੇਡਾਂ ਨਾਲ ਜੋੜਨ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਗਿਆ।ਪਾਰਟੀ ਦੇ ਕਾਰਜਕਾਰੀ ਪ੍ਰਧਾਨ ਸ੍. ਇਮਾਨ ਸਿੰਘ ਮਾਨ ਤੇ ਯੂਥ ਵਿੰਗ ਦੇ ਪ੍ਰਧਾਨ ਸ੍. ਤਜਿੰਦਰ ਸਿੰਘ ਦਿਓਲ ਦੀ ਅਗਵਾਈ ਹੇਠ ਕਰਵਾਏ ਗਏ ਰੱਸਾਕੱਸੀ ਮੁਕਾਬਲਿਆਂ ਵਿੱਚ ਪੰਜਾਬ ਭਰ ਦੇ ਨੌਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੁਕਾਬਲੇ 'ਚ ਖੋਸਾ ਕੋਟਲਾ (ਜ਼ਿਲ੍ਹਾ ਮੋਗਾ) ਨੇ ਪਹਿਲਾ ਸਥਾਨ, ਤੋਗੇਵਾਲ (ਸੰਗਰੂਰ) ਸਤਨਾਮ ਸਿੰਘ ਰੱਤੋਕੇ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸ੍. ਜਗਜੀਤ ਸਿੰਘ ਸੂਸਕ (ਤਾਲਮੇਲ ਸਕੱਤਰ, ਯੂਥ ਵਿੰਗ), ਸ੍. ਰਣਜੀਤ ਸਿੰਘ ਸੰਤੋਖਗੜ੍ਹ (ਜ਼ਿਲ੍ਹਾ ਪ੍ਰਧਾਨ, ਰੋਪੜ), ਸ੍. ਗੁਰਪ੍ਰੀਤ ਸਿੰਘ ਦੁੱਲਵਾਂ (ਪ੍ਰਚਾਰਕ ਸਕੱਤਰ, ਪੰਜਾਬ), ਸ੍. ਗੁਰਪ੍ਰੀਤ ਸਿੰਘ ਝਾਮਪੁਰ (ਜ਼ਿਲ੍ਹਾ ਪ੍ਰਧਾਨ, ਸ੍ਰੀ ਫਤਿਹਗੜ੍ਹ ਸਾਹਿਬ), ਸਰਪੰਚ ਪਵਨ ਪ੍ਰੀਤ ਸਿੰਘ ਢੋਲੇਵਾਲ ਦਫਤਰ ਸਕੱਤਰ ਸ਼੍ਰੀ ਫਤਿਹਗੜ੍ਹ ਸਾਹਿਬ, ਅਮਰਿੰਦਰ ਸਿੰਘ ਜੋਰਾ ਮੀਡੀਆ ਇੰਚਾਰਜ ਯੂਥ ਵਿੰਗ ਪੰਜਾਬ ਹਾਜ਼ਰ ਸਨ।

## ਸਿਹਤ ਵਿਭਾਗ ਨੇ ਐੱਚ ਪੀ ਵੀ ਵੈਕਸੀਨ ਲਗਾਈ



**ਕੋਟ ਈਸੇ ਖਾਂ (ਅਰੋੜਾ)**-ਡਾਕਟਰ ਪ੍ਰਦੀਪ ਮਹਿੰਦਰਾ ਸਿਵਿਲ ਸਰਜਨ ਮੋਗਾ ਤੇ ਡਾਕਟਰ ਅਸ਼ੋਕ ਸਿੰਗਲਾ ਡੀਆਈਓ ਮੋਗਾ ਦੇ ਨਿਰਦੇਸ਼ ਅਨੁਸਾਰ ਡਾਕਟਰ ਰਿਪੁਦਮਨ ਕੌਰ ਸੀਨੀਅਰ ਮੈਡੀਕਲ ਅਫਸਰ ਕੋਟ ਈਸੇ ਖਾਂ ਦੀ ਯੋਗ ਅਗਵਾਈ ਵਿੱਚ ਸਿਹਤ ਵਿਭਾਗ ਦੁਆਰਾ ਐੱਚ ਪੀ ਵੀ ਵੈਕਸੀਨ 14 ਸਾਲ ਤੋਂ ਲੈ ਕੇ 15 ਸਾਲ ਤੱਕ ਦੀ ਉਮਰ ਦੀਆਂ ਲੜਕੀਆਂ ਨੂੰ ਵੈਕਸੀਨ ਲਾਈ ਗਈ ਵੈਕਸੀਨ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੇ ਹੋਰ ਕੈਂਸਰਾਂ ਤੋਂ ਬਚਾਅ ਲਈ ਇਕ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਟੀਕਾ ਹੈ। ਭਾਰਤ ਸਰਕਾਰ 14 ਤੋਂ 15 ਸਾਲ ਦੀਆਂ ਕੁੜੀਆਂ ਨੂੰ ਸਰਕਾਰੀ ਸਿਹਤ ਕੇਂਦਰਾਂ 'ਤੇ ਮੁਫਤ ਟੀਕਾਕਰਨ ਮੁਹਿੰਮ ਚਲਾ ਰਹੀ ਹੈ। ਇਹ ਟੀਕਾ ਜਿਨਸੀ ਤੌਰ 'ਤੇ ਸਰਗਰਮ ਹੋਣ ਤੋਂ ਪਹਿਲਾਂ ਲਗਵਾਉਣਾ ਸਭ ਤੋਂ ਵਧੀਆ ਮੰਨਿਆ ਜਾਂਦਾ ਹੈ। ਇਸ ਟੀਕੇ ਦੀ ਮਹੱਤਤਾ ਬਾਰੇ ਸਕੂਲ ਵਿੱਚ ਜਾ ਕੇ ਹੈਲਥ ਡਿਪਾਰਟਮੈਂਟ ਵੱਲੋਂ ਕਿਸ਼ੋਰੀਆਂ ਨੂੰ ਇਸ ਵੈਕਸੀਨ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਐਜੂਕੇਟਰ ਜਤਿੰਦਰ ਸੂਦ ਨੇ ਦੱਸਿਆ ਕਿ ਇਹ ਵੈਕਸੀਨ ਹਰ ਸੈਂਟਰ ਤੇ ਹਰ ਸਰਕਾਰੀ ਹਸਪਤਾਲ ਵਿੱਚ ਫਰੀ ਲਗਾਈ ਜਾਂਦੀ ਹੈ।ਇਹ ਵਾਇਰਸ ਨਾਲ ਹੋਣ ਵਾਲੇ ਬੱਚੇਦਾਨੀ ਦੇ ਕੈਂਸਰ ਤੇ ਜਣਨ ਅੰਗਾਂ ਦੇ ਵਾਰਟਸ ਅਤੇ ਹੋਰ ਕੈਂਸਰਾਂ ਤੋਂ ਸੁਰੱਖਿਆ ਪ੍ਰਦਾਨ ਕਰਦੀ ਹੈ।

## ਵਿਧਾਇਕ ਦਹੀਆ ਵੱਲੋਂ ਜੋਧਪੁਰ ਦੀ ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ ਪੰਜ ਲੱਖ ਦਾ ਚੈੱਕ ਭੇਟ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪਿੰਡਾਂ ਵਿੱਚ ਆਪਸੀ ਧੜੇਬੰਦੀ ਖਤਮ ਕਰਨ ਦੇ ਉਦੇਸ਼ ਨਾਲ ਪੰਜਾਬ ਵਿੱਚ ਪੰਚਾਇਤ ਚੋਣਾਂ ਸਮੇਂ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਵੱਲੋਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਿੱਤੇ ਜਾਣ ਦੇ ਕੀਤੇ ਐਲਾਨ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਤੇ ਇਸ ਨਾਲ ਪਿੰਡਾਂ ਵਿੱਚ ਜਿੱਥੇ ਆਪਸੀ ਧੜੇਬੰਦੀ ਖਤਮ ਹੋਈ ਹੈ, ਉੱਥੇ ਪਿੰਡਾਂ ਨੂੰ ਮਿਲਣ ਵਾਲੀ 5 ਲੱਖ ਰੁਪਏ ਦੀ ਗਰਾਂਟ ਵੀ ਵਿਕਾਸ ਕਾਰਜਾਂ ਵਿੱਚ ਸਹਾਈ ਹੋ ਰਹੀ ਹੈ।ਇਸ ਗੱਲ ਦਾ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਪਿੰਡ ਜੋਧਪੁਰ ਦੀ ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈੱਕ ਦੇਣ ਸਮੇਂ ਗੱਲਬਾਤ ਦੌਰਾਨ ਕੀਤਾ। ਵਿਧਾਇਕ ਦੇ ਮੁੱਖ ਦਫਤਰ ਤੋਂ ਇਹ ਚੈੱਕ ਪਿੰਡ ਜੋਧਪੁਰ ਦੇ ਸਰਪੰਚ ਬਲਕਾਰ ਸਿੰਘ, ਸੀਨੀਅਰ ਆਗੂ ਗੁਰਨਾਮ ਸਿੰਘ ਮਲਕੀਤ ਸਿੰਘ ਬਾਊ, ਦਿਲਸ਼ੇਰ ਸਿੰਘ ਤੇ ਸਮਾਜ ਸੇਵੀ ਜਸਬੀਰ ਸਿੰਘ ਮਹਿਰੋਕ ਨੇ ਪ੍ਰਾਪਤ ਕਰਦਿਆਂ ਸ਼੍ਰੀ ਦਹੀਆ ਨੂੰ ਵਿਸ਼ਵਾਸ ਦੁਆਇਆ ਕਿ ਸਰਕਾਰ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਵਾਸਤੇ ਭੇਜੀ ਜਾਣ ਵਾਲੀ ਗਰਾਂਟ ਦਾ ਇੱਕ ਇੱਕ ਪੈਸਾ ਪਿੰਡ ਦੇ ਵਿਕਾਸ 'ਤੇ ਖਰਚ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾ ਨਾਲ ਸ੍ਰੀ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ ਤੇ ਵਿਧਾਇਕ ਦੇ ਨਿੱਜੀ ਸਕੱਤਰ ਰੋਬੀ ਸੰਧੂ ਅਤੇ ਦਾ ਪਵਨ ਸੋਲੰਕੀ ਵੀ ਸਨ।

## ਪ੍ਰਿਥਵੀ ਸਿੰਘ ਚਹਿਲ ਬਣੇ ਐੱਸ ਪੀ



**ਸਮਾਣਾ (ਇਕਬਾਲ ਸਿੰਘ ਬੱਲ)**-ਮਾਊਂਟ ਐਵਰੈਸਟ ਵਿਜੇਤਾ ਵਿਸ਼ਵ ਰਿਕਾਰਡਧਾਰੀ, ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਡੀ ਐੱਸ ਪੀ ਸਿਟੀ-1 ਮੋਹਾਲੀ ਪ੍ਰਿਥਵੀ ਸਿੰਘ ਚਹਿਲ ਦੇ ਐੱਸ ਪੀ ਬਣਨ ਮੌਕੇ ਐੱਸ.ਐੱਸ.ਪੀ. ਮੋਹਾਲੀ ਹਰਮਨਦੀਪ ਹਾਂਸ ਤੇ ਐੱਸ ਪੀ (ਡੀ) ਸੌਰਵ ਜਿੰਦਲ ਵੱਲੋਂ ਨਵੇਂ ਤਰੱਕੀ ਪ੍ਰਾਪਤ ਐੱਸ ਪੀ ਸ਼੍ਰੀ ਪ੍ਰਿਥਵੀ ਸਿੰਘ ਚਹਿਲ ਦਾ ਸਨਮਾਨ ਕਰਨ ਲਈ ਇੱਕ 'ਪਿੱਪਿੰਗ' ਸਮਾਰੋਹ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਨਵੀਆਂ ਜ਼ਿੰਮੇਵਾਰੀਆਂ ਲਈ ਉਤਸ਼ਾਹਤ ਕੀਤਾ ਗਿਆ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਡੀ ਐੱਸ ਪੀ ਸਮਾਣਾ ਫਤਿਹ ਸਿੰਘ ਬਰਾੜ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਸਮਾਣਾ ਮੈਂਬਰ ਵਿਜੀਲੈਂਸ ਕਮੇਟੀ ਪੰਜਾਬ ਐਂਡ ਹਰਿਆਣਾ ਹਾਈਕੋਰਟ, ਰਿਸ਼ਵ ਮਿੱਤਲ, ਸੁਖਜਿੰਦਰ ਕੁਲਾਰਾਂ ਵੱਲੋਂ ਪ੍ਰਿਥਵੀ ਸਿੰਘ ਚਹਿਲ ਦੇ ਐੱਸ ਪੀ ਬਣਨ 'ਤੇ ਮੁਬਾਰਕਾਂ ਦਿੱਤੀਆਂ ਗਈਆਂ।

# ਹਰਿਆਣਾ ਪੁਲਸ ਦਾ ਨਕਲੀ ਐੱਸ ਆਈ ਗ੍ਰਿਫ਼ਤਾਰ

- ਨਾਕੇ 'ਤੇ ਪੁਲਸ ਮੁਲਾਜ਼ਮਾਂ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼
- ਹਾਈਕੋਰਟ ਜੱਜ ਦੇ ਜਾਲ੍ਹੀ ਸਟਿੱਕਰ ਤੇ ਫਲੈਸ਼ਰ ਲਾਈਟ ਲੱਗੀ ਕਾਰ ਬਰਾਮਦ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਫਰੀਦਕੋਟ ਪੁਲਸ ਨੇ ਇੱਕ ਅਜਿਹੇ ਵਿਅਕਤੀ ਨੂੰ ਕਾਬੂ ਕੀਤਾ ਹੈ, ਜੋ ਖ਼ੁਦ ਨੂੰ ਹਰਿਆਣਾ ਪੁਲਸ ਦਾ ਸਬ-ਇੰਸਪੈਕਟਰ ਦੱਸ ਕੇ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਸੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਜੋਗੇਸ਼ਵਰ ਸਿੰਘ ਐੱਸ.ਪੀ. (ਇਨਵੈਸਟੀਗੇਸ਼ਨ) ਨੇ ਦੱਸਿਆ ਕਿ 6 ਮਾਰਚ ਨੂੰ ਸਹਾਇਕ ਥਾਣੇਦਾਰ ਰਵੀ ਕਾਂਤ ਦੀ ਟੀਮ ਪਿੰਡ ਟਹਿਣਾ ਦੇ ਹਾਈਟੈਕ ਨਾਕੇ 'ਤੇ ਮੌਜੂਦ ਸੀ। ਇਸ ਦੌਰਾਨ ਇੱਕ ਟੋਇਟਾ ਅਰਬਨ ਕਰੂਜ਼ਰ ਕਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ।ਕਾਰ ਚਾਲਕ ਨੇ ਰੁਕਣ ਦੀ ਬਜਾਏ ਖ਼ੁਦ ਨੂੰ ਹਾਈਕੋਰਟ ਦੇ ਜੱਜ ਦਾ ਸਟਾਫ ਦੱਸਿਆ।ਜਦੋਂ ਪੁਲਸ ਨੇ ਸਖ਼ਤੀ ਨਾਲ ਲਾਇਸੰਸ ਮੰਗਿਆ ਤਾਂ ਉਸ ਨੇ ਹਰਿਆਣਾ ਪੁਲਸ ਦੇ ਐੱਸ.ਆਈ. ਦਾ ਆਈਕਾਰਡ ਦਿਖਾਇਆ। ਪੁਲਸ ਵੱਲੋਂ ਪੁੱਛਗਿੱਛ ਕਰਨ 'ਤੇ ਉਹ ਬਹਿਸ ਕਰਨ ਲੱਗਾ ਤੇ ਮਾਰ ਦੇਣ ਦੀ ਨੀਅਤ ਨਾਲ ਮੁਲਾਜ਼ਮਾਂ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਕਰਕੇ ਮੌਕੇ ਤੋਂ ਫ਼ਰਾਰ ਹੋ ਗਿਆ।ਘਟਨਾ ਤੋਂ ਤੁਰੰਤ ਬਾਅਦ ਪੂਰੇ ਜ਼ਿਲ੍ਹੇ ਵਿੱਚ ਨਾਕਾਬੰਦੀ ਕੀਤੀ ਗਈ।ਸਹਾਇਕ ਥਾਣੇਦਾਰ ਰਾਜ ਸਿੰਘ ਦੀ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਦੋਸ਼ੀ ਨੂੰ ਬੀੜ ਚਹਿਲ ਦੇ ਇਲਾਕੇ ਵਿੱਚੋਂ ਗੱਡੀ ਸਮੇਤ ਕਾਬੂ ਕਰ ਲਿਆ।ਫੜੇ ਗਏ ਮੁਲਜ਼ਮ ਦੀ ਪਛਾਣ ਗੁਰਮੰਗਤ ਸਿੰਘ ਪੁੱਤਰ ਬਲਦੇਵ ਸਿੰਘ, ਵਾਸੀ ਪਿੰਡ ਰੱਤਾਖੇੜਾ (ਫਤਿਆਬਾਦ, ਹਰਿਆਣਾ) ਵਜੋਂ ਹੋਈ ਹੈ।ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਮੁਲਜ਼ਮ ਨੇ ਆਪਣੀ ਨਿੱਜੀ ਗੱਡੀ 'ਤੇ ਹਾਈਕੋਰਟ ਦੇ ਜੱਜ ਦੇ ਜਾਲ੍ਹੀ ਸਟਿੱਕਰ ਤੇ ਨੀਲੀ-ਲਾਲ ਫਲੈਸ਼ਰ ਲਾਈਟ ਲਗਾਈ ਹੋਈ ਸੀ ਤਾਂ ਜੋ ਕੋਈ ਉਸ ਨੂੰ ਰੋਕ ਨਾ ਸਕੇ।ਪੁਲਸ ਨੇ ਉਸ ਕੋਲੋਂ ਹਰਿਆਣਾ ਪੁਲਸ ਦੇ ਕਈ ਹੋਰ ਜਾਲ੍ਹੀ ਆਈਕਾਰਡ ਵੀ ਬਰਾਮਦ ਕੀਤੇ।ਥਾਣਾ ਸਦਰ ਫਰੀਦਕੋਟ ਵਿਖੇ ਮੁਲਜ਼ਮ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।

## ਨਾਬਾਲਗਾਂ ਨੂੰ ਵਰਗਲਾਉਣ ਦੇ ਦੋਸ਼ 'ਚ 5 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ 'ਚ ਦੋ ਨਾਬਾਲਿਗ ਲੜਕੀਆਂ ਨੂੰ ਵਰਗਲਾ ਕੇ ਤੇ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ 4 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਬੀਤੀ 6-7 ਫਰਵਰੀ 2026 ਦੀ ਰਾਤ ਨੂੰ ਕਰੀਬ ਉਸ ਦੀ ਨਾਬਾਲਿਗ ਲੜਕੀ ਉਮਰ ਕਰੀਬ 16 ਸਾਲ ਨੂੰ ਇਕ ਨੌਜਵਾਨ ਕੁਲਦੀਪ ਸਿੰਘ ਉਰਫ ਗੋਰੀ ਪੁੱਤਰ ਮਹੇਸ਼ਾ ਬਹਿਲਾ ਫੁਸਲਾ ਕੇ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਰਮਨ ਕੁਮਾਰ ਕਰ ਰਹੇ ਹਨ। ਇਸੇ ਤਰ੍ਹਾਂ ਨਾਬਾਲਿਗ ਲੜਕੀ ਦੀ ਮਾਂ ਨੇ ਦੱਸਿਆ ਕਿ ਉਸ ਦੀਆਂ 5 ਲੜਕੀਆਂ ਤੇ 1 ਲੜਕਾ ਗੋਦ ਲਿਆ ਹੈ, ਉਸ ਦੀ ਵੱਡੀ ਲੜਕੀ, ਜਿਸ ਦੀ ਉਮਰ ਕਰੀਬ 17 ਸਾਲ ਹੈ, ਨੂੰ ਦੋਸ਼ੀਆਨ ਸੰਦੀਪ ਸਿੰਘ ਪੁੱਤਰ ਸੁਰਜੀਤ ਸਿੰਘ, ਸੁਰਜੀਤ ਸਿੰਘ ਪੁੱਤਰ ਬਖਤਾਵਰ ਸਿੰਘ, ਮਹਿੰਦਰੋ ਬਾਈ ਪਤਨੀ ਸੁਰਜੀਤ ਸਿੰਘ ਤੇ ਅਰਸ਼ਦੀਪ ਸਿੰਘ ਪੁੱਤਰ ਬਲਕਾਰ ਸਿੰਘ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਏ ਹਨ। ਇਸ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਕਰ ਰਹੇ ਹਨ। ਇਨ੍ਹਾਂ ਦੋਵੇਂ ਮਾਮਲਿਆਂ ਬਾਰੇ ਪੁਲਸ ਨੇ ਦੱਸਿਆ ਕਿ ਸ਼ਿਕਾਇਤਕਰਤਾਵਾਂ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਅਨੰਨਿਆ ਸ਼ਰਮਾ ਨੇ ਯੂ ਪੀ ਐੱਸ ਸੀ ਦੀ ਪ੍ਰੀਖਿਆ 'ਚ 13ਵਾਂ ਸਥਾਨ ਪ੍ਰਾਪਤ ਕੀਤਾ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਤੇ ਇੰਦੌਰ ਦੇ ਡੇਲੀ ਕਾਲਜ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਨੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂਪੀਐੱਸਸੀ) ਦੀ ਪ੍ਰੀਖਿਆ ਸਫਲਤਾਪੂਰਵਕ ਪਾਸ ਕਰਕੇ ਮੈਰਿਟ ਦੇ ਕ੍ਰਮ ਵਿੱਚ 13ਵਾਂ ਸਥਾਨ ਪ੍ਰਾਪਤ ਕੀਤਾ ਹੈ।ਦੱਸਣ ਯੋਗ ਹੈ ਕਿ ਅਨੰਨਿਆ ਸ਼ਰਮਾ ਡਾ. ਡੀ. ਸੀ. ਸ਼ਰਮਾ ਦੀ ਸਪੁੱਤਰੀ ਹੈ, ਜੋ ਕਿ ਪੰਜਾਬ ਪਬਲਿਕ ਸਕੂਲ ਨਾਭਾ ਦੇ ਮੌਜੂਦਾ ਹੈੱਡਮਾਸਟਰ ਹਨ।ਉਨ੍ਹਾਂ ਦੀ ਇਹ ਸ਼ਾਨਦਾਰ ਪ੍ਰਾਪਤੀ ਪੰਜਾਬ ਪਬਲਿਕ ਸਕੂਲ ਨਾਭਾ ਤੇ ਪੂਰੇ ਪੰਜਾਬ ਪਬਲਿਕ ਸਕੂਲ ਭਾਈਚਾਰੇ ਲਈ ਬਹੁਤ ਮਾਣ ਵਾਲੀ ਗੱਲ ਹੈ।ਆਪਣੇ ਅਕਾਦਮਿਕ ਸਫ਼ਰ ਬਾਰੇ ਬੋਲਦਿਆਂ ਉਨ੍ਹਾਂ ਨੇ ਆਪਣੀ ਸਫਲਤਾ ਦਾ ਸਿਹਰਾ ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਰੱਖੀ ਗਈ ਮਜ਼ਬੂਤ ਨੀਂਹ ਨੂੰ ਦਿੱਤਾ।ਅਨੰਨਿਆ ਸ਼ਰਮਾ ਨੇ ਦਿੱਲੀ ਯੂਨੀਵਰਸਿਟੀ ਦੇ ਹਿੰਦੂ ਕਾਲਜ ਤੋਂ ਗ੍ਰੈਜੂਏਸ਼ਨ ਕੀਤੀ।ਉਨ੍ਹਾਂ ਕਿਹਾ ਕਿ ਉਹ ਛੋਟੀ ਉਮਰ ਤੋਂ ਹੀ ਅੰਤਰਰਾਸ਼ਟਰੀ ਸਬੰਧਾਂ ਤੇ ਕੂਟਨੀਤੀ ਲਈ ਭਾਰਤੀ ਵਿਦੇਸ਼ ਸੇਵਾਵਾਂ ਵਿੱਚ ਸ਼ਾਮਲ ਹੋਣ ਦੀ ਇੱਛਾ ਰੱਖਦੀ ਸੀ ਤੇ ਪੀਪੀਐੱਸ ਵਿੱਚ ਰਹਿਣ ਦੌਰਾਨ ਹੀ ਉਨ੍ਹਾਂ ਨੇ ਇਸ ਸੁਪਨੇ ਨੂੰ ਪਾਲਿਆ।ਉਨ੍ਹਾਂ ਕਿਹਾ ਕਿ ਸਕੂਲ ਵਿੱਚ ਉਨ੍ਹਾਂ ਨੂੰ ਜੋ ਨੈਤਿਕ ਕਦਰਾਂ-ਕੀਮਤਾਂ ਦਾ ਗਿਆਨ ਮਿਲਿਆ, ਉਸ ਨੇ ਹੀ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਮਹੱਤਵਪੂਰਨ ਭੂਮਿਕਾ ਨਿਭਾਈ।ਉਨ੍ਹਾਂ ਆਪਣੇ ਪਰਿਵਾਰ, ਪਿਤਾ ਹੈੱਡ ਮਾਸਟਰ ਡਾ. ਡੀ. ਸੀ. ਸ਼ਰਮਾ, ਮਾਤਾ ਡਾ. (ਸ਼੍ਰੀਮਤੀ) ਅਨੀਤਾ ਸ਼ਰਮਾ, ਭਰਾ ਹਰਸ਼ਿਲ ਸ਼ਰਮਾ, ਅਧਿਆਪਕਾਂ ਤੇ ਸਲਾਹਕਾਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਤੋਂ ਉਸ ਨੂੰ ਸਿੱਖਣ ਦਾ ਮੌਕਾ ਮਿਲਿਆ।ਉਸ ਦੀ ਸਫਲਤਾ ਦੀ ਪ੍ਰਸ਼ੰਸਾ ਕਰਦੇ ਹੋਏ ਮਾਣਮੱਤੇ ਪਿਤਾ ਤੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਪੂਰੇ ਪੀ.ਪੀ.ਐੱਸ. ਪਰਵਾਰ ਨੂੰ ਉਸ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ।

## ਸਾਬਕਾ ਸਰਪੰਚ ਸਤਵੰਤ ਸਿੰਘ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਿੰਡ ਲੰਗਿਆਣਾ ਪੁਰਾਣਾ ਦੇ ਸਾਬਕਾ ਸਰਪੰਚ ਸਤਵੰਤ ਸਿੰਘ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿੰਦੇ ਹੋਏ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ ਦੀ ਅਗਵਾਈ ਹੇਠ ਬਾਘਾ ਪੁਰਾਣਾ ਦੇ ਕਨਵੀਨਰ ਸੁਖਨੰਦਨ ਗਰਗ ਦੀ ਪ੍ਰੇਰਣਾ ਨਾਲ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸਾਬਕਾ ਸਰਪੰਚ ਸਤਵੰਤ ਸਿੰਘ ਦੇ ਨਾਲ ਦਾਰਾ ਸਿੰਘ, ਗੁਰਜੀਵਨ ਸਿੰਘ, ਨੀਰਜ ਸਿੰਘ, ਲੱਕੀ ਕੁਮਾਰ, ਜਸ਼ਨਪ੍ਰੀਤ ਸਿੰਘ ਤੇ ਪਾਲ ਸਿੰਘ ਵੀ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ।ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ ਨੇ ਸਤਵੰਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦਾ ਭਾਰਤੀ ਜਨਤਾ ਪਾਰਟੀ ਦੇ ਸਿਰੋਪੇ ਪਾ ਕੇ ਸਵਾਗਤ ਕੀਤਾ। ਇਸ ਮੌਕੇ ਬਾਘਾ ਪੁਰਾਣਾ ਦੇ ਮੰਡਲ ਪ੍ਰਧਾਨ ਦੀਪਕ ਤਲਵਾੜ, ਕਿਸਾਨ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਸਰਪੰਚ ਲਖਵੰਤ ਸਿੰਘ, ਸੋਨੀ ਮੰਗਲਾ, ਧਰਮਵੀਰ ਭਾਰਤੀ ਤੇ ਹੋਰ ਵੀ ਭਾਰਤੀ ਜਨਤਾ ਪਾਰਟੀ ਦੇ ਕਾਰਜਕਰਤਾ ਹਾਜ਼ਰ ਰਹੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਨੀਤੀਆਂ ਤੇ ਗਤੀਵਿਧੀਆਂ ਤੋਂ ਪ੍ਰਭਾਵਿਤ ਹੋ ਕੇ ਲੋਕ ਦੂਜੀਆਂ ਪਾਰਟੀਆਂ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਹਰ ਵਰਗ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਵਿਸ਼ਾਲ ਬਦਲਾਅ ਰੈਲੀ ਮੋਗਾ ਦੇ ਕਿੱਲੀ ਚਾਹਲ ਵਿਖੇ 14 ਮਾਰਚ ਨੂੰ ਹੋਣ ਜਾ ਰਹੀ ਹੈ, ਜਿਸ ਲਈ ਭਾਜਪਾ ਦੇ ਵਰਕਰਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਰੈਲੀ ਵਿੱਚ ਲੱਖਾਂ ਦੀ ਗਿਣਤੀ 'ਚ ਲੋਕ ਪਹੁੰਚ ਰਹੇ ਹਨ।

## ਸੀ ਐੱਚ ਸੀ ਵਿਖੇ ਐੱਚ ਪੀ ਵੀ ਵੈਕਸੀਨ ਦੀ ਸ਼ੁਰੂਆਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਿਹਤ ਵਿਭਾਗ ਵੱਲੋਂ ਲੜਕੀਆਂ ਦਾ ਸਰਵਾਈਕਲ ਦੇ ਕੈਂਸਰ ਤੋਂ ਬਚਾਅ ਕਰਨ ਚਲਾਈ ਗਈ ਐੱਚ.ਪੀ.ਵੀ. ਵੈਕਸੀਨ ਮੁਹਿੰਮ ਦੀ ਸ਼ੁਰੂਆਤ ਸੀ ਐੱਚ ਸੀ ਮਹਿਲ ਕਲਾਂ ਵਿਖੇ ਕੀਤੀ ਗਈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਔਰਤਾਂ ਵਿੱਚ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਹਰ ਸਾਲ ਬਹੁਤ ਮੌਤਾਂ ਦਾ ਕਾਰਨ ਬਣਦਾ ਹੈ।ਸਿਹਤ ਵਿਭਾਗ ਵੱਲੋਂ 14 ਸਾਲ ਦੀਆਂ ਲੜਕੀਆਂ ਨੂੰ ਇਸ ਬਿਮਾਰੀ ਤੋਂ ਬਚਾਉਣ ਲਈ ਵੈਕਸੀਨੇਸ਼ਨ ਦੀ ਸ਼ੁਰੂਆਤ ਕੀਤੀ ਗਈ ਹੈ, ਜੋ ਭਵਿੱਖ ਵਿੱਚ ਉਨ੍ਹਾਂ ਦਾ ਸਰਵਾਈਕਲ ਕੈਂਸਰ ਤੋਂ ਬਚਾਅ ਕਰੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਨੋਡਲ ਅਫ਼ਸਰ ਡਾ. ਲਵਦੀਪ ਨੇ ਦੱਸਿਆ ਕਿ ਇਹ ਟੀਕਾਕਰਨ ਮੁਹਿੰਮ ਤਿੰਨ ਮਹੀਨਿਆਂ ਦੀ ਮਿਆਦ ਲਈ ਚਲਾਈ ਜਾਵੇਗੀ।ਇਸ ਤੋਂ ਬਾਅਦ ਐੱਚ ਪੀ ਵੀ ਵੈਕਸੀਨ ਨੂੰ ਰੁਟੀਨ ਟੀਕਾਕਰਨ ਵਿੱਚ ਸ਼ਾਮਲ ਕਰ ਲਿਆ ਜਾਵੇਗਾ।ਬਲਾਕ ਮਹਿਲ ਕਲਾਂ ਅਧੀਨ ਜਿੰਨੀਆਂ ਵੀ ਲੜਕੀਆਂ ਆਪਣੀ 14 ਸਾਲ ਉਮਰ ਪੂਰੀ ਕਰ ਚੁੱਕੀਆਂ ਹਨ ਤੇ 15 ਸਾਲ ਦੀਆਂ ਨਹੀਂ ਹੋਈਆਂ ਉਨ੍ਹਾਂ ਨੂੰ ਇਹ ਟੀਕਾਕਰਨ ਸਿਹਤ ਵਿਭਾਗ ਵੱਲੋਂ ਬਿਲਕੁਲ ਮੁਫ਼ਤ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਲੜਕੀਆਂ ਨੂੰ ਉਪਰੋਕਤ ਵੈਕਸੀਨ ਸਰਕਾਰੀ ਹਸਪਤਾਲਾਂ ਵਿੱਚੋਂ ਲਗਵਾਉਣ ਤਾਂ ਜੋ ਉਨ੍ਹਾਂ ਨੂੰ ਸਰਵਾਈਕਲ ਕੈਂਸਰ ਵਰਗੀ ਜਾਨਲੇਵਾ ਬਿਮਾਰੀ ਤੋਂ ਬਚਾਇਆ ਜਾ ਸਕੇ।ਇਸ ਮੌਕੇ ਬਲਵਿੰਦਰ ਕੌਰ ਐੱਲ.ਐੱਚ.ਵੀ., ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਜਸਵੀਰ ਕੌਰ, ਮਲਟੀਪਰਪਜ਼ ਵਰਕਰ ਮੇਲ ਬੂਟਾ ਸਿੰਘ ਤੇ ਆਸ਼ਾ ਵਰਕਰਾਂ ਅਮਰਜੀਤ ਕੌਰ, ਸੁਖਵਿੰਦਰ ਕੌਰ ਤੇ ਵੀਰਪਾਲ ਹਾਜ਼ਰ ਸਨ।

## ਰਜਿੰਦਰ ਸਿੰਘ ਦੇ ਜਨਰਲ ਸਕੱਤਰ ਚੁਣੇ ਜਾਣ 'ਤੇ ਲੇਖਕਾਂ 'ਚ ਭਾਰੀ ਉਤਸ਼ਾਹ



**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੇ ਜਨਰਲ ਸਕੱਤਰ ਰਜਿੰਦਰ ਸਿੰਘ ਰਾਜਨ ਦੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੀਆਂ ਚੋਣਾਂ ਵਿੱਚ ਸਰਬਸੰਮਤੀ ਨਾਲ ਚੁਣੇ ਜਾਣ 'ਤੇ ਸੰਗਰੂਰ ਸ਼ਹਿਰ ਦੇ ਸਮੂਹ ਲੇਖਕ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਦਿਖਾਈ ਦਿੱਤਾ, ਜਿਸ ਦਾ ਪ੍ਰਗਟਾਵਾ ਲੇਖਕ ਭਵਨ ਸੰਗਰੂਰ ਵਿਖੇ ਹੋਈ ਵਿਸ਼ੇਸ਼ ਇਕੱਤਰਤਾ ਵਿੱਚ ਸ਼ਾਮਲ ਹੋਏ ਲੇਖਕਾਂ ਵੱਲੋਂ ਕੀਤਾ ਗਿਆ।ਹਾਜ਼ਰ ਸਾਹਿਤਕਾਰਾਂ ਨੇ ਰਜਿੰਦਰ ਸਿੰਘ ਰਾਜਨ ਨੂੰ ਵਧਾਈ ਦਿੰਦਿਆਂ ਪੰਜਾਬੀ ਸਾਹਿਤ ਅਕਾਦਮੀ ਦੀ ਚੋਣ ਵਿੱਚ ਹੋਈ ਸਰਬਸੰਮਤੀ ਲਈ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ ਦੇ ਨਿੱਗਰ ਯਤਨਾਂ ਦੀ ਭਰਪੂਰ ਪ੍ਰਸੰਸਾ ਕੀਤੀ।ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖ਼ਮੀ ਦੀ ਪ੍ਰਧਾਨਗੀ ਵਿੱਚ ਹੋਈ ਇਸ ਇਕੱਤਰਤਾ ਵਿੱਚ ਡਾ. ਮੀਤ ਖਟੜਾ, ਸੁਖਵਿੰਦਰ ਸਿੰਘ ਲੋਟੇ, ਰਜਿੰਦਰ ਸਿੰਘ ਰਾਜਨ, ਜਗਜੀਤ ਸਿੰਘ ਲੱਡਾ, ਬਹਾਦਰ ਸਿੰਘ ਧੌਲਾ, ਪਵਨ ਕੁਮਾਰ ਹੋਸ਼ੀ, ਡਾ. ਮਨਜਿੰਦਰ ਸਿੰਘ, ਡਾ. ਭਗਵੰਤ ਸਿੰਘ, ਗੁਰਨਾਮ ਸਿੰਘ, ਸੁਰਿੰਦਰਪਾਲ ਸਿੰਘ ਸਿਦਕੀ, ਗੁਰੀ ਚੰਦੜ, ਸੁਰਜੀਤ ਸਿੰਘ ਮੌਜੀ, ਸਰਬਜੀਤ ਸੰਗਰੂਰਵੀ, ਧਰਮਵੀਰ ਸਿੰਘ, ਮੀਤ ਸਕਰੌਦੀ, ਜਸਵੀਰ ਸਿੰਘ ਮੰਡੇਰ, ਪਰਮਜੀਤ ਕੌਰ, ਜੱਗੀ ਮਾਨ, ਲਾਭ ਸਿੰਘ ਝੱਮਟ, ਭੁਪਿੰਦਰ ਨਾਗਪਾਲ, ਸ਼ਿਵ ਕੁਮਾਰ ਅੰਬਾਲਵੀ, ਬੱਲੀ ਬਲਜਿੰਦਰ ਈਲਵਾਲ ਤੇ ਕ੍ਰਿਸ਼ਨ ਗੋਪਾਲ ਆਦਿ ਲੇਖਕਾਂ ਨੇ ਹਿੱਸਾ ਲਿਆ।

## ਰਾਜੀਵ ਭਾਰਦਵਾਜ ਪ੍ਰਾਚੀਨ ਸ਼ਿਵ ਮੰਦਰ ਸੋਸਾਇਟੀ ਦੇ ਪ੍ਰਧਾਨ ਬਣੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਡੂੰਗਰ ਅਧੀਨ ਆਉਂਦੇ ਗੁਰੂ ਨਾਨਕ ਨਗਰ ਸਥਿਤ ਪ੍ਰਾਚੀਨ ਸ਼ਿਵ ਮੰਦਿਰ ਨਾਲ ਸਬੰਧਤ ਧਾਰਮਿਕ ਸੇਵਾ ਤੇ ਸਮਾਜਿਕ ਕਾਰਜਾਂ ਨੂੰ ਸਮਰਪਤ ਸੰਸਥਾ ਪ੍ਰਾਚੀਨ ਸ਼ਿਵ ਮੰਦਰ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਵਜੋਂ ਰਾਜੀਵ ਭਾਰਦਵਾਜ ਦੀ ਚੋਣ ਇਲਾਕਾ ਵਾਸੀਆਂ ਵੱਲੋਂ ਮੀਟਿੰਗ ਦੌਰਾਨ ਸਰਵਸੰਮਤੀ ਨਾਲ ਕੀਤੀ ਗਈ। ਇਸ ਮੌਕੇ ਰਾਇਲ ਯੂਥ ਕਲੱਬ ਦੇ ਪ੍ਰਧਾਨ ਰਾਹੁਲ ਬਡੂੰਗਰ ਤੇ ਨਵ-ਨਿਯੁਕਤ ਪ੍ਰਧਾਨ ਰਾਜੀਵ ਭਾਰਦਵਾਜ ਤੇ ਹੋਰ ਮੈਂਬਰ ਸਾਹਿਬਾਨਾਂ ਦਾ ਸਨਮਾਨ ਵੀ ਕੀਤਾ ਗਿਆ।ਇਸ ਦੌਰਾਨ ਰਾਇਲ ਯੂਥ ਕਲੱਬ ਦੇ ਪ੍ਰਧਾਨ ਰਾਹੁਲ ਬਡੂੰਗਰ ਨੇ ਕਿਹਾ ਕਿ ਰਾਜੀਵ ਭਾਰਦਵਾਜ ਸੋਸਾਇਟੀ ਨਾਲ ਪਿਛਲੇ ਲੰਮੇ ਸਮੇਂ ਤੋਂ ਮੀਤ ਪ੍ਰਧਾਨ ਵਜੋਂ ਵੀ ਜੁੜੇ ਰਹੇ ਹਨ ਤੇ ਧਾਰਮਿਕ ਤੇ ਸਮਾਜ ਸੇਵਾ ਕਾਰਜਾਂ ਵਿੱਚ ਨਿਰਸਵਾਰਥ ਭਾਵਨਾ ਨਾਲ ਰੁਚੀ ਰੱਖਦੇ ਹਨ।ਇਸ ਲਈ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਰਾਜੀਵ ਭਾਰਦਵਾਜ ਨੇ ਸਮੂਹ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਨਾਨਕ ਨਗਰ ਸਥਿਤ ਪ੍ਰਾਚੀਨ ਸ਼ਿਵ ਮੰਦਿਰ ਦੀ ਸੁੰਦਰ ਦਿੱਖ ਸਬੰਧੀ ਨਿਰਮਾਣ ਅਧੀਨ ਕਾਰਜਾਂ ਨੂੰ ਜਲਦ ਪੂਰਾ ਕਰਨਾ ਹੀ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।

# ਜਨਸੇਵਾ ਸੁਸਾਇਟੀ ਵੱਲੋਂ ਅੱਖਾਂ ਦਾ ਮੁਫਤ ਆਪ੍ਰੇਸ਼ਨ ਤੇ ਖ਼ੂਨਦਾਨ ਕੈਂਪ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੇ ਪਿੰਡ ਕਕਰਾਲਾ ਪਿਛਲੇ 26 ਸਾਲਾਂ ਤੋਂ ਵੱਧ ਅਰਸੇ ਤੋਂ ਡਾਕਟਰ ਆਈ ਡੀ ਗੋਇਲ ਸਾਬਕਾ ਸਿਵਲ ਸਰਜਨ ਤੇ ਸੁਸਾਇਟੀ ਦੇ ਸੰਸਥਾਪਕ ਜਨਰਲ ਸਕੱਤਰ ਡਾ. ਧੀਰ ਸਿੰਘ ਦੀ ਅਗਵਾਈ ਵਿੱਚ ਸਮਾਜ ਸੇਵਾ ਦੇ ਕਾਰਜਾਂ ਲਈ ਕਾਰਜਸ਼ੀਲ, ਪੰਜਾਬ ਸਰਕਾਰ ਵੱਲੋਂ ਸੂਬਾ ਪੱਧਰੀ ਸਨਮਾਨ ਪ੍ਰਾਪਤ ਸਵੈ-ਸੇਵੀ ਸੰਸਥਾ ਜਨਸੇਵਾ ਸੁਸਾਇਟੀ ਫਾਰ ਆਈ ਕੇਅਰ ਐਂਡ ਏਡਜ਼ ਅਵੇਅਰਨੈੱਸ ਪਿੰਡ ਕਕਰਾਲਾ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਦੇ ਰਾਸ਼ਟਰੀ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਅਗਵਾਈ ਹੇਠ ਪਿੰਡ ਕਕਰਾਲਾ ਵਿਖੇ 23 ਮਾਰਚ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ 22ਵਾਂ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਤੇ ਖ਼ੂਨਦਾਨ ਕੈਂਪ ਲਗਾਇਆ ਗਿਆ।ਸੁਸਾਇਟੀ ਦੇ ਸੀਨੀਅਰ ਮੈਂਬਰ ਹਰਭਜਨ ਸਿੰਘ ਸਰਾਓਂ ਤੇ ਬਲੱਡ ਡੋਨੇਸ਼ਨ ਕੋਆਰਡੀਨੇਟਰ ਸ੍ਰੀ ਵਿਕਾਸ ਮਿੱਤਲ ਨੇ ਦੱਸਿਆ ਕਿ ਸੁਸਾਇਟੀ ਦੇ ਪ੍ਰਧਾਨ ਭਗਵਾਨ ਸਿੰਘ ਸਰਾਓ ਤੇ ਸਮੁੱਚੀ ਪ੍ਰਬੰਧਕੀ ਟੀਮ ਦੁਆਰਾ ਲਗਾਏ ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਐੱਮ ਐੱਲ ਏ ਗੁਰਦੇਵ ਸਿੰਘ ਦੇਵ ਮਾਨ ਨੇ ਅੱਖਾਂ ਦੇ ਕੈਂਪ ਤੇ ਚਰਨ ਸਿੰਘ ਨੇ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ।ਕੈਂਪ ਵਿੱਚ ਨੌਰਦਰਨ ਰਿਜਨ ਪਾਈਪ ਲਾਈਨ ਡਵੀਜ਼ਨ, ਇੰਡੀਅਨ ਆਇਲ ਕਾਰਪੋਰੇਸ਼ਨ ਦੇ ਸੀਨੀਅਰ ਉਪ੍ਰੇਸ਼ਨ ਮੈਨੇਜਰ ਪਰਮਿੰਦਰ ਸਿੰਘ ਤੇ ਐਗਰੋ ਫੂਡਜ਼ ਇੰਡੀਆ ਲਿਮਟਿਡ ਦੇ ਸੀਨੀਅਰ ਮੈਨੇਜਰ ਅਮਰਦੀਪ ਗਰਗ, ਚੇਅਰਮੈਨ ਹਰੀ ਸਿੰਘ ਫੱਗੂਵਾਲਾ, ਨਾਭਾ ਸ਼ਹਿਰ ਦੇ ਪ੍ਰਮੁੱਖ ਉਦਯੋਗਪਤੀ ਨਵਦੀਪ ਸਿੰਗਲਾ, ਹਰੀਸ਼ ਗੋਇਲ, ਸੰਤੋਸ਼ ਬਾਂਸਲ, ਗੁਰਦੀਪ ਸਿੰਘ ਫੋਕਲ ਪੁਆਇੰਟ ਨਾਭਾ, ਗੁਰੂ ਨਾਨਕ ਪਬਲਿਕ ਸਕੂਲ ਦੇ ਚੇਅਰਮੈਨ ਗੁਰਦਿਤ ਸੇਠ ਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਪੰਚ, ਸਰਪੰਚ ਤੇ ਹੋਰ ਪਤਵੰਤੇ ਸੱਜਣ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ।ਇਸ ਕੈਂਪ ਵਿੱਚ ਡਾਕਟਰ ਬਰਹਮਜੋਤ ਸਿੰਘ ਵਾਲੀਆ ਐੱਮ ਐੱਸ ਅੱਖਾਂ ਦੇ ਮਾਹਰ ਤੇ ਡਾਕਟਰ ਹਰਦੀਪ ਸਿੰਘ ਰੰਧਾਵਾ ਅਪਥੈਲਮਿਕ ਅਫਸਰ ਦੀ ਅਗਵਾਈ ਹੇਠ ਉਨ੍ਹਾਂ ਦੀ ਸਮੁੱਚੀ ਟੀਮ ਨੇ 375 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅੱਪ ਕੀਤਾ ਤੇ 115 ਮਰੀਜ਼ਾਂ ਦੀ ਲੈਂਜ ਪਾਉਣ ਦੀ ਚੋਣ ਕੀਤੀ ਗਈ।ਖ਼ੂਨਦਾਨ ਕੈਂਪ ਵਿੱਚ 36 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ।ਇਸ ਕੈਂਪ ਵਿੱਚ ਸੁਖਵਿੰਦਰ ਸਿੰਘ ਸੁੱਖੀ, ਕੁਲਦੀਪ ਸਿੰਘ ਖਹਿਰਾ ਤੇ ਅਮਰਜੀਤ ਸਿੰਘ ਖਹਿਰਾ ਦੀ ਅਗਵਾਈ ਹੇਠ ਲੰਗਰ ਦੇ ਪ੍ਰਬੰਧ ਕੀਤੇ ਗਏ।ਸੁਸਾਇਟੀ ਵੱਲੋਂ ਆਏ ਮਹਿਮਾਨਾਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਗਿਆ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## 18 ਦੀ ਜਗਰਾਓਂ ਰੈਲੀ ਸੰਬੰਧੀ ਕਲੇਰ ਵੱਲੋਂ ਕਾਉਂਕੇ 'ਚ ਮੀਟਿੰਗ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਦੀ ਜਗਰਾਓਂ ਵਿਖੇ ਹੋ ਰਹੀ ਵਿਸ਼ਾਲ ਰੈਲੀ ਸੰਬੰਧੀ ਪਿੰਡ ਕਾਉਂਕੇ ਕਲਾਂ ਵਿਖੇ ਰੱਖੀ ਬੈਠਕ ਦੌਰਾਨ ਵੱਖ-ਵੱਖ ਵਾਰਡਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਤੇ ਨਗਰ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ 18 ਦੀ ਰੈਲੀ ਦਾ ਭਰਪੂਰ ਸਮਰਥਨ ਕੀਤਾ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਨੇ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਸਮਰਥਨ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਆਖਿਆ ਕਿ ਪੰਜਾਬ ਦੇ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਤਹੱਈਆ ਕਰੀ ਬੈਠੇ ਹਨ ਤੇ ਐਲਾਨ ਹੋਣਾ ਬਾਕੀ ਹੈ।ਇਸ ਮੌਕੇ ਗੁਰੂਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ 18 ਮਾਰਚ ਦੀ 'ਪੰਜਾਬ ਬਚਾਓ' ਰੈਲੀ ਇਤਿਹਾਸਕ ਹੋਵੇਗੀ ਤੇ ਜਗਰਾਓਂ ਹਲਕੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਉਤਸ਼ਾਹ ਨਾਲ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸਰਗਰਮ ਮੈਂਬਰ ਮੱਖਣ ਸਿੰਘ ਤੇ ਮਨੀ ਨੇ ਐੱਸ ਆਰ ਕਲੇਰ ਦੀ ਅਗਵਾਈ ਹੇਠ ਪਰਵਾਰ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਪਾਰਟੀ 'ਚ ਸ਼ਾਮਲ ਹੋਏ ਨਵੇਂ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਐੱਸ. ਆਰ. ਕਲੇਰ ਤੇ ਗੁਰਚਰਨ ਸਿੰਘ ਗਰੇਵਾਲ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਹਰੀ ਸਿੰਘ ਕਾਉਂਕੇ, ਸਰਪੰਚ ਚਰਨਜੀਤ ਕੌਰ, ਸਾਬਕਾ ਸਰਪੰਚ ਮਨਜਿੰਦਰ ਸਿੰਘ ਮਨੀ, ਹਰਜਿੰਦਰ ਸਿੰਘ ਭੋਲਾ, ਜਸਵੀਰ ਸਿੰਘ ਟੋਨੀ, ਅਜੀਤ ਸਿੰਘ ਜੀਤੂ, ਜਗਰੂਪ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ।

## ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੀਆਂ 100 ਔਰਤਾਂ ਦਾ ਸਨਮਾਨ

### ਪੰਜਾਬ ਸਰਕਾਰ ਨੇ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਵੱਡੇ ਕਦਮ ਉਠਾਏ : ਸ਼ੇਰਗਿੱਲ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਤ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਕਰਵਾਏ ਗਏ ਇਕ ਵਿਸ਼ੇਸ਼ ਸਮਾਗਮ ਦੌਰਾਨ ਧੂਰੀ ਹਲਕੇ ਦੀਆਂ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 100 ਔਰਤਾਂ ਨੂੰ ਪੰਜਾਬ ਸਰਕਾਰ ਮਹਿਲਾ ਉੱਦਮੀ ਸਨਮਾਨ-2026 ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਮਿਹਨਤ ਤੇ ਲਗਨ ਨਾਲ ਮਿਸਾਲ ਬਣੀਆਂ ਔਰਤਾਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਭੇਟ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ (ਮਹਿਲਾ ਵਿੰਗ) ਤੇ ਚੇਅਰਮੈਨ ਮਾਰਕੀਟ ਕਮੇਟੀ ਦਿੜ੍ਹਬਾ ਜਸਵੀਰ ਕੌਰ ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਵੱਡੇ ਕਦਮ ਉਠਾਏ ਗਏ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਰਾਹੀਂ ਔਰਤਾਂ ਨੂੰ ਸਿੱਖਿਆ, ਰੋਜ਼ਗਾਰ ਤੇ ਸਵੈ-ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ ਤਾਂ ਜੋ ਉਹ ਸਮਾਜ ਵਿੱਚ ਹੋਰ ਮਜ਼ਬੂਤੀ ਨਾਲ ਆਪਣੀ ਭੂਮਿਕਾ ਨਿਭਾ ਸਕਣ।ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਮੈਂਬਰ, ਵਕਫ਼ ਬੋਰਡ ਪੰਜਾਬ ਡਾ. ਅਨਵਰ ਭਸੌੜ ਨੇ ਕਿਹਾ ਕਿ ਕਿਸੇ ਵੀ ਸੂਬੇ ਜਾਂ ਦੇਸ਼ ਦੀ ਤਰੱਕੀ ਵਿੱਚ ਔਰਤਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੁੰਦੀ ਹੈ।ਉਨ੍ਹਾਂ ਕਿਹਾ ਕਿ ਖ਼ੁਸ਼ਹਾਲ ਪੰਜਾਬ ਦਾ ਸੁਪਨਾ ਔਰਤਾਂ ਦੀ ਆਰਥਿਕ ਤੇ ਸਮਾਜਿਕ ਮਜ਼ਬੂਤੀ ਨਾਲ ਪੂਰਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕੇ ਪੱਧਰ 'ਤੇ ਔਰਤਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ ਤੇ ਫੇਰ ਜ਼ਿਲ੍ਹਾ ਪੱਧਰ ਅਤੇ ਸੂਬਾ ਪੱਧਰ 'ਤੇ ਵੀ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਹਲਕਾ ਇੰਚਾਰਜ ਮਹਿਲਾ ਵਿੰਗ ਧੂਰੀ ਨਵਜੋਤ ਕੌਰ, ਹਲਕਾ ਇੰਚਾਰਜ ਮਹਿਲਾ ਵਿੰਗ ਦਿੜ੍ਹਬਾ ਅਮਨਦੀਪ ਕੌਰ, ਬਲਾਕ ਪ੍ਰਧਾਨ ਹਰਵਿੰਦਰ ਕੌਰ, ਅਮਰਜੀਤ ਕੌਰ, ਰਾਜਵਿੰਦਰ ਕੌਰ, ਬਲਾਕ ਸੰਮਤੀ ਸ਼ੇਰਪੁਰ ਵਾਈਸ ਚੇਅਰਪਰਸਨ ਰਮਨਦੀਪ ਕੌਰ ਆਦਿ ਹਾਜ਼ਰ ਸਨ।

## ਪੰਜਾਬ ਸਰਕਾਰ ਵੱਲੋਂ ਨਵੇਂ 7 ਮੈਡੀਕਲ ਕਾਲਜ ਬਣਾਉਣ ਦਾ ਉੱਦਮ ਸਵਾਗਤਯੋਗ : ਮਾਨ

### ਫਤਿਹਗੜ੍ਹ ਸਾਹਿਬ ਵਿਖੇ ਵੀ ਇਸ ਮਕਸਦ ਨੂੰ ਪਹਿਲ ਦੇਣ

ਫ਼ਤਹਿਗੜ੍ਹ ਸਾਹਿਬ, 07 ਮਾਰਚ (ਪ੍ਰਮੋਦ ਭਾਰਦਵਾਜ)-ਪੰਜਾਬ ਦੀ ਮੌਜੂਦਾ ਸ੍. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ, ਜੋ ਪੰਜਾਬ ਵਿੱਚ 7 ਨਵੇਂ ਮੈਡੀਕਲ ਕਾਲਜ ਸਥਾਪਤ ਕਰਨ ਦਾ ਵੱਡਾ ਫੈਸਲਾ ਕੀਤਾ ਗਿਆ ਹੈ, ਇਹ ਸਵਾਗਤਯੋਗ ਹੈ, ਕਿਉਂਕਿ ਪੰਜਾਬ ਦੇ ਹੋਣਹਾਰ ਬੱਚਿਆਂ ਨੂੰ ਇਸ ਡਾਕਟਰੀ ਦੀ ਡਿਗਰੀ ਪ੍ਰਾਪਤ ਕਰਨ ਲਈ ਦੂਜੇ ਸੂਬਿਆਂ ਜਾਂ ਦੂਰ-ਦੁਰਾਡੇ ਦਾਖਲੇ ਲੈਣੇ ਪੈਂਦੇ ਹਨ।ਇਹ ਅਮਲ ਪੰਜਾਬ ਦੇ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਅੱਛਾ ਸਾਬਿਤ ਹੋਵੇਗਾ, ਪਰ ਇਸ ਦੇ ਨਾਲ ਹੀ ਅਸੀਂ ਪੰਜਾਬ ਦੀ ਮੌਜੂਦਾ ਸਰਕਾਰ ਨੂੰ ਅਤਿ-ਗੰਭੀਰਤਾ ਨਾਲ ਇਹ ਅਪੀਲ ਕਰਨੀ ਚਾਹਵਾਂਗੇ ਕਿ ਜੋ ਸ੍ਰੀ ਫ਼ਤਹਿਗੜ੍ਹ ਸਾਹਿਬ ਦਾ ਮਹਾਨ ਸ਼ਹੀਦੀ ਅਸਥਾਨ ਹੈ ਤੇ ਉਨ੍ਹਾਂ ਦੇ ਨਾਮ ਸਮਰਪਤ ਇੱਕ ਮੈਡੀਕਲ ਕਾਲਜ ਫਤਹਿਗੜ੍ਹ ਸਾਹਿਬ ਨੂੰ ਜ਼ਰੂਰ ਪ੍ਰਦਾਨ ਕਰਨ।ਇਹ ਅਪੀਲ ਸ੍. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਸ੍. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਵਿਚ 7 ਨਵੇਂ ਮੈਡੀਕਲ ਕਾਲਜ ਸਥਾਪਤ ਕਰਨ ਦੇ ਉੱਦਮਾਂ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਅਤੇ ਇਨ੍ਹਾਂ ਵਿੱਚੋਂ ਇਕ ਮੈਡੀਕਲ ਕਾਲਜ ਫਤਿਹਗੜ੍ਹ ਸਾਹਿਬ ਦੇ ਮਹਾਨ ਸ਼ਹੀਦੀ ਸਥਾਨ ਨੂੰ ਪ੍ਰਦਾਨ ਕਰਨ ਦੀ ਜ਼ੋਰਦਾਰ ਅਪੀਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸ. ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਫਤਹਿਗੜ੍ਹ ਸਾਹਿਬ ਦੇ ਮਹਾਨ ਸਥਾਨ ਦੀ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਤੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਨਿਵਾਸੀਆਂ ਤੇ ਬੱਚਿਆਂ ਨੂੰ ਡਾਕਟਰੀ ਵਿੱਦਿਆ ਪ੍ਰਦਾਨ ਕਰਨ ਵਿੱਚ ਆਪਣੀ ਮੁੱਖ ਭੂਮਿਕਾ ਨਿਭਾਅ ਕੇ ਸ਼ਹੀਦਾਂ ਨੂੰ ਸਹੀ ਮਾਇਨਿਆ ਵਿੱਚ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਮਾਡਲ ਸਕੂਲ ਚੁਨਾਗਰਾ ਵਿਖੇ ਮਹਿਲਾ ਦਿਵਸ ਸੰਬੰਧੀ ਸਮਾਗਮ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਚੁਨਾਗਰਾ ਦੇ ਐੱਨ ਐੱਨ ਐੱਸ ਯੂਨਿਟ ਵੱਲੋਂ ਸਕੂਲ ਇੰਚਾਰਜ ਯੋਗੇਸ਼ ਕੁਮਾਰ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਮੈਡਮ ਸ੍ਰੀਮਤੀ ਰਾਜਿੰਦਰਪਾਲ ਕੌਰ ਦੁਆਰਾ ਮਹਿਲਾਵਾਂ ਦੇ ਅਧਿਕਾਰ, ਵੱਖ-ਵੱਖ ਖੇਤਰਾਂ ਵਿੱਚ ਮਹਿਲਾਵਾਂ ਦੀ ਸਫਲਤਾ ਤੇ ਸੁਨਹਿਰੇ ਭਵਿੱਖ ਬਾਰੇ ਵਿਸਥਾਪੂਰਵਕ ਦੱਸਿਆ ਗਿਆ ਤੇ ਇੱਕ ਕਵਿਤਾ ਦੇ ਰਾਹੀਂ 'ਮਾਂ' ਦੇ ਰੂਪ ਵਿੱਚ ਔਰਤ ਦੀ ਮਹਾਨਤਾ ਨੂੰ ਬਾਖ਼ੂਬੀ ਪ੍ਰਗਟਾਇਆ।ਇਸ ਮੌਕੇ ਸ੍ਰੀਮਤੀ ਰਾਜਿੰਦਰਪਾਲ ਕੌਰ ਨੂੰ ਐੱਨ ਐੱਸ ਐੱਸ ਯੂਨਿਟ ਦੁਆਰਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਅਫ਼ਸਰ ਲਵਕੇਸ਼ ਕੁਮਾਰ ਦੁਆਰਾ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ।

# ਵਿਦਿਆਰਥੀ ਆਪਣੇ ਟੀਚਿਆਂ ਪ੍ਰਤੀ ਸਮਰਪਤ ਰਹਿਣ : ਡਾ. ਪੁਸ਼ਪਿੰਦਰ ਸਿੰਘ ਗਿੱਲ

- ਮਾਤਾ ਗੁਜਰੀ ਕਾਲਜ ਵਿਖੇ ਸਾਲਾਨਾ ਕਨਵੋਕੇਸ਼ਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਵਿਖੇ ਸਾਲਾਨਾ ਕਨਵੋਕੇਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਕਨਵੋਕੇਸ਼ਨ ਦੌਰਾਨ 2023-2024 ਵਿੱਚ ਪੋਸਟ ਗ੍ਰੈਜੂਏਟ ਤੇ ਅੰਡਰ ਗ੍ਰੈਜੂਏਟ ਕੋਰਸ ਪਾਸ ਕਰਨ ਵਾਲੇ ਕੁੱਲ 1146 ਵਿਦਿਆਰਥੀਆਂ ਤੇ 31 ਹੋਣਹਾਰ ਵਿਦਿਆਰਥੀਆਂ ਨੂੰ ਗੋਲਡ ਮੈਡਲ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਮੁਕੱਦਸ ਧਰਤੀ 'ਤੇ ਮਾਤਾ ਗੁਜਰੀ ਜੀ ਦੇ ਨਾਂ 'ਤੇ ਬਣੇ ਕਾਲਜ ਤੋਂ ਸਿੱਖਿਆ ਹਾਸਲ ਕਰਨਾ ਵਿਦਿਆਰਥੀਆਂ ਲਈ ਬੜੇ ਮਾਣ ਵਾਲੀ ਗੱਲ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਤੇ ਅਧਿਆਪਕਾਂ ਦੇ ਆਗਿਆਕਾਰੀ ਬਣਨ, ਉੱਚ ਨੈਤਿਕ ਮੁੱਲਾਂ ਨੂੰ ਅਪਣਾਉਣ ਤੇ ਆਪਣੇ ਟੀਚਿਆਂ ਪ੍ਰਤੀ ਸਮਰਪਤ ਰਹਿਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਇਸ ਗੱਲ 'ਤੇ ਵਿਸ਼ੇਸ਼ ਤੌਰ 'ਤੇ ਖੁਸ਼ੀ ਜ਼ਾਹਰ ਕੀਤੀ ਕਿ ਇਸ ਸਮਾਗਮ ਦੌਰਾਨ ਸਭ ਗੋਲਡ ਮੈਡਲ ਲੜਕੀਆਂ ਨੇ ਹਾਸਲ ਕੀਤੇ ਹਨ, ਜੋ ਇਸ ਗੱਲ ਦਾ ਪ੍ਰਮਾਣ ਹੈ ਕਿ ਅੱਜ ਦੀਆਂ ਧੀਆਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ ਅਤੇ ਸਮਾਜ ਦਾ ਨਾਮ ਰੌਸ਼ਨ ਕਰ ਰਹੀਆਂ ਹਨ। ਇਸ ਤੋਂ ਪਹਿਲਾਂ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ ਦਾ ਭਰਵਾਂ ਸਵਾਗਤ ਕਰਦਿਆਂ ਕਾਲਜ ਦੀਆਂ ਅਕਾਦਮਿਕ, ਧਾਰਮਿਕ, ਸੱਭਿਆਚਾਰਕ ਤੇ ਖੇਡਾਂ ਦੇ ਖੇਤਰ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਕੀਤੀਆਂ ਸ਼ਾਨਦਾਰ ਉਪਲਬਧੀਆਂ 'ਤੇ ਚਾਨਣਾ ਪਾਇਆ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਨਵੋਕੇਸ਼ਨ ਵਿੱਚ ਪਹੁੰਚੀਆਂ ਮਾਣਮੱਤੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਮੌਜੂਦਾ ਸਮੇਂ ਦੀਆਂ ਵਿੱਦਿਅਕ ਲੋੜਾਂ ਦੀ ਪੂਰਤੀ ਕਰਦੇ ਹੋਏ ਵਿਦਿਆਰਥੀਆਂ ਦਾ ਹਰ ਪੱਖੋਂ ਵਿਕਾਸ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਸ੍. ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਐਡਵੋਕੇਟ ਸ੍. ਅਮਰਦੀਪ ਸਿੰਘ ਧਾਰਨੀ, ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਡਾ. ਕਮਲਪ੍ਰੀਤ ਕੌਰ, ਡਾ. ਤੇਜਿੰਦਰ ਸਿੰਘ, ਡਾ. ਜਗਪਾਲ ਸਿੰਘ, ਡਾ. ਜਗਦੀਸ਼ ਸਿੰਘ, ਡਾ. ਸੌਰਭ ਗੁਪਤਾ, ਡਾ. ਸ਼ਿਵਾਨੀ ਬੈਕਟਰ, ਸ੍. ਗੁਰਦੀਪ ਸਿੰਘ ਨੌਲੱਖਾ, ਸਮੂਹ ਅਧਿਆਪਕ ਸਾਹਿਬਾਨ, ਪ੍ਰੈੱਸ ਦੇ ਨੁਮਾਇੰਦੇ ਤੇ ਪਤਵੰਤੇ ਸੱਜਣ ਹਾਜ਼ਰ ਸਨ।

## ਸਿਲਵਰ ਓਕਸ ਸਕੂਲ 'ਚ ਯੂ ਕੇ ਜੀ ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵੱਲੋਂ ਸਕੂਲ ਕੈਂਪਸ ਵਿੱਚ ਯੂ. ਕੇ. ਜੀ. ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਦੀ ਸ਼ੋਭਾ ਗਿਆਨਮੰਥਨ ਐਜੂਕੇਸ਼ਨਲ ਸਰਵਿਸਿਜ਼ ਦੇ ਟੀਚਰ ਟ੍ਰੇਨਰ ਸ੍ਰੀਮਤੀ ਨੀਤੂ ਬਾਂਸਲ ਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਵਧਾਈ।ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਦੀਪ ਪ੍ਰਜਵਲਨ ਸਮਾਰੋਹ ਨਾਲ ਕੀਤੀ ਗਈ।ਸਮਾਰੋਹ ਦੀ ਸ਼ੁਰੂਆਤ ਨਰਸਰੀ ਕਲਾਸ ਦੇ ਬੱਚਿਆਂ ਵੱਲੋਂ ਪੇਸ਼ ਕੀਤੇ ਗਏ ਸੁਹਣੇ ਨਾਚ ਨਾਲ ਹੋਈ, ਜਿਸ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਸਮਾਰੋਹ ਦਾ ਮਾਹੌਲ ਖ਼ੁਸ਼ਗਵਾਰ ਬਣਾ ਦਿੱਤਾ।ਅੱਪਰ ਕਿੰਡਰਗਾਰਟਨ ਦੇ ਵਿਦਿਆਰਥੀਆਂ ਨੇ ਥੀਮ ਅਧਾਰਤ ਨਾਚ ਪੇਸ਼ ਕੀਤਾ, ਦਿਲ ਨੂੰ ਛੂਹਣ ਵਾਲੀਆਂ ਕਵਿਤਾਵਾਂ ਸੁਣਾਈਆਂ ਤੇ ਧੰਨਵਾਦ ਭਾਸ਼ਣ ਦੇ ਕੇ ਆਪਣੀ ਕ੍ਰਿਤਗਤਾ ਜਤਾਈ ਅਤੇ ਆਪਣੀ ਉੱਭਰਦੀ ਪ੍ਰਤਿਭਾ ਦਾ ਸੁੰਦਰ ਪ੍ਰਦਰਸ਼ਨ ਕੀਤਾ।ਸਾਰੇ ਗ੍ਰੈਜੂਏਟ ਹੋਣ ਵਾਲੇ ਬੱਚਿਆਂ ਨੂੰ ਉਨ੍ਹਾਂ ਦੀ ਬੁਨਿਆਦੀ ਸਿੱਖਿਆ ਪੂਰੀ ਕਰਨ ਦੀ ਖ਼ੁਸ਼ੀ ਵਿੱਚ ਗ੍ਰੈਜੂਏਸ਼ਨ ਸਰਟੀਫਿਕੇਟ ਤੇ ਵਧਾਈ ਬੈਜ ਦੇ ਕੇ ਸਨਮਾਨਤ ਕੀਤਾ ਗਿਆ।ਸ੍ਰੀਮਤੀ ਨੀਤੂ ਬਾਂਸਲ ਨੇ ਆਪਣੇ ਸੰਬੋਧਨ ਦੌਰਾਨ ਬੱਚਿਆਂ ਨੂੰ ਪ੍ਰੇਰਨਾਦਾਇਕ ਸ਼ਬਦਾਂ ਨਾਲ ਸੰਬੋਧਤ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਉੱਤਮਤਾ ਹਾਸਲ ਕਰਨ ਲਈ ਉਤਸ਼ਾਹਤ ਕੀਤਾ।ਪ੍ਰਿੰਸੀਪਲ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਸਫਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਪੰਜਾਬ ਸਰਕਾਰ ਨੇ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਪੂਰਾ ਕੀਤਾ : ਤਲਬੀਰ ਸਿੰਘ ਗਿੱਲ



**ਚਵਿੰਡਾ ਦੇਵੀ (ਸੋਇਮ ਆਨੰਦ/ਖੁਸ਼ਹਾਲ ਸੁੰਦਰ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਭ ਤੋਂ ਵੱਡੇ ਚੋਣ ਵਾਅਦੇ ਨੂੰ ਪੂਰਾ ਕੀਤਾ ਹੈ।ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਹਲਕਾ ਮਜੀਠਾ ਤੋਂ ਆਪ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਮਜਿਠਾ ਦਾਣਾ ਮੰਡੀ ਵਿਖੇ ਮੀਟਿੰਗ ਦੌਰਾਨ ਕਿਹਾ ਕਿ ਮੁੱਖ ਮੰਤਰੀ ਨੇ ਮਾਸਿਕ ਰਾਸ਼ੀ ਮਾਂਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਅਤੇ ਔਰਤਾਂ ਨੂੰ 1000 ਰੁਪਏ ਮਹੀਨਾਵਾਰ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਹੈ।ਸਰਕਾਰ ਦੀ ਯੋਜਨਾ ਮੁਤਾਬਕ ਇਸ ਸਕੀਮ ਦਾ ਮੁੱਖ ਉਦੇਸ਼ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ।ਵਿੱਤ ਵਿਭਾਗ ਦੇ ਅੰਦਾਜ਼ੇ ਮੁਤਾਬਕ ਇਸ ਸਕੀਮ ਨਾਲ ਸੂਬੇ ਦੀਆਂ 40 ਲੱਖ ਤੋਂ ਵੱਧ ਔਰਤਾਂ ਨੂੰ ਸਿੱਧਾ ਫਾਇਦਾ ਪਹੁੰਚੇਗਾ।ਭ੍ਰਿਸ਼ਟਾਚਾਰ ਅਤੇ ਵਿਚੋਲਿਆਂ ਨੂੰ ਖ਼ਤਮ ਕਰਨ ਲਈ ਸਰਕਾਰ ਇਸ ਰਕਮ ਨੂੰ ਸਿੱਧੇ ਲਾਭਪਾਤਰੀਆਂ ਦੇ ਆਧਾਰ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕਰੇਗੀ।ਸ. ਤਲਬੀਰ ਸਿੰਘ ਗਿੱਲ ਨੇ ਭਰੋਸਾ ਦਿੱਤਾ ਹੈ ਕਿ ਜਿਵੇਂ ਸਰਕਾਰ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਆਪਣੇ ਵਾਅਦੇ ਪੂਰੇ ਕੀਤੇ ਹਨ, ਉਸੇ ਤਰ੍ਹਾਂ ਇਹ ਵਾਅਦਾ ਵੀ ਹਰ ਹਾਲ ਵਿੱਚ ਨਿਭਾਇਆ ਜਾਵੇਗਾ।ਇਸ ਮੌਕੇ ਪਿੰਡਾਂ ਦੇ ਪੰਚ, ਸਰਪੰਚ, ਬਲਾਕ ਇੰਚਾਰਜ, ਸਾਰੇ ਵਿੰਗ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਚੇਅਰਮੈਨ ਤੇ ਮੈਂਬਰ , ਵੱਖ-ਵੱਖ ਅਹੁਦੇਦਾਰ ਦਾਣਾ ਮੰਡੀ ਮਜੀਠਾ ਵਿਖੇ ਆਪਣੇ ਆਪਣੇ ਪਿੰਡਾਂ ਵਿੱਚੋਂ ਵੱਧ ਤੋਂ ਵੱਧ ਮਹਿਲਾਵਾਂ ਨੂੰ ਨਾਲ ਲੈ ਕੇ ਪਹੁੰਚੇ।

# ਈਰਾਨ 'ਚ ਮਾਰੀਆਂ ਗਈਆਂ ਬੱਚੀਆਂ ਨੂੰ ਸ਼ਰਧਾਂਜਲੀ ਭੇਟ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਲੋਕ ਭਲਾਈ ਮੰਚ ਪੰਜਾਬ ਵੱਲੋਂ ਬਲਦੇਵ ਸਿੰਘ ਦੀ ਪ੍ਰਧਾਨਗੀ ਹੇਠ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪਈ ਵਿਖੇ ਕੌਮਾਂਤਰੀ ਇਸਤਰੀ ਦਿਵਸ ਮਨਾਇਆ ਗਿਆ।ਸਭ ਤੋਂ ਪਹਿਲਾਂ ਇਰਾਨ ਵਿੱਚ ਅਮਰੀਕਾ ਤੇ ਇਜ਼ਰਾਈਲ ਵੱਲੋਂ ਕੀਤੇ ਗਏ ਹਮਲੇ ਵਿਚ ਮਾਰੀਆਂ ਗਈਆਂ ਸਕੂਲ ਬੱਚੀਆਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਦਿੱਤੀ ਗਈ ਤੇ ਇਸ ਹਮਲੇ ਦੀ ਨਿੰਦਾ ਕੀਤੀ ਗਈ। ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ, ਕੁਲਦੀਪ ਸਿੰਘ, ਇਕਬਾਲ ਸਿੰਘ, ਬਿਹਾਰੀ ਲਾਲ ਭਾਰਤੀ, ਸ਼ੀਲਾ ਜੀ, ਸੁਖਦੇਵ ਸਿੰਘ,ਅਜੀਤ ਸਿੰਘ ਭੱਟੀ, ਅਮਰਜੀਤ ਸਿੰਘ ਗਿੱਲ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਸਮੇਂ ਉਪਰੋਕਤ ਤੋਂ ਇਲਾਵਾ ਬਲਵਿੰਦਰ ਕੌਰ, ਗੋਲਡੀ, ਨਰਿੰਦਰ ਕੌਰ, ਕੁਲਵੰਤ ਕੌਰ, ਕਿਰਪਾਲ ਸਿੰਘ, ਕਾਲਾ ਸਿੰਘ, ਜੀਤ ਲਾਲ, ਗੁਰਮੀਤ ਸਿੰਘ, ਕਿਸ਼ਨ ਲਾਲ, ਬਲਜੀਤ ਕੌਰ, ਪ੍ਰਦੀਪ ਕੁਮਾਰ,ਅਮਰੀਕ ਸਿੰਘ, ਰਾਜਰਾਣੀ, ਨਰੇਸ਼ ਕੁਮਾਰੀ, ਸੀਤਾਰਾਣੀ, ਬਲਦੇਵ ਸਿੰਘ, ਵੀਨਾ ਰਾਣੀ, ਮੁਸਕਾਨ, ਤਰਸੇਮ ਕੁਮਾਰ, ਦਰਸ਼ਨਾ ਰਾਨੀ, ਸੁਖਪਾਲ ਸਿੰਘ, ਬਾਜ਼ ਸਿੰਘ, ਜੀਨਾ, ਸੁਨੈਨਾ, ਕਸ਼ਮੀਰ ਸਿੰਘ, ਰਾਧਾ ਤੇ ਕਾਜਲ ਸ਼ਾਮਲ ਸਨ।

## ਮੁੱਖ ਮੰਤਰੀ ਨੇ ਮਾਵਾਂ-ਧੀਆਂ ਸਤਕਾਰ ਯੋਜਨਾ ਦੀ ਕੀਤੀ ਸ਼ੁਰੂਆਤ

# ਮਹਿਲਾਵਾਂ ਨੂੰ ਹਰ ਮਹੀਨੇ ਮਿਲੇਗਾ ਆਰਥਿਕ ਸਨਮਾਨ : ਮੋਹਿੰਦਰ ਭਗਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਜ ਦੀਆਂ ਮਹਿਲਾਵਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਲਈ ਮਾਵਾਂ-ਧੀਆਂ ਸਤਕਾਰ ਯੋਜਨਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇਸ ਯੋਜਨਾ ਤਹਿਤ ਪੰਜਾਬ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ ਆਰਥਿਕ ਸਹਾਇਤਾ ਦਿੱਤੀ ਜਾਵੇਗੀ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਦੀ ਹਰ ਮਾਂ, ਭੈਣ ਅਤੇ ਧੀ ਨੂੰ ਸਨਮਾਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੈਸਾਖੀ ਦੇ ਦਿਨ ਤੋਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਜੇਬ ਖਰਚ ਦੇ ਤੌਰ 'ਤੇ ਦੇਣ ਦੀ ਸ਼ੁਰੂਆਤ ਕਰਨ ਜਾ ਰਹੀ ਹੈ। ਇਸ ਐਲਾਨ ਤੋਂ ਬਾਅਦ ਪੰਜਾਬ ਭਰ ਦੀਆਂ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ।

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਜਟ ਪੇਸ਼ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੀ ਜਨਤਾ ਨਾਲ ਕੀਤੇ ਵਾਅਦੇ ਲਗਾਤਾਰ ਪੂਰੇ ਕੀਤੇ ਹਨ। ਉਨ੍ਹਾਂ ਦੱਸਿਆ ਕਿ ਹੁਣ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੇ ਜਾਣਗੇ, ਜਦਕਿ ਐੱਸ ਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ। ਇਹ ਯੋਜਨਾ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਮਹਿਲਾਵਾਂ ਲਈ ਲਾਗੂ ਹੋਵੇਗੀ।ਇਸ ਸੰਬੰਧ ਵਿੱਚ ਕੈਬਿਨੇਟ ਮੰਤਰੀ ਮੋਹਿੰਦਰ ਸਿੰਘ ਭਗਤ ਨੇ ਕਿਹਾ ਕਿ ਮਾਵਾਂ-ਧੀਆਂ ਸਤਕਾਰ ਯੋਜਨਾ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ ਅਤੇ ਉਨ੍ਹਾਂ ਦੀ ਭਲਾਈ ਲਈ ਇੱਕ ਵੱਡਾ ਕਦਮ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲਗਾਤਾਰ ਲੋਕ-ਹਿਤ ਵਿੱਚ ਫੈਸਲੇ ਲੈ ਰਹੀ ਹੈ। ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲੇਗਾ ਅਤੇ ਉਹ ਹੋਰ ਵੀ ਆਤਮਨਿਰਭਰ ਬਣਨਗੀਆਂ।

# ਸ਼ਹਿਰ ਨੂੰ ਸਾਫ-ਸੁਥਰਾ ਰੱਖਣਾ ਹਰ ਸ਼ਹਿਰੀ ਦਾ ਪਹਿਲਾ ਫਰਜ਼ : ਸਰਪੰਚ ਢੋਟੀ

**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**



ਸਥਾਨਕ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਮੌਜੂਦਾ ਸਰਪੰਚ ਨਿਰਮਲ ਸਿੰਘ ਢੋਟੀ ਨੇ ਕਿਹਾ ਕਿ ਸ੍ਰੀ ਗੋਇੰਦਵਾਲ ਸਾਹਿਬ ਵਿੱਚ ਸੀਵਰੇਜ ਸਿਸਟਮ ਦਾ ਲੋਕਾਂ ਨੇ ਬੜਾ ਮੰਦਾ ਹਾਲ ਕੀਤਾ ਹੈ ਜਿਸ ਨੂੰ ਕਿ ਜੰਗੀ ਪੱਧਰ ਤੇ ਠੀਕ ਕੀਤਾ ਜਾ ਰਿਹਾ ਹੈ ਅਤੇ ਜਿੱਥੇ ਜ਼ਰੂਰਤ ਹੈ ਉਥੇ ਨਵਾਂ ਵੀ ਪਾਇਆ ਜਾ ਰਿਹਾ ਹੈ ਪਰ ਉਨ੍ਹਾਂ ਨੇ ਬੜੇ ਅਫਸੋਸ ਨਾਲ ਕਿਹਾ ਕਿ ਲੋਕਾਂ ਵੱਲੋਂ ਸੰਪੂਰਨ ਸਹਿਯੋਗ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਦੀ ਟੀਮ ਜਿਸ ਵੀ ਏਰੀਏ ਦਾ ਸੀਵਰੇਜ ਸਾਫ ਕਰਕੇ ਆਉਂਦੀ ਹੈ ਉਸ ਦੇ ਤੁਰੰਤ ਬਾਅਦ ਹੀ ਲੋਕ ਆਪਣੇ ਘਰਾਂ ਦਾ ਕੂੜਾ ਕਰਕਟ ਪੋਲੀਥੀਨ ਲਿਫਾਫੇ, ਛੋਟੀਆਂ ਬੋਤਲਾਂ, ਠੰਡੇ ਵਾਲੀਆਂ ਡੱਬੀਆਂ, ਫਾਸਟ ਫੂਡ ਦੇ ਪੈਕਟ, ਇਹ ਸਾਰਾ ਕੁਝ ਸੀਵਰੇਜ ਵਿੱਚ ਸੁੱਟ ਦਿੰਦੇ ਹਨ ਜਿਸ ਨਾਲ ਸੀਵਰੇਜ ਦੁਬਾਰਾ ਬੰਦ ਹੋ ਜਾਂਦਾ ਹੈ।ਵਾਰ ਵਾਰ ਸਾਫ ਕਰਨ ਦੇ ਬਾਵਜੂਦ ਇਹ ਨਹੀਂ ਚੱਲ ਰਿਹਾ। ਖਾਸ ਕਰਕੇ ਬਾਬਾ ਬਿਧੀ ਚੰਦ ਕਲੋਨੀ ਵਾਲੀ ਸਾਈਡ ਅਤੇ ਗੈਸ ਏਜੰਸੀ ਗੁਦਾਮ ਵਾਲੀ ਸਾਈਡ ਇਹ ਪ੍ਰੋਬਲਮ ਬਹੁਤ ਵੱਡੇ ਪੱਧਰ 'ਤੇ ਆ ਰਹੀ ਹੈ।ਉਨ੍ਹਾਂ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਪਵਿੱਤਰ ਨਗਰੀ ਵਿੱਚ ਦੂਰ ਦੁਰਾਡੇ ਤੋਂ ਸੰਗਤਾਂ ਦਰਸ਼ਨ ਦੀਦਾਰ ਕਰਨ ਵਾਸਤੇ ਆਉਂਦੀਆਂ ਹਨ ਪਰ ਅੱਗੇ ਸੀਵਰੇਜ ਟੁੱਟਾ ਹੋਣ ਕਰਕੇ ਬੰਦ ਹੋਣ ਕਰਕੇ ਲੀਕੇਜ ਨਾਲ ਸੜਕਾਂ ਉੱਪਰ ਗੰਦਾ ਪਾਣੀ ਆ ਜਾਂਦਾ ਹੈ ਜਿਸ ਨਾਲ ਬਦਬੂ ਫੈਲਦੀ ਹੈ। ਉਨ੍ਹਾਂ ਨੇ ਜਨਤਾ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਸਾਡਾ ਸਹਿਯੋਗ ਦੇਵੇ ਅਤੇ ਆਪਣੇ ਘਰ ਦੇ ਸੀਵਰੇਜ ਅੱਗੇ ਜਾਲੀਆਂ ਲਗਾਉਣ ਤਾਂ ਜੋ ਕੂੜਾ ਕਰਕਟ ਅਤੇ ਕਿਸੇ ਕਿਸਮ ਦਾ ਕਚਰਾ ਸੀਵਰੇਜ ਵਿੱਚ ਨਾ ਫਸੇ। ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਘਰਾਂ ਨੇ ਜਾਲੀਆਂ ਨਾ ਲਗਾਈਆਂ ਜਾਂ ਜਾਣਬੁੱਝ ਕੇ ਸੀਵਰੇਜ ਨੂੰ ਬੰਦ ਕੀਤਾ ਉਨ੍ਹਾਂ ਦੇ ਕੁਨੈਕਸ਼ਨ ਕੱਟ ਦਿੱਤੇ ਜਾਣਗੇ ।ਇਸ ਮੌਕੇ ਉਨ੍ਹਾਂ ਤੋਂ ਇਲਾਵਾ ਗੁਰਸਾਹਿਬ ਸਿੰਘ, ਸਤਨਾਮ ਸਿੰਘ, ਅੰਨਦ ਸਿੰਘ, ਬਲਜਿੰਦਰ ਸਿੰਘ, ਟਹਿਲ ਸਿੰਘ, ਹਰਜੀਤ ਸਿੰਘ, ਜਸਬੀਰ ਸਿੰਘ, ਹਰਚਰਨ ਸਿੰਘ, ਰਜਵੰਤ ਕੌਰ, ਸੁਖਬੀਰ ਸਿੰਘ, ਰਾਜਾ ਅਤੇ ਕੋਕ ਸਿੰਘ ਆਦਿ ਹਾਜ਼ਰ ਸਨ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਬਿਆਸ (ਪਰਮਜੀਤ ਸਿੰਘ ਰੱਖੜਾ)**-ਐਕਸੀਅਨ ਰਾਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੀਐੱਸਟੀਸੀਐੱਲ ਦੀ ਟੀਮ ਵੱਲੋਂ 220 ਕੇ ਵੀ ਗਰਿਡ ਬੁਟਾਰੀ ਦੇ 11 ਕੇ ਵੀ ਬਰੇਕਰ ਨੂੰ ਪੁਰਾਣੇ ਕੰਟਰੋਲ ਰੂਮ ਵਿੱਚੋਂ ਨਵੇਂ ਕੰਟਰੋਲ ਰੂਮ ਵਿੱਚ ਸ਼ਿਫਟ ਕਰਨਾ ਹੈ ਜਿਸ ਕਰਕੇ ਬਿਜਲੀ ਸਪਲਾਈ ਪ੍ਰਭਾਵਿਤ ਹੋਵੇਗੀ ਜਿਸ ਕਾਰਨ 9 ਮਾਰਚ ਦਿਨ ਸੋਮਵਾਰ ਅਤੇ 10 ਮਾਰਚ ਦਿਨ ਮੰਗਲਵਾਰ ਦੋ ਦਿਨ ਦੀ ਸ਼ੈੱਡ ਡਾਊਨ ਮਨਜ਼ੂਰ ਕੀਤੀ ਗਈ ਹੈ। ਇਸ ਕਰਕੇ 7 ਏ ਪੀ ਫੀਡਰ ਅਤੇ 1 ਅਰਬਨ ਫੀਡਰ ਜਿਨ੍ਹਾਂ ਵਿੱਚ ਕਾਲੇਕੇ ਏ ਪੀ, ਸਰਜਾ ਏ ਪੀ , ਦਨਿਆਲ ਏ ਪੀ, ਸੁਧਾਰ ਏ ਪੀ, ਵਡਾਲਾ ਏ ਪੀ, ਕਲੇਰ ਏ ਪੀ, ਦਾਊਦ ਏ ਪੀ, ਰਈਆ ਅਰਬਨ ਅਤੇ ਮਾਈਕ੍ਰੋਵੇਵ ਆਜ਼ਾਦ ਦੀ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

# ਰਾਹੁਲ ਗਾਂਧੀ ਦੀ ਪੰਜਾਬ ਫੇਰੀ ਪਿੱਛੋਂ ਕਾਂਗਰਸੀ ਵਰਕਰਾਂ'ਚ ਭਾਰੀ ਉਤਸ਼ਾਹ : ਸੱਚਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**



ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਵੱਲੋਂ ਪੰਜਾਬ ਵਿਧਾਨ ਸਭਾ ਦੇ ਅੰਦਰ ਤੇ ਬਾਹਰ ਲਗਾਏ ਗਏ ਮੋਰਚਿਆਂ ਨੇ ਪੰਜਾਬ ਸਰਕਾਰ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਚੰਡੀਗੜ੍ਹ ਵਿੱਚ ਪਾਰਟੀ ਵੱਲੋਂ ਵਿਧਾਨ ਸਭਾ ਦੇ ਘਿਰਾਓ ਸਬੰਧੀ ਵੱਡੇ ਇਕੱਠ ਤੋਂ ਵਾਪਸ ਪਰਤਦਿਆਂ ਕੀਤਾ। ਸੱਚਰ ਨੇ ਕਿਹਾ ਕਿ ਸਾਡੀ ਪਾਰਟੀ ਦੇ ਮਹਿਬੂਬ ਨੇਤਾ ਰਾਹੁਲ ਗਾਂਧੀ ਦੀ 28 ਫਰਵਰੀ ਨੂੰ ਬਰਨਾਲਾ ਵਿਚਲੀ ਇਤਿਹਾਸਕ ਰੈਲੀ ਨੇ ਪੰਜਾਬ ਦੇ ਹਰ ਛੋਟੇ ਤੇ ਵੱਡੇ ਕਾਂਗਰਸੀ ਆਗੂ ਤੇ ਵਰਕਰ ਵਿੱਚ ਨਵੀਂ ਰੂਹ ਫੂਕ ਦਿੱਤੀ ਹੈ, ਸੱਚਰ ਨੇ ਕਿਹਾ ਕਿ ਅੱਜ ਦੇ ਇਸ ਰੋਹ ਭਰਪੂਰ ਸੰਘਰਸ਼ ਵਿੱਚ ਹਰ ਕਾਂਗਰਸੀ ਦਾ ਗੁੱਸਾ ਸੀ। ਸੱਚਰ ਨੇ ਕਿਹਾ ਕਿ ਜਿਸ ਤਰ੍ਹਾਂ ਸਾਬਕਾ ਉਪ ਮੁੱਖ ਮੰਤਰੀ ਤੇ ਮੈਂਬਰ ਲੋਕ ਸਭਾ ਸੁਖਜਿੰਦਰ ਸਿੰਘ ਰੰਧਾਵਾ ਦੇ ਮੁੱਖ ਮੰਤਰੀ ਭਗਵੰਤ ਮਾਨ ਸਵਾਲਾਂ ਦੇ ਜਵਾਬ ਦੇਣ। ਸੱਚਰ ਨੇ ਕਿਹਾ ਕਿ ਸਾਡੀਆਂ ਮਾਵਾਂ ਭੈਣਾਂ ਨਾਲ ਕੀਤੇ ਵਾਅਦੇ ਅਨੁਸਾਰ 48000 ਰੁਪਏ ਹਰ ਇੱਕ ਦੇ ਖਾਤੇ ਵਿੱਚ ਭੇਜ, ਹਰ ਰੋਜ਼ ਗੋਲੀਆਂ ਦੇ ਸ਼ਿਕਾਰ ਹੋ ਰਹੇ ਲੋਕਾਂ ਦੀ ਮੌਤ ਦਾ ਜਵਾਬ ਦੇਵੇ, ਨਸ਼ੇ ਨਾਲ ਮਰ ਰਹੀ ਪੰਜਾਬ ਦੀ ਜਵਾਨੀ ਦਾ ਤੇਰੀ ਸਰਕਾਰ ਨੇ ਕੀ ਹੁਣ ਤੱਕ ਕੀ ਹੱਲ ਕੀਤਾ ਹੈ ? ਸਿਵਾਏ ਝੂਠੇ ਸਰਕਾਰੀ ਸਮਾਗਮਾਂ ਤੇ ਮੀਡੀਆ ਵਿੱਚ ਕਰੋੜਾਂ ਸਰਕਾਰੀ ਖ਼ਜ਼ਾਨੇ ਦੇ ਪੈਸਿਆਂ ਦੀ ਬਰਬਾਦੀ ਤੋਂ ਇਲਾਵਾ ਹੋਰ ਕਿਹੜਾ ਮਾਅਰਕਾ ਮਾਰਿਆ ਹੈ,ਕੀ ਲੋਕਾਂ ਨੂੰ ਇਸ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਉਗੇ ? ਅਖੀਰ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2027 ਦੀਆਂ ਚੋਣਾਂ ਲਈ ਕਮਰਕੱਸੇ ਕਰ ਲਏ ਹਨ।

# ਬੇਅਦਬੀ ਹੋਣ 'ਤੇ ਦਮਦਮੀ ਟਕਸਾਲ ਦਾ ਵਫਦ ਪਿੰਡ ਵਾਸੀਆਂ ਨੂੰ ਮਿਲਿਆ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**



ਇਤਿਹਾਸਕ ਗੁ. ਨੌਵੀਂ ਪਾਤਿਸ਼ਾਹੀ ਧੇੜੇਆਣਾ ਸਾਹਿਬ ਸਠਿਆਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦਾ ਮੰਦਭਾਗਾ ਮਾਮਲਾ ਸਾਹਮਣੇ ਆਇਆ ਸੀ ਜਿਸ ਸਬੰਧ ਵਿੱਚ ਦਮਦਮੀ ਟਕਸਾਲ ਅਤੇ ਸੰਤ ਸਮਾਜ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੀ ਤਰਫੋਂ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ ਚੌਂਕ, ਗਿਆਨੀ ਸਾਹਿਬ ਸਿੰਘ, ਸਰਪੰਚ ਕਸ਼ਮੀਰ ਸਿੰਘ ਕਾਲਾ, ਭਾਈ ਲਾਲਜੀਤ ਸਿੰਘ, ਗਿਆਨੀ ਜੋਬਨਪ੍ਰੀਤ ਸਿੰਘ, ਜਥੇਦਾਰ ਬੋਹੜ ਸਿੰਘ, ਭਾਈ ਪ੍ਰਕਾਸ਼ ਸਿੰਘ, ਭਾਈ ਗੁਰਬਾਜ ਸਿੰਘ ਅਤੇ ਜਥੇ ਦੇ ਹੋਰ ਸਿੰਘ ਗੁਰਦੁਆਰਾ ਸਾਹਿਬ ਪਹੁੰਚੇ ਜਿੱਥੇ ਉਨ੍ਹਾਂ ਨੇ ਪਿੰਡ ਦੇ ਸਮੁੱਚੇ ਮੋਹਤਬਰਾਂ ਨਾਲ ਮੁਲਾਕਾਤ ਕੀਤੀ ਅਤੇ ਵਾਪਰੀ ਇਸ ਘਟਨਾ ਦੀ ਸਾਰੀ ਜਾਣਕਾਰੀ ਲਈ ਅਤੇ ਵਾਪਰੀ ਮੰਦਭਾਗੀ ਘਟਨਾ ਦੀ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਘਟਨਾ ਦੀ ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ ਕਿ ਆਖਰ ਦੋਸ਼ੀਆਂ ਨੇ ਇਸ ਘਟਨਾ ਨੂੰ ਅੰਜਾਮ ਕਿਉਂ ਦਿੱਤਾ ਅਤੇ ਇਸ ਘਟਨਾ ਦੇ ਪਿੱਛੇ ਕਿਸ ਦਾ ਹੱਥ ਸੀ ਅਤੇ ਪੰਜਾਬ ਪੁਲਸ ਵੱਲੋਂ ਕਾਬੂ ਕੀਤੇ ਗਏ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਅੱਗੇ ਤੋਂ ਅਜਿਹੀ ਕੋਈ ਵੀ ਘਟਨਾ ਨਾ ਵਾਪਰ ਸਕੇ।

# ਖ਼ਾਲਸਾ ਯੂਨੀਵਰਸਿਟੀ ਵੱਲੋਂ ਮਹਿਲਾ ਦਿਵਸ 'ਤੇ ਸੈਮੀਨਾਰ ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵੱਲੋਂ 'ਔਰਤਾਂ ਨੂੰ ਸਸ਼ਕਤ ਬਣਾਉਣਾ, ਭਾਰਤ ਨੂੰ ਅਮੀਰ ਬਣਾਉਣਾ: ਕਾਨੂੰਨੀ ਦ੍ਰਿਸ਼ਟੀਕੋਣ' ਵਿਸ਼ੇ 'ਤੇ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਯੂਨੀਵਰਸਿਟੀ ਦੇ ਕਾਨੂੰਨੀ ਵਿਗਿਆਨ ਫੈਕਲਟੀ ਡੀਨ ਡਾ. ਜਸਪਾਲ ਸਿੰਘ ਨੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਦਾ ਉਦੇਸ਼ ਨੌਜਵਾਨ ਔਰਤਾਂ ਲਈ ਲਿੰਗ ਸਮਾਨਤਾ, ਵਿੱਤੀ ਸੁਤੰਤਰਤਾ ਅਤੇ ਕਾਨੂੰਨੀ ਅਧਿਕਾਰਾਂ 'ਤੇ ਸੰਵਾਦ ਨੂੰ ਉਤਸ਼ਾਹਿਤ ਕਰਨਾ ਸੀ।



ਇਸ ਸਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ 'ਚ ਮਹਿਮਾਨ ਬੁਲਾਰੇ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਹਾਇਕ ਪ੍ਰੋਫੈਸਰ ਡਾ. ਅਰਨੀਤ ਕੌਰ ਨੇ ਸ਼ਿਰਕਤ ਕੀਤੀ।ਇਸ ਸੈਮੀਨਾਰ ਦੌਰਾਨ ਡਾ. ਅਰਨੀਤ ਕੌਰ ਨੇ ਇਸ ਦੇ ਉਦੇਸ਼ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਮਕਾਲੀ ਸਮਾਜ 'ਚ ਪੇਸ਼ੇਵਰ ਅਤੇ ਨਿੱਜੀ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਲੋੜੀਂਦੇ ਆਤਮਵਿਸ਼ਵਾਸ ਅਤੇ ਗਿਆਨ ਨਾਲ ਮਹਿਲਾ ਵਿਦਿਆਰਥੀਆਂ ਨੂੰ ਸਸ਼ਕਤ ਬਣਾਉਣਾ ਹੈ।

ਇਸ ਮੌਕੇ ਡਾ. ਅਰਨੀਤ ਕੌਰ ਨੇ ਘਰੇਲੂ ਅਤੇ ਪੇਸ਼ੇਵਰ ਖੇਤਰਾਂ 'ਚ ਲਿੰਗ-ਪ੍ਰਤੀਬੰਧਿਤ ਭੂਮਿਕਾਵਾਂ ਨੂੰ ਤੋੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਸਕੂਲ ਆਫ਼ ਲਾਅ ਮੁਖੀ ਡਾ. ਗੁਨੀਸ਼ਾ ਸਲੂਜਾ ਵੱਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਕਾਲਜ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਦੀਨਾਨਗਰ ਤੋਂ ਗਾਹਲੜੀ ਤੱਕ ਬਣਨ ਵਾਲੀ ਸੜਕ ਦਾ ਨਵੀਨੀਕਰਨ ਸ਼ੁਰੂ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਵਿਧਾਨਸਭਾ ਹਲਕਾ ਦੀਨਾਨਗਰ ਦੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਐਤਵਾਰ ਪਿੰਡ ਅਵਾਂਖਾ ਵਿਖੇ ਦੀਨਾਨਗਰ ਤੋਂ ਗਾਹਲੜੀ ਤੱਕ 10.57 ਕਰੋੜ ਰੁਪਏ ਦੀ ਲਾਗਤ ਨਾਲ ਨਵਿਆਈ ਜਾਣ ਵਾਲੀ 12.76 ਕਿਲੋਮੀਟਰ ਲੰਮੀ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਐਸਡੀਓ ਅਮਨਦੀਪ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਅੰਦਰ ਬਿਨਾਂ ਕਿਸੇ ਪੱਖਪਾਤ ਦੇ ਸ਼ਹਿਰਾਂ ਅਤੇ ਪਿੰਡਾਂ ਅੰਦਰ ਵਿਕਾਸ ਦੇ ਕੰਮ ਕਰ ਰਹੀ ਹੈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਦੇ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ, ਭਗਵੰਤ ਮਾਨ ਸਰਕਾਰ ਵੱਲੋਂ ਉਹ ਸਾਰੇ ਵਾਅਦੇ ਪੂਰੇ ਕਰਨ ਦੇ ਇਲਾਵਾ ਇਸ ਸਮੇਂ ਸੂਬੇ ਅੰਦਰ ਜੰਗੀ ਪੱਧਰ ਤੇ ਵਿਕਾਸ ਦੇ ਕੰਮ ਕੀਤੇ ਜਾ ਰਹੇ ਹਨ ਅਤੇ ਆਉਣ ਵਾਲੇ ਦਿਨਾਂ ਦੌਰਾਨ ਮਾਨ ਸਰਕਾਰ ਦੀ ਇਹ ਵਿਕਾਸ ਕਾਰਜਾਂ ਦੀ ਹਨੇਰੀ ਹੋਰ ਵੀ ਤੇਜ਼ ਹੋਵੇਗੀ।ਇਸ ਮੌਕੇ ਆਪ ਆਗੂ ਰਿਟਾ. ਪ੍ਰਿੰਸੀਪਲ ਸੁਖਦੇਵ ਰਾਜ, ਚੰਦਰਸ਼ੇਖਰ ਦੀਪਾ, ਸਰਪੰਚ ਨਿਤਿਨ ਸੈਣੀ ਦੋਦਵਾਂ, ਚਮਨ ਲਾਲ ਅਵਾਂਖਾ, ਸੂਰਤੀ ਦੇਵੀ ਅਵਾਂਖਾ, ਜਤਿੰਦਰ ਕੌਰ ਅਵਾਂਖਾ, ਸੁਨੀਤਾ, ਦੇਵੀ, ਚਾਹਤ ਲੋਧੀ ਅਤੇ ਤਰੁਨ ਸ਼ਰਮਾ ਵੀ ਮੌਜੂਦ ਸਨ।



# 'ਵਾਕ ਐਂਡ ਟਾਕ' ਜਾਗਰੂਕਤਾ ਪ੍ਰੋਗਰਾਮ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਅਰਬਨ ਕਮਿਊਨਿਟੀ ਹੈਲਥ ਸੈਂਟਰ (ਯੂ. ਸੀ. ਐੱਚ. ਸੀ.) ਨਰਾਇਣਗੜ੍ਹ ਵਿਖੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕਰਨ ਲਈ 'ਵਾਕ ਐਂਡ ਟਾਕ' ਪ੍ਰੋਗਰਾਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਰਸਿੰਗ ਟਿਊਟਰ ਲਵਪ੍ਰੀਤ ਕੌਰ ਅਤੇ ਕਲੀਨਿਕਲ ਇਨਸਟਰਕਟਰ ਅਰਬੀਨਾ ਖਾਨ ਦੀ ਨਿਗਰਾਨੀ ਹੇਠ ਉਕਤ ਪ੍ਰੋਗਰਾਮ ਲੋੜ ਅਧਾਰਿਤ ਵਿਸ਼ੇ ਐਨੀਮੀਆ (ਖੂਨ ਦੀ ਕਮੀ) ਬਾਰੇ ਜਾਗਰੂਕਤਾ ਫੈਲਾਉਣ ਲਈ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਉਕਤ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰੋਗਰਾਮ ਦੀ ਸ਼ੁਰੂਆਤ ਜਾਗਰੂਕਤਾ ਰੈਲੀ ਨਾਲ ਹੋਈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਕਮਿਊਨਿਟੀ 'ਚ ਜਾ ਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਐਨੀਮੀਆ ਦੇ ਕਾਰਣਾਂ, ਲੱਛਣਾਂ, ਬਚਾਅ ਅਤੇ ਇਲਾਜ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ।ਉਨ੍ਹਾਂ ਖਾਸ ਤੌਰ 'ਤੇ ਗਰਭਵਤੀ ਔਰਤਾਂ, ਕਿਸ਼ੋਰੀਆਂ ਅਤੇ ਬੱਚਿਆਂ 'ਚ ਐਨੀਮੀਆ ਦੀ ਵੱਧ ਰਹੀ ਸਮੱਸਿਆ 'ਤੇ ਚਾਨਣਾ ਪਾਇਆ।ਇਸ ਮੌਕੇ ਯੂ. ਸੀ. ਐੱਚ. ਸੀ. ਦੇ ਮੈਡੀਕਲ ਅਧਿਕਾਰੀਆਂ, ਸਿਹਤ ਕਰਮਚਾਰੀਆਂ ਅਤੇ ਸਿਹਤ ਕੇਂਦਰ ਦੇ ਸਟਾਫ ਨੇ ਵੀ ਉਕਤ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਸਮਾਜ 'ਚ ਸਿਹਤ ਪ੍ਰਤੀ ਚੇਤਨਾ ਵਧਾਉਣ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਮੋਗਾ ਦੀ ਬਦਲਾਅ ਰੈਲੀ ਬਾਬਤ ਭਾਜਪਾ ਵਰਕਰਾਂ ਨੇ ਕੀਤੀ ਮੀਟਿੰਗ

**ਮਜੀਠਾ (ਸੋਇਮ ਆਨੰਦ)**

ਭਾਰਤੀ ਜਨਤਾ ਪਾਰਟੀ ਵੱਲੋਂ ਮੋਗਾ ਵਿਖੇ 14 ਮਾਰਚ ਨੂੰ ਹੋਣ ਜਾ ਰਹੀ ਬਦਲਾਅ ਰੈਲੀ ਨੂੰ ਪਾਰਟੀ ਵੱਲੋਂ 2027 ਦੀ ਚੋਣ ਮੁਹਿੰਮ ਦੀ ਸ਼ੁਰੂਆਤ ਵਜੋਂ ਦੇਖਿਆ ਜਾ ਰਿਹਾ ਹੈ।ਇਸ ਸਬੰਧੀ ਮਜੀਠਾ ਵਿਖੇ ਭਾਰਤੀ ਜਨਤਾ ਪਾਰਟੀ ਦੇ ਵਿਧਾਨ ਸਭਾ ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਦੀ ਅਗਵਾਈ ਵਿਚ ਭਾਜਪਾ ਆਗੂਆਂ ਅਤੇ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਮਜੀਠਾ ਵਿਖੇ ਹੋਈ ਜਿਸ ਵਿਚ ਭੁੱਲਰ ਨੇ ਪਾਰਟੀ ਵਰਕਰਾਂ ਨੂੰ ਮੋਗਾ ਦੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਲਈ ਲਾਮਬੰਦ ਕੀਤਾ।ਪਾਰਟੀ ਵਰਕਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਨ ਉਪਰੰਤ ਗੱਲਬਾਤ ਕਰਦਿਆਂ ਭੁੱਲਰ ਨੇ ਕਿਹਾ ਕਿ ਇਹ ਰੈਲੀ ਇੱਕ ਰਾਜਨੀਤਕ ਇਕੱਠ ਨਾ ਹੋ ਕੇ ਪੰਜਾਬ ਵਿਚ ਪਾਰਟੀ ਦੇ ਵਿਸਥਾਰ ਅਤੇ ਨਵੇਂ ਸਿਆਸੀ ਵਿਕਲਪ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਵੱਡਾ ਮੰਚ ਸਾਬਤ ਹੋਵੇਗੀ।ਇਸ ਮੌਕੇ ਭੁੱਲਰ ਤੇ ਮੁਧਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪਿਛਲੇ ਸਮੇਂ ਦੌਰਾਨ ਪੰਜਾਬ ਬਾਰੇ ਲਏ ਗਏ ਵੱਡੇ ਫੈਸਲਿਆਂ ਨਾਲ ਸੂਬਾ ਭਰ ਵਿਚ ਪਾਰਟੀ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਹਨ ਅਤੇ ਪਾਰਟੀ ਦਿਨੋਂ ਦਿਨ ਪਿੰਡ ਪੱਧਰ 'ਤੇ ਮਜ਼ਬੂਤ ਹੋ ਰਹੀ ਹੈ।ਇਸ ਮੀਟਿੰਗ ਵਿਚ ਪਾਰਟੀ ਦੇ ਸੀਨੀਅਰ ਆਗੂ ਰਣਬੀਰ ਸਿੰਘ ਮੁਧਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਿਨ੍ਹਾਂ ਨੇ ਵਰਕਰਾਂ ਨੂੰ ਪਾਰਟੀ ਦੀ ਪੰਜਾਬ ਪ੍ਰਤੀ ਉਸਾਰੂ ਸੋਚ ਤੋਂ ਜਾਣੂੰ ਕਰਾਇਆ ਅਤੇ ਕਿਹਾ ਕਿ ਮੋਗਾ ਦੀ ਬਦਲਾਅ ਰੈਲੀ ਪੰਜਾਬ ਵਿਚ 2027 ਵਿਚ ਹੋਣ ਵਾਲੀਆਂ ਚੋਣਾਂ ਵਾਸਤੇ ਸੂਬੇ ਦੇ ਰਾਜਨੀਤਕ ਸਮੀਕਰਨ ਬਦਲ ਦੇਵੇਗੀ।ਇਸ ਮੌਕੇ ਸਾਬਕਾ ਏਡੀਸੀ ਰਣਬੀਰ ਸਿੰਘ ਮੁਧਲ, ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਰਾਕੇਸ਼ ਕੁਮਾਰ ਸਰਕਲ ਪ੍ਰਧਾਨ ਮਜੀਠਾ, ਕੰਵਰਸ਼ੇਰ ਸਿੰਘ ਪ੍ਰਧਾਨ ਨਾਗ, ਗੁਰਮੁੱਖ ਸਿੰਘ ਕਾਦਰਾਬਾਦ ਸਰਕਲ ਪ੍ਰਧਾਨ ਚਵਿੰਡਾ ਦੇਵੀ, ਸੁਖਦੇਵ ਸਿੰਘ ਚਵਿੰਡਾ ਦੇਵੀ, ਗੁਰਪ੍ਰੀਤ ਸਿੰਘ ਸਿਆਲਕਾ, ਦਵਿੰਦਰ ਸਿੰਘ ਮਾਹਲਾ ਮੰਡਲ ਸੈਕਟਰੀ, ਸਵਿੰਦਰ ਸਿੰਘ ਗੋਲਡੀ ਚੌਹਾਨ, ਬਿੱਕਰ ਮਜੀਠਾ, ਜਗਪ੍ਰੀਤ ਸਿੰਘ ਜੱਗੂ, ਜਸਬੀਰ ਸਿੰਘ ਨਾਗ ਕਲਾਂ, ਪਵਨ ਕੁਮਾਰ ਬੰਟੀ, ਬਿਕਰਮਜੀਤ ਸਿੰਘ, ਗੁਰਵੇਲ ਸਿੰਘ, ਫਤਿਹ ਸਿੰਘ, ਬਲਵਿੰਦਰ ਸਿੰਘ, ਸੰਜੀਵ ਸਿੰਘ ਮਜੀਠਾ, ਸੁਖਦੇਵ ਸਿੰਘ ਪੰਚ ਬੱਗਾ, ਲਖਬੀਰ ਸਿੰਘ ਸਿੱਧਵਾ ਆਦਿ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ 'ਮੇਰਾ ਯੁਵਾ ਭਾਰਤ' ਨੇ ਕਰਵਾਈ 'ਅਸਮਿਤਾ' ਲੀਗ

**ਪੱਟੀ, (ਬਲਦੇਵ ਸਿੰਘ ਸੰਧੂ)**

ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਭਾਰਤ ਸਰਕਾਰ ਦੇ ਯੁਵਾ ਕਾਰਜ ਅਤੇ ਖੇਡ ਮੰਤਰਾਲੇ ਦੇ ਅਧੀਨ ਮੇਰਾ ਯੁਵਾ ਭਾਰਤ ਤਰਨ ਤਾਰਨ ਵੱਲੋਂ ਖੇਲੋ ਇੰਡੀਆ ਅਤੇ ਜ਼ਿਲ੍ਹਾ ਖੇਡ ਦਫ਼ਤਰ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਅਰਜਨ ਦੇਵ ਸਟੇਡੀਅਮ, ਤਰਨ ਤਾਰਨ ਵਿਚ 'ਅਸਮਿਤਾ ਲੀਗ' ਦਾ ਆਯੋਜਨ ਕੀਤਾ ਗਿਆ। ਡਿਪਟੀ ਡਾਇਰੈਕਟਰ ਮੈਡਮ ਜਸਲੀਨ ਕੌਰ ਦੀ ਅਗਵਾਈ ਹੇਠ ਆਯੋਜਿਤ ਇਸ ਪ੍ਰੋਗਰਾਮ ਦਾ ਉਦੇਸ਼ ਮਹਿਲਾਵਾਂ ਵਿਚ ਖੇਡਾਂ ਪ੍ਰਤੀ ਰੁਚੀ ਵਧਾਉਣਾ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਨੂੰ ਪ੍ਰੋਤਸਾਹਿਤ ਕਰਨਾ ਸੀ।ਮੈਡਮ ਗੁਰਿੰਦਰ ਕੌਰ, ਸਾਬਕਾ ਪ੍ਰਿੰਸੀਪਲ ਖਾਲਸਾ ਸਕੂਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿਚ ਸਮਾਜ ਦੇ ਹਰੇਕ ਖੇਤਰ ਵਿਚ ਮਹਿਲਾਵਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਚਾਨਣਾ ਪਾਇਆ ਅਤੇ ਮਹਿਲਾਵਾਂ ਨੂੰ ਮਜ਼ਬੂਤ ਅਤੇ ਆਤਮਵਿਸ਼ਵਾਸੀ ਬਣਨ ਲਈ ਪ੍ਰੇਰਿਤ ਕੀਤਾ।ਡਿਪਟੀ ਡਾਇਰੈਕਟਰ ਮੈਡਮ ਜਸਲੀਨ ਕੌਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਹਿਲਾਵਾਂ ਦਾ ਰਾਸ਼ਟਰ ਨਿਰਮਾਣ ਵਿਚ ਮਹੱਤਵਪੂਰਨ ਯੋਗਦਾਨ ਹੈ ਅਤੇ ਖੇਡਾਂ ਮਹਿਲਾਵਾਂ ਦੇ ਆਤਮਵਿਸ਼ਵਾਸ ਅਤੇ ਸਸ਼ਕਤੀਕਰਨ ਨੂੰ ਮਜ਼ਬੂਤ ਕਰਦੀਆਂ ਹਨ।ਜ਼ਿਲ੍ਹਾ ਖੇਡ ਅਫਸਰ ਮੈਡਮ ਸਤਵੰਤ ਕੌਰ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਮਹਿਲਾ ਸ਼ਕਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਅਤੇ ਲੜਕੀਆਂ ਨੂੰ ਖੇਡਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ ਵਰਗੇ ਐਥਲੈਟਿਕਸ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਵੱਡੀ ਗਿਣਤੀ ਵਿੱਚ ਲੜਕੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਕੋਚ ਸੁਖਜੀਤ ਕੌਰ, ਕਵਲਜੀਤ ਕੌਰ, ਰਣਜੀਤ ਸਿੰਘ ਅਤੇ ਦਵਿੰਦਰ ਸਿੰਘ ਵੀ ਹਾਜ਼ਰ ਸਨ।



# ਗਰੰਟੀਆਂ ਪੂਰੀਆਂ ਕਰਨ ਵਾਲੀ ਪੰਜਾਬ ਸਰਕਾਰ ਦੇ ਹੱਕ 'ਚ ਔਰਤਾਂ ਨੇ ਜੰਮ ਕੇ ਕੀਤੀ ਨਾਅਰੇਬਾਜ਼ੀ



**ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)**

ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਜਿਵੇਂ ਹੀ ਵਿੱਤ ਮੰਤਰੀ ਨੇ ਮੁੱਖ ਮੰਤਰੀ ਮਾਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਅਤੇ 1500 ਰੁਪਏ ਦੇਣ ਦਾ ਐਲਾਨ ਕੀਤਾ ਤਾਂ ਬਟਾਲਾ ਵਿਖੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਨਹਿਰੂ ਗੇਟ ਵਿਖੇ ਲਗਾਈ ਵੱਡੀ ਸਕਰੀਨ ਉਤੇ ਬਜਟ ਦਾ ਲਾਈਵ ਪ੍ਰਸਾਰਣ ਦੇਖ ਰਹੀਆਂ ਹਜ਼ਾਰਾਂ ਔਰਤਾਂ ਨੇ ਢੋਲ ਦੇ ਡਗੇ ਤੇ ਨੱਚ ਕੇ ਆਪਣੀ ਖੁਸ਼ੀ ਪ੍ਰਗਟ ਕੀਤੀ ਅਤੇ ਭਗਵੰਤ ਸਿੰਘ ਮਾਨ ਸਰਕਾਰ ਦੇ ਗੰਟੀਆਂ ਪੂਰੀਆਂ ਕਰਨ ਦੇ ਅਕਾਸ਼ ਗੁੰਜਾਊ ਨਾਅਰੇ ਲਗਾ ਕੇ ਮੇਲੇ ਵਰਗੇ ਮਾਹੌਲ ਵਿਚ ਹੋਰ ਉਤਸ਼ਾਹ ਭਰ ਦਿੱਤਾ।ਇਸ ਮੌਕੇ ਗੱਲ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਮੁੱਖ ਮੰਤਰੀ ਮਾਵਾਂ, ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਕੇ ਸਰਕਾਰ ਨੇ ਗਰੰਟੀ ਪੂਰ ਕਰ ਦਿੱਤੀ ਹੈ, ਜਿਸ ਨਾਲ ਮਾਵਾਂ ਧੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕੀਤਾ ਹੈ ਅਤੇ ਲੋਕ ਹਿੱਤ ਵਿੱਚ ਵੱਡੇ ਇਤਿਹਾਸਕ ਫੈਸਲੇ ਲਏ ਗਏ ਹਨ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਅੰਮ੍ਰਿਤ ਕਲਸੀ, ਤਰੁਣ ਕਲਸੀ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਮਾਸਟਰ ਤਿਲਕ ਰਾਜ, ਅਮਿਤ ਸੋਢੀ, ਐੱਮਸੀ ਬਲਵਿੰਦਰ ਸਿੰਘ ਮਿੰਟਾ, ਪ੍ਰਧਾਨ ਵੀਨੂੰ ਕਾਹਲੋਂ, ਅਮਰੀਕ ਸਿੰਘ ਲੰਬੜਦਾਰ, ਜਸਪਾਲ ਸਿੰਘ, ਪਰਦੀਪ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।

# 'ਸਮਾਜਿਕ ਤੇ ਆਰਥਿਕ ਵਿਕਾਸ 'ਚ ਮਹਿਲਾਵਾਂ ਦੀ ਹਿੱਸੇਦਾਰੀ' ਵਿਸ਼ੇ 'ਤੇ ਵਿਸ਼ੇਸ਼ ਸਮਾਗਮ

**ਗੁਰਦਾਸਪੁਰ, (ਜਨਕ ਮਹਾਜਨ, ਦਿਨੇਸ਼ ਕੁਮਾਰ)**

ਸਮਾਜਿਕ ਅਤੇ ਆਰਥਿਕ ਵਿਕਾਸ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸਰਕਾਰੀ ਕਾਲਜ ਗੁਰਦਾਸਪੁਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਗੁਰਦਾਸਪੁਰ ਜ਼ਿਲ੍ਹੇ ਦੀਆਂ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਸੇਵਾਵਾਂ ਨਿਭਾਉਣ ਵਾਲੀਆਂ ਉਦਮੀ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ।ਇਹ ਸਮਾਗਮ ਕਾਲਜ ਦੇ ਮਿਨੀ ਆਡੀਟੋਰੀਅਮ ਵਿੱਚ ਬਹੁਤ ਹੀ ਉਤਸ਼ਾਹਪੂਰਣ ਮਾਹੌਲ ਵਿੱਚ ਕਰਵਾਇਆ ਗਿਆ ਜਿਸ ਵਿੱਚ ਸਿੱਖਿਆ, ਸਿਹਤ, ਪ੍ਰਸ਼ਾਸਨ, ਸਮਾਜ ਸੇਵਾ ਅਤੇ ਹੋਰ ਖੇਤਰਾਂ ਨਾਲ ਸੰਬੰਧਿਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ।ਸਮਾਗਮ ਦੇ ਮੁੱਖ ਮਹਿਮਾਨ ਵਜੋਂ ਡਾ. ਪੁਸ਼ਪਿੰਦਰ ਕੌਰ ਵਾਲੀਆ, ਪ੍ਰਿੰ. ਬੀਬੀਕੇ ਡੀਏਵੀ ਕਾਲਜ ਫਾਰ ਗਰਲਜ਼ ਅੰਮ੍ਰਿਤਸਰ ਹਾਜ਼ਰ ਰਹੇ।ਆਪਣੇ ਸੰਬੋਧਨ ਵਿੱਚ ਡਾ. ਪੁਸ਼ਪਿੰਦਰ ਕੌਰ ਵਾਲੀਆ ਨੇ ਆਪਣੇ ਵਿਸ਼ਾਲ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਮਹਿਲਾਵਾਂ ਦੀ ਸਮਾਜ ਦੇ ਹਰ ਖੇਤਰ ਵਿੱਚ ਭਾਗੀਦਾਰੀ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਖ਼ਾਸ ਤੌਰ 'ਤੇ ਮਹਿਲਾਵਾਂ ਦੀ ਰਾਜਨੀਤੀ ਵਿੱਚ ਸਰਗਰਮ ਭੂਮਿਕਾ ਅਤੇ ਲੜਕੀਆਂ ਦੀ ਸਿੱਖਿਆ ਨੂੰ ਪ੍ਰੋਤਸਾਹਿਤ ਕਰਨ 'ਤੇ ਜ਼ੋਰ ਦਿੱਤਾ।ਪ੍ਰਿੰ. ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਦਾ ਸਮਾਜ ਦੇ ਹਰ ਖੇਤਰ ਵਿੱਚ ਯੋਗਦਾਨ ਬੇਮਿਸਾਲ ਹੈ ਅਤੇ ਸਮਾਜ ਦੇ ਸਮੂਹਿਕ ਵਿਕਾਸ ਲਈ ਮਹਿਲਾਵਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ।ਡਾ. ਭੱਲਾ ਨੇ ਆਪਣੇ ਭਾਸ਼ਣ ਦੌਰਾਨ ਮਹਿਲਾਵਾਂ ਦੀ ਤਰੱਕੀ ਨਾਲ ਜੁੜੇ ਕਈ ਮਹੱਤਵਪੂਰਨ ਆਂਕੜੇ ਵੀ ਸਾਂਝੇ ਕੀਤੇ।ਉਨ੍ਹਾਂ ਇਹ ਵੀ ਦੱਸਿਆ ਕਿ ਦੇਸ਼ ਦੀ ਲੋਕ ਸਭਾ ਵਿੱਚ ਇਸ ਸਮੇਂ ਲਗਭਗ 78 ਮਹਿਲਾ ਸੰਸਦ ਮੈਂਬਰ ਹਨ ਜੋ ਕੁੱਲ ਸੰਖਿਆ ਦਾ ਕਰੀਬ 14 ਫ਼ੀਸਦੀ ਬਣਦੇ ਹਨ, ਜਦਕਿ ਰਾਜ ਸਭਾ ਵਿੱਚ ਲਗਭਗ 12 ਫ਼ੀਸਦੀ ਮਹਿਲਾਵਾਂ ਪ੍ਰਤੀਨਿਧਿਤਾ ਕਰ ਰਹੀਆਂ ਹਨ। ਇਸ ਮੌਕੇ ਜ਼ਿਲਾ ਸੋਸ਼ਲ ਅਤੇ ਚਾਈਲਡ ਵੈੱਲਫੇਅਰ ਅਫਸਰ ਕਿਰਤਪ੍ਰੀਤ ਕੌਰ ਅਤੇ ਜ਼ਿਲ੍ਹਾ ਗਾਇਡੈਂਸ ਅਤੇ ਕਾਊਂਸਲਿੰਗ ਅਫਸਰ ਪਰਮਿੰਦਰ ਸੈਣੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਜੋੜ ਮੇਲੇ ਦੇ ਛੇਵੇਂ ਦਿਨ ਵੀ ਜੌੜੀਆਂ ਕਲਾਂ ਦੀ ਸੰਗਤ ਨੇ ਪਕੌੜਿਆਂ ਤੇ ਚਾਹ ਦਾ ਲੰਗਰ ਲਗਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਪਿੰਡ ਜੌੜੀਆਂ ਕਲਾਂ ਦੀ ਸਮੂਹ ਸਾਧ ਸੰਗਤ ਵੱਲੋਂ ਪਦਮਸ਼੍ਰੀ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ਼੍ਰੀ ਖਡੂਰ ਸਾਹਿਬ ਵਾਲਿਆਂ ਦੇ ਅਸ਼ੀਰਵਾਦ ਸਦਕਾ ਗਿਆਨੀ ਗੁਰਦਿਆਲ ਸਿੰਘ ਜੌੜੀਆਂ ਕਲਾਂ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਬਸਤਰ ਸਲਾਨਾ ਜੋੜ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਦੇਸ਼ਾਂ ਵਿਦੇਸ਼ਾਂ ਤੋਂ ਪੁੱਜੀਆਂ ਸੰਗਤਾਂ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਮੇਲੇ ਦੇ ਛੇਵੇਂ ਦਿਨ ਵੀ ਚਾਹ ਤੇ ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਠੇਕੇਦਾਰ ਜਸਵਿੰਦਰ ਸਿੰਘ ਅਤੇ ਮੁਖਤਿਆਰ ਸਿੰਘ ਵਾਸੀ ਪਿੰਡ ਜੌੜੀਆਂ ਕਲਾਂ ਨੇ ਦੱਸਿਆ ਕਿ ਇਹ ਚਾਹ ਪਕੌੜਿਆਂ ਦਾ ਲੰਗਰ ਸਾਡੇ ਪਿੰਡ ਜੌੜੀਆਂ ਕਲਾਂ ਵਾਸੀਆਂ ਵੱਲੋਂ ਪਿੰਡ ਦੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ, ਜੋ ਕਰੀਬ 37 ਸਾਲਾਂ ਤੋਂ ਨਿਰੰਤਰ ਚੱਲ ਰਿਹਾ ਹੈ।ਇਸ ਵਾਰ ਇਹ ਲੰਗਰ 3 ਮਾਰਚ ਨੂੰ ਸ਼ੁਰੂ ਹੋਇਆ ਸੀ ਜੋ ਨਿਰੰਤਰ 15 ਮਾਰਚ ਤੱਕ ਚੱਲੇਗਾ।ਇਸ ਵਾਰ ਪਕੌੜਿਆਂ ਦੇ ਲੰਗਰ ਲਈ 22 ਕੁਇੰਟਲ ਵੇਸਣ ਅਤੇ 23 ਕੁਇੰਟਲ ਸਰ੍ਹੋਂ ਦਾ ਤੇਲ, ਚਾਹ ਲਈ 50 ਤੋੜੇ ਖੰਡ ਅਤੇ 1 ਕੁਇੰਟਲ ਚਾਹ ਪੱਤੀ ਦਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਵਾਲੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਬੜੇ ਪਿਆਰ ਨਾਲ ਪਕੌੜਿਆਂ ਦਾ ਲੰਗਰ ਛਕ ਰਹੀਆਂ ਹਨ ।ਇਸ ਮੌਕੇ ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਬਾਬਾ ਬਿਸ਼ਨ ਸਿੰਘ ਪੱਪੂ ਕਾਰ ਸੇਵਾ ਸੇਵਾ ਵਾਲੇ, ਬਾਬਾ ਨਿਰਮਲ ਸਿੰਘ ਕਾਰ ਸੇਵਾ ਵਾਲੇ, ਠੇਕੇਦਾਰ ਜਸਵਿੰਦਰ ਸਿੰਘ, ਮੁਖਤਿਆਰ ਸਿੰਘ, ਜਸਪਿੰਦਰ ਸਿੰਘ, ਸਰਪੰਚ ਸੁਖਜਿੰਦਰ ਸਿੰਘ, ਮਲਵਿੰਦਰ ਸਿੰਘ, ਪੁਸ਼ਪਿੰਦਰ ਸਿੰਘ, ਬਲਬੀਰ ਸਿੰਘ, ਰਵਿੰਦਰ ਸਿੰਘ, ਪਟਵਾਰੀ ਹਰਜਿੰਦਰ ਸਿੰਘ, ਗੁਰਮੇਜ ਸਿੰਘ ਫੌਜੀ, ਸਵਿੰਦਰ ਸਿੰਘ, ਜਗਜੀਤ ਸਿੰਘ ਲਾਡੀ, ਬਲਜਿੰਦਰ ਸਿੰਘ, ਹਰਜੀਤ ਸਿੰਘ, ਕੁਲਦੀਪ ਸਿੰਘ ਬਾਜਵਾ, ਇੰਦਰਜੀਤ ਸਿੰਘ ਫੌਜੀ, ਗੁਰਵਿੰਦਰ ਸਿੰਘ, ਹਰਪਾਲ ਸਿੰਘ, ਪਰਮਿੰਦਰ ਸਿੰਘ, ਨਿਰਮਲ ਸਿੰਘ, ਡਾਕਟਰ ਸਰਦੂਲ ਸਿੰਘ, ਜਰਨੈਲ ਸਿੰਘ, ਲਖਵਿੰਦਰ ਸਿੰਘ ਕੰਵਲਜੀਤ ਸਿੰਘ, ਹਰਜੀਤ ਸਿੰਘ ਬਾਜਵਾ, ਮੰਗਲ ਸਿੰਘ ਮੰਗਾ, ਕੰਵਰਪਾਲ ਸਿੰਘ ਕੈਂਡੀ, ਸਰੂਪ ਸਿੰਘ, ਸੂਬਾ ਸਿੰਘ, ਸਵਰਨ ਸਿੰਘ ਬਾਜਵਾ ਆਦਿ ਤੋ ਇਲਾਵਾ ਪਿੰਡ ਜੌੜੀਆਂ ਕਲਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਵਿਸ਼ਵ ਮਹਿਲਾ ਦਿਵਸ ਸੀ ਪੀ ਆਈ ਤੇ ਔਰਤ ਜਥੇਬੰਦੀਆਂ ਨੇ ਮਿਲ ਕੇ ਮਨਾਇਆ : ਦੁਧਾਲਾ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਬਲਾਕ ਮਜੀਠਾ ਇਸਤਰੀ ਸਭਾ ਤੇ ਸੀਪੀਆਈ ਵੱਲੋਂ ਮਿਲ ਕੇ ਔਰਤਾਂ ਦਾ ਦਿਨ ਭੈਣ ਕੁਲਵਿੰਦਰ ਕੌਰ ਤੇ ਨਿੰਦਰ ਕੌਰ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਇਸ ਦਿਨ 'ਤੇ ਵਿਸ਼ੇਸ਼ ਤੌਰ 'ਤੇ ਇਸਤਰੀ ਆਗੂ ਭੈਣ ਰਣਜੀਤ ਕੌਰ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਨੇ ਵੀ ਸੰਬੋਧਨ ਕੀਤਾ।ਭੈਣ ਰਜਿੰਦਰਪਾਲ ਕੌਰ ਵੱਲੋਂ ਲਿਖੀ ਕਿਤਾਬ 'ਬਿਨ ਨਾਰੀ ਜੱਗ ਸੁੰਨਾ' ਰਣਜੀਤ ਕੌਰ ਨੂੰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਰਣਜੀਤ ਕੌਰ ਨੇ ਬੋਲਦਿਆਂ ਕਿਹਾ ਕਿ ਬਿਨਾਂ ਸ਼ੱਕ ਔਰਤਾਂ ਦੇ ਹੱਕਾਂ ਵਾਸਤੇ ਸਾਲਾਂ ਤੱਕ ਸੰਘਰਸ਼ ਕੀਤਾ ਗਿਆ ਤਾਂ ਕਿਤੇ ਔਰਤਾਂ ਨੂੰ ਵੋਟ ਦਾ ਅਧਿਕਾਰ ਪ੍ਰਾਪਤ ਹੋਇਆ ਪਰ ਇਹ ਅਧਿਕਾਰ ਪ੍ਰਾਪਤ ਹੋਣ ਦੇ ਬਾਵਜੂਦ ਅਜੇ ਵੀ ਔਰਤ ਮਾਨਸਿਕ ਤੇ ਸਮਾਜਿਕ ਤੌਰ 'ਤੇ ਗੁਲਾਮ ਹੈ। ਇਸ ਮੌਕੇ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਮਜੀਠਾ ਸਕੱਤਰ ਦੁਧਾਲਾ ਨੇ ਸੁਨੇਹਾ ਦਿੰਦਿਆਂ ਕਿਹਾ ਕਿ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੂੰ ਸ਼ਰਧਾਂਜਲੀ ਪ੍ਰੋਗਰਾਮ ਪਿੰਡ ਪਾਖਰਪੁਰ ਵਿਖੇ ਮਨਾਇਆ ਜਾਵੇਗਾ ਜਿਸ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਨੂੰ ਸ਼ਾਮਿਲ ਹੋਣ ।ਇਸ ਮੌਕੇ ਕਸ਼ਮੀਰ ਸਿੰਘ, ਦਵਿੰਦਰ ਕੌਰ, ਬੀਰ ਕੌਰ, ਹਰਜੀਤ ਕੌਰ ਹਾਜ਼ਰ ਹੋਏ।ਰਵਿੰਦਰ ਕੌਰ, ਸਰਬਜੀਤ ਕੌਰ, ਹਰਜੀਤ ਕੌਰ, ਚਰਨ ਸਿੰਘ, ਪਰਮਜੀਤ ਸਿੰਘ, ਭਜਨ ਕੌਰ, ਲਖਵਿੰਦਰ ਕੌਰ, ਮਨਪ੍ਰੀਤ ਕੌਰ, ਜੋਗਿੰਦਰ ਸਿੰਘ, ਸੁਖਵਿੰਦਰ ਸਿੰਘ, ਧਰਮ ਸਿੰਘ ਦੁਧਾਲਾ, ਜਗੀਰ ਸਿੰਘ, ਜਸਵੰਤ ਸਿੰਘ, ਸ਼ਿੰਗਾਰਾ ਸਿੰਘ, ਹਰਜਿੰਦਰ ਸਿੰਘ, ਰਾਜਜੀਤ ਕਥੂਨੰਗਲ ਵੀ ਸ਼ਾਮਲ ਹੋਏ ਤੇ ਬੀਬੀ ਕੁਲਵਿੰਦਰ ਕੌਰ ਨੇ ਆਈਆਂ ਬੀਬੀਆਂ ਦਾ ਧੰਨਵਾਦ ਕੀਤਾ।

# ਧਰਮ, ਵਿਗਿਆਨ ਤੇ ਏ. ਆਈ. ਦੇ ਵਿਸ਼ਿਆਂ 'ਤੇ ਵਿਦਵਾਨਾਂ ਵੱਲੋਂ ਭਰਪੂਰ ਵਿਚਾਰ-ਵਟਾਂਦਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖੋਜਾਰਥੀਆਂ/ਵਿਦਿਆਰਥੀਆਂ ਦੁਆਰਾ ਸੰਚਾਲਿਤ ਖੋਜ ਸੰਸਥਾ ਨਾਲ ਪ੍ਰਗਾਸੁ ਵੱਲੋਂ ਖ਼ਾਲਸਾ ਕਾਲਜ ਫਾਰ ਵਿਮਨ ਵਿਖੇ ਕਰਵਾਏ ਜਾ ਰਹੇ 11ਵੇਂ ਅੰਮ੍ਰਿਤਸਰ ਸਾਹਿਬ ਉਤਸਵ ਦੇ ਦੂਸਰੇ ਦਿਨ ਵੀ ਸਾਹਿਤ ਪ੍ਰੇਮੀਆਂ ਨੂੰ ਭਰਪੂਰ ਸਮਾਗਮ ਦੇਖਣ ਨੂੰ ਮਿਲੇ ਜਿਨ੍ਹਾਂ ਵਿੱਚ ਵੱਖ ਵੱਖ ਵੰਨਗੀਆਂ ਨਾਲ ਸੰਬੰਧਿਤ ਸੈਮੀਨਾਰ, ਵਿਚਾਰ ਚਰਚਾ ਅਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਪਹਿਲਾ ਸਮਾਗਮ ਧਰਮ ਅਧਿਐਨ ਦੇ ਵਿਸ਼ੇ ਨਾਲ ਸੰਬੰਧਿਤ ਵਿਚਾਰ ਚਰਚਾ 'ਤੇ ਅਧਾਰਿਤ ਸੀ ਜਿਸ ਵਿੱਚ ਜਾਮੀਆ ਮਿਲੀਆ ਇਸਲਾਮੀਆ, ਨਵੀਂ ਦਿੱਲੀ ਤੋਂ ਅਜ਼ਮੀਨਾ ਅਖ਼ਤਰ, ਮਹਿਕ ਅਗਰਵਾਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਹੀਰਾ ਸਿੰਘ, ਸੈਂਟਰਲ ਯੂਨੀਵਰਸਿਟੀ ਕਸ਼ਮੀਰ ਤੋਂ ਗੁਰਦੀਪ ਸਿੰਘ ਨੇ ਭਾਗ ਲਿਆ। ਇਸ ਵਿਚਾਰ ਚਰਚਾ ਦਾ ਆਰੰਭ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਡਾ. ਸੁਖਵਿੰਦਰ ਸਿੰਘ ਨੇ ਧਰਮ ਨੂੰ ਅਧਿਐਨ ਕਰਨ ਵਿੱਚ ਆਉਂਦੀਆਂ ਮੁਸ਼ਕਲਾਂ ਦੇ ਸੰਦਰਭ ਵਿੱਚ ਆਪਣਾ ਖੋਜ ਪੱਤਰ ਪ੍ਰਸਤੁਤ ਕੀਤਾ।ਇਸ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਨਵੀਂ ਦਿੱਲੀ ਤੋਂ ਡਾ. ਗਗਨਜੋਤ ਕੌਰ, ਕਮਲਾ ਨਹਿਰੂ ਕਾਲਜ, ਨਵੀਂ ਦਿੱਲੀ ਨੇ ਕਿਹਾ ਕਿ ਧਰਮ ਨੂੰ ਅਧਿਐਨ ਕਰਨਾ ਇੱਕ ਬਹੁਤ ਹੀ ਸੰਵੇਦਨਸ਼ੀਲ ਅਤੇ ਜ਼ਿੰਮੇਵਾਰੀ ਵਾਲਾ ਕਾਰਜ ਹੈ, ਜਿਸ ਲਈ ਸਿਰਫ਼ ਅਤੇ ਸਿਰਫ਼ ਪ੍ਰਾਪਤ ਖੋਜ ਵਿਧੀਆਂ ਉੱਪਰ ਨਿਰਭਰ ਨਹੀਂ ਹੋਇਆ ਜਾ ਸਕਦਾ, ਸਗੋਂ ਉਹਨਾਂ ਦੀ ਮਦਦ ਨਾਲ ਧਰਮ ਦੀ ਵਿਲੱਖਣਤਾ ਉਭਾਰਨ ਵਾਲੇ ਸਰੋਕਾਰਾਂ ਵਾਲੀ ਵਿਧੀ ਵੀ ਉਸਾਰੀ ਜਾਣੀ ਚਾਹੀਦੀ ਹੈ।ਦੂਜਾ ਸਮਾਗਮ ਪਾਪੂਲਰ ਸੱਭਿਆਚਾਰ, ਏ. ਆਈ. ਅਤੇ ਅਕਾਦਮਿਕਤਾ ਦੁਆਰਾ ਵਿੱਦਿਆ ਦੇ ਪ੍ਰਸਾਰ ਵਿੱਚ ਪਾਏ ਜਾ ਰਹੇ ਯੋਗਦਾਨ ਨਾਲ ਸੰਬੰਧਿਤ ਸੀ, ਜਿਸ ਵਿੱਚ ਆਮਿਟੀ ਯੂਨੀਵਰਸਿਟੀ, ਨੋਇਡਾ ਤੋਂ ਡਾ. ਚੇਤਨਾ ਤ੍ਰਿਵੇਦੀ, ਇਕਨੋਮਿਕ ਐਂਡ ਪੋਲੀਟੀਕਲ ਵੀਕਲੀ ਦੇ ਉਪ ਸੰਪਾਦਕ ਦਿਵਿਆਨੀ ਜੋਤੀ ਅਤੇ ਹਿੰਦੂ ਕਾਲਜ, ਦਿੱਲੀ ਯੂਨੀਵਰਸਿਟੀ, ਦਿੱਲੀ ਤੋਂ ਡਾ. ਰਾਮ ਕੁਮਾਰ ਠਾਕੁਰ ਨੇ ਭਾਗ ਲਿਆ।ਤੀਜਾ ਸਮਾਗਮ ਵਿਗਿਆਨ ਦਰਸ਼ਨ ਦੇ ਨਾਲ ਸੰਬੰਧਿਤ ਰਿਹਾ ਜਿਸ ਵਿੱਚ ਪ੍ਰਿੰ. ਗਗਨਦੀਪ ਸਿੰਘ, ਪ੍ਰਿੰ. ਦਮਨਜੀਤ ਸਿੰਘ ਅਤੇ ਕੋਮਲਪ੍ਰੀਤ ਸਿੰਘ ਨੇ ਸਮਕਾਲੀ ਵਿਗਿਆਨ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਬਦੀਲੀਆਂ ਦੀ ਚਰਚਾ ਕੀਤੀ। ਅੰਮ੍ਰਿਤਸਰ ਸਾਹਿਤ ਉਤਸਵ ਦੇ ਦੂਸਰੇ ਦਿਨ ਡਾ. ਸੁਖਵਿੰਦਰ ਸਿੰਘ ਦੁਆਰਾ ਸੰਪਾਦਿਤ ਪੁਸਤਕ ਅਤੇ ਸ਼ਬਦਾਰਥ ਖੋਜ ਪੱਤ੍ਰਿਕਾ ਦਾ ਨਵਾਂ ਅੰਕ ਦੀ ਰਿਲੀਜ਼ ਕੀਤਾ ਗਿਆ।ਵੱਖ-ਵੱਖ ਸਮਾਗਮਾਂ ਦੌਰਾਨ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਬਿਕਰਮਜੀਤ ਸਿੰਘ, ਡਾ. ਵਰੁਣ ਵਿਗਮਿਲ ਅਤੇ ਜਸਵਿੰਦਰ ਸਿੰਘ ਨੇ ਬਾਖ਼ੂਬੀ ਨਿਭਾਈ।



# ਵਿਧਾਇਕ ਰੰਧਾਵਾ ਵੱਲੋਂ ਸਮਗੌਲੀ ਸੋਲਿਡ ਵੇਸਟ ਮੈਨੇਜਮੈਂਟ ਪਲਾਂਟ ਦਾ ਸਖ਼ਤ ਵਿਰੋਧ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਹਲਕੇ ਦੇ ਪਿੰਡ ਸਮਗੌਲੀ ਵਿੱਚ ਮੋਹਾਲੀ, ਖਰੜ ਤੇ ਨੇੜਲੇ ਇਲਾਕਿਆਂ ਦਾ ਕੂੜਾ ਸੁੱਟਣ ਲਈ ਪ੍ਰਸਤਾਵਿਤ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ 'ਤੇ ਸਖ਼ਤ ਇਤਰਾਜ਼ ਜਤਾਇਆ। ਸਦਨ ਵਿੱਚ ਮਾਮਲਾ ਉਠਾਉਂਦੇ ਹੋਏ ਰੰਧਾਵਾ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਇਲਾਕੇ ਦੇ ਲੋਕਾਂ ਦੀ ਸਿਹਤ, ਵਾਤਾਵਰਣ ਅਤੇ ਆਲੇ ਦੁਆਲੇ ਦੇ ਪਿੰਡਾਂ ਦੀ ਜ਼ਿੰਦਗੀ 'ਤੇ ਗੰਭੀਰ ਨਕਾਰਾਤਮਕ ਅਸਰ ਪੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਡੇਰਾਬੱਸੀ ਸਬ-ਡਵੀਜ਼ਨ ਨੂੰ ਪਹਿਲਾਂ ਹੀ ਪੰਜਾਬ ਦੀ ਸਭ ਤੋਂ ਵੱਧ ਪ੍ਰਦੂਸ਼ਿਤ ਸਬ-ਡਵੀਜ਼ਨਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਰਿਪੋਰਟਾਂ ਅਨੁਸਾਰ ਇੱਥੇ ਪ੍ਰਦੂਸ਼ਣ ਦਾ ਪੱਧਰ ਕਾਫ਼ੀ ਉੱਚਾ ਦਰਜ ਕੀਤਾ ਗਿਆ ਹੈ। ਇਸ ਕਾਰਨ



ਡੇਰਾਬੱਸੀ ਨੂੰ ਨੈਸ਼ਨਲ ਕਲੀਨ ਏਅਰ ਪ੍ਰੋਗਰਾਮ ਹੇਠ ਵੀ ਸ਼ਾਮਲ ਕੀਤਾ ਗਿਆ ਹੈ ਅਤੇ ਮੋਹਾਲੀ ਜ਼ਿਲ੍ਹੇ ਵਿੱਚ ਇਹ ਇਕੱਲਾ ਸ਼ਹਿਰ ਹੈ ਜੋ ਇਸ ਯੋਜਨਾ ਦੇ ਦਾਇਰੇ ਵਿੱਚ ਆਉਂਦਾ ਹੈ। ਰੰਧਾਵਾ ਨੇ ਕਿਹਾ ਕਿ ਖੇਤਰ ਵਿੱਚ ਪਹਿਲਾਂ ਹੀ ਤਿੰਨ ਵੱਡੇ ਮੀਟ ਪ੍ਰੋਸੈਸਿੰਗ ਪਲਾਂਟ ਚੱਲ ਰਹੇ ਹਨ, ਜਿਨ੍ਹਾਂ ਤੋਂ ਨਿਕਲਣ ਵਾਲਾ ਕਚਰਾ ਅਤੇ ਗੰਦਾ ਪਾਣੀ ਵਾਤਾਵਰਣ ਅਤੇ ਜਲ ਸਰੋਤਾਂ ਨੂੰ ਪ੍ਰਭਾਵਿਤ ਕਰ ਰਹੇ ਹਨ। ਫੈਕਟਰੀਆਂ ਕਾਰਨ ਡਰੇਨਾਂ ਦਾ ਪਾਣੀ ਵੀ ਦੂਸ਼ਿਤ ਹੋ ਗਿਆ ਹੈ ਅਤੇ ਧਰਤੀ ਹੇਠਲੇ ਪਾਣੀ ਦੀ ਗੁਣਵੱਤਾ ਵੀ ਪ੍ਰਭਾਵਿਤ ਹੋਈ ਹੈ। ਜੇ ਇੱਥੇ ਕੂੜੇ ਦਾ ਡੰਪ ਬਣਾਇਆ ਜਾਂਦਾ ਹੈ ਤਾਂ ਪਹਿਲਾਂ ਹੀ ਪ੍ਰਦੂਸ਼ਣ ਤੋਂ ਪਰੇਸ਼ਾਨ ਲੋਕਾਂ ਲਈ ਹਾਲਾਤ ਹੋਰ ਗੰਭੀਰ ਹੋ ਜਾਣਗੇ ਅਤੇ ਇਹ ਡੇਰਾਬੱਸੀ ਦੇ ਵਾਤਾਵਰਣਕ ਸੰਤੁਲਨ ਨੂੰ ਵੀ ਨੁਕਸਾਨ ਪਹੁੰਚਾ ਸਕਦਾ ਹੈ। ਰੰਧਾਵਾ ਨੇ ਇਹ ਵੀ ਦੱਸਿਆ ਕਿ ਜ਼ੀਰਕਪੁਰ ਨਗਰ ਕੌਂਸਲ ਦੇ ਅਧੀਨ ਸਾਲਿਡ ਵੇਸਟ ਪ੍ਰੋਸੈਸਿੰਗ ਪਲਾਂਟ ਲਗਾਉਣ ਦਾ ਪ੍ਰਸਤਾਵ ਪਹਿਲਾਂ ਹੀ ਰੱਦ ਕੀਤਾ ਜਾ ਚੁੱਕਾ ਹੈ ਕਿਉਂਕਿ ਸਰਕਾਰ ਨੇ ਇਲਾਕੇ ਦੀ ਵਾਤਾਵਰਣਕ ਸਥਿਤੀ ਨੂੰ ਦੇਖਦੇ ਹੋਏ ਇਸਨੂੰ ਅੱਗੇ ਨਾ ਵਧਾਉਣ ਦਾ ਫੈਸਲਾ ਕੀਤਾ ਸੀ।

# ਬੈਡਮਿੰਟਨ ਕੋਰਟ ਦਾ ਉਦਘਾਟਨ

**ਅੱਡਾ ਸਰਾਂ/ਟਾਂਡਾ ਉੜਮੁੜ, (ਜਸਵੀਰ ਕਾਜਲ, ਉਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਵਿਚ ਖੇਡ ਤੇ ਖਿਡਾਰੀਆਂ ਨੂੰ ਪ੍ਰਫੁੱਲਿਤ ਕਰਨ ਦੇ ਮਿਸ਼ਨ ਤਹਿਤ ਹੁਣ ਬੈਡਮਿੰਟਨ ਕੋਰਟ ਬਣਾਇਆ ਗਿਆ ਹੈ ਜਿਸ ਦਾ ਉਦਘਾਟਨ ਮੁੱਖ ਮਹਿਮਾਨ ਐੱਸ ਡੀ ਐੱਮ ਟਾਂਡਾ ਲਵਪ੍ਰੀਤ ਸਿੰਘ ਔਲਖ ਨੇ ਕੀਤਾ। ਇਸ ਦੌਰਾਨ ਐੱਸ ਡੀ ਐੱਮ ਔਲਖ ਨੇ ਇੰਟਰਨੈਸ਼ਨਲ ਪੱਧਰ ਦੀਆਂ ਖੇਡ ਸਹੂਲਤਾਂ ਦੇਣ ਲਈ ਸਕੂਲ ਪ੍ਰਬੰਧਕਾਂ ਦੀ ਸ਼ਲਾਘਾ ਕਰਦੇ ਹੋਏ ਬੱਚਿਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਇਸ ਦੌਰਾਨ ਸਕੂਲ ਵਿਚ ਬਣੀ ਬਾਕਸ ਕ੍ਰਿਕੇਟ ਅਕੈਡਮੀ ਦਾ ਨਿਰੀਖਣ ਵੀ ਕੀਤਾ । ਉਨ੍ਹਾਂ ਬੱਚਿਆਂ ਨੂੰ ਇਸ ਸਹੂਲਤ ਦਾ ਪੂਰਾ ਲਾਭ ਉਠਾਉਣ ਲਈ ਪ੍ਰੇਰਿਤ ਕਰਦੇ ਹੋਏ ਆਖਿਆ ਕਿ ਖੇਡਾਂ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚੇ ਮੋਬਾਈਲ ਫੋਨ ਅਤੇ ਹੋਰ ਡਿਜੀਟਲ ਸਾਧਨਾਂ ਵਿਚ ਵੱਧ ਸਮਾਂ ਬਿਤਾਉਂਦੇ ਹਨ, ਜਿਸ ਕਾਰਨ ਸਰੀਰਕ ਕਿਰਿਆਵਾਂ ਘੱਟ ਹੋ ਰਹੀਆਂ ਹਨ। ਇਸ ਲਈ ਖੇਡਾਂ ਵੱਲ ਰੁਝਾਨ ਵਧਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੈਡਮਿੰਟਨ ਵਰਗੀਆਂ ਖੇਡਾਂ ਨਾਲ ਸਰੀਰ ਤੰਦਰੁਸਤ



ਰਹਿੰਦਾ ਹੈ ਅਤੇ ਬੱਚਿਆਂ ਵਿੱਚ ਤੰਦਰੁਸਤੀ ਦੇ ਨਾਲ ਨਾਲ ਆਤਮਵਿਸ਼ਵਾਸ ਵੀ ਵਧਦਾ ਹੈ।ਇਸ ਮੌਕੇ ਵਿਸੇਸ਼ ਮਹਿਮਾਨ ਸੇਵਾਮੁਕਤ ਪ੍ਰਿੰਸੀਪਲ ਸਰਕਾਰੀ ਕਾਲਜ ਟਾਂਡਾ ਪਰਵਿੰਦਰ ਕੌਰ ਨੇ ਬੱਚਿਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਵੀ ਬਰਾਬਰ ਮਹੱਤਵਪੂਰਨ ਹੈ। ਇਸ ਮੌਕੇ ਰਾਕੇਸ਼ ਬਿੱਟੂ, ਮਨਦੀਪ ਸਿੰਘ, ਡਾ. ਅੰਕਿਤ ਰੇਖੀ, ਓਮਕਾਰ ਵੈਦ, ਮਨਮੋਹਨ ਸੋਧੀ, ਲਵਲੀ ਸੋਧੀ, ਕੁਲਦੀਪ ਸਿੰਘ ਗਿੱਲ, ਬਲਵਿੰਦਰ ਕੌਰ ਗਿੱਲ, ਮੋਹਿਨ ਵੈਦ, ਐੱਮ. ਸੀ. ਆਸ਼ੂ ਵੈਦ, ਨਰਿੰਦਰ ਕੁਮਾਰ, ਅਮਨਦੀਪ ਕੌਰ ਚੌਹਾਨ ਕਨੇਡਾ, ਮਨੋਜ ਕੁਮਾਰ, ਗੁਰਵਿੰਦਰ ਸਿੰਘ ਢਿੱਲੋਂ, ਤਜਿੰਦਰ ਸਿੰਘ ਢਿੱਲੋਂ, ਸੁਖਨਿੰਦਰ ਸਿੰਘ ਕਲੋਟੀ, ਪ੍ਰਿੰਸੀਪਲ ਰਾਜੇਸ਼ ਤ੍ਰੇਹਨ, ਤਰਨਜੀਤ ਸਿੰਘ, ਮੋਹਿਨ ਵੈਦ, ਸੂਰਜ ਸਹੋਤਾ, ਲਖਵੀਰ ਸਿੰਘ, ਹਰਪ੍ਰੀਤ ਸਿੰਘ ਕਮਾਂਡਰ, ਨੀਨਾ ਵਾਲੀਆਂ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ ਕੌਰ, ਅਰਮਨ ਕੌਰ, ਸੁਖਜਿੰਦਰ ਕੌਰ, ਸਿਮਰਨਦੀਪ ਕੌਰ, ਸੁਰਭੀ ਵਰਮਾ, ਰੇਣੂ, ਜਾਨਵੀ, ਬਲਵੰਤ ਸਿੰਘ, ਗੁਰਮੁਖ ਸਿੰਘ, ਗਗਨਦੀਪ ਕੌਰ, ਰਿਤੂ ਲਾਂਬਾ, ਰਜਨੀ, ਮੀਨੂ ਕਤਿਆਲ, ਚਰਨਜੀਤ ਕੌਰ, ਨੇਕਤਾ ਸ਼ਰਮਾ, ਅਮਿਤ ਆਦਿ ਮੌਜੂਦ ਸਨ ।

# ਗੁਰਮਤਿ ਸਮਾਗਮ 13 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਗੁ. ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਤੇ ਦੇਸ਼ ਵਿਦੇਸ਼ ਦੀਆਂ ਸਮੂੰਹ ਸੰਗਤਾਂ ਵੱਲੋਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ ਦੇ ਸਹਿਯੋਗ ਨਾਲ ਨਾਨਕਸ਼ਾਹੀ ਸੰਮਤ 557 ਨਵੇਂ ਸਾਲ 1ਚੇਤ ਦੀ ਆਮਦ ਮੌਕੇ ਮਹਾਨ ਗੁਰਮਤਿ ਸਮਾਗਮ 13 ਮਾਰਚ ਨੂੰ ਸ਼ਾਮ 7 ਵਜੇ ਤੋਂ ਰਾਤ 12 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ ਦੇ ਮੁੱਖ ਸੇਵਾਦਾਰ ਜਥੇਦਾਰ ਹਰਬੰਸ ਸਿੰਘ ਸਰਹਾਲਾ ਅਤੇ ਮੈਨੇਜਰ ਸਾਹਿਬ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਨੇ ਸਾਂਝੇ ਤੌਰ ਤੇ ਦੱਸਿਆ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂੰਹ ਮੈਂਬਰ ਸਾਹਿਬਾਨ ਜਾਇਦਾਦ ਸਬ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਭਾਈ ਗੁਰਭੇਜ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਬਲਵੀਰ ਸਿੰਘ ਹੁਸੈਨਪੁਰੀ ਕਵੀਸ਼ਰ ਜਥਾ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ, ਪੰਥਕ ਢਾਡੀ ਜਥਾ ਗਿਆਨੀ ਮਨਜੀਤ ਸਿੰਘ ਜੀ ਲੁਧਿਆਣੇ ਵਾਲੇ, ਭਾਈ ਪਲਵਿੰਦਰ ਸਿੰਘ ਜੀ ਹੈਡ ਗ੍ਰੰਥੀ ਕਥਾਵਾਚਕ ਗੁਰਦੁਆਰਾ ਸ੍ਰੀ ਚਰਨ ਕਮਲ ਸਾਹਿਬ ਜੀਦੋਵਾਲ ਬੰਗਾ, ਭਾਈ ਹਰਮੇਸ਼ ਸਿੰਘ ਜੀ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਅਤੇ ਭਾਈ ਗੁਰਜਿੰਦਰ ਸਿੰਘ ਜੀ ਕਥਾਵਾਚਕ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ- ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਿਤਪਾਲਣਾ ਕਰ ਰਿਹਾ ਹੈ। ਇਸ ਦੇ ਨਾਲ ਹੀ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਗੁਰੂ ਕੇ ਲੰਗਰ ਅਟੁੱਟ ਚੱਲਣਗੇ। ਇਸ ਮੌਕੇ ਉਹਨਾਂ ਸਮੂੰਹ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।



# ਰਾਖੀ ਚੌਧਰੀ ਨੇ ਯੂ ਪੀ ਐਸ ਸੀ 'ਚ ਹਾਸਲ ਕੀਤਾ 65ਵਾਂ ਰੈਂਕ

**ਬਲਾਚੌਰ (ਜਸਵਿੰਦਰ ਬੈਂਸ)**- ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸ਼ੁਭ ਮੌਕੇ 'ਤੇ ਹਲਕਾ ਬਲਾਚੌਰ ਲਈ ਬਹੁਤ ਹੀ ਮਾਣ ਵਾਲੀ ਖ਼ਬਰ ਸਾਹਮਣੇ ਆਈ ਹੈ। ਇਲਾਕੇ ਦੀ ਹੋਣਹਾਰ ਧੀ ਰਾਖੀ ਚੌਧਰੀ ਪਤਨੀ ਲਵਿਸ਼ ਚੌਧਰੀ, ਨਿਵਾਸੀ ਪਿੰਡ ਟੋਰੋਵਾਲ, ਨੇ ਆਪਣੀ ਸਖ਼ਤ ਮਿਹਨਤ ਅਤੇ ਦ੍ਰਿੜ ਇਰਾਦੇ ਸਦਕਾ ਦੇਸ਼ ਦੀ ਸਭ ਤੋਂ ਔਖੀ ਮੰਨੀ ਜਾਣ ਵਾਲੀ ਯੂ ਪੀ ਐਸ ਪੀ ਪ੍ਰੀਖਿਆ ਵਿੱਚ ਆਲ ਇੰਡੀਆ ਪੱਧਰ 'ਤੇ 65ਵਾਂ ਰੈਂਕ ਹਾਸਲ ਕਰਕੇ ਇਲਾਕੇ ਦਾ ਨਾਂਅ ਪੂਰੇ ਦੇਸ਼ ਵਿੱਚ ਰੌਸ਼ਨ ਕੀਤਾ ਹੈ। ਜਦੋਂ ਪੂਰੀ ਦੁਨੀਆ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾ ਰਹੀ ਹੈ, ਰਾਖੀ ਚੌਧਰੀ ਦੀ ਇਹ ਪ੍ਰਾਪਤੀ ਸਾਬਤ ਕਰਦੀ ਹੈ ਕਿ ਜੇਕਰ ਮਨ ਵਿੱਚ ਕੁਝ ਕਰ ਗੁਜ਼ਰਨ ਦਾ ਜਜ਼ਬਾ ਹੋਵੇ, ਤਾਂ ਕੋਈ ਵੀ ਮੁਕਾਮ ਹਾਸਲ ਕਰਨਾ ਅਸੰਭਵ ਨਹੀਂ ਹੈ। ਉਸ ਦੀ ਇਸ ਸਫਲਤਾ ਨੇ ਨਾ ਸਿਰਫ ਪਰਵਾਰ, ਸਗੋਂ ਪੂਰੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਸਿਰ ਮਾਣ ਨਾਲ ਉੱਚਾ ਕਰ ਦਿੱਤਾ ਹੈ।



# ਆਰ ਬੀ ਯੂ 'ਚ ਰਾਸ਼ਟਰੀ ਵਿਗਿਆਨ ਦਿਵਸ ਮੌਕੇ ਮਹਿਲਾ ਲੀਡਰਸ਼ਿਪ 'ਤੇ ਵਰਕਸ਼ਾਪ

**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਵਿੱਚ ਰਾਸ਼ਟਰੀ ਵਿਗਿਆਨ ਦਿਵਸ 2026 ਦੇ ਮੌਕੇ ਐਕਸੀਲੈਂਸ ਸਕੇਲ ਅੱਪ ਟੂ ਅੱਪ ਸਕੇਲ - ਵੁਮੈਨ ਇਨ ਲੀਡਰਸ਼ਿਪ ਵਿਸ਼ੇ 'ਤੇ ਇੱਕ ਵਰਕਸ਼ਾਪ




ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਵਿਗਿਆਨ ਵਿੱਚ ਮਹਿਲਾਵਾਂ ਥੀਮ ਅਧੀਨ ਕਰਵਾਇਆ ਗਿਆ, ਜਿਸ ਵਿੱਚ ਸਮਾਜ ਨੂੰ ਦਿਸ਼ਾ ਦੇਣ ਅਤੇ ਵਿਗਿਆਨਕ ਤਰੱਕੀ ਨੂੰ ਅੱਗੇ ਵਧਾਉਣ ਵਿੱਚ ਮਹਿਲਾ ਨੇਤ੍ਰਿਤਵ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ ਗਿਆ।ਪ੍ਰੋ. (ਡਾ.) ਸਿਮਰਜੀਤ ਕੌਰ, ਡੀਨ ਸਟੂਡੈਂਟਸ ਵੈਲਫੇਅਰ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮਹਿਲਾ ਲੀਡਰਸ਼ਿਪ ਦਾ ਇਹ ਵਿਸ਼ਾ ਸਿਰਫ਼ ਸਮੇਂ ਦੀ ਲੋੜ ਹੀ ਨਹੀਂ, ਸਗੋਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਾਲਾ ਵੀ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਸਿੰਘ ਨੇ ਸਮਕਾਲੀ ਸਮਾਜ ਦੇ ਨਾਲ-ਨਾਲ ਇਤਿਹਾਸ ਵਿੱਚ ਵੀ ਔਰਤਾਂ ਦੀ ਮਹੱਤਤਾ ਉਤੇ ਰੌਸ਼ਨੀ ਪਾਈ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਆਪਣੀ ਲੀਡਰਸ਼ਿਪ ਯੋਗਤਾ ਸਾਬਤ ਕਰਨ ਦੀ ਲੋੜ ਨਹੀਂ, ਕਿਉਂਕਿ ਉਹ ਪ੍ਰਾਚੀਨ ਸਮੇਂ ਤੋਂ ਹੀ ਸਮਾਜ ਦੀ ਅਗਵਾਈ ਕਰਦੀਆਂ ਆ ਰਹੀਆਂ ਹਨ ਅਤੇ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ।ਸਮਾਗਮ ਦੇ ਮੁੱਖ ਵਕਤਾ ਅੰਤਰਰਾਸ਼ਟਰੀ ਲੀਡਰਸ਼ਿਪ ਕੋਚ ਸਾਹਿਲ ਸਹੋਰ ਨੇ ਉਦਾਹਰਣਾਂ ਰਾਹੀਂ ਰੋਜ਼ਾਨਾ ਜੀਵਨ ਵਿੱਚ ਕਈ ਭੂਮਿਕਾਵਾਂ ਨਿਭਾਉਂਦੀਆਂ ਔਰਤਾਂ ਦੀ ਭਾਵਨਾਤਮਕ ਤਾਕਤ ਅਤੇ ਲਚਕੀਲੇਪਣ ਨੂੰ ਉਜਾਗਰ ਕੀਤਾ। ਇਸ ਮੌਕੇ ਰਾਸ਼ਟਰੀ ਵਿਗਿਆਨ ਦਿਵਸ ਦੇ ਥੀਮ ਵਿਗਿਆਨ ਵਿੱਚ ਮਹਿਲਾਵਾਂ ਤਹਿਤ ਕਰਵਾਏ ਗਏ ਰਿਕਲੇਮੇਸ਼ਨ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੁਰਸਕਾਰ ਵੀ ਪ੍ਰਦਾਨ ਕੀਤੇ ਗਏ। ਬਾਇਓਟੈਕਨਾਲੋਜੀ ਵਿਭਾਗ ਦੇ ਮੁਨੀਸ਼ ਨੇ ਪਹਿਲਾ, ਜੋਤੀ ਨੇ ਦੂਜਾ ਅਤੇ ਮਾਨਵੀ ਨੇ ਤੀਜਾ ਇਨਾਮ ਪ੍ਰਾਪਤ ਕੀਤਾ।

# ਕਾਮਰੇਡ ਰੁਘਨਾਥ ਸਿੰਘ ਦੀ ਛੇਵੀਂ ਬਰਸੀ ਮਨਾਈ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸੀ ਪੀ ਆਈ ਐੱਮ ਦੇ ਲੰਬਾ ਸਮਾਂ ਸੂਬਾਈ ਸਕੱਤਰੇਤ ਮੈਂਬਰ ਤੇ ਸੀ ਆਈ ਟੀ ਯੂ ਕੇਂਦਰੀ ਮੀਤ ਪ੍ਰਧਾਨ ਰਹੇ ਕਾਮਰੇਡ ਰੁਘਨਾਥ ਸਿੰਘ ਦੀ ਛੇਵੀਂ ਬਰਸੀ ਵਿਸ਼ਵਕਰਮਾ ਮੰਦਰ ਅੱਡਾ ਝੁੰਗੀਆਂ ਬੀਣੇਵਾਲ ਵਿਖੇ ਭੈਣ ਨਿਰਮਲਾ ਦੀ ਪ੍ਰਧਾਨਗੀ ਹੇਠ ਮਨਾਈ ਗਈ। ਇਸ ਮੌਕੇ ਪਾਰਟੀ ਦੇ ਸੂਬਾਈ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਰਘੂਨਾਥ ਸਿੰਘ ਵਿਦਿਆਰਥੀ ਜੀਵਨ ਤੋਂ ਲੈ ਕੇ ਆਪਣੇ ਆਖ਼ਰੀ ਸਾਹਾਂ ਤੱਕ ਪਾਰਟੀ ਦੇ ਝੰਡੇ ਨੂੰ ਉੱਚਾ ਰਖਦਿਆ ਹੋਇਆ ਮਜ਼ਦੂਰਾਂ, ਕਿਸਾਨਾਂ, ਵਿਦਿਆਰਥੀਆਂ ਤੇ ਮੁਲਾਜਮਾਂ ਦੀ ਲੜਾਈ ਨੂੰ ਆਗੂ ਰੋਲ ਦਿੰਦਿਆ ਲੜਦਾ ਰਿਹਾ। ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਨਾਲ ਫ੍ਰੀ ਟ੍ਰੇਡ ਐਗਰੀਮੈਂਟ ਕਰ ਰਹੀ ਹੈ ਜੋ ਕਿਸਾਨਾਂ ਦਾ ਤੇ ਸਹਾਇਕ ਧੰਦੇ ਕਰਨ ਵਾਲੇ (ਮੁਰਗੀ ਪਾਲਣ, ਮੱਛੀ ਪਾਲਣ, ਡਾਇਰੀ ਫਾਰਮ ਆਦਿ) ਧੰਦਿਆਂ ਦਾ ਬਹੁਤ ਵੱਡਾ ਨੁਕਸਾਨ ਹੋਵੇਗਾ। ਕੇਂਦਰ ਵਲੋਂ ਮਨਰੇਗਾ ਕਾਨੂੰਨ ਨੂੰ ਪੇਤਲਾ ਕਰ ਕੇ 125 ਦਿਨਾਂ ਦੀ ਗੱਲ ਕਰ ਕੇ ਮਜ਼ਦੂਰ ਲੋਕਾਂ ਨਾਲ ਛਲਾਵਾ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਨੇ ਕਿਰਤ ਕਾਨੂੰਨ ਨੂੰ ਵੀ ਪੇਤਲਾ ਕਰ ਕੇ ਚਾਰ ਕੋਡਾ ਵਿਚ ਬਦਲ ਕੇ 8 ਘੰਟੇ ਦੀ ਦਿਹਾੜੀ ਨੂੰ 12 ਘੰਟੇ ਦੀ ਦਿਹਾੜੀ ਕਰ ਦਿੱਤਾ ਹੈ। ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਤੇ ਸੂਬਾਈ ਸਕਤਰੇਤ ਮੈਂਬਰ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਬਿਜਲੀ ਐਕਟ 2025 ਲਿਆ ਕਿ ਕੇਂਦਰ ਸਰਕਾਰ ਲੋਕਾਂ ਨੂੰ ਮਿਲ ਰਹੀਆਂ ਬਿਜਲੀ ਸਹੂਲਤਾਂ ਤੋਂ ਵਾਂਝਾ ਕਰ ਰਹੀ ਹੈ ਤੇ ਮੀਟਰ ਪ੍ਰੀ ਪੇਡ ਕਰ ਕੇ ਮੋਬਾਈਲ ਸਿਮ ਦੀ ਤਰਾਂ ਲੋਕਾਂ ਤੋਂ ਪੈਸੇ ਲੁੱਟਣ ਲਈ ਆਪਣੇ ਮਿੱਤਰ ਕਾਰਪੋਰੇਟਾ ਨੂੰ ਵੇਚ ਰਹੀ ਹੈ।ਇਸ ਮੌਕੇ ਪਾਰਟੀ ਸੂਬਾਈ ਸਕਤਰੇਤ ਮੈਂਬਰ ਜਤਿੰਦਰ ਪਾਲ ਸਿੰਘ, ਦਰਸ਼ਨ ਸਿੰਘ ਮੱਟੂ ਨੇ ਕਿਹਾ ਕੇ 11 ਮਾਰਚ ਤੋਂ ਜੋ ਪਾਰਟੀ ਦਾ ਕੇਂਦਰੀ ਜਥਾ ਚਾਰ ਬਿੱਲਾਂ ਵਿਰੁਧ ਤੇ ਅਮਰੀਕਾ ਨਾਲ ਕਿਤੇ ਸਮਝੌਤਿਆ ਦੇ ਵਿਰੋਧ 'ਚ ਤਰਨ ਤਾਰਨ ਤੋਂ ਸ਼ੁਰੂ ਹੁੰਦਿਆਂ 13 ਮਾਰਚ ਨੂੰ ਗੜ੍ਹਸ਼ੰਕਰ 12 ਵਜੇ ਪਹੁੰਚੇਗਾ, ਉਸ ਦਾ ਪੁਰਜ਼ੋਰ ਸਵਾਗਤ ਕੀਤਾ ਜਾਵੇਗਾ। ਇਸਤਰੀ ਸਭਾ ਪੰਜਾਬ ਦੇ ਪ੍ਰਧਾਨ ਸੁਭਾਸ਼ ਮੱਟੂ ਤੇ ਆਂਗਨਵਾੜੀ ਦੀ ਸਟੇਟ ਆਗੂ ਕ੍ਰਿਸ਼ਨਾ ਦੇਵੀ ਨੇ ਕਿਹਾ ਇਹਨਾਂ ਸੰਘਰਸ਼ਾਂ ਵਿੱਚ ਔਰਤਾਂ ਵੱਧ ਚੜ ਕੇ ਹਿੱਸਾ ਲੈਣਗੀਆ। ਇਸ ਮੌਕੇ ਰਜਿੰਦਰ ਕੌਰ, ਸੁਰਜੀਤ ਢੇਰ, ਮਾਸਟਰ ਪ੍ਰੇਮ ਸਿੰਘ ਰੱਕੜ, ਰਾਮ ਜੀ ਦਾਸ ਚੌਹਾਨ, ਮਹਾਂ ਸਿੰਘ ਰੌੜੀ, ਰਮੇਸ਼ ਧੀਮਾਨ, ਸੁਲਿੰਦਰ ਚੁੰਬਰ, ਨੀਲਮ ਬਢੋਆਣ, ਗਰੀਬਦਾਸ, ਮੋਹਨਲਾਲ, ਗਰਧਾਰੀ ਲਾਲ, ਕਲਭੂਸ਼ਣ ਕੁਮਾਰ, ਅਮਨ, ਰੋਸ਼ਨ ਲਾਲ , ਗੁਰਚਰਨ ਨੈਣਵਾਂ ਆਦਿ ਲੀਡਰ ਹਾਜ਼ਰ ਹੋਏ ।



# ਮੁਲਾਜ਼ਮ ਜਥਬੰਦੀਆਂ ਵੱਲੋਂ 22 ਦੀ ਰੈਲੀ ਲਈ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ), ਪੇਂਡੂ ਮਜ਼ਦੂਰ ਯੂਨੀਅਨ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 22 ਮਾਰਚ ਨੂੰ ਲੁਧਿਆਣਾ ਵਿਖੇ ਕੀਤੀ ਜਾ ਰਹੀ ਰੈਲੀ ਤੇ ਮੁਜ਼ਾਹਰੇ ਦੀ ਤਿਆਰੀ ਲਈ ਸਥਾਨਕ ਬਾਰਾਦਰੀ ਬਾਗ਼ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੀ ਐਮ ਯੂ ਦੇ ਆਗੂ ਹਰੀ ਰਾਮ ਰਸੂਲਪੁਰੀ,ਕਿਰਨਜੀਤ ਕੌਰ, ਗੁਰਦਿਆਲ ਰੱਕੜ,ਆਸ਼ਾ ਵਰਕਰ ਯੂਨੀਅਨ ਦੇ ਆਗੂ ਰਾਜਵਿੰਦਰ ਕੌਰ, ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ ਨੇ ਕਿਹਾ ਕਿ ਰੈਲੀ ਅਤੇ ਮੁਜ਼ਾਹਰਾ ਚਾਰ ਲੇਬਰ ਕੋਡ ਰੱਦ ਕਰਵਾਉਣ, ਮਗਨਰੇਗਾ ਕਾਨੂੰਨ ਨੂੰ ਬਹਾਲ ਕਰਾਉਣ,ਬਿਜਲੀ ਸੋਧ ਬਿੱਲ 2025 ਵਾਪਿਸ ਕਰਵਾਉਣ ਮਿੱਡ ਡੇਅ ਮੀਲ, ਆਸ਼ਾ ਵਰਕਰਾਂ ਸਮੇਤ ਕੱਚੇ ਕਾਮਿਆਂ ਨੂੰ ਪੱਕੇ ਕਰਨ,ਹਰ ਮਜ਼ਦੂਰ ਨੂੰ ਪੱਕਾ ਰੁਜ਼ਗਾਰ ਅਤੇ ਘੱਟੋ ਘੱਟ ਉਜਰਤ ਪ੍ਰਤੀ ਮਹੀਨਾ 26000 ਰੁਪਏ ਕਰਨ ਆਦਿ ਦੀ ਮੰਗਾਂ ਨੂੰ ਲੈ ਕੇ ਕੀਤਾ ਜਾ ਰਿਹਾ। ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ 'ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਮਜ਼ਦੂਰ ਪੱਖੀ 29 ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਮਜ਼ਦੂਰ ਮੁਲਾਜ਼ਮ ਆਗੂਆਂ ਨੇ ਆਪਣੇ ਜਮਹੂਰੀ ਅਧਿਕਾਰਾਂ ਨੂੰ ਸੁਰੱਖਿਅਤ ਰੱਖਣ ਲਈ ਮਜ਼ਦੂਰ ਵਿਰੋਧੀ ਇਹਨਾਂ ਲੇਬਰ ਕੋਡਾ ਨੂੰ ਰੱਦ ਕਰਵਾਉਣ ਲਈ ਇਸ ਮੁਜ਼ਾਹਰੇ ਵਿੱਚ ਪਰਵਾਰਾਂ ਸਮੇਤ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਹੈ।



# ਬਸਪਾ ਵਲੋਂ ਕਾਂਸ਼ੀ ਰਾਮ ਨੂੰ ਭਾਰਤ ਰਤਨ ਐਵਾਰਡ ਦੇਣ ਦੀ ਮੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਹੁਜਨ ਸਮਾਜ ਪਾਰਟੀ ਵਲੋਂ ਦੇਸ਼ ਦੇ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਆਜ਼ਾਦ ਦੇਸ਼ ਦੇ 85% ਦੱਬੇ ਕੁਚਲੇ ਲੋਕਾਂ ਅੰਦਰ ਚੇਤਨਾ ਪੈਦਾ ਕਰਨ ਵਾਲੇ ਮਰਹੂਮ ਨੇਤਾ ਸਾਹਿਬ ਸ੍ਰੀ ਕਾਂਸ਼ੀ ਰਾਮ ਨੂੰ ਭਾਰਤ ਰਤਨ ਐਵਾਰਡ ਨਾਲ ਸਨਮਾਨ ਕੀਤਾ ਜਾਵੇ । ਇਸ ਸਬੰਧੀ ਜਾਣਕਾਰੀ ਦਿੰਦਿਆਂ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਰਾਜਿੰਦਰ ਸਿੰਘ ਰਾਜਾ ਨਾਨੇੜੀਆਂ ਨੇ ਦੱਸਿਆ ਕਿ ਇਸ ਸਬੰਧੀ ਬਹੁਜਨ ਸਮਾਜ ਪਾਰਟੀ ਵਲੋਂ ਦੇਸ਼ ਦੇ ਰਾਸ਼ਟਰਪਤੀ ਨੂੰ ਪੱਤਰ ਵੀ ਲਿਖ ਚੁੱਕੇ ਹਨ। ਉਹਨਾਂ ਆਖਿਆ ਕਿ ਭਾਰਤ ਦੀ ਰਾਜਨੀਤੀ ਵਿੱਚ ਖਲਬਲੀ ਮਚਾਉਣ ਵਾਲੇ ਦਲਿਤਾਂ ਦੇ ਮਸੀਹਾ ਸਾਹਿਬ ਸ੍ਰੀ ਕਾਂਸ਼ੀ ਰਾਮ ਵੱਲੋਂ ਕਰੜੀ ਮਿਹਨਤ ਕਰਕੇ ਦੱਬੇ ਕੁਚਲੇ ਲਿਤਾੜੇ ਲੋਕਾਂ ਨੂੰ ਇਕੱਠੇ ਕਰਕੇ ਉਹਨਾਂ ਅੰਦਰ ਰਾਜਨੀਤੀ ਦੀ ਚਾਹਤ ਪੈਦਾ ਕੀਤੀ ਤੇ ਭਾਰਤ ਦੀ ਰਾਜਨੀਤੀ ਅੰਦਰ ਇੱਕ ਨਵੀਂ ਪਾਰਟੀ ਬਹੁਜਨ ਸਮਾਜ ਪਾਰਟੀ ਦੀ ਸਥਾਪਨਾ ਕੀਤੀ । ਸਾਹਿਬ ਸ੍ਰੀ ਕਾਂਸ਼ੀ ਰਾਮ ਵੱਲੋਂ ਸਦੀਆਂ ਤੋਂ ਲਿਤਾੜੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਕੇ ਉਹਨਾਂ ਨੂੰ ਬਨਦਾ ਮਾਣ ਸਨਮਾਨ ਦਿਵਾਇਆ ਗਿਆ। ਕਰੋੜਾਂ ਲੋਕਾਂ ਦੇ ਦਿਲਾਂ ਦੇ ਧੜਕਣ ਬਹੁਜਨਾਂ ਦੇ ਮਸੀਹਾ ਬਹੁਜਨ ਸਮਾਜ ਪਾਰਟੀ ਦੇ ਸੁਪਰੀਮੋ ਸਾਹਿਬ ਕਾਂਸ਼ੀ ਰਾਮ ਨੂੰ ਭਾਰਤ ਰਤਨ ਦੇ ਕੇ ਉਹਨਾਂ ਨੂੰ ਬਨਦਾ ਮਾਣ ਸਨਮਾਨ ਦਿੱਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ ਬਡਵਾਲੀ ਜਨਰਲ ਸਕੱਤਰ ਬਸਪਾ ਜਿਲਾ ਰੋਪੜ ਕੈਪਟਨ ਕਰਮਜੀਤ ਸਿੰਘ ਬਡਵਾਲੀ ,ਜਗਦੇਵ ਸਿੰਘ ਪਵਾਰ, ਸੁਰਿੰਦਰ ਸਿੰਘ ਹੈਪੀ ਅਧਰੇੜਾ, ਅਮਨਦੀਪ ਸਿੰਘ ਕੁਰਾਲੀ, ਕੇਸਰ ਸਿੰਘ ਮੋਰਿੰਡਾ ਦੇ ਜਸਵਿੰਦਰ ਸਿੰਘ ਛਿੱਬਰ ਅਤੇ ਦਰਬਾਰਾ ਸਿੰਘ ਮੋਰਿੰਡਾ ਆਦਿ ਬਸਪਾ ਆਗੂ ਹਾਜ਼ਰ ਸਨ।



# ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਸੰਗਤਾਂ ਵਿੱਚ ਭਾਰੀ ਉਤਸ਼ਾਹ : ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਸਤਿਗੁਰੂ ਰਵਿਦਾਸ ਮਹਾਰਾਜ ਤੇ ਸਮਾਜ ਦੇ ਮਹਾਨ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ਼ੁਰੂ ਕੀਤੀ ਮਹਾਨ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਤੇ ਸ਼ਰਧਾ ਹੈ ਅਤੇ ਸੰਗਤਾਂ ਭਾਰੀ ਗਿਣਤੀ ਵਿੱਚ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਦਿ ਧਰਮ ਸਾਧੂ ਸਮਾਜ ਦੇ ਰਾਸ਼ਟਰੀ ਪ੍ਰਧਾਨ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਕਿ ਪਿਛਲੇ ਦੋ ਦਹਾਕਿਆਂ ਤੋਂ ਕੰਮ ਦੇ ਮਹਾਨ ਵਿਦਵਾਨ ਸੰਤ ਮਹਾਂਪੁਰਸ਼ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ ਨਿਰਮਲ ਦਾਸ ਬਾਬੇ ਜੋੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੇ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਖਾਂ ਦੀ ਯੋਗ ਅਗਵਾਈ ਹੇਠ ਆਰੰਭ ਹੋਈ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਪੂਰੇ ਵਿਸ਼ਵ ਪੱਧਰ ਤੇ ਪ੍ਰਸਿੱਧੀ ਪ੍ਰਾਪਤ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ 3 ਅਪ੍ਰੈਲ ਨੂੰ ਪੰਜਾਬ ਅਤੇ 4 ਤੇ 5 ਅਪ੍ਰੈਲ ਨੂੰ ਹਰਿਦੁਆਰ ਤੱਕ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਵੱਖਰਾ ਅਲੌਕਿਕ ਦ੍ਰਿਸ਼ ਪੇਸ਼ ਕਰਦਾ ਹੈ। ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ਼ੋਭਾ ਯਾਤਰਾ ਦਾ ਮੁੱਖ ਮਨੋਰਥ ਸਤਿਗੁਰੂ ਰਵਿਦਾਸ ਮਹਾਰਾਜ ਦੀ ਕ੍ਰਾਂਤੀਕਾਰੀ ਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਅਤੇ ਆਦਿ ਧਰਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੀ ਆਰਥਿਕ, ਸਮਾਜਕ ਅਤੇ ਰਾਜਨੀਤਕ ਪਰਿਵਰਤਨ ਦੀ ਲਹਿਰ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਬਣਦਾ ਵੱਡਾ ਯੋਗਦਾਨ ਪਾਉਣਾ ਹੈ।ਉਨ੍ਹਾਂ ਕਿਹਾ ਇਤਿਹਾਸਕ ਬੇਗਮਪੁਰਾ ਹਰਿਦੁਆਰ ਦਮੜੀ ਸ਼ੋਭਾ ਯਾਤਰਾ 3 ਅਪ੍ਰੈਲ ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਆਰੰਭ ਹੋਵੇਗੀ ਅਤੇ 5 ਅਪ੍ਰੈਲ ਨੂੰ ਹਰਿਦੁਆਰ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਸ਼ਰਧਾ ਪੂਰਵਕ ਮਨਾਇਆ ਜਾਵੇਗਾ।



# ਵਿਧਾਇਕ ਕੁਲਵੰਤ ਸਿੰਘ ਨੇ ਕੀਤੀ 9ਵੀਂ ਤੀਰਥ ਯਾਤਰਾ ਬੱਸ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਤੋਂ 9ਵੀਂ ਬੱਸ ਤੀਰਥ ਯਾਤਰਾ ਲਈ ਵਿਧਾਇਕ ਕੁਲਵੰਤ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤੀ ਗਈ। ਸੈਕਟਰ-68 ਅਤੇ ਕੁੰਬੜਾ ਦੇ ਸ਼ਰਧਾਲੂਆਂ ਨਾਲ ਭਰੀ ਇਸ ਬੱਸ ਨੂੰ ਰਵਾਨਾ ਕਰਨ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੋਕਾਂ ਵੱਲੋਂ ਵੱਡਾ ਸਹਿਯੋਗ ਮਿਲ ਰਿਹਾ ਹੈ ਅਤੇ ਸ਼ਰਧਾਲੂਆਂ ਵਿੱਚ ਧਾਰਮਿਕ ਯਾਤਰਾ ਲਈ ਖਾਸ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਬੂਥ ਵਾਈਜ਼ ਇੱਕ ਬੱਸ ਤੀਰਥ ਯਾਤਰਾ ਲਈ ਭੇਜੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਬੱਸਾਂ ਰਵਾਨਾ ਕੀਤੀਆਂ ਜਾਣਗੀਆਂ। ਇਸ ਯਾਤਰਾ ਦੌਰਾਨ ਜਿੱਥੇ ਸ਼ਰਧਾਲੂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਣਗੇ, ਉੱਥੇ ਹੀ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨਾਲ ਸੰਬੰਧਿਤ ਜਲਿਆਂਵਾਲਾ ਬਾਗ ਵੀ ਵੇਖਣ ਦਾ ਮੌਕਾ ਮਿਲੇਗਾ ਅਤੇ ਵਾਘਾ ਬਾਰਡਰ 'ਤੇ ਜਵਾਨਾਂ ਦੀ ਦੇਸ਼-ਸੇਵਾ ਨੂੰ ਵੀ ਨੇੜੇ ਤੋਂ ਦੇਖ ਸਕਣਗੇ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਹੁਣ ਵਿਰੋਧੀ ਪਾਰਟੀਆਂ ਕੋਲ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵਿਰੁੱਧ ਉਠਾਉਣ ਲਈ ਕੋਈ ਮੁੱਦਾ ਨਹੀਂ ਬਚਿਆ, ਕਿਉਂਕਿ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੇ ਗਏ ਵਾਅਦੇ ਅਤੇ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਜਟ ਸੈਸ਼ਨ ਦੌਰਾਨ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦੀ ਗਰੰਟੀ ਦਾ ਵੀ ਜਲਦ ਐਲਾਨ ਕੀਤਾ ਜਾਵੇਗਾ।ਇਸ ਮੌਕੇ ਜਸਵੀਰ ਕੌਰ ਅਤਲੀ, ਫੂਲਰਾਜ ਸਿੰਘ (ਹਲਕਾ ਕੋਆਰਡੀਨੇਟਰ), ਰਮਨਪ੍ਰੀਤ ਕੌਰ ਐਮ.ਸੀ. (ਹਲਕਾ ਕੋਆਰਡੀਨੇਟਰ ਵੁਮੈਨ ਵਿੰਗ), ਹਰਮੇਸ਼ ਸਿੰਘ ਬਲਾਕ ਪ੍ਰਧਾਨ, ਆਰ.ਪੀ. ਸ਼ਰਮਾ, ਚਰਨਜੀਤ ਕੌਰ, ਕਰਨੈਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਚੰਚਲ ਸਿੰਗਲਾ, ਸੁਰਿੰਦਰ ਸਿੰਘ, ਜਰਨੈਲ ਸਿੰਘ, ਦਵਿੰਦਰ ਮੋਹਨ ਸਿੰਘ, ਐਚ.ਐਸ. ਵਾਲੀਆ ਆਦਿ ਵੀ ਮੌਜੂਦ ਸਨ।



# ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਤ ਮੀਟਿੰਗ 'ਚ ਸਾਹਿਤਕਾਰਾਂ ਨੇ ਰਚਨਾਵਾਂ ਪੜ੍ਹੀਆਂ

**ਖਰੜ (ਹਰਨਾਮ ਸਿੰਘ ਡੱਲਾ)**- ਸਾਹਿਤ ਸਭਾ ਬਹਿਰਾਮਪੁਰ ਬੇਟ ਦੀ ਇਸ ਵਾਰ ਦੀ ਮਾਸਿਕ ਇਕੱਤਰਤਾ ਕੌਮਾਂਤਰੀ ਇਸਤਰੀ ਵਰ੍ਹੇ ਤੇ 23 ਮਾਰਚ ਦੇ ਸ਼ਹੀਦਾਂ ਦੇ ਨਾਂਅ ਸਮਰਪਤ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕੁਲਵਿੰਦਰ ਸਿੰਘ ਨੇ ਕੀਤੀ। ਜਿਸ ਵਿੱਚ ਸੁਰਿੰਦਰ ਸਿੰਘ ਕੰਗ ਨੇ ਸ਼ਹੀਦ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਵੱਲੋਂ ਦਿੱਤੀ ਸ਼ਹੀਦੀ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਨੂੰ ਆਜ਼ਾਦ ਕਰਾਉਣ ਲਈ ਦਿੱਤੀ ਕੁਰਬਾਨੀ ਦਾ ਹਾਲੇ ਮੁੱਲ ਪੈਣਾ ਬਾਕੀ ਹੈ। ਕਿਉਂਕਿ ਭਗਤ ਸਿੰਘ ਜਿਸ ਸਮਾਜਵਾਦੀ ਪ੍ਰਬੰਧ ਨੂੰ ਸਿਰਜਣਾ ਚਾਹੁੰਦੇ ਸਨ, ਉਹ ਹਾਲੇ ਬਾਕੀ ਹੈ ।ਹਾਜ਼ਰ ਮੈਂਬਰਾਂ ਨੇ ਇਸ ਸਮੇਂ ਦੇਸ਼ ਦੇ ਮਹਾਨ ਸਪੂਤ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਯਾਦ ਕਰਦਿਆਂ ਕੌਮਾਂਤਰੀ ਇਸਤਰੀ ਵਰੇ ਬਾਰੇ ਵੀ ਆਪੋ ਆਪਣੇ ਵਿਚਾਰ ਰੱਖੇ। ਇਸ ਤੋਂ ਬਾਅਦ ਪਿਛਲੇ ਮਹੀਨੇ ਲੇਖਕਾਂ ਵੱਲੋਂ ਪੜ੍ਹੀਆਂ ਗਈਆਂ ਪੁਸਤਕਾਂ ਦੀ ਸਮੀਖਿਆ ਦੌਰਾਨ ਕੁਲਵਿੰਦਰ ਨੇ ਢਾਹਾਂ ਪੁਰਸਕਾਰ ਜੇਤੂ ਜਿੰਦਰ ਦੀਆਂ ਕਹਾਣੀਆਂ, ਸੁਰਿੰਦਰ ਸਿੰਘ ਕੰਗ ਨੇ ਅਰੁੰਧਤੀ ਰਾਏ ਦੀ ਚਰਚਿਤ ਕਿਤਾਬ ਆਜ਼ਾਦੀ, ਡਾਕਟਰ ਰਾਜਪਾਲ ਸਿੰਘ ਨੇ ਡਾਕਟਰ ਗੁਰਪ੍ਰੀਤ ਸਿੰਘ ਧੁੱਗਾ ਦੀ ਕਿਤਾਬ 'ਚਾਲੀ ਦਿਨ' ਹਰਨਾਮ ਸਿੰਘ ਦੱਲਾ ਨੇ ਅਜਮੇਰ ਸਿੰਘ ਔਲਖ ਦੇ ਨਾਟਕ 'ਸੱਤ ਬੇਗਾਨੇ' ਤੇ ਅਜਮੇਰ ਰੋਡੇ ਦੇ ਨਾਟਕ 'ਨਿਰਲੱਜ' ਉੱਤੇ ਵਿਸਤਰਤ ਗੱਲ ਕੀਤੀ।



# ਪਰਾਲੀ ਨਾਲ ਭਰੀ ਟਰਾਲੀ ਨੂੰ ਲੱਗੀ ਅੱਗ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਦੇ ਨਜ਼ਦੀਕੀ ਪਿੰਡ ਸੁਧਾ ਮਾਜਰਾ ਕੋਲ ਨੈਸ਼ਨਲ ਹਾਈਵੇ 'ਤੇ ਇੱਕ ਭਿਆਨਕ ਹਾਦਸਾ ਵਾਪਰਨੋਂ ਵਾਲ ਵਾਲ ਬਚ ਗਿਆ। ਜਾਣਕਾਰੀ ਅਨੁਸਾਰ ਹਾਈਵੇ 'ਤੇ ਜਾ ਰਹੀ ਪਰਾਲੀ ਨਾਲ ਲੱਦੀ ਇੱਕ ਟਰਾਲੀ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ। ਹੈਰਾਨੀ ਦੀ ਗੱਲ ਇਹ ਸੀ ਕਿ ਟਰੈਕਟਰ ਚਾਲਕ ਨੂੰ ਇਸ ਘਟਨਾ ਦਾ ਪਤਾ ਵੀ ਨਹੀਂ ਸੀ ਅਤੇ ਉਹ ਤੇਜ਼ ਰਫ਼ਤਾਰ ਨਾਲ ਟਰੈਕਟਰ ਚਲਾ ਰਿਹਾ ਸੀ। ਇਸ ਦੌਰਾਨ ਮੌਕੇ 'ਤੇ ਮੌਜੂਦ ਬਲਾਕ ਸੰਮਤੀ ਮੈਂਬਰ ਸੁਰੇਸ਼ ਕੁਮਾਰ ਪੈਨੀ ਭਲਵਾਨ, ਕਾਠਗੜ੍ਹ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਤੁਰੰਤ ਸੂਝਬੂਝ ਦਿਖਾਈ। ਉਨ੍ਹਾਂ ਨੇ ਪਿੱਛਾ ਕਰਕੇ ਟਰੈਕਟਰ ਚਾਲਕ ਨੂੰ ਅੱਗ ਬਾਰੇ ਸੁਚੇਤ ਕੀਤਾ ਤੇ ਵਾਹਨ ਨੂੰ ਸੜਕ ਦੇ ਕਿਨਾਰੇ ਰੁਕਵਾਇਆ। ਹਾਲਾਤ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੈਨੀ ਭਲਵਾਨ ਨੇ ਤੁਰੰਤ ਆਪਣੀ ਜੇ ਸੀ ਬੀ ਮਸ਼ੀਨ ਮੌਕੇ 'ਤੇ ਮੰਗਵਾਈ। ਉਨ੍ਹਾਂ ਦੀ ਮਦਦ ਨਾਲ ਪਰਾਲੀ ਨੂੰ ਖਿਲਾਰ ਕੇ ਅੱਗ 'ਤੇ ਕਾਬੂ ਪਾਇਆ ਗਿਆ। ਸੁਰੇਸ਼ ਕੁਮਾਰ ਦੀ ਇਸ ਤੁਰੰਤ ਕਾਰਵਾਈ ਤੇ ਬਹਾਦਰੀ ਦੀ ਇਲਾਕਾ ਨਿਵਾਸੀਆਂ ਵੱਲੋਂ ਭਰਪੂਰ ਸਰਾਹਨਾ ਕੀਤੀ ਜਾ ਰਹੀ ਹੈ।

# ਐੱਲ ਪੀ ਯੂ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਨੇ ਗੱਲਬਾਤ, ਜਾਗਰੂਕਤਾ ਪਹਿਲਕਦਮੀਆਂ ਅਤੇ ਕਮਿਊਨਿਟੀ ਆਊਟਰੀਚ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ, ਜਿਸ ਵਿੱਚ



ਔਰਤਾਂ ਦੀ ਸਿਹਤ ਨੂੰ ਮੁੱਖ ਕੇਂਦਰ ਵਿੱਚ ਰੱਖਿਆ ਗਿਆ।ਮਾਹਿਰਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਕੱਠੇ ਕਰਕੇ, ਯੂਨੀਵਰਸਿਟੀ ਨੇ ਇੱਕ ਅਜਿਹਾ ਮਾਹੌਲ ਬਣਾਇਆ ਜਿਸ ਨੇ ਸਿਹਤ, ਸਸ਼ਕਤੀਕਰਨ ਤੇ ਅੱਜ ਦੇ ਸੰਸਾਰ ਵਿੱਚ ਔਰਤਾਂ ਦੀ ਬਦਲਦੀ ਭੂਮਿਕਾ 'ਤੇ ਗੱਲਬਾਤ ਨੂੰ ਉਤਸ਼ਾਹਿਤ ਕੀਤਾ। ਇਹ ਸੈਸ਼ਨ ਮਹਿਲਾ ਫੈਕਲਟੀ ਮੈਂਬਰਾਂ ਲਈ ਆਯੋਜਿਤ ਕੀਤਾ ਗਿਆ ਸੀ ਤੇ ਔਰਤਾਂ ਦੀ ਸਿਹਤ ਅਤੇ ਭਾਵਨਾਤਮਕ ਤੰਦਰੁਸਤੀ ਬਾਰੇ ਜਾਗਰੂਕਤਾ ਵਧਾਉਣ 'ਤੇ ਕੇਂਦ੍ਰਿਤ ਸੀ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਇੱਕ ਪੈਨਲ ਚਰਚਾ ਸੀ ਜਿਸ ਵਿੱਚ ਡਾ. ਦਵਿੰਦਰ ਕੌਰ ਸਿੰਘ, ਜੀਬੀ ਹਸਪਤਾਲ, ਫਗਵਾੜਾ ਵਿੱਚ ਇੱਕ ਸੀਨੀਅਰ ਗਾਇਨੀਕੋਲੋਜਿਸਟ, ਜੋ 1992 ਤੋਂ ਪ੍ਰੈਕਟਿਸ ਕਰ ਰਹੀ ਹੈ, ਸ਼ਾਮਲ ਸਨ। ਉਨ੍ਹਾਂ ਨੇ ਮਾਹਵਾਰੀ ਸਿਹਤ, ਅਨੀਮੀਆ, ਸਰਵਾਈਕਲ ਕੈਂਸਰ ਦੀ ਰੋਕਥਾਮ, ਅਤੇ ਨਿਯਮਤ ਸਿਹਤ ਜਾਂਚ ਦੀ ਮਹੱਤਤਾ ਬਾਰੇ ਮਹੱਤਵਪੂਰਨ ਸੂਝਾਂ ਸਾਂਝੀਆਂ ਕੀਤੀਆਂ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਵੇਂ ਸ਼ੁਰੂਆਤੀ ਜਾਗਰੂਕਤਾ ਤੇ ਰੋਕਥਾਮ, ਦੇਖਭਾਲ ਔਰਤਾਂ ਦੀ ਲੰਬੇ ਸਮੇਂ ਦੀ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਇਸ ਮੌਕੇ 'ਤੇ ਜਲੰਧਰ ਮੈਨੇਜਮੈਂਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਆਯੋਜਿਤ ਅੰਤਰਰਾਸ਼ਟਰੀ ਮਹਿਲਾ ਦਿਵਸ ਸਮਾਗਮ, 'ਆਈਕੋਨਿਕ ਵੂਮੈਨ 2026' ਵੀ ਮਨਾਇਆ ਗਿਆ। ਐੱਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ ਕਿ ਅੱਜ ਵੀ, ਔਰਤਾਂ ਆਪਣੇ ਲਚਕੀਲੇਪਣ, ਅਗਵਾਈ ਅਤੇ ਹਮਦਰਦੀ ਰਾਹੀਂ ਪਰਿਵਾਰਾਂ, ਕਾਰਜ ਸਥਾਨਾਂ ਅਤੇ ਭਾਈਚਾਰਿਆਂ ਨੂੰ ਆਕਾਰ ਦੇ ਰਹੀਆਂ ਹਨ।

# ਪਿੰਡ ਮੋਹਾਂ ਵਿਖੇ ਮਨਾਇਆ ਅੰਤਰ-ਰਾਸ਼ਟਰੀ ਮਹਿਲਾ ਦਿਵਸ

**ਅੱਡਾ ਸਰਾਂ, (ਜਸਵੀਰ ਕਾਜਲ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਟਾਂਡਾ ਵੱਲੋਂ ਡਾ. ਦਪਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਮੋਹਾਂ ਵਿਖੇ ਅੰਤਰ-ਰਾਸ਼ਟਰੀ ਮਹਿਲਾ




ਦਿਵਸ ਮਨਾਇਆ ਗਿਆ । ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਟਾਂਡਾ ਦੀ ਟੀਮ ਰੇਨੂ ਬਾਲਾ, ਸ਼੍ਰੀਮਤੀ ਨੀਲਮ ਜੋਤੀ ਖੇਤੀਬਾੜੀ ਵਿਸਥਾਰ ਅਫਸਰ ਤੇ ਜੈਸਮੀਨ ਕੌਰ, ਖੇਤੀਬਾੜੀ ਉਪ ਨਿਰੀਖਕ ਵੱਲੋਂ ਕੈਂਪ ਵਿਚ ਸ਼ਾਮਿਲ ਕਿਸਾਨ ਬੀਬੀਆਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਤਿਆਰ ਕੀਤੀਆਂ ਗਈਆਂ ਗਰਮੀਆਂ ਦੀਆਂ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਫਰੀ ਵੰਡੀਆਂ ਗਈਆਂ ਤੇ ਘਰੇਲੂ ਬਗੀਚੀ ਲਗਾ ਕੇ ਘਰੇ ਹੀ ਜਹਿਰ ਰਹਿਤ ਸਬਜ਼ੀਆਂ ਉਗਾਉਣ ਲਈ ਪ੍ਰੇਰਿਤ ਕੀਤਾ ਗਿਆ। ਵਿਭਾਗ ਵੱਲੋਂ ਦੱਸਿਆ ਗਿਆ ਕਿ ਇਸ ਸਮੇਂ ਟਮਾਟਰ, ਮਿਰਚ, ਬੈਂਗਣ, ਭਿੰਡੀ, ਕੱਦੂ, ਘੀਆ, ਤੋਰੀ ਖੀਰਾ, ਤਰ ਆਦਿ ਸਬਜੀਆਂ ਘਰਾਂ ਵਿੱਚ ਹੀ ਜਾਂ ਖੇਤ ਵਿੱਚ 5-10 ਮਰਲੇ ਜਗ੍ਹਾ ਰਾਖਵੀਂ ਰੱਖ ਕੇ ਕਿਸਾਨ ਬੀਬੀਆਂ ਵਲੋਂ ਜੇਕਰ ਥੋੜੀ ਮਿਹਨਤ ਕਰ ਲੈ ਜਾਵੇਗੀ ਤਾਂ ਉਹ ਸਾਰਾ ਸੀਜਨ ਆਪਣੇ ਪਰਵਾਰ ਲਈ ਤਾਜ਼ੀ ਅਤੇ ਜਹਿਰ ਮੁਕਤ ਸਬਜੀ ਪੈਦਾ ਕਰਕੇ ਆਪਣਾ ਖਰਚਾ ਘਟਾ ਸਕਦੀਆਂ ਹਨ । ਸਬਜ਼ੀਆਂ ਲਈ ਰੂੜੀ ਦੀ ਖਾਦ ਅਤੇ ਗੰਡੋਆ ਖਾਦ ਦੀ ਵਰਤੋਂ ਕਰੋ ਅਤੇ ਬਿਮਾਰੀਆਂ ਅਤੇ ਕੀੜਿਆਂ ਦੀ ਰੋਕਥਾਮ ਲਈ ਜੈਵਿਕ ਤਰੀਕੇ ਜਿਵੇਂ ਕਿ ਨਿੰਮ ਦਾ ਘੋਲ ਸਪਰੇਅ ਕਰਨ ਦਾ ਤਰੀਕਾ ਅਪਨਾਓ। ਟੀਮ ਵਲੋਂ ਵਧੇਰੇ ਜਾਣਕਾਰੀ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਟਾਂਡਾ ਨਾਲ ਸੰਪਰਕ ਕਰਨ ਲਈ ਆਖਿਆ ਗਿਆ । ਅੰਤ ਵਿੱਚ ਪਿੰਡ ਮੋਹਾਂ ਦੇ ਸਰਪੰਚ ਸਤਵਿੰਦਰ ਕੌਰ ਵੱਲੋਂ ਵਿਭਾਗ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਈਸ਼ਾ ਚੌਹਾਨ, ਦਲਜੀਤ ਕੌਰ, ਕਸ਼ਮੀਰ ਕੌਰ, ਗੁਰਪਾਲ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਹਰਦੀਪ ਕੌਰ, ਅਨੀਤਾ ਰਾਣੀ, ਗੁਰਪ੍ਰੀਤ ਕੌਰ, ਜਸਬੀਰ ਕੌਰ, ਅਮਰਜੀਤ ਕੌਰ, ਜਗਦੀਸ਼ ਕੌਰ ਆਦਿ ਮੌਜੂਦ ਸਨ।

# ਵਿਸ਼ਵ ਪੱਧਰੀ ਬਣੇਗਾ ਪੰਜਾਬ ਦਾ ਸੜਕੀ ਨੈੱਟਵਰਕ : ਲੋਕ ਨਿਰਮਾਣ ਮੰਤਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਤੀ ਵਰ੍ਹੇ 2026-2027 ਲਈ ਪੇਸ਼ ਕੀਤੇ ਗਏ ਬਜਟ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਬਜਟ ਵਿੱਚ ਸੂਬੇ ਭਰ ਵਿੱਚ ਸੜਕ ਅਤੇ ਪੁਲਾਂ ਦੇ ਬੁਨਿਆਦੀ ਢਾਂਚੇ ਦੇ ਵਿਸਥਾਰ ਲਈ ਅਤੇ ਮੌਜੂਦਾ ਸੰਪਤੀਆਂ ਦੇ ਯੋਜਨਾਬੱਧ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ ਸੜਕਾਂ, ਪੁਲਾਂ ਅਤੇ ਜਨਤਕ ਇਮਾਰਤਾਂ ਦੀ ਉਸਾਰੀ, ਨਵੀਨੀਕਰਨ ਅਤੇ ਰੱਖ-ਰਖਾਅ ਲਈ ਬਜਟ ਨੂੰ 5,440 ਕਰੋੜ ਰੁਪਏ ਕਰ ਦਿੱਤਾ ਗਿਆ ਹੈ ਜੋ ਵਿੱਤੀ ਸਾਲ 2025-26 (ਬਜਟ ਅਨੁਮਾਨ) ਨਾਲੋਂ ਦੁੱਗਣਾ ਹੈ। ਉਨ੍ਹਾਂ ਦੱਸਿਆ ਕਿ ਰਾਜ ਭਰ ਵਿੱਚ 2,570 ਕਿਲੋਮੀਟਰ ਲੰਬੀਆਂ ਪਲਾਨ ਸੜਕਾਂ ਦੇ ਅਪਗ੍ਰੇਡੇਸ਼ਨ ਅਤੇ ਸੰਪਰਕ (ਕਨੈਕਟੀਵਿਟੀ) ਵਿੱਚ ਸੁਧਾਰ ਲਈ ਵਿੱਤੀ ਸਾਲ 2026-27 ਵਿੱਚ 1500 ਕਰੋੜ ਰੁਪਏ ਦੇ ਸ਼ੁਰੂਆਤੀ ਖਰਚੇ ਦੀ ਤਜਵੀਜ਼ ਹੈ, ਜੋ ਜ਼ਿਲ੍ਹੇ ਦੇ ਅੰਦਰੂਨੀ ਅਤੇ ਅੰਤਰ-ਜ਼ਿਲ੍ਹਾ ਸੜਕੀ ਨੈਟਵਰਕ ਨੂੰ ਹੋਰ ਮਜ਼ਬੂਤ ਕਰੇਗਾ। ਇਸ ਤੋਂ ਇਲਾਵਾ, ਚੱਲ ਰਹੇ 31 ਪੁਲਾਂ ਨੂੰ ਮੁਕੰਮਲ ਕਰਨ ਅਤੇ ਨਵੇਂ ਪੁਲਾਂ ਦੇ ਨਿਰਮਾਣ ਕਾਰਜਾਂ ਲਈ 130 ਕਰੋੜ ਰੁਪਏ ਰਾਖਵੇਂ ਰੱਖੇ ਜਾ ਰਹੇ ਹਨ। ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ (ਪੀਐਮਜੀਐਸਵਾਈ-999)ਦੇ ਤਹਿਤ ਵਿੱਤੀ ਸਾਲ 2025-26 ਦੌਰਾਨ ਲਗਭਗ 500 ਕਿਲੋਮੀਟਰ ਪੇਂਡੂ ਸੜਕਾਂ ਦੇ 290 ਕਰੋੜ ਰੁਪਏ ਦੀ ਅੰਦਾਜ਼ਨ ਲਾਗਤ ਨਾਲ ਮੁਕੰਮਲ ਹੋਣ ਦੀ ਉਮੀਦ ਹੈ। ਉਨ੍ਹਾਂ ਇਸ ਮੌਕੇ ਸੂਬੇ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ 1500 ਰੁਪਏ ਦੀ ਵਿੱਤੀ ਸਹਾਇਤਾ ਦੇਣ ਲਈ ਸ਼ੁਰੂ ਕੀਤੀ ਗਈ ਸਕੀਮ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਸਕੀਮ ਦੀ ਸ਼ੁਰੂਆਤ ਨਾਲ ਸੂਬੇ ਦੀ ਮਹਿਲਾਵਾਂ ਨੂੰ ਆਰਥਿਕ ਅਜ਼ਾਦੀ ਦਾ ਅਹਿਸਾਸ ਹੋਵੇਗਾ।


## ਜਨਮ ਦਿਨ ਮੁਬਾਰਕ



ਗਰਸੀਰਤ ਕੌਰ



ਏਕਮਜੋਤ ਕੌਰ ਮਾਛੀਵਾੜਾ ਸਾਹਿਬ

## ਵਰ੍ਹੇਗੰਢ ਮੁਬਾਰਕ



ਜਸਪਾਲ ਸਿੰਘ ਅਤੇ ਬਰਿੰਦਰ ਕੌਰ ਵਾਸੀ ਸ਼ੰਕਰ ਨੇ ਆਪਣੇ ਵਿਆਹ ਦੀ 8ਵੀਂ ਵਰ੍ਹੇਗੰਢ ਮਨਾਈ।



ਸੰਜੇ ਅਤੇ ਆਸ਼ਾ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।


# ਖੇਡ ਸਮਾਗਮ ਅਤੇ ਇਨਾਮ ਵੰਡ ਸਮਾਰੋਹ ਕਰਵਾਇਆ

**ਭਲਾਣ (ਹਰਭਜਨ ਸਿੰਘ ਢਿੱਲੋਂ)**- ਤਹਿ ਨੰਗਲ ਦੇ ਨਜ਼ਦੀਕੀ ਪਿੰਡ ਨਾਨਗਰਾਂ ਦੇ ਕੈਂਬਰਿਜ ਇਨੋਵੇਟਿਵ ਸਕੂਲ, ਵਿਖੇ ਸਲਾਨਾ ਸ਼ਾਨਦਾਰ ਖੇਡ ਸਮਾਗਮ ਤੇ ਇਨਾਮ ਵੰਡ ਸਮਾਰੋਹ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਅਤੇ ਸੱਭਿਆਚਾਰਕ ਸਮਾਗਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਖੇਡ ਸਮਾਰੋਹ ਨੂੰ ਹੋਰ ਉਤਸ਼ਾਹ ਕਰਨ ਦੇ ਲਈ ਗੁਰੂਦੇਵ ਸਿੰਘ ਉਰਫ਼ ਗਿਆਨੀ ਬਾਬਾ ਜੀ (ਸਿੰਗਾ)ਵਾਲੇਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ (ਡੀ ਐਸ ਓ), ਜ਼ਿਲ੍ਹਾ ਹਾਕੀ ਇੰਸਟ੍ਰਕਟਰ ਕੋਚ ਸ਼੍ਰੀ ਰਾਕੇਸ਼ ਚੌਧਰੀ ਊਨਾ ਅਤੇ ਪ੍ਰਿੰਸੀਪਲ, ਨਿਰਮਲਾ ਦੇਵੀ ਕੇਸੀ ਪਬਲਿਕ ਸਕੂਲ, ਪੰਡੋਗਾ ਜ਼ਿਲ੍ਹਾ ਊਨਾ ਹਿਮਾਚਲ ਪ੍ਰਦੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਅਤੇ ਉਤਸ਼ਾਹਿਤ ਕੀਤਾ।ਇਸ ਸਮਾਗਮ ਦੌਰਾਨ ਵੱਖ-ਵੱਖ ਖੇਡ ਮੁਕਾਬਲੇ ਤੇ ਸਭਿਆਚਾਰਕ ਪੇਸ਼ਕਾਰੀਆਂ ਦਾ ਅਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਨੰਨੇ ਮੁੰਨੇ ਵਿਦਿਆਰਥੀਆਂ ਵੱਲੋਂ ਆਪਣੀ ਕਲਾ ਦਾ ਬੜੇ ਉਤਸਾਹ ਨਾਲ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਸਾਲਾਨਾ ਨਤੀਜੇ ਵੀ ਐਲਾਨ ਕੀਤੇ ਗਏ, ਅਤੇ ਚੰਗੇ ਨੰਬਰ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ, ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਸਮੂਹ ਸਟਾਫ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਅਜਿਹੇ ਪ੍ਰੋਗਰਾਮ ਕਰਾਉਣੇ ਚਾਹੀਦੇ ਹਨ ਜੋ ਬੱਚਿਆਂ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ।



# ਮਹਿਲਾ ਦਿਵਸ 'ਤੇ ਸ਼੍ਰੋਮਣੀ ਅਕਾਲੀ ਦਲ ਨੇ ਇਸਤਰੀਆਂ ਨੂੰ ਦਿੱਤੇ ਅਹਿਮ ਅਹੁਦੇ, ਕੀਤਾ ਸਨਮਾਨਤ

**ਮੋਹਾਲੀ (ਗੁਰਜੀਤ ਬਿੱਲਾ)**- ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਸ਼੍ਰੋਮਣੀ ਅਕਾਲੀ ਦਲ ਮੋਹਾਲੀ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਮੋਹਾਲੀ ਜ਼ਿਲ੍ਹੇ ਦੀਆਂ ਮਹਿਲਾ ਅਕਾਲੀ ਆਗੂਆਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਲਗਭਗ 100 ਦੇ ਕਰੀਬ ਮਹਿਲਾ ਆਗੂਆਂ ਨੂੰ ਪਾਰਟੀ ਦੇ ਵੱਖ-ਵੱਖ ਅਹੁਦੇ ਸੌਂਪ ਕੇ ਉਨ੍ਹਾਂ ਨੂੰ ਪਾਰਟੀ ਮਜ਼ਬੂਤ ਕਰਨ ਲਈ ਜ਼ਿੰਮੇਵਾਰੀਆਂ ਦਿੱਤੀਆਂ। ਸੋਹਾਣਾ ਨੇ ਸਭ ਤੋਂ ਪਹਿਲਾਂ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਅੱਜ ਪਾਰਟੀ ਵੱਲੋਂ ਮਹਿਲਾਵਾਂ ਨੂੰ ਸੰਗਠਨ ਵਿੱਚ ਅਹਿਮ ਜ਼ਿੰਮੇਵਾਰੀਆਂ ਦੇ ਕੇ ਉਨ੍ਹਾਂ ਨੂੰ ਹੋਰ ਮਜ਼ਬੂਤ ਬਣਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਹਿਲਾ ਆਗੂਆਂ ਨੂੰ ਵਿਧਾਨ ਸਭਾ ਚੋਣਾਂ ਦੀ ਤਿਆਰੀ ਲਈ ਵੀ ਤਿਆਰ ਰਹਿਣ ਲਈ ਕਿਹਾ ਗਿਆ ਹੈ ਅਤੇ ਹਰ ਬੂਥ 'ਤੇ ਪੰਜ ਤੋਂ ਦਸ ਮੈਂਬਰੀ ਮਹਿਲਾ ਟੀਮਾਂ ਬਣਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।ਇਸ ਮੌਕੇ ਉਨ੍ਹਾਂ ਮੋਹਾਲੀ ਸ਼ਹਿਰ ਦੇ ਮੌਜੂਦਾ ਹਾਲਾਤ 'ਤੇ ਵੀ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵਿੱਚ ਕਾਂਗਰਸ ਅਤੇ ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਣ ਕਾਰਨ ਤਾਲਮੇਲ ਦੀ ਕਮੀ ਦਿਖਾਈ ਦੇ ਰਹੀ ਹੈ, ਜਿਸ ਦਾ ਨੁਕਸਾਨ ਸ਼ਹਿਰ ਦੇ ਵਿਕਾਸ ਨੂੰ ਹੋ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਨਗਰ ਨਿਗਮ ਅਤੇ ਗਮਾਡਾ ਵਿੱਚ ਭ੍ਰਿਸ਼ਟਾਚਾਰ ਵਧ ਰਿਹਾ ਹੈ ਅਤੇ ਆਮ ਲੋਕਾਂ ਨੂੰ ਛੋਟੇ-ਛੋਟੇ ਕੰਮਾਂ ਲਈ ਵੀ ਪਰੇਸ਼ਾਨ ਹੋਣਾ ਪੈ ਰਿਹਾ ਹੈ। ਸੋਹਾਣਾ ਨੇ ਕਿਹਾ ਕਿ ਜਦੋਂ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸੀ ਤਾਂ ਮੋਹਾਲੀ ਵਿੱਚ ਇੰਟਰਨੈਸ਼ਨਲ ਏਅਰਪੋਰਟ, ਮਾਈ ਭਾਗੋ ਇੰਸਟੀਚਿਊਟ, ਮਹਾਰਾਜਾ ਰਣਜੀਤ ਸਿੰਘ ਅਕੈਡਮੀ, ਏਸੀ ਬੱਸ ਸਟੈਂਡ ਅਤੇ ਕਈ ਹੋਰ ਵਿਕਾਸੀ ਪ੍ਰੋਜੈਕਟ ਲਿਆਂਦੇ ਗਏ ਸਨ। ਪਰ ਅੱਜ ਸ਼ਹਿਰ ਦੀ ਸਫਾਈ ਅਤੇ ਬੁਨਿਆਦੀ ਸੁਵਿਧਾਵਾਂ ਦੀ ਹਾਲਤ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਅਪ੍ਰੈਲ ਮਹੀਨੇ ਵਿੱਚ ਨਗਰ ਨਿਗਮ ਚੋਣਾਂ ਹੁੰਦੀਆਂ ਹਨ ਤਾਂ ਸ਼੍ਰੋਮਣੀ ਅਕਾਲੀ ਦਲ ਵਿਕਾਸ ਦੇ ਮੁੱਦੇ 'ਤੇ ਚੋਣ ਮੈਦਾਨ ਵਿੱਚ ਉਤਰੇਗਾ ਅਤੇ ਮੋਹਾਲੀ ਦੇ ਲੋਕਾਂ ਨੂੰ ਬਿਹਤਰ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਮਹਿਲਾ ਦਿਵਸ 'ਤੇ ਮੋਹਾਲੀ ਜ਼ਿਲ੍ਹੇ ਦੀਆਂ ਲਗਭਗ 100 ਮਹਿਲਾਵਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਨਗਰ ਨਿਗਮ ਅਤੇ ਗਮਾਡਾ ਵਿੱਚ ਭ੍ਰਿਸ਼ਟਾਚਾਰ ਦਾ ਦਾਅਵਾ ਕਰਦਿਆਂ ਸੁਹਾਣਾ ਨੇ ਕਿਹਾ ਕਿ ਆਮ ਲੋਕਾਂ ਨੂੰ ਕੰਮ ਲਈ ਵੱਧ ਪੈਸੇ ਦੇਣੇ ਪੈਂਦੇ ਹਨ। ਉਹਨਾਂ ਕਿਹਾ ਕਿ ਮੋਹਾਲੀ ਦੇ ਵਿਕਾਸ 'ਤੇ ਲਗਾਤਾਰ ਖੜੋਤ ਆ ਰਹੀ ਹੈ ਜਿਸ ਲਈ ਵਿਧਾਇਕ ਅਤੇ ਮੇਹਰ ਦੋਵੇਂ ਬਰਾਬਰ ਦੇ ਜ਼ਿੰਮੇਵਾਰ ਹਨ।ਇਸ ਮੌਕੇ ਬੀਬੀ ਸਤਵੰਤ ਕੌਰ ਜੌਹਲ, ਬੀਬੀ ਜਤਿੰਦਰ ਕੌਰ ਲੰਬਿਆਂ, ਹਰਜਿੰਦਰ ਕੌਰ ਐਮ ਸੀ , ਨਿਰਮਲ ਕੌਰ ਢਿੱਲੋਂ ਐਮ ਸੀ, ਸਤਵਿੰਦਰ ਕੌਰ ਧੜਾਕ, ਕੋਮਲ ਸ਼ਰਮਾ ਸੰਭਾਲਕੀ, ਲਾਲਜੀਤ ਕੌਰ, ਕੁਲਵਿੰਦਰ ਕੌਰ ਤੰਗੋਰੀ, ਸੁਸ਼ਮਾ ਚੌਧਰੀ, ਪ੍ਰੀਤ ਕੌਰ, ਮੋਨਾ ਸਿੰਘ, ਵਰਿੰਦਰ ਕੌਰ, ਕੁਲਵਿੰਦਰ ਕੋਰ, ਜਸਬੀਰ ਕੌਰ, ਭੁਪਿੰਦਰ ਕੌਰ, ਅੰਜੂ ਤੜੌਲੀ, ਵਿਸ਼ਾਲੀ, ਕਵਿਤਾ ਸਮੇਤ ਭਾਰੀ ਗਿਣਤੀ 'ਚ ਬੀਬੀਆਂ ਹਾਜ਼ਰ ਸਨ।

